ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 87
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Monday, 30 March, 2026) ਸੋਮਵਾਰ, 30 ਮਾਰਚ, 2026, 17 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਬੰਗਾਲ: ਚੋਣ ਕਮਿਸ਼ਨ ਵੱਲੋਂ ਵੋਟਰਾਂ ਦੀ ਤੀਜੀ ਪੂਰਕ ਸੂਚੀ ਜਾਰੀ

ਕੋਲਕਾਤਾ, 29 ਮਾਰਚ (ਚੜ੍ਹਦੀਕਲਾ ਬਿਊਰੋ) : ਚੋਣ ਕਮਿਸ਼ਨ ਨੇ ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੋਧ ਤਹਿਤ ਤੀਜੀ ਸਪਲੀਮੈਂਟਰੀ (ਪੂਰਕ) ਸੂਚੀ ਜਾਰੀ ਕਰ ਦਿੱਤੀ ਹੈ। ਇਹ ਸੂਚੀ ਸ਼ਨੀਵਾਰ ਰਾਤ ਕਰੀਬ 11:30 ਵਜੇ ਕਮਿਸ਼ਨ ਦੀ ਵੈੱਬਸਾਈਟ 'ਤੇ ਬੂਥ-ਵਾਰ ਉਪਲਬਧ ਕਰਵਾਈ ਗਈ। ਹਾਲਾਂਕਿ, ਕਮਿਸ਼ਨ ਨੇ ਇਸ ਸੂਚੀ ਵਿੱਚ ਸ਼ਾਮਲ ਕੀਤੇ ਗਏ ਜਾਂ ਹਟਾਏ ਗਏ ਵੋਟਰਾਂ ਦੀ ਕੁੱਲ ਗਿਣਤੀ ਬਾਰੇ ਅਜੇ ਕੋਈ

(ਬਾਕੀ ਸਫ਼ਾ 2 'ਤੇ)




*ਪ੍ਰਧਾਨ ਮੰਤਰੀ ਵੱਲੋਂ 'ਮਨ ਕੀ ਬਾਤ' ਦੇ 132ਵੇਂ ਐਪੀਸੋਡ ਨੂੰ ਸੰਬੋਧਨ*

## ਪੱਛਮੀ ਏਸ਼ੀਆ ਦੇ ਸੰਕਟ 'ਤੇ ਸਿਆਸਤ ਨਾ ਕਰਨ ਰਾਜਸੀ ਦਲ: ਮੋਦੀ



**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ , 29 ਮਾਰਚ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਆਪਣੇ 'ਮਨ ਕੀ ਬਾਤ' ਪ੍ਰੋਗਰਾਮ ਦੇ 132ਵੇਂ ਐਪੀਸੋਡ ਵਿੱਚ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਸਾਰੀਆਂ ਸਿਆਸੀ ਪਾਰਟੀਆਂ ਨੂੰ ਅਪੀਲ ਕੀਤੀ ਕਿ ਇਸ ਗੰਭੀਰ ਸੰਕਟ 'ਤੇ ਸਿਆਸੀ ਰੋਟੀਆਂ ਸੇਕਣ ਤੋਂ ਗੁਰੇਜ਼ ਕੀਤਾ ਜਾਵੇ। ਪ੍ਰਧਾਨ ਮੰਤਰੀ ਨੇ ਚਿਤਾਵਨੀ ਦਿੱਤੀ ਕਿ ਇਸ ਜੰਗ ਕਾਰਨ ਪੂਰੀ ਦੁਨੀਆਂ ਵਿੱਚ ਪੈਟਰੋਲ ਅਤੇ ਡੀਜ਼ਲ ਦਾ ਵੱਡਾ ਸੰਕਟ ਪੈਦਾ ਹੋ ਸਕਦਾ ਹੈ, ਜਿਸ ਦਾ ਅਸਰ ਭਾਰਤ 'ਤੇ ਵੀ ਪਵੇਗਾ। ਉਨ੍ਹਾਂ ਕਿਹਾ ਕਿ 140 ਕਰੋੜ ਭਾਰਤੀਆਂ ਦੀ ਭਲਾਈ ਨਾਲ ਜੁੜੇ ਮੁੱਦਿਆਂ ਨੂੰ ਸਿਆਸਤ ਤੋਂ ਉੱਪਰ ਰੱਖਣਾ ਚਾਹੀਦਾ ਹੈ। ਪ੍ਰਧਾਨ ਮੰਤਰੀ ਨੇ ਦੱਸਿਆ ਕਿ ਖਾੜੀ ਦੇਸ਼ਾਂ ਵਿੱਚ ਇੱਕ ਕਰੋੜ ਤੋਂ ਵੱਧ ਭਾਰਤੀ ਰਹਿ ਰਹੇ ਹਨ ਅਤੇ ਲੱਖਾਂ ਭਾਰਤੀ ਪਰਿਵਾਰਾਂ ਦੇ ਰਿਸ਼ਤੇਦਾਰ ਉੱਥੇ ਕੰਮ ਕਰਦੇ ਹਨ। ਉਨ੍ਹਾਂ ਨੇ ਸੰਕਟ ਦੇ ਇਸ ਸਮੇਂ ਵਿੱਚ ਭਾਰਤੀ ਨਾਗਰਿਕਾਂ ਦੀ ਮਦਦ ਕਰਨ ਲਈ ਖਾੜੀ ਦੇਸ਼ਾਂ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਪਿਛਲੇ ਇੱਕ ਦਹਾਕੇ ਵਿੱਚ ਭਾਰਤ ਨੇ ਜੋ ਵਿਸ਼ਵ ਪੱਧਰੀ ਸਾਂਝੇਦਾਰੀ ਅਤੇ ਸਮਰੱਥਾ ਬਣਾਈ ਹੈ, ਉਸ ਦੀ ਮਦਦ ਨਾਲ ਦੇਸ਼ ਇਨ੍ਹਾਂ ਬਾਹਰੀ ਚੁਣੌਤੀਆਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਨਾਗਰਿਕਾਂ ਨੂੰ ਇਕਜੁੱਟ ਰਹਿਣ ਦਾ ਸੱਦਾ ਦਿੱਤਾ ਤਾਂ ਜੋ ਉੱਭਰ ਰਹੀਆਂ ਚੁਣੌਤੀਆਂ 'ਤੇ ਜਿੱਤ ਪ੍ਰਾਪਤ ਕੀਤੀ ਜਾ ਸਕੇ।

**ਖੰਡ ਅਤੇ ਤੇਲ ਦੀ ਵਰਤੋਂ ਘਟਾਓ, ਮੋਟਾਪੇ ਨੂੰ ਦੂਰ ਭਜਾਓ**: ਪੀ.ਐੱਮ. ਮੋਦੀ ਨੇ ਕਿਹਾ ਕਿ ਅੰਤਰਰਾਸ਼ਟਰੀ ਯੋਗ ਦਿਵਸ ਚ ਹੁਣ 100 ਦਿਨਾਂ ਤੋਂ ਵੀ ਘੱਟ ਸਮਾਂ ਬਚਿਆ ਹੈ ਅਤੇ ਪੂਰੀ ਦੁਨੀਆਂ 'ਚ ਯੋਗ ਦੇ ਪ੍ਰਤੀ ਆਕਰਸ਼ਨ ਲਗਾਤਾਰ ਵਧ ਰਿਹਾ ਹੈ। ਪੀ.ਐੱਮ. ਨੇ ਦੱਸਿਆ ਕਿ ਅਫਰੀਕਾ ਦੇ ਜਿਬੂਤੀ 'ਚ ਅਲਮਿਸ ਨਾਂ ਦਾ ਵਿਅਕਤੀ ਆਪਣੇ ਅਰਵਿੰਦ ਯੋਗ ਸੈਂਟਰ ਦੇ ਮਾਧਿਅਮ ਨਾਲ ਯੋਗ

(ਬਾਕੀ ਸਫ਼ਾ 2 'ਤੇ)

*ਪੰਜਾਬ ਕੈਬਨਿਟ ਵੱਲੋਂ ਕਈ ਅਹਿਮ ਫ਼ੈਸਲੇ*

# 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਪਹਿਲੀ ਅਪ੍ਰੈਲ ਤੋਂ ਸ਼ੁਰੂ ਕਰਨ ਨੂੰ ਪ੍ਰਵਾਨਗੀ

*ਸੜਕੀ ਪ੍ਰਾਜੈਕਟਾਂ ਵਿੱਚ ਤੇਜ਼ੀ ਲਿਆਉਣ ਲਈ ਸਤਲੁਜ 'ਚੋਂ ਗਾਰ ਕੱਢਣ ਨੂੰ ਮਨਜ਼ੂਰੀ*

**ਚੜ੍ਹਦੀਕਲਾ ਬਿਊਰੋ**



ਚੰਡੀਗੜ੍ਹ, 29 ਮਾਰਚ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਤਰੀ ਮੰਡਲ ਨੇ ਅੱਜ ਪੰਜਾਬ ਭਰ ਵਿੱਚ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਨੂੰ ਮਨਜ਼ੂਰੀ ਦੇ ਕੇ ਇਸ ਯੋਜਨਾ ਨੂੰ ਸ਼ੁਰੂ ਕਰਨ ਲਈ ਰਾਹ ਪੱਧਰਾ ਕਰ ਦਿੱਤਾ ਹੈ। ਇਸ ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ ਹਰੇਕ ਮਹੀਨੇ 1500 ਰੁਪਏ ਅਤੇ ਬਾਕੀ ਸਾਰੀਆਂ ਔਰਤਾਂ ਨੂੰ 1000 ਰੁਪਏ ਸਨਮਾਨ ਰਾਸ਼ੀ ਮਿਲੇਗੀ। ਇਸ ਯੋਜਨਾ ਨਾਲ ਪੰਜਾਬ ਦੀਆਂ 97 ਫੀਸਦ ਤੋਂ ਵੱਧ ਔਰਤਾਂ ਨੂੰ ਲਾਭ ਹੋਵੇਗਾ। ਇਹ ਫੈਸਲਾ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫਤਰ ਨੇ ਕਿਹਾ, "ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਸੂਬਾ ਭਰ ਵਿੱਚ ਸ਼ੁਰੂ ਕੀਤੀ ਜਾਵੇਗੀ। ਇਸ ਯੋਜਨਾ ਤਹਿਤ ਅਨੁਸੂਚਿਤ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਅਤੇ ਬਾਕੀ ਸਾਰੀਆਂ ਔਰਤਾਂ ਨੂੰ 1000 ਰੁਪਏ ਮਹੀਨਾਵਾਰ ਸਨਮਾਨ ਰਾਸ਼ੀ ਦਿੱਤੀ ਜਾਵੇਗੀ। ਇਹ ਯੋਜਨਾ ਔਰਤਾਂ ਨੂੰ ਸੁਤੰਤਰ ਅਤੇ ਸਸਕਤ ਬਣਾ ਕੇ ਉਨ੍ਹਾਂ ਦੀ ਪ੍ਰਗਤੀ ਵਿੱਚ ਅਹਿਮ ਯੋਗਦਾਨ ਪਾਵੇਗੀ। ਇਹ ਸਕੀਮ ਔਰਤਾਂ ਨੂੰ ਵਿੱਤੀ ਪੱਖੋਂ ਮਜ਼ਬੂਤ ਕਰੇਗੀ, ਜਿਸ ਨਾਲ ਉਹ ਬੱਚਤ ਅਤੇ ਨਿਵੇਸ ਕਰ ਸਕਣਗੀਆਂ ਅਤੇ ਇਹ ਔਰਤਾਂ ਨੂੰ ਉਨ੍ਹਾਂ ਦੀਆਂ ਘਰ-ਪਰਿਵਾਰ ਲਈ ਲੋੜੀਂਦੀਆਂ ਇੱਛਾਵਾਂ ਨੂੰ ਪੂਰਾ ਕਰਨ ਦੇ ਸਮਰੱਥ ਬਣਾਏਗੀ।"

ਉਨ੍ਹਾਂ ਅੱਗੇ ਕਿਹਾ, "ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ

(ਬਾਕੀ ਸਫ਼ਾ 2 'ਤੇ)

## ਸਾਬਕਾ ਮੰਤਰੀ ਲਾਲਜੀਤ ਭੁੱਲਰ ਦਾ ਅੰਮ੍ਰਿਤਸਰ ਦੀ ਅਦਾਲਤ ਨੇ 3 ਦਿਨਾਂ ਲਈ ਰਿਮਾਂਡ ਵਧਾਇਆ

**ਬਬਲੂ ਮਹਾਜਨ**

ਅੰਮ੍ਰਿਤਸਰ, 29 ਮਾਰਚ : ਅੰਮ੍ਰਿਤਸਰ ਵਿਚ ਵੇਅਰਹਾਊਸ ਦੇ ਡੀ.ਐੱਮ. ਗਗਨਦੀਪ ਸਿੰਘ ਰੰਧਾਵਾ ਦੀ ਮੌਤ ਮਾਮਲੇ ਵਿਚ ਨਾਂ ਆਉਣ ਦੇ ਬਾਅਦ ਮੰਤਰੀ ਅਹੁਦੇ ਤੋਂ ਅਸਤੀਫਾ ਦੇਣ ਵਾਲੇ ਲਾਲਜੀਤ ਸਿੰਘ ਭੁੱਲਰ ਨੂੰ ਅੱਜ ਕੋਰਟ ਵਿਚ ਫਿਰ ਪੇਸ਼ ਕੀਤਾ ਗਿਆ। ਅਦਾਲਤ ਨੇ ਭੁੱਲਰ ਨੂੰ 3 ਦਿਨ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਹੈ। ਪਿਛਲੇ ਦਿਨੀਂ ਮਾਮਲਾ ਦਰਜ ਹੋਣ ਦੇ ਬਾਅਦ ਤਿੰਨੋਂ ਮੁਲਜ਼ਮਾਂ ਨੂੰ ਅੰਮ੍ਰਿਤਸਰ ਦੀ ਅਦਾਲਤ ਵਿਚ ਪੇਸ਼ ਕੀਤਾ ਗਿਆ ਸੀ। ਅਦਾਲਤ ਨੇ ਪਹਿਲਾਂ ਪੁਲਿਸ ਨੂੰ ਭੁੱਲਰ ਦਾ 5 ਦਿਨਾਂ ਦਾ ਰਿਮਾਂਡ ਦਿੱਤਾ ਸੀ। ਇਸ ਦੌਰਾਨ ਪੁਲਿਸ ਨੇ ਉਨ੍ਹਾਂ ਤੋਂ ਪੁੱਛ-ਗਿਛ ਕੀਤੀ ਤੇ ਮਾਮਲੇ ਨਾਲ ਜੁੜੇ ਵੱਖ-ਵੱਖ ਪਹਿਲੂਆਂ ਦੀ ਜਾਂਚ ਕੀਤੀ। ਪੁਲਿਸ ਨੇ ਰੰਧਾਵਾ ਕੇਸ ਵਿਚ ਲਾਲਜੀਤ ਭੁੱਲਰ, ਉਨ੍ਹਾਂ ਦੇ ਪਿਤਾ ਤੇ ਪੀਏ ਖਿਲਾਫ ਮਾਮਲਾ ਦਰਜ ਕੀਤਾ ਸੀ। ਪਿਛਲੇ ਦਿਨੀਂ ਅੰਮ੍ਰਿਤਸਰ ਪੁਲਿਸ ਨੇ ਫਤਿਹਗੜ੍ਹ ਸਾਹਿਬ ਪੁਲਿਸ ਦੀ ਮਦਦ ਨਾਲ ਭੁੱਲਰ ਨੂੰ ਮੰਡੀ ਗੋਬਿੰਦਗੜ੍ਹ ਤੋਂ ਗ੍ਰਿਫਤਾਰ ਕੀਤਾ ਸੀ। 5 ਦਿਨਾਂ ਦੀ ਰਿਮਾਂਡ ਮਿਆਦ ਅੱਜ ਪੂਰੀ ਹੋ ਗਈ ਸੀ। ਪੁਲਿਸ ਨੇ ਰਿਮਾਂਡ ਦੌਰਾਨ ਇਕੱਠੇ ਕੀਤੇ ਗਏ ਸਬੂਤ ਤੇ ਪੁੱਛਗਿਛ ਨਾਲ ਸਬੰਧਤ ਜਾਣਕਾਰੀ ਅਦਾਲਤ ਦੇ ਸਾਹਮਣੇ ਪੇਸ਼ ਕੀਤੀ।



### ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਦੇ ਰਿਮਾਂਡ 'ਚ ਸੱਤ ਦਿਨ ਦਾ ਵਾਧਾ

ਪਟਿਆਲਾ, 29 ਮਾਰਚ (ਚੜ੍ਹਦੀਕਲਾ ਬਿਊਰੋ) : ਜਬਰ-ਜ਼ਿਨਾਹ ਮਾਮਲੇ 'ਚ ਗ੍ਰਿਫ਼ਤਾਰ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੂੰ ਅੱਜ ਪਟਿਆਲਾ ਦੀ ਅਦਾਲਤ 'ਚ ਪੇਸ਼ ਕੀਤਾ ਗਿਆ। ਇੱਥੇ ਅਦਾਲਤ ਨੇ ਪਠਾਣਮਾਜਰਾ ਨੂੰ 7 ਦਿਨਾਂ ਦੇ ਹੋਰ ਰਿਮਾਂਡ ਤੇ ਭੇਜ ਦਿੱਤਾ ਹੈ। ਅੱਜ ਪਠਾਣਮਾਜਰਾ ਦਾ 5 ਦਿਨਾਂ ਦਾ ਰਿਮਾਂਡ ਖ਼ਤਮ ਹੋ ਗਿਆ ਸੀ, ਜਿਸ ਤੋਂ ਬਾਅਦ ਉਸ ਨੂੰ ਅਦਾਲਤ 'ਚ ਪੇਸ਼ ਕੀਤਾ ਗਿਆ। ਵਿਧਾਇਕ



(ਬਾਕੀ ਸਫ਼ਾ 2 'ਤੇ)

### ਪੰਜਾਬ ਦੇ ਕਈ ਜ਼ਿਲ੍ਹਿਆਂ 'ਚ ਮੀਂਹ ਕਰਕੇ ਫ਼ਸਲਾਂ ਵਿਛੀਆਂ

*ਅੱਜ ਅਤੇ ਭਲਕੇ ਵੀ ਮੀਂਹ ਪੈਣ ਦੀ ਪੇਸ਼ੀਨਗੋਈ*

ਚੰਡੀਗੜ੍ਹ, 29 ਮਾਰਚ (ਚੜ੍ਹਦੀਕਲਾ ਬਿਊਰੋ) : ਪੰਜਾਬ ਵਿੱਚ ਮਾਰਚ ਮਹੀਨੇ ਦੇ ਅਖੀਰ ਵਿੱਚ ਮੀਂਹ ਪੈ ਰਿਹਾ ਹੈ। ਅੱਜ ਪੰਜਾਬ ਦੇ ਜ਼ਿਆਦਾਰ ਇਲਾਕਿਆਂ ਵਿੱਚ ਤੜਕੇ ਤੋਂ ਰੁਕ-ਰੁਕ ਕੇ ਮੀਂਹ ਪਿਆ। ਮੀਂਹ ਕਰਕੇ ਲੋਕਾਂ ਨੇ ਅਤਿ ਦਾ ਗਰਮੀ ਤੋਂ ਮਾਮੂਲੀ ਰਾਹਤ ਮਹਿਸੂਸ ਕੀਤੀ ਹੈ ਪਰ ਇਸ ਸਮੇਂ ਮੀਂਹ ਕਰਕੇ ਕਿਸਾਨਾਂ ਦੇ ਸਾਹ ਸੁੱਕ ਗਏ ਹਨ। ਪੰਜਾਬ ਵਿੱਚ ਅੱਜ ਤੜਕੇ ਤੋਂ ਮੀਂਹ ਦੇ ਨਾਲ ਚੱਲ ਰਹੀਆਂ ਤੇਜ਼ ਹਵਾਵਾਂ ਕਰਕੇ ਪਟਿਆਲਾ, ਸੰਗਰੂਰ, ਹੁਸ਼ਿਆਰਪੁਰ ਸਣੇ ਹੋਰ ਕਈ ਜ਼ਿਲ੍ਹਿਆਂ ਵਿੱਚ ਕਣਕ ਦੀਆਂ ਫਸਲਾਂ ਵਿੱਛ ਗਈਆਂ ਹਨ। ਇਸ ਦੇ ਨਾਲ ਹੀ ਸਰਦੂਲਗੜ੍ਹ ਤੇ ਹੋਰ ਕਈ ਇਲਾਕਿਆਂ ਵਿੱਚ ਗੜੇਮਾਰੀ ਹੋਈ ਹੈ, ਜਿਸ ਨੇ ਕਿਸਾਨਾਂ ਦੀਆਂ ਮੁਸ਼ਕਲਾਂ ਵਧਾ ਦਿੱਤੀਆਂ ਹਨ। ਸੂਬੇ ਵਿੱਚ ਅੱਜ ਮੀਂਹ ਕਰਕੇ 4.3 ਡਿਗਰੀ ਸੈਲਸੀਅਸ ਤੱਕ ਪਾਰਾ ਡਿੱਗ ਗਿਆ ਹੈ।

ਜਾਣਕਾਰੀ ਅਨੁਸਾਰ ਮੌਸਮ ਵਿੱਚ ਪੱਛਮੀ ਵਿਗਾੜ ਦੇ ਚਲਦਿਆਂ ਮੀਂਹ ਪਿਆ ਤੇ ਤੇਜ਼ ਹਵਾਵਾਂ ਕਰਕੇ ਪੱਕਣ ਕੰਢੇ ਪਹੁੰਚ ਚੁੱਕੀ ਕਣਕ

(ਬਾਕੀ ਸਫ਼ਾ 2 'ਤੇ)

*ਕੇਰਲਾ ਦੇ ਪਲੱਕੜ ਵਿੱਚ ਵਿਸ਼ਾਲ ਰੈਲੀ ਨੂੰ ਸੰਬੋਧਨ*

## ਜੋ ਹੁਣ ਤੱਕ ਨਹੀਂ ਬਦਲਿਆ, ਉਹ ਹੁਣ ਬਦਲੇਗਾ: ਪੀ.ਐਮ.

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ , 29 ਮਾਰਚ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਕੇਰਲਾ ਦੌਰੇ 'ਤੇ ਗਏ। ਪੀ.ਐਮ. ਮੋਦੀ ਨੇ ਕੇਰਲ ਦੇ ਪਲੱਕੜ ਵਿੱਚ ਇੱਕ ਵਿਸ਼ਾਲ ਰੈਲੀ ਨੂੰ ਸੰਬੋਧਨ ਕੀਤਾ। ਰੈਲੀ ਨੂੰ ਸੰਬੋਧਨ ਕਰਦਿਆਂ ਪੀ.ਐਮ. ਮੋਦੀ ਨੇ ਕਿਹਾ,ਮੈਨੂੰ ਕੇਰਲਾ ਵਿੱਚ ਇੱਕ ਨਵੀਂ ਅਤੇ ਵੱਖਰੀ ਊਰਜਾ ਮਹਿਸੂਸ ਹੋ ਰਹੀ ਹੈ। ਮੋਦੀ ਨੇ ਅੱਗੇ ਕਿਹਾ ਕਿ ਕੇਰਲਾ ਤਬਦੀਲੀ ਦਾ ਸੰਦੇਸ਼ ਦੇ ਰਿਹਾ ਹੈ। ਐਨ.ਡੀ.ਏ. ਦੀ ਵਧਦੀ ਲੋਕਪ੍ਰਿਯਤਾ, ਭਾਜਪਾ ਪ੍ਰਤੀ ਲੋਕਾਂ ਦਾ ਵਧਦਾ ਵਿਸ਼ਵਾਸ, ਅੱਜ ਤੁਹਾਡਾ ਸਾਰਿਆਂ ਦਾ ਇਹ ਉਤਸ਼ਾਹ ਅਤੇ ਸਮਰਥਨ, ਇੰਨੀ ਵੱਡੀ ਗਿਣਤੀ ਵਿੱਚ ਤੁਹਾਡੀ ਮੌਜੂਦਗੀ... ਇਹ ਦੱਸ ਰਹੀ ਹੈ ਕਿ ਕੇਰਲਮ ਦਾ ਮੂਡ ਹੁਣ ਇੱਕ ਵੱਡੀ ਲਹਿਰ ਬਣ ਚੁੱਕਾ ਹੈ। ਮੋਦੀ ਨੇ ਕਿਹਾ,ਕੇਰਲਮ ਦਹਾਕਿਆਂ ਤੋਂ ਸੁਆਰਥੀ ਰਾਜਨੀਤੀ ਦੇ ਦੋ ਮੁਖੌਟਿਆਂ ਵਿਚਕਾਰ ਫਸਿਆ ਹੋਇਆ ਹੈ। ਇੱਕ ਪਾਸੇ ਐਲ.ਡੀ.ਐਫ. ਹੈ ਤਾਂ ਦੂਜੇ ਪਾਸੇ ਯੂ.ਡੀ.ਐਫ. ਇੱਕ ਪਾਸੇ ਕਮਿਊਨਿਸਟ ਹਨ ਤਾਂ ਦੂਜੇ ਪਾਸੇ ਕਾਂਗਰਸ। ਇੱਕ ਭ੍ਰਿਸ਼ਟ ਹੈ ਤਾਂ ਦੂਜੀ ਮਹਾਂ-ਭ੍ਰਿਸ਼ਟ, ਇੱਕ ਫ਼ਿਰਕੂ ਹੈ ਤਾਂ ਦੂਜੀ ਮਹਾਂ-ਫ਼ਿਰਕੂ। ਐਲ.ਡੀ.ਐਫ. ਅਤੇ ਯੂ.ਡੀ.ਐਫ. ਦੀਆਂ ਸਾਰੀਆਂ ਨੀਤੀਆਂ ਸਿਰਫ਼ ਵੋਟ ਬੈਂਕ ਦੀ ਰਾਜਨੀਤੀ ਲਈ ਹੀ ਹੁੰਦੀਆਂ ਹਨ। ਇਨ੍ਹਾਂ ਨੂੰ ਕੇਰਲਮ ਦੇ ਵਿਕਾਸ ਦੀ ਕੋਈ ਪਰਵਾਹ ਨਹੀਂ ਹੈ। ਹੁਣ ਮੈਂ ਤੁਹਾਨੂੰ ਭਰੋਸਾ ਦਿੰਦਾ ਹਾਂ ਕਿ ਇੱਥੇ ਬਣਨ ਵਾਲੀ ਭਾਜਪਾ-ਐਨ.ਡੀ.ਏ. ਸਰਕਾਰ ਕੇਰਲਮ ਦਾ ਤੇਜ਼ੀ ਨਾਲ ਵਿਕਾਸ ਕਰੇਗੀ, ਵਿਕਸਿਤ ਕੇਰਲਮ ਬਣਾਏਗੀ... ਇਹ ਮੋਦੀ ਦੀ ਗਾਰੰਟੀ ਹੈ।



ਪੀ.ਐਮ. ਨੇ ਕਿਹਾ, ਯੂ.ਡੀ.ਐਫ. ਅਤੇ ਐਲ.ਡੀ.ਐਫ. , ਦੋਵੇਂ ਹੀ ਬੀ.ਜੇ.ਪੀ. ਨੂੰ ਨਿਸ਼ਾਨਾ ਬਣਾ ਰਹੇ ਹਨ, ਕਿਉਂਕਿ ਉਨ੍ਹਾਂ ਨੂੰ ਡਰ ਹੈ ਕਿ ਇਹ ਪਾਰਟੀ ਉਨ੍ਹਾਂ ਦੇ ਪਿਛਲੇ ਕੁਕਰਮਾਂ ਦਾ ਪਰਦਾਫਾਸ਼ ਕਰ ਦੇਵੇਗੀ। ਦਹਾਕਿਆਂ ਤੋਂ, ਐਲ.ਡੀ.ਐਫ. ਅਤੇ ਯੂ.ਡੀ.ਐਫ. ਵੱਡੇ-ਵੱਡੇ ਘੁਟਾਲਿਆਂ ਵਿੱਚ ਸ਼ਾਮਲ ਰਹੇ ਹਨ, ਫਿਰ ਵੀ ਉਨ੍ਹਾਂ ਨੇ ਕਦੇ ਇੱਕ-ਦੂਜੇ ਦੇ ਖ਼ਿਲਾਫ਼ ਕੋਈ ਠੋਸ ਕਾਰਵਾਈ ਨਹੀਂ ਕੀਤੀ। ਇਸ ਦੀ ਬਜਾਏ, ਉਨ੍ਹਾਂ ਨੇ ਸਿਰਫ਼ ਖੋਖਲੇ ਬਿਆਨ ਜਾਰੀ ਕਰਨ ਦਾ ਰਸਤਾ ਚੁਣਿਆ। ਜੇਕਰ ਬੀ.ਜੇ.ਪੀਂ ਸੱਤਾ ਵਿੱਚ ਆਉਂਦੀ ਹੈ, ਤਾਂ ਐਲ.ਡੀ.ਐਫ. ਅਤੇ ਯੂ.ਡੀ.ਐਫ.

(ਬਾਕੀ ਸਫ਼ਾ 2 'ਤੇ)

### ਅਮਿਤ ਸ਼ਾਹ ਦੇ 'ਪੁਰਾਣੇ ਕਾਰਨਾਮਿਆਂ' ਲਈ ਹੋਣੀ ਚਾਹੀਦੀ ਹੈ ਚਾਰਜਸ਼ੀਟ: ਮਮਤਾ

ਪੁਰੂਲੀਆ (ਪੱਛਮੀ ਬੰਗਾਲ), 29 ਮਾਰਚ (ਚੜ੍ਹਦੀਕਲਾ ਬਿਊਰੋ) :ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਤ੍ਰਿਣਮੂਲ ਕਾਂਗਰਸ ਸਰਕਾਰ ਵਿਰੁੱਧ ਸਿਆਸੀ 'ਚਾਰਜਸ਼ੀਟ' ਜਾਰੀ ਕੀਤੇ ਜਾਣ ਤੋਂ ਇਕ ਦਿਨ ਬਾਅਦ, ਮੁੱਖ ਮੰਤਰੀ ਮਮਤਾ ਬੈਨਰਜੀ ਨੇ ਐਤਵਾਰ ਨੂੰ ਤਿੱਖਾ ਪਲਟਵਾਰ ਕੀਤਾ ਹੈ। ਪੁਰੂਲੀਆ ਵਿੱਚ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਮਮਤਾ ਨੇ ਕਿਹਾ ਕਿ ਖੁਦ ਅਮਿਤ ਸ਼ਾਹ ਵਿਰੁੱਧ ਉਨ੍ਹਾਂ ਦੇ 'ਪੁਰਾਣੇ ਕਾਰਨਾਮਿਆਂ' ਲਈ ਚਾਰਜਸ਼ੀਟ ਦਾਖਲ ਹੋਣੀ ਚਾਹੀਦੀ ਹੈ। ਮਮਤਾ ਬੈਨਰਜੀ ਨੇ ਦਾਅਵਾ ਕੀਤਾ ਕਿ ਜੇਕਰ ਭਾਰਤੀ ਜਨਤਾ ਪਾਰਟੀ (ਭਾਜਪਾ) ਸੱਤਾ ਵਿੱਚ ਆਉਂਦੀ ਹੈ, ਤਾਂ ਉਹ ਔਰਤਾਂ ਲਈ ਸ਼ੁਰੂ ਕੀਤੀ ਗਈ 'ਲਕਸ਼ਮੀਰ ਭੰਡਾਰ' ਯੋਜਨਾ ਨੂੰ ਬੰਦ ਕਰ ਦੇਵੇਗੀ। ਉਨ੍ਹਾਂ ਨੇ ਇਹ ਵੀ ਦੋਸ਼ ਲਾਇਆ ਕਿ ਭਾਜਪਾ ਦੇ ਸੂਬੇ ਵਿੱਚ ਲੋਕਾਂ ਦੀਆਂ ਖਾਣ-ਪੀਣ ਦੀਆਂ ਆਦਤਾਂ 'ਤੇ ਪਾਬੰਦੀਆਂ ਲਗਾਈਆਂ ਜਾਣਗੀਆਂ। ਮਮਤਾ ਨੇ ਕਿਹਾ, ਜੇਕਰ ਭਾਜਪਾ ਸੱਤਾ ਵਿੱਚ ਆਈ, ਤਾਂ

(ਬਾਕੀ ਸਫ਼ਾ 2 'ਤੇ)

### ਠਾਕੁਰ ਦਲੀਪ ਸਿੰਘ ਨਾਮਧਾਰੀ ਨੂੰ ਸੀ.ਬੀ.ਆਈ. ਦੀ ਵਿਸ਼ੇਸ਼ ਅਦਾਲਤ ਵੱਲੋਂ ਨੋਟਿਸ ਜਾਰੀ

ਲੁਧਿਆਣਾ , 29 ਮਾਰਚ (ਚੜ੍ਹਦੀਕਲਾ ਬਿਊਰੋ) : ਨਾਮਧਾਰੀ ਸੰਪਰਦਾ ਦੇ ਸਤਿਗੁਰੂ ਜਗਜੀਤ ਸਿੰਘ ਦੀ ਮੌਤ ਤੋਂ ਬਾਅਦ ਠਾਕੁਰ ਦਿਲੀਪ ਸਿੰਘ ਹੁਣ ਉੱਤਰਾਧਿਕਾਰ ਵਿਵਾਦ ਵਿੱਚ ਉਲਝੇ ਹੋਏ ਜਾਪਦੇ ਹਨ। ਸੀ.ਬੀ.ਆਈ. ਵਿਸ਼ੇਸ਼ ਅਦਾਲਤ, ਮੋਹਾਲੀ ਨੇ ਠਾਕੁਰ ਦਿਲੀਪ ਸਿੰਘ ਨੂੰ ਭਗੌੜਾ (ਪੀ.ਓ.) ਘੋਸ਼ਿਤ ਕਰਨ ਲਈ ਇੱਕ ਜਨਤਕ ਨੋਟਿਸ ਜਾਰੀ ਕੀਤਾ ਹੈ। ਕੇਸ ਨੰਬਰ 3(ਐਸ)/2017 ਦੀ ਸੁਣਵਾਈ ਦੌਰਾਨ, ਅਦਾਲਤ ਨੇ ਸਖ਼ਤ ਰੁਖ਼ ਅਪਣਾਉਂਦੇ ਹੋਏ ਕਿਹਾ ਕਿ ਦੋਸ਼ੀ ਨਾ ਤਾਂ ਅਦਾਲਤ ਵਿੱਚ ਪੇਸ਼ ਹੋ ਰਿਹਾ ਹੈ ਅਤੇ ਨਾ ਹੀ ਆਪਣਾ ਮੌਜੂਦਾ ਪਤਾ ਦੱਸ ਰਿਹਾ ਹੈ। ਇਹ ਹੁਕਮ ਨੌਂ ਸਾਲਾਂ ਦੀ ਜਾਂਚ ਅਤੇ ਦੋਸ਼ੀ ਦੇ ਲਗਾਤਾਰ ਲਾਪਤਾ ਹੋਣ ਤੋਂ ਬਾਅਦ ਆਇਆ ਹੈ। ਅਦਾਲਤ ਨੇ ਠਾਕੁਰ ਦਿਲੀਪ ਸਿੰਘ ਨੂੰ ਭਗੌੜਾ ਘੋਸ਼ਿਤ ਕਰਨ ਲਈ ਇੱਕ ਰਸਮੀ ਜਨਤਕ ਨੋਟਿਸ ਵੀ ਪ੍ਰਕਾਸ਼ਤ ਕੀਤਾ ਹੈ।

(ਬਾਕੀ ਸਫ਼ਾ 2 'ਤੇ)

*ਮੈਟਾ ਵੱਲੋਂ ਭਾਰਤ ਵਿੱਚ 'ਮੌਲੀਟਿਕਸ' ਫੇਸਬੁੱਕ ਪੇਜ ਬਲਾਕ*

## ਸੋਸ਼ਲ ਮੀਡੀਆ ਉੱਤੇ ਪ੍ਰਗਟਾਵੇ ਦੀ ਆਜ਼ਾਦੀ ਜਾਂ ਸੈਂਸਰਸ਼ਿਪ ਦੇ ਸਵਾਲ 'ਤੇ ਬਹਿਸ ਜਾਰੀ

**ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ**
**ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ**

ਮੈਟਾ ਵੱਲੋਂ ਭਾਰਤ ਵਿੱਚ 'ਮੌਲੀਟਿਕਸ' ਫੇਸਬੁੱਕ ਪੇਜ ਬਲਾਕ ਕਰ ਦਿੱਤਾ ਗਿਆ ਹੈ ਅਤੇ ਇਸ ਬਾਰੇ ਮੀਡੀਆ ਵਿੱਚ ਤਰ੍ਹਾਂ ਤਰ੍ਹਾਂ ਦੀਆਂ ਚਰਚਾਵਾਂ ਤੇ ਬਹਿਸ ਜਾਰੀ ਹੈ।

ਅੱਜ ਬੋਲਣ ਦੀ ਆਜ਼ਾਦੀ ਤੇ ਡਿਜੀਟਲ ਸੈਂਸਰਸ਼ਿਪ ਵਿਚਕਾਰ ਵਧਦਾ ਟਕਰਾ ਅਮੈਟਾ ਪਲੇਟਫਾਰਮ (ਫੇਸਬੁੱਕ ਦੀ ਮਾਲਕ ਕੰਪਨੀ) ਨੇ ਭਾਰਤ ਵਿੱਚ ਇੱਕ ਪ੍ਰਮੁੱਖ ਰਾਜਨੀਤਿਕ ਫੇਸਬੁੱਕ ਪੇਜ 'ਮੌਲੀਟਿਕਸ' ਨੂੰ ਬਲਾਕ ਕਰ ਦਿੱਤਾ ਹੈ। ਪਲੇਟਫਾਰਮ ਵੱਲੋਂ ਜਾਰੀ ਆਟੋਮੈਟਿਕ ਨੋਟਿਸ ਵਿੱਚ ਸਾਫ਼ ਲਿਖਿਆ ਗਿਆ ਹੈ ਕਿ ਇਹ ਕਾਰਵਾਈ ਭਾਰਤ ਸਰਕਾਰ ਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੇ ਨੋਟਿਸ ਤੇ ਆਧਾਰਿਤ ਹੈ।




ਇਸ ਨੋਟਿਸ ਅਨੁਸਾਰ ਇਹ ਪਾਬੰਦੀ ਸੂਚਨਾ ਤਕਨਾਲੋਜੀ ਐਕਟ 2000 ਦੀ ਧਾਰਾ 79 (3) (ਬੀ) ਤਹਿਤ ਲਗਾਈ ਗਈ ਹੈ, ਜਿਸ ਤਹਿਤ ਆਨਲਾਈਨ ਇੰਟਰਮੀਡੀਏਰੀਜ਼ ਨੂੰ ਸਥਾਨਕ ਕਾਨੂੰਨਾਂ ਦੀ ਉਲੰਘਣਾ ਵਾਲੀ ਸਮੱਗਰੀ ਨੂੰ ਭਾਰਤ ਵਿੱਚ ਅਣਉਪਲਬਧ ਬਣਾਉਣਾ ਪੈਂਦਾ ਹੈ। ਨਤੀਜੇ ਵਜੋਂ ਇਸ ਪੇਜ ਦੀ ਸਾਰੀ ਸਮੱਗਰੀ ਹੁਣ ਭਾਰਤੀ ਯੂਜ਼ਰਾਂ ਲਈ ਅਣਉਪਲਬਧ ਹੋ ਗਈ ਹੈ।

ਅੱਜ ਇਸ ਘਟਨਾ ਨੇ ਡਿਜੀਟਲ ਸਪੇਸ ਵਿੱਚ ਬੋਲਣ ਦੀ ਆਜ਼ਾਦੀ ਤੇ ਸਮੱਗਰੀ ਨਿਯੰਤਰਣ ਵਿਚਕਾਰ ਵਿਵਾਦ ਨੂੰ ਇੱਕ ਵਾਰ ਫਿਰ

(ਬਾਕੀ ਸਫ਼ਾ 2 'ਤੇ)

## 2,500 ਅਮਰੀਕੀ ਮਰੀਨ ਪੱਛਮੀ ਏਸ਼ੀਆ ਖੇਤਰ 'ਚ ਪੁੱਜੇ

*1,000 ਪੈਰਾਟ੍ਰੂਪਰਾਂ ਨੂੰ ਪੱਛਮੀ ਏਸ਼ੀਆ ਭੇਜਣ ਦਾ ਵੀ ਦਿੱਤਾ ਆਦੇਸ਼*



**ਚੜ੍ਹਦੀਕਲਾ ਬਿਊਰੋ**

ਦੁਬਈ, 29 ਮਾਰਚ: ਪੱਛਮੀ ਏਸ਼ੀਆ ਵਿੱਚ ਮਹੀਨੇ ਭਰ ਚੱਲੇ ਸੰਘਰਸ਼ ਦੇ ਵਿਚਕਾਰ, ਲਗਭਗ 2,500 ਅਮਰੀਕੀ ਮਰੀਨ ਇਸ ਖੇਤਰ ਵਿੱਚ ਪਹੁੰਚ ਗਏ ਹਨ, ਜੋ ਕਿ ਪਿਛਲੇ ਦੋ ਦਹਾਕਿਆਂ ਵਿੱਚ ਸਭ ਤੋਂ ਵੱਡੀ ਅਮਰੀਕੀ ਫੌਜੀ ਤਾਇਨਾਤੀ ਹੈ। ਇਸ ਤੋਂ ਇਲਾਵਾ, 82ਵੀਂ ਏਅਰਬੋਰਨ ਡਿਵੀਜ਼ਨ ਦੇ ਘੱਟੋ-ਘੱਟ 1,000 ਪੈਰਾਟ੍ਰੂਪਰ, ਜੋ ਦੁਸ਼ਮਣ ਦੀਆਂ ਲਾਈਨਾਂ ਦੇ ਪਿੱਛੇ ਉਤਰਨ ਅਤੇ ਮੁੱਖ ਠਿਕਾਣਿਆਂ ਅਤੇ ਹਵਾਈ ਪੱਟੀਆਂ ਨੂੰ ਸੁਰੱਖਿਅਤ ਕਰਨ ਦੇ ਸਮਰੱਥ ਹਨ, ਨੂੰ ਵੀ ਪੱਛਮੀ ਏਸ਼ੀਆ ਵਿੱਚ ਭੇਜਣ ਦਾ ਆਦੇਸ਼ ਦਿੱਤਾ ਗਿਆ ਹੈ। ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਕਿਹਾ ਕਿ ਅਮਰੀਕਾ ਜ਼ਮੀਨੀ ਫੌਜਾਂ ਨਾਲ ਆਪਣੇ ਸਾਰੇ ਉਦੇਸ਼ ਪ੍ਰਾਪਤ ਕਰ ਸਕਦਾ ਹੈ।ਇਸ ਦੌਰਾਨ, ਐਤਵਾਰ

(ਬਾਕੀ ਸਫ਼ਾ 2 'ਤੇ)

### ਈਰਾਨ ਨੇ ਅਮਰੀਕਾ-ਇਜ਼ਰਾਈਲ ਅੱਗੇ ਰੱਖੀਆਂ ਜੰਗ ਖ਼ਤਮ ਕਰਨ ਦੀਆਂ ਸ਼ਰਤਾਂ

ਤਹਿਰਾਨ , 29 ਮਾਰਚ (ਚੜ੍ਹਦੀਕਲਾ ਬਿਊਰੋ) : ਪਿਛਲੇ ਕਰੀਬ 1 ਮਹੀਨੇ ਤੋਂ ਚੱਲ ਰਹੀ ਭਿਆਨਕ ਜੰਗ ਦੇ ਵਿਚਕਾਰ, ਈਰਾਨ ਨੇ ਅਮਰੀਕਾ ਅਤੇ ਇਜ਼ਰਾਈਲ ਨਾਲ ਜੰਗਬੰਦੀ ਲਈ ਆਪਣਾ ਸਟੈਂਡ ਸਪੱਸ਼ਟ ਕਰ ਦਿੱਤਾ ਹੈ। ਈਰਾਨ ਦੇ ਅਧਿਕਾਰੀਆਂ ਨੇ ਅਮਰੀਕਾ ਵੱਲੋਂ ਭੇਜੇ ਗਏ 15-ਨੁਕਾਤੀ ਸ਼ਾਂਤੀ ਪ੍ਰਸਤਾਵ ਨੂੰ ਰੱਦ ਕਰਦਿਆਂ ਪਾਕਿਸਤਾਨ ਵੱਲੋਂ ਸ਼ੁਰੂ ਕੀਤੀ ਗਈ ਸ਼ਾਂਤੀ ਗੱਲਬਾਤ ਦੌਰਾਨ ਆਪਣੀਆਂ 5 ਮੁੱਖ ਸ਼ਰਤਾਂ ਸਾਹਮਣੇ ਰੱਖੀਆਂ ਹਨ। ਈਰਾਨ ਨੇ ਜੋ ਸ਼ਰਤਾਂ ਰੱਖੀਆਂ ਹਨ, ਉਨ੍ਹਾਂ 'ਚ ਸਭ ਤੋਂ ਅਹਿਮ ਹੈ ਕਿ ਈਰਾਨ 'ਤੇ ਕੀਤੇ ਜਾ ਰਹੇ ਸਾਰੇ ਫੌਜੀ ਹਮਲੇ ਤੁਰੰਤ ਅਤੇ ਸਥਾਈ ਤੌਰ 'ਤੇ ਬੰਦ

(ਬਾਕੀ ਸਫ਼ਾ 2 'ਤੇ)

# ਅਕਾਲੀ-ਭਾਜਪਾ ਨੇ ਹੀ ਪੰਜਾਬ ਦੇ ਹਰ ਘਰ 'ਚ ਨਸ਼ੇ ਪਹੁੰਚਾਏ, ਅਮਿਤ ਸ਼ਾਹ ਪੰਜਾਬ ਤੋਂ ਮੰਗਣ ਮੁਆਫ਼ੀ : ਕੇਜਰੀਵਾਲ

**ਪੰਜਾਬ ਦੇ ਲੋਕ ਉਹ ਸਮਾਂ ਨਹੀਂ ਭੁੱਲੇ ਜਦੋਂ ਨਸ਼ਾ ਤਸਕਰ ਮੰਤਰੀਆਂ ਦੇ ਘਰਾਂ ਵਿੱਚ ਪਨਾਹ ਲੈਂਦੇ ਸਨ ਤੇ ਤਸਕਰ ਪੁਲਿਸ ਸੁਰੱਖਿਆ ਹੇਠ ਪੂਰੇ ਰਾਜ ਵਿੱਚ ਨਸ਼ੇ ਪਹੁੰਚਾਉਂਦੇ ਸਨ**



ਨਵੀਂ ਦਿੱਲੀ, 29 ਮਾਰਚ (ਚ.ਨ.ਸ.): ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਪੰਜਾਬ ਦੇ ਹਰ ਘਰ ਵਿੱਚ ਨਸ਼ਿਆਂ ਨੂੰ ਪਹੁੰਚਾਉਣ ਲਈ ਲੋਕਾਂ ਤੋਂ ਮੁਆਫ਼ੀ ਮੰਗਣ ਦੀ ਮੰਗ ਕੀਤੀ ਹੈ। ਉਨ੍ਹਾਂ ਅਮਿਤ ਸ਼ਾਹ ਨੂੰ ਕਿਹਾ ਕਿ ਇਹ ਤੁਹਾਡੀ ਪਾਰਟੀ, ਭਾਜਪਾ ਅਤੇ ਅਕਾਲੀ ਦਲ ਦੀ ਸਰਕਾਰ ਨੇ ਹੀ ਪੰਜਾਬ ਦੇ ਹਰ ਘਰ ਵਿੱਚ ਨਸ਼ੇ ਪਹੁੰਚਾਏ ਸਨ। ਅੱਜ ਤੁਸੀਂ ਕਿਸ ਮੂੰਹ ਨਾਲ ਨਸ਼ਾ ਮੁਕਤ ਪੰਜਾਬ ਦੀ ਗੱਲ ਕਰ ਸਕਦੇ ਹੋ? ਅੱਜ, ਭਗਵੰਤ ਮਾਨ ਦੀ ਸਰਕਾਰ ਭਾਜਪਾ-ਅਕਾਲੀ ਦਲ ਸਰਕਾਰ ਦੇ ਅਧੀਨ ਨਸ਼ਿਆਂ ਦੇ ਦੋਸ਼ੀ ਮੰਤਰੀਆਂ ਨੂੰ ਜੇਲ੍ਹ ਭੇਜ ਰਹੀ ਹੈ, ਉਨ੍ਹਾਂ ਨੂੰ ਉਨ੍ਹਾਂ ਦੇ ਅਪਰਾਧਾਂ ਦੀ ਸਜ਼ਾ ਦੇ ਰਹੀ ਹੈ। ਸਾਡੀ ਸਰਕਾਰ, ਲੋਕਾਂ ਦੇ ਨਾਲ, ਨਸ਼ਿਆਂ ਵਿਰੁੱਧ ਫੈਸਲਾਕੁੰਨ ਲੜਾਈ ਲੜ ਰਹੀ ਹੈ। ਪੰਜਾਬ ਅਕਾਲੀ ਅਤੇ ਭਾਜਪਾ ਸਰਕਾਰਾਂ ਦੇ ਕਾਲੇ ਦੌਰ ਨੂੰ ਨਾ ਭੁੱਲਿਆ ਹੈ, ਨਾ ਭੁੱਲੇਗਾ ਅਤੇ ਨਾ ਹੀ ਮੁਆਫ਼ ਕਰੇਗਾ। ਐਤਵਾਰ ਨੂੰ, ਅਰਵਿੰਦ ਕੇਜਰੀਵਾਲ ਨੇ ਕੇਂਦਰੀ ਗ੍ਰਹਿ ਮੰਤਰੀ ਦੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਾਲੇ ਬਿਆਨ ਦੀ ਇੱਕ ਵੀਡੀਓ ਕਲਿੱਪ ਸਾਂਝੀ ਕਰਦਿਆਂ ਕਿਹਾ, ਅਮਿਤ ਸ਼ਾਹ ਜੀ, ਤੁਹਾਨੂੰ ਪੰਜਾਬ ਦੇ ਹਰ ਘਰ ਵਿੱਚ ਨਸ਼ੇ ਪਹੁੰਚਾਉਣ ਲਈ ਪੰਜਾਬ ਦੇ ਲੋਕਾਂ ਤੋਂ ਮੁਆਫੀ ਮੰਗਣੀ ਚਾਹੀਦੀ ਹੈ। ਲੋਕ ਭਾਜਪਾ-ਅਕਾਲੀ ਦਲ ਸਰਕਾਰ ਦੇ ਕਾਲੇ ਦੌਰ ਨੂੰ ਨਹੀਂ ਭੁੱਲੇ ਹਨ, ਜਦੋਂ ਅੰਤਰਰਾਸ਼ਟਰੀ ਨਸ਼ਾ ਤਸਕਰਾਂ ਨੇ ਮੰਤਰੀਆਂ ਦੇ ਘਰਾਂ ਵਿੱਚ ਪਨਾਹ ਲਈ ਸੀ, ਅਤੇ ਤਸਕਰਾਂ ਨੂੰ ਪੁਲਿਸ ਗੱਡੀਆਂ ਅਤੇ ਹਥਿਆਰਬੰਦ ਸੁਰੱਖਿਆ ਨਾਲ ਰਾਜ ਵਿੱਚ ਘੁੰਮਾਇਆ ਜਾਂਦਾ ਸੀ, ਹਰ ਘਰ ਵਿੱਚ ਨਸ਼ੇ ਪਹੁੰਚਾਉਂਦੇਸਨ। ਤੁਸੀਂ ਅੱਜ ਨਸ਼ਾ ਮੁਕਤ ਪੰਜਾਬ ਬਾਰੇ ਕਿਵੇਂ ਗੱਲ ਕਰ ਸਕਦੇ ਹੋ? ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਹੁਣ ਅਸੀਂ ਉਸ ਦੌਰ ਦੇ ਦੋਸ਼ੀ ਮੰਤਰੀਆਂ ਨੂੰ ਜੇਲ੍ਹ ਭੇਜ ਰਹੇ ਹਾਂ, ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਅਪਰਾਧਾਂ ਦੀ ਸਜ਼ਾ ਮਿਲ ਰਹੀ ਹੈ। ਅੱਜ, ਪੰਜਾਬ ਵਿੱਚ ਤੁਹਾਡੀ ਸਰਕਾਰ ਦੀ ਉਡੀਕ ਜਨਤਾ ਨੂੰ ਨਹੀਂ ਹੈ, ਸਗੋਂ ਵੱਡੇ ਨਸ਼ਾ ਵੇਚਣ ਵਾਲਿਆਂ ਨੂੰ ਹੈ, ਜਿਨ੍ਹਾਂ ਨੂੰ ਸਾਡੀ ਸਰਕਾਰ ਦੀ ਸਖ਼ਤੀ ਤੋਂ ਬਾਅਦ ਰਾਜ ਛੱਡ ਕੇ ਭੱਜਣ ਲਈ ਮਜਬੂਰ ਹੋਣਾ ਪਿਆ। ਅਰਵਿੰਦ ਕੇਜਰੀਵਾਲ ਨੇ ਅਮਿਤ ਸ਼ਾਹ ਨੂੰ ਕਿਹਾ ਕਿ ਜੇਕਰ ਤੁਸੀਂ ਨਸ਼ਿਆਂ ਦੀ ਚਿੰਤਾ ਹੈ, ਤਾਂ ਤੁਸੀਂ ਪਹਿਲਾਂ ਗੁਜਰਾਤ ਵਿੱਚ ਆਪਣਾ ਡਬਲ ਇੰਜਣ ਕਿਉਂ ਨਹੀਂ ਚਲਾਉਂਦੇ ਮੁੰਦਰਾ ਬੰਦਰਗਾਹ ਤੋਂ 20 ਹਜ਼ਾਰ ਕਰੋੜ ਰੁਪਏ ਦੇ ਨਸ਼ੇ ਜ਼ਬਤ ਕੀਤੇ ਗਏ ਸਨ। ਤੁਸੀਂ ਬੰਦਰਗਾਹ ਦੇ ਮਾਲਕ ਨੂੰ ਜੇਲ੍ਹ ਕਿਉਂ ਨਹੀਂ ਭੇਜਿਆ? ਉਨ੍ਹਾਂ ਕੈਗ ਰਿਪੋਰਟ ਦਾ ਹਵਾਲਾ ਦਿੱਤਾ, ਜਿਸ ਵਿੱਚ ਕਿਹਾ ਗਿਆ ਹੈ ਕਿ ਗੁਜਰਾਤ ਵਿੱਚ ਚੂਹਿਆਂ ਨੇ ਪੁਲਿਸ ਹਿਰਾਸਤ ਵਿੱਚ 2,300 ਕਿਲੋਗ੍ਰਾਮ ਨਸ਼ੀਲੇ ਪਦਾਰਥ ਖਾਧੇ। ਕੀ ਇਹ ਵਿਸ਼ਵਾਸਯੋਗ ਹੈ? ਸਪੱਸ਼ਟ ਹੈ ਕਿ ਨਸ਼ੀਲੇ ਪਦਾਰਥ ਪੁਲਿਸ ਹਿਰਾਸਤ ਵਿੱਚੋਂ ਚੋਰੀ ਕਰਕੇ ਬਾਜ਼ਾਰ ਵਿੱਚ ਵੇਚੇ ਗਏ ਸਨ, ਜਿਸ ਨਾਲ ਲੱਖਾਂ ਘਰ ਬਰਬਾਦ ਹੋ ਗਏ ਸਨ। ਅਖੀਰ ਵਿੱਚ, ਅਰਵਿੰਦ ਕੇਜਰੀਵਾਲ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਸਲਾਹ ਦਿੱਤੀ ਕਿ ਉਹ ਪਹਿਲਾਂ ਗੁਜਰਾਤ ਦਾ ਧਿਆਨ ਰੱਖਣ, ਫਿਰ ਪੰਜਾਬ ਬਾਰੇ ਗੱਲ ਕਰਨ। ਪੰਜਾਬ ਵਿੱਚ, ਭਗਵੰਤ ਮਾਨ ਦੀ ਸਰਕਾਰ ਜਨਤਾ ਦੇ ਨਾਲ ਮਿਲ ਕੇ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਫੈਸਲਾਕੁੰਨ ਲੜਾਈ ਲੜ ਰਹੀ ਹੈ। ਪੰਜਾਬ ਅਕਾਲੀ-ਭਾਜਪਾ ਦੇ ਕਾਲੇ ਦੌਰ ਨੂੰ ਨਾ ਤਾਂ ਭੁੱਲਿਆ ਹੈ, ਨਾ ਹੀ ਭੁੱਲੇਗਾ ਅਤੇ ਨਾ ਹੀ ਮੁਆਫ਼ ਕਰੇਗਾ।

## ਉੱਤਰਾਖੰਡ ਦੇ ਪਹਾੜੀ ਜ਼ਿਲ੍ਹਿਆਂ ਵਿੱਚ ਮੀਂਹ ਦੇ ਨਾਲ ਬਰਫ਼ਬਾਰੀ ਦੀ ਸੰਭਾਵਨਾ



ਦੇਹਰਾਦੂਨ, 29 ਮਾਰਚ (ਚ.ਨ.ਸ.): ਅੱਜ ਉੱਤਰਾਖੰਡ ਦੇ ਪਹਾੜੀ ਜ਼ਿਲ੍ਹਿਆਂ ਉੱਤਰਕਾਸ਼ੀ, ਰੁਦਰਪ੍ਰਯਾਗ, ਚਮੋਲੀ, ਬਾਗੇਸ਼ਵਰ ਅਤੇ ਪਿਥੌਰਾਗੜ੍ਹ ਦੇ ਕੁਝ ਇਲਾਕਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। 3,300 ਮੀਟਰ ਜਾਂ ਇਸ ਤੋਂ ਵੱਧ ਉਚਾਈ ਵਾਲੇ ਖੇਤਰਾਂ ਵਿੱਚ ਬਰਫ਼ਬਾਰੀ ਦੀ ਸੰਭਾਵਨਾ ਹੈ। ਸੂਬੇ ਦੇ ਹੋਰ ਜ਼ਿਲ੍ਹਿਆਂ ਵਿੱਚ ਵੀ ਹਲਕੀ ਬਾਰਿਸ਼ ਅਤੇ ਤੂਫ਼ਾਨ ਆਉਣ ਦੀ ਉਮੀਦ ਹੈ। ਮੌਸਮ ਵਿਭਾਗ ਨੇ ਪਹਾੜੀ ਇਲਾਕਿਆਂ ਲਈ ਯੈਲੋ ਅਲਰਟ ਜਾਰੀ ਕੀਤਾ ਹੈ। ਚੇਤਾਵਨੀ ਵਿਚ ਕੁਝ ਇਲਾਕਿਆਂ ਵਿੱਚ 40 ਤੋਂ 50 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਬਿਜਲੀ ਡਿੱਗਣ ਅਤੇ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਦਾ ਅਨੁਮਾਨ ਲਗਾਇਆ ਗਿਆ ਹੈ। ਪ੍ਰਸ਼ਾਸਨ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਖ਼ਰਾਬ ਮੌਸਮ ਦੌਰਾਨ ਸੁਚੇਤ ਰਹਿਣ ਅਤੇ ਉੱਚਾਈ ਵਾਲੇ ਖੇਤਰਾਂ ਅਤੇ ਪਹਾੜੀ ਸੜਕਾਂ 'ਤੇ ਯਾਤਰਾ ਕਰਦੇ ਸਮੇਂ ਵਿਸ਼ੇਸ਼ ਸਾਵਧਾਨੀ ਵਰਤਣ।

ਦੇਹਰਾਦੂਨ ਵਿਚ ਅੱਜ ਮੌਸਮ ਆਮ ਨਾਲੋਂ ਬਦਲਣ ਦੀ ਉਮੀਦ ਹੈ। ਅਸਮਾਨ ਜ਼ਿਆਦਾਤਰ ਸਾਫ਼ ਰਹੇਗਾ ਅਤੇ ਕੁਝ ਸਮੇਂ ਲਈ ਅੰਸ਼ਕ ਤੌਰ 'ਤੇ ਬੱਦਲਵਾਈ ਰਹੇਗੀ। ਮੌਸਮ ਵਿਭਾਗ ਦੇ ਅਨੁਸਾਰ, ਦਿਨ ਵੇਲੇ ਤੂਫ਼ਾਨ ਆ ਸਕਦਾ ਹੈ, ਜਿਸ ਨਾਲ ਹਲਕੀ ਤੋਂ ਬਹੁਤ ਘੱਟ ਬਾਰਿਸ਼ ਹੋ ਸਕਦੀ ਹੈ।

## 243ਵੇਂ ਦਿੱਲੀ ਫ਼ਤਿਹ ਦਿਵਸ ਮੌਕੇ ਜਰਨੈਲੀ ਫ਼ਤਿਹ ਮਾਰਚ ਦੀ ਗੂੰਜ

## ਗੁਰਦੁਆਰਾ ਮਜਨੂੰ ਕਾ ਟਿੱਲਾ ਸਾਹਿਬ ਤੋਂ ਲਾਲ ਕਿਲ੍ਹੇ ਤੱਕ ਸੰਗਤਾਂ ਦੀ ਸ਼ਰਧਾ ਭਰੀ ਹਾਜ਼ਰੀ : ਕਾਲਕਾ



ਨਵੀਂ ਦਿੱਲੀ 29 ਮਾਰਚ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਨਾਏ ਜਾ ਰਹੇ 243ਵੇਂ ਦਿੱਲੀ ਫ਼ਤਿਹ ਦਿਵਸ ਦੇ ਦੂਜੇ ਦਿਨ ਇਤਿਹਾਸਕ ਜਰਨੈਲੀ ਫ਼ਤਿਹ ਮਾਰਚ ਦੀ ਸ਼ੁਰੂਆਤ ਗੁਰਦੁਆਰਾ ਮਜਨੂੰ ਕਾ ਟਿੱਲਾ ਸਾਹਿਬ ਤੋਂ ਅਰਦਾਸ ਉਪਰੰਤ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਵਿੱਤਰ ਹੁਕਮਨਾਮਾ ਲੈ ਕੇ ਬੜੀ ਸ਼ਰਧਾ, ਅਨੁਸ਼ਾਸਨ ਤੇ ਚੜ੍ਹਦੀਕਲਾ ਦੇ ਜਜ਼ਬੇ ਨਾਲ ਕੀਤੀ ਗਈ, ਜੋ ਵਿਸ਼ਾਲ ਜਥੇਬੰਦੀ ਦੇ ਰੂਪ ਵਿੱਚ ਲਾਲ ਕਿਲ੍ਹਾ ਵਿਖੇ ਪਹੁੰਚਿਆ।

ਉਨ੍ਹਾਂ ਦੱਸਿਆ ਕਿ ਗੁਰਦੁਆਰਾ ਮਜਨੂੰ ਕਾ ਟਿੱਲਾ ਸਾਹਿਬ ਤੋਂ ਲਾਲ ਕਿਲ੍ਹਾ ਤੱਕ ਨਿਕਲੇ ਇਸ ਸ਼ਾਨਦਾਰ ਜਰਨੈਲੀ ਫ਼ਤਿਹ ਮਾਰਚ ਦਾ ਸਮੂਹ ਸੰਗਤਾਂ ਵੱਲੋਂ ਰਸਤੇ ਭਰ ਬਹੁਤ ਹੀ ਉਤਸ਼ਾਹ, ਸ਼ਰਧਾ ਤੇ ਸਤਿਕਾਰ ਨਾਲ ਸਵਾਗਤ ਕੀਤਾ ਗਿਆ। ਸੰਗਤਾਂ ਦੀ ਵਿਸ਼ਾਲ ਤੇ ਉਤਸ਼ਾਹਪੂਰਨ ਭਾਗੀਦਾਰੀ ਨੇ ਮਾਰਚ ਨੂੰ ਵਿਲੱਖਣ ਆਤਮਿਕ ਰੰਗ ਬਖ਼ਸ਼ਿਆ ਅਤੇ ਸਾਰਾ ਮਾਹੌਲ "ਬੋਲੇ ਸੋ ਨਿਹਾਲ" ਦੇ ਜੈਕਾਰਿਆਂ ਨਾਲ ਗੂੰਜਦਾ ਰਿਹਾ।

ਹਰਮੀਤ ਸਿੰਘ ਕਾਲਕਾ ਨੇ ਹੋਰ ਦੱਸਿਆ ਕਿ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਇਸ ਇਤਿਹਾਸਕ ਫ਼ਤਿਹ ਮਾਰਚ ਵਿੱਚ ਸ਼ਮੂਲੀਅਤ ਕਰਕੇ ਨਾ ਕੇਵਲ ਆਪਣੀ ਗੁਰੂ ਸਾਹਿਬ ਪ੍ਰਤੀ ਅਟੱਲ ਸ਼ਰਧਾ ਦਾ ਪ੍ਰਗਟਾਵਾ ਕੀਤਾ, ਸਗੋਂ ਇਸ ਮਹਾਨ ਇਤਿਹਾਸਕ ਸਮਾਗਮ ਦਾ ਹਿੱਸਾ ਬਣ ਕੇ ਗੁਰੂ ਸਾਹਿਬ ਦੀਆਂ ਖ਼ੁਸ਼ੀਆਂ ਵੀ ਪ੍ਰਾਪਤ ਕੀਤੀਆਂ। ਉਨ੍ਹਾਂ ਕਿਹਾ ਕਿ ਦਿੱਲੀ ਫ਼ਤਿਹ ਦਿਵਸ ਸਿੱਖ ਕੌਮ ਦੀ ਬਹਾਦਰੀ, ਅਟੱਲ ਆਤਮਿਕਤਾ ਤੇ ਸ਼ਾਨਦਾਰ ਇਤਿਹਾਸਕ ਵਿਰਾਸਤ ਦਾ ਜੀਵੰਤ ਪ੍ਰਤੀਕ ਹੈ, ਜਿਸ ਰਾਹੀਂ ਨੌਜਵਾਨ ਪੀੜ੍ਹੀ ਨੂੰ ਆਪਣੇ ਗੌਰਵਮਈ ਅਤੀਤ ਨਾਲ ਜੋੜਨ ਦਾ ਅਹਿਮ ਸੰਦੇਸ਼ ਵੀ ਪ੍ਰਸਾਰਿਤ ਹੁੰਦਾ ਹੈ।

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਸਾਊਦੀ 'ਚ ਅਮਰੀਕੀ ਏਅਰਬੇਸ 'ਤੇ ਈਰਾਨ ਦਾ ਭਿਆਨਕ ਹਮਲਾ ਹੋਇਆ ਭਾਰੀ ਨੁਕਸਾਨ



ਰਿਆਦ/ਵਾਸ਼ਿੰਗਟਨ, 29 ਮਾਰਚ (ਚ.ਨ.ਸ.): ਪੱਛਮੀ ਏਸ਼ੀਆ ਵਿੱਚ ਜਾਰੀ ਜੰਗ ਦਰਮਿਆਨ ਅਮਰੀਕਾ ਨੂੰ ਬਹੁਤ ਵੱਡਾ ਫੌਜੀ ਝਟਕਾ ਲੱਗਾ ਹੈ। ਸਾਊਦੀ ਅਰਬ ਦੇ ਪ੍ਰਿੰਸ ਸੁਲਤਾਨ ਏਅਰ ਬੇਸ ਤੇ ਈਰਾਨ ਵੱਲੋਂ ਕੀਤੇ ਗਏ ਮਿਜ਼ਾਈਲ ਅਤੇ ਡਰੋਨ ਹਮਲੇ ਵਿੱਚ ਅਮਰੀਕੀ ਹਵਾਈ ਸੈਨਾ ਦਾ ਇੱਕ ਬੇਹੱਦ ਮਹੱਤਵਪੂਰਨ ਅਤੇ ਅਤਿ-ਆਧੁਨਿਕ ਜਹਾਜ਼ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਹੈ। ਜਾਣਕਾਰੀ ਅਨੁਸਾਰ, ਇਸ ਭਿਆਨਕ ਹਮਲੇ ਵਿੱਚ 10 ਤੋਂ ਵੱਧ ਅਮਰੀਕੀ ਸੈਨਿਕ ਜ਼ਖ਼ਮੀ ਹੋਏ ਹਨ, ਜਿਨ੍ਹਾਂ ਵਿੱਚੋਂ ਦੋ ਦੀ ਹਾਲਤ ਬੇਹੱਦ ਨਾਜ਼ੁਕ ਦੱਸੀ ਜਾ ਰਹੀ ਹੈ। ਇਹ ਹਮਲਾ ਅਜਿਹੇ ਸਮੇਂ ਹੋਇਆ ਹੈ, ਜਦੋਂ ਖੇਤਰ ਵਿੱਚ ਤਣਾਅ ਆਪਣੇ ਸਿਖਰ 'ਤੇ ਹੈ। ਰਿਪੋਰਟਾਂ ਅਨੁਸਾਰ, ਹਮਲੇ ਵਿੱਚ ਅਮਰੀਕਾ ਦਾ ਈ-3 ਸੈਂਟਰੀ AWACS ਜਹਾਜ਼ ਨੁਕਸਾਨਿਆ ਗਿਆ ਹੈ, ਜੋ ਇੱਕ ਐਡਵਾਂਸ ਕਮਾਂਡ ਅਤੇ ਕੰਟਰੋਲ ਏਅਰਕ੍ਰਾਫਟ ਹੈ। ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਤਸਵੀਰਾਂ ਵਿੱਚ ਜਹਾਜ਼ ਨੂੰ ਹੋਇਆ ਭਾਰੀ ਨੁਕਸਾਨ ਸਾਫ਼ ਦਿਖਾਈ ਦੇ ਰਿਹਾ ਹੈ, ਜਿਸ ਦੀ ਪੁਸ਼ਟੀ ਏਅਰ ਐਂਡ ਸਪੇਸ ਫੋਰਸਿਜ਼ ਮੈਗਜ਼ੀਨ ਨੇ ਵੀ ਕੀਤੀ ਹੈ। ਇਸ ਤੋਂ ਇਲਾਵਾ ਕਈ KC135 ਟੈਂਕਰ ਜਹਾਜ਼ਾਂ ਨੂੰ ਵੀ ਨੁਕਸਾਨ ਪਹੁੰਚਣ ਦੀ ਖ਼ਬਰ ਹੈ। ਰੱਖਿਆ ਮਾਹਰਾਂ ਦਾ ਮੰਨਣਾ ਹੈ ਕਿ ਇਸ ਜਹਾਜ਼ ਦਾ ਨੁਕਸਾਨ ਅਮਰੀਕੀ ਫੌਜ ਲਈ ਇੱਕ ਰਣਨੀਤਕ ਹਾਰ ਹੈ, ਕਿਉਂਕਿ ਹੁਣ ਦੁਸ਼ਮਣ ਦੀਆਂ ਗਤੀਵਿਧੀਆਂ ਤੇ ਨਜ਼ਰ ਰੱਖਣਾ ਅਤੇ ਹਮਲਿਆਂ ਦੀ ਸਹੀ ਯੋਜਨਾ ਬਣਾਉਣਾ ਮੁਸ਼ਕਲ ਹੋ ਜਾਵੇਗਾ। ਈਰਾਨ ਨੇ ਜਾਣਬੁੱਝ ਕੇ ਸਾਊਦੀ ਸਥਿਤ ਇਸ ਬੇਸ ਨੂੰ ਨਿਸ਼ਾਨਾ ਬਣਾਇਆ ਹੈ ਕਿਉਂਕਿ ਇਹ ਮੱਧ ਪੂਰਬ ਵਿੱਚ ਅਮਰੀਕਾ ਦਾ ਸਭ ਤੋਂ ਮਹੱਤਵਪੂਰਨ ਫੌਜੀ ਕੇਂਦਰ ਹੈ। ਹੁਣ ਅਮਰੀਕੀ ਹਵਾਈ ਸੈਨਾ ਤੇ ਬਾਕੀ ਬਚੇ ਜਹਾਜ਼ਾਂ ਰਾਹੀਂ ਕੰਮ ਚਲਾਉਣ ਦਾ ਵਾਧੂ ਦਬਾਅ ਪਵੇਗਾ।

# ਪਹਿਲੇ ਸਫ਼ੇ ਦੀ ਬਾਕੀ

## ਬੰਗਾਲ: ਚੋਣ ਕਮਿਸ਼ਨ ਵੱਲੋਂ ਵੋਟਰਾਂ ਦੀ ...

ਅਧਿਕਾਰਤ ਵੇਰਵਾ ਸਾਂਝਾ ਨਹੀਂ ਕੀਤਾ ਹੈ। ਇਹ ਸੂਚੀ ਉਨ੍ਹਾਂ ਵੋਟਰਾਂ ਦੀ ਹੈ ਜਿਨ੍ਹਾਂ ਦੇ ਨਾਮ 'ਵਿਚਾਰ ਅਧੀਨ' ਸ਼੍ਰੇਣੀ ਵਿੱਚ ਰੱਖੇ ਗਏ ਸਨ। ਚੋਣ ਕਮਿਸ਼ਨ ਦੇ ਅਧਿਕਾਰੀਆਂ ਅਨੁਸਾਰ, ਅਦਾਲਤ ਦੇ ਨਿਰਦੇਸ਼ਾਂ 'ਤੇ ਇਹ ਸੂਚੀਆਂ ਹੁਣ ਨਿਯਮਤ ਤੌਰ 'ਤੇ ਪ੍ਰਕਾਸ਼ਿਤ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਵੋਟਰ ਸੂਚੀਆਂ ਦੀ ਸ਼ੁੱਧਤਾ ਬਣੀ ਰਹੇ। ਦੱਸ ਦਈਏ ਕਿ ਸੁਧਾਰ ਪ੍ਰਕਿਰਿਆ ਦੌਰਾਨ ਮੌਤ, ਰਿਹਾਇਸ਼ ਬਦਲਣ ਜਾਂ ਦੋਹਰੇ ਨਾਮ ਹੋਣ ਕਾਰਨ ਲਗਭਗ 58 ਲੱਖ ਨਾਮ ਸੂਚੀ ਵਿੱਚੋਂ ਹਟਾਏ ਗਏ ਸਨ, ਜਿਸ ਨਾਲ ਸੂਬੇ ਦੇ ਕੁੱਲ ਵੋਟਰਾਂ ਦੀ ਗਿਣਤੀ 7.66 ਕਰੋੜ ਤੋਂ ਘਟ ਕੇ 7.04 ਕਰੋੜ ਦੇ ਕਰੀਬ ਰਹਿ ਗਈ ਹੈ। ਬੰਗਾਲ ਦੀਆਂ 294 ਵਿਧਾਨ ਸਭਾ ਸੀਟਾਂ ਲਈ 23 ਅਤੇ 29 ਅਪਰੈਲ ਨੂੰ ਵੋਟਾਂ ਪੈਣਗੀਆਂ ਅਤੇ ਨਤੀਜੇ 4 ਮਈ ਨੂੰ ਐਲਾਨੇ ਜਾਣਗੇ।

## ਪੱਛਮੀ ਏਸ਼ੀਆ ਦੇ ਸੰਕਟ 'ਤੇ ਸਿਆਸਤ ਨਾ ...

ਦਾ ਪ੍ਰਚਾਰ ਕਰ ਰਿਹਾ ਹੈ ਅਤੇ ਵੱਖ-ਵੱਖ ਥਾਵਾਂ 'ਤੇ ਲੋਕਾਂ ਨੂੰ ਯੋਗ ਸਿਖਾ ਰਿਹਾ ਹੈ। ਪੀ.ਐੱਮ. ਮੋਦੀ ਨੇ ਲੋਕਾਂ ਨੂੰ ਖਾਣ-ਪੀਣ 'ਚ ਸੁਧਾਰ ਲਿਆਉਣ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ 'ਤੇ ਕਈ ਲੋਕਾਂ ਨੇ ਇੰਟਾਗ੍ਰਾਮ ਕੰਟੈਂਟ ਕ੍ਰਿਕੇਟਰ ਯੁਵਰਾਜ ਦੇ ਪੋਸਟ 'ਤੇ ਉਨ੍ਹਾਂ ਦੀ ਪ੍ਰਤੀਕਿਰਿਆ ਨੂੰ ਲੈ ਕੇ ਚਰਚਾ ਕੀਤੀ। ਉਨ੍ਹਾਂ ਦੱਸਿਆ ਕਿ ਯੁਵਰਾਜ ਨੇ ਉਨ੍ਹਾਂ ਨੂੰ ਆਪਣੇ ਪਿਤਾ ਨੂੰ ਖੰਡ ਘੱਟ ਕਰਨ ਲਈ ਪ੍ਰੇਰਿਤ ਕਰਨ ਦੀ ਅਪੀਲ ਕੀਤੀ ਸੀ, ਜਿਸ ਦਾ ਸਕਾਰਾਤਮਕ ਅਸਰ ਦੇਖਣ ਨੂੰ ਮਿਲਿਆ। ਪੀਐੱਮ ਮੋਦੀ ਨੇ ਦੇਸ਼ ਵਾਸੀਆਂ ਨੂੰ ਖੰਡ ਦਾ ਸੇਵਨ ਘੱਟ ਕਰਨ ਦੀ ਅਪੀਲ ਕੀਤੀ ਅਤੇ ਖਾਣੇ ਦੇ ਤੇਲ 'ਚ ਘੱਟੋ-ਘੱਟ 10 ਫੀਸਦੀ ਦੀ ਕਟੌਤੀ ਕਰਨ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਛੋਟੀਆਂ-ਛੋਟੀਆਂ ਤਬਦੀਲੀਆਂ ਮੋਟਾਪਾ ਅਤੇ ਜੀਵਨਸ਼ੈਲੀ ਨਾਲ ਜੁੜੀਆਂ ਬੀਮਾਰੀਆਂ ਤੋਂ ਬਚਾਉਣ 'ਚ ਮੱਦਦ ਕਰਨਗੀਆਂ। ਉਨ੍ਹਾਂ ਨੇ ਦੋਹਰਾਇਆ ਕਿ ਸਿਹਤਮੰਦ ਜੀਵਨਸ਼ੈਲੀ ਅਪਣਾਉਣਾ ਅੱਜ ਦੇ ਸਮੇਂ ਦੀ ਵੱਡੀ ਜ਼ਰੂਰਤ ਹੈ ਅਤੇ ਯੋਗ ਇਸ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

## 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ...

ਸਮਾਜਿਕ ਭਲਾਈ ਅਤੇ ਮਨੁੱਖੀ ਵਿਕਾਸ ਦੇ ਖੇਤਰ ਵਿੱਚ ਬੇਮਿਸਾਲ ਪ੍ਰਗਤੀ ਕੀਤੀ ਗਈ ਹੈ; ਹਾਲਾਂਕਿ, ਸੂਬੇ ਭਰ ਵਿੱਚ ਵੱਡੀ ਗਿਣਤੀ ਔਰਤਾਂ, ਖਾਸ ਕਰਕੇ ਆਰਥਿਕ ਤੌਰ 'ਤੇ ਕਮਜੋਰ ਪਰਿਵਾਰਾਂ ਨਾਲ ਸਬੰਧਤ ਔਰਤਾਂ, ਨੂੰ ਵਿੱਤੀ ਸੁਰੱਖਿਆ ਦੀ ਘਾਟ ਦਾ ਸਾਹਮਣਾ ਕਰਨਾ ਪੈਂਦਾ ਹੈ। ਪਰਿਵਾਰਕ ਭਲਾਈ ਵਿੱਚ ਸੁਧਾਰ ਕਰਨ, ਲਿੰਗ ਸਮਾਨਤਾ ਨੂੰ ਉਤਸ਼ਾਹਿਤ ਕਰਨ ਅਤੇ ਸਮਾਜਿਕ ਅਤੇ ਆਰਥਿਕ ਫੈਸਲਾ ਲੈਣ ਵਿੱਚ ਔਰਤਾਂ ਦੀ ਭਾਗੀਦਾਰੀ ਨੂੰ ਵਧਾਉਣ ਲਈ ਔਰਤਾਂ ਨੂੰ ਵਿੱਤੀ ਪੱਖੋਂ ਮਜ਼ਬੂਤ ਕਰਨਾ ਬੇਹੱਦ ਜਰੂਰੀ ਹੈ।"

ਇਸ ਪਹਿਲਕਦਮੀ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫਤਰ ਨੇ ਅੱਗੇ ਕਿਹਾ, "ਇਸ ਯੋਜਨਾ ਨਾਲ 97 ਫੀਸਦ ਤੋਂ ਵੱਧ ਔਰਤਾਂ ਨੂੰ ਲਾਭ ਮਿਲਣ ਦੀ ਸੰਭਾਵਨਾ ਹੈ, ਜੋ ਇਸ ਨੂੰ ਦੇਸ ਦੀ ਸਭ ਤੋਂ ਮਹਿਲਾ ਪੱਖੀ ਸਮਾਜਿਕ ਸੁਰੱਖਿਆ ਪਹਿਲਕਦਮੀਆਂ ਵਿੱਚ ਸ਼ੁਮਾਰ ਕਰਦਾ ਹੈ। ਇਹ ਯੋਜਨਾ ਸੂਬਾ ਭਰ ਵਿੱਚ ਔਰਤਾਂ ਨੂੰ ਸਿੱਧੀ ਆਰਥਿਕ ਇਮਦਾਦ ਯਕੀਨੀ ਬਣਾਉਣ ਵੱਲ ਅਹਿਮ ਕਦਮ ਹੈ ਅਤੇ ਔਰਤਾਂ ਦੇ ਸਸਕਤੀਕਰਨ ਤਹਿਤ ਉਨ੍ਹਾਂ ਲਈ ਵਿੱਤੀ ਆਜਾਦੀ ਨੂੰ ਯਕੀਨੀ ਬਣਾਉਣ ਪ੍ਰਤੀ ਸਰਕਾਰ ਦੇ ਦ੍ਰਿਸਟੀਕੋਣ ਨੂੰ ਦਰਸਾਉਂਦੀ ਹੈ।"

ਇਹ ਯੋਜਨਾ ਸਿੱਧਾ ਲਾਭ ਪ੍ਰਦਾਨ ਕਰਨ ਲਈ ਤਿਆਰ ਕੀਤੀ ਗਈ ਹੈ, ਜਿਸ ਤਹਿਤ ਵਿੱਤੀ ਸਹਾਇਤਾ ਸਿੱਧੇ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾਵੇਗੀ। ਇਸ ਸਕੀਮ ਤਹਿਤ ਇੱਕ ਪਰਿਵਾਰ ਵਿੱਚ ਯੋਗ ਔਰਤਾਂ ਦੀ ਗਿਣਤੀ 'ਤੇ ਕੋਈ ਪਾਬੰਦੀ ਨਹੀਂ ਹੋਵੇਗੀ ਅਤੇ ਇਕੋ ਪਰਿਵਾਰ ਦੀਆਂ ਕਈ ਔਰਤਾਂ ਇਸ ਯੋਜਨਾ ਦਾ ਲਾਭ ਪ੍ਰਾਪਤ ਕਰ ਸਕਦੀਆਂ ਹਨ। ਮੌਜੂਦਾ ਸਮਾਜਿਕ ਸੁਰੱਖਿਆ ਪੈਨਸਨਰਾਂ ਨੂੰ ਵੀ ਇਸ ਯੋਜਨਾ ਦੇ ਤਹਿਤ ਆਪਣੀਆਂ ਪੈਨਸਨਾਂ ਤੋਂ ਇਲਾਵਾ ਪੂਰੇ ਵਿੱਤੀ ਲਾਭ ਪ੍ਰਾਪਤ ਹੋਣਗੇ, ਜਿਸ ਨਾਲ ਇਸ ਦੀ ਪਹੁੰਚ ਅਤੇ ਪ੍ਰਭਾਵਸ਼ੀਲਤਾ ਵਿੱਚ ਵਾਧਾ ਹੋਵੇਗਾ।

ਪੰਜਾਬ ਵਿੱਚ 18 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਔਰਤਾਂ, ਜੋ ਵੋਟਰ ਵਜੋਂ ਰਜਿਸਟਰਡ ਹਨ, ਜਿਨ੍ਹਾਂ ਕੋਲ ਪੰਜਾਬ ਦੀ ਰਿਹਾਇਸ ਵਾਲਾ ਆਧਾਰ ਕਾਰਡ ਹੈ ਅਤੇ ਭਾਰਤ ਚੋਣ ਕਮਿਸਨ ਦੁਆਰਾ ਜਾਰੀ ਵੋਟਰ ਕਾਰਡ ਹੈ, ਇਸ ਯੋਜਨਾ ਤਹਿਤ ਲਾਭਪਾਤਰੀ ਵਜੋਂ ਰਜਿਸਟਰ ਹੋਣ ਦੇ ਯੋਗ ਹੋਣਗੀਆਂ।

ਹਰੇਕ ਮਹਿਲਾ ਤੱਕ ਇਸ ਯੋਜਨਾ ਦਾ ਲਾਭ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ ਭਗਵੰਤ ਮਾਨ ਸਰਕਾਰ ਵਿਆਪਕ ਪਹੁੰਚ ਅਤੇ ਰਜਿਸਟਰ ਕਰਨ ਸਬੰਧੀ ਹਰ ਸੰਭਵ ਯਤਨ ਕਰੇਗੀ, ਜਿਸ ਵਿੱਚ ਮਹਿਲਾਵਾਂ, ਖਾਸ ਕਰਕੇ ਪੇਂਡੂ ਅਤੇ ਪੱਛੜੇ ਖੇਤਰਾਂ ਦੀਆਂ ਮਹਿਲਾਵਾਂ, ਲਈ ਦਸਤਾਵੇਜਾਂ ਨੂੰ ਪੂਰਾ ਕਰਨਾ, ਬੈਂਕ ਖਾਤਿਆਂ ਨੂੰ ਕਾਰਜਸ਼ੀਲ ਕਰਨਾ ਅਤੇ ਨਿਰਵਿਘਨ ਰਜਿਸਟ੍ਰੇਸ਼ਨ ਨੂੰ ਯਕੀਨੀ ਬਣਾਉਣ ਵਿੱਚ ਔਰਤਾਂ ਦੀ ਸਹਾਇਤਾ ਕਰਨਾ ਸਾਮਲ ਹੈ।

ਇਸ ਪਹਿਲ ਨੂੰ ਹੋਰ ਮਜਬੂਤ ਕਰਦਿਆਂ ਵਿੱਤੀ ਸਾਲ 2026-27 ਦੇ ਬਜਟ ਵਿੱਚ 9,300 ਕਰੋੜ ਰੁਪਏ ਦੀ ਰਕਮ ਪਹਿਲਾਂ ਹੀ ਮਨਜੂਰ ਕੀਤੀ ਜਾ ਚੁੱਕੀ ਹੈ ਅਤੇ ਯੋਜਨਾ ਦੇ ਪੈਮਾਨੇ ਅਤੇ ਪਹੁੰਚ ਨੂੰ ਦੇਖਦਿਆਂ ਇਹ ਪੰਜਾਬ ਸਰਕਾਰ ਦੁਆਰਾ ਸੁਰੂ ਕੀਤੀਆਂ ਗਈਆਂ ਸਭ ਤੋਂ ਵੱਡੀਆਂ ਮਹਿਲਾ-ਪੱਖੀ ਸਮਾਜ ਭਲਾਈ ਪਹਿਲਕਦਮੀਆਂ ਵਿੱਚੋਂ ਇੱਕ ਹੋਣ ਦੀ ਉਮੀਦ ਹੈ।

*ਯੋਜਨਾਬੰਦੀ ਵਿਭਾਗ ਵਿੱਚ ਸਿੱਧੀ ਭਰਤੀ ਤਹਿਤ 70 ਅਸਾਮੀਆਂ ਭਰਨ ਦੀ ਪ੍ਰਵਾਨਗੀ*

ਮੰਤਰੀ ਮੰਡਲ ਨੇ ਯੋਜਨਾਬੰਦੀ ਵਿਭਾਗ ਵਿੱਚ ਸਿੱਧੀ ਭਰਤੀ ਤਹਿਤ 70 ਅਸਾਮੀਆਂ ਭਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਆਰਥਿਕ ਨੀਤੀ 'ਤੇ ਯੋਜਨਾ ਬੋਰਡ ਅਤੇ ਅੰਕੜਾ ਵਿਭਾਗ, ਪੰਜਾਬ ਦੇ ਰਲੇਵੇਂ ਦੀ ਪ੍ਰਕਿਰਿਆ ਪਹਿਲਾਂ ਹੀ ਸੁਰੂ ਹੋ ਚੁੱਕੀ ਹੈ। ਇਸ ਅਭਿਆਸ ਦੇ ਮੱਦੇਨਜਰ ਭਰੀਆਂ ਜਾਣ ਵਾਲੀਆਂ ਖਾਲੀ ਅਸਾਮੀਆਂ ਦੀ ਜਰੂਰਤ ਨੂੰ ਸੋਧਿਆ ਗਿਆ ਹੈ। ਇਸ ਲਈ ਅਧਿਕਾਰੀਆਂ ਦੀ ਕਮੇਟੀ ਦੁਆਰਾ ਸਿੱਧੀ ਭਰਤੀ ਦੀਆਂ 70 ਅਸਾਮੀਆਂ ਭਰਨ ਦੀ ਪ੍ਰਵਾਨਗੀ ਦਿੱਤੀ ਗਈ।

*ਪੀ.ਐਸ.ਪੀ.ਸੀ.ਐਲ. ਅਤੇ ਪੀ.ਐਸ.ਟੀ.ਸੀ.ਐਲ. ਦੇ ਸੀ.ਐਮ.ਡੀ. ਅਤੇ ਡਾਇਰੈਕਟਰਾਂ ਦੀ ਨਿਯੁਕਤੀ ਲਈ ਸ਼ਰਤਾਂ ਵਿੱਚ ਸੋਧ*

ਮੰਤਰੀ ਮੰਡਲ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸਨ ਲਿਮਟਿਡ (ਪਾਵਰਕਾਮ) ਅਤੇ ਪੰਜਾਬ ਸਟੇਟ ਟ੍ਰਾਂਸਮਿਸਨ ਕਾਰਪੋਰੇਸਨ ਲਿਮਟਿਡ (ਟ੍ਰਾਂਸਕੋ) ਦੇ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰਾਂ (ਸੀ.ਐਮ.ਡੀ.) ਅਤੇ ਡਾਇਰੈਕਟਰਾਂ ਦੀ ਨਿਯੁਕਤੀ ਲਈ ਲੋੜੀਂਦੀਆਂ ਯੋਗਤਾਵਾਂ ਅਤੇ ਤਜਰਬੇ ਸਬੰਧੀ ਸਰਤਾਂ" ਵਿੱਚ ਸੋਧ ਕਰਨ ਦੀ ਵੀ ਪ੍ਰਵਾਨਗੀ ਦੇ ਦਿੱਤੀ ਹੈ।

*ਪਛਵਾੜਾ ਕੋਲਾ ਖਾਣ ਵਿਖੇ ਮਨੁੱਖੀ ਸਕਤੀ ਤੇ ਸਹਾਇਕ ਸਟਾਫ ਨਿਯੁਕਤ ਕਰਨ ਦੀ ਪ੍ਰਵਾਨਗੀ*

ਮੰਤਰੀ ਮੰਡਲ ਨੇ ਝਾਰਖੰਡ ਦੇ ਜ਼ਿਲ੍ਹਾ ਪਾਕੁੜ ਵਿਖੇ ਪਛਵਾੜਾ ਕੇਂਦਰੀ ਕੋਲਾ ਖਾਣ (ਪੀਸੀਸੀਐਮ) ਦੇ ਸੰਚਾਲਨ ਅਤੇ ਰੱਖ-ਰਖਾਅ ਲਈ ਪੀ.ਐਸ.ਪੀ.ਸੀ.ਐਲ. ਦੁਆਰਾ ਠੇਕੇ ਦੇ ਆਧਾਰ 'ਤੇ ਮਨੁੱਖੀ ਸਕਤੀ ਅਤੇ ਸਹਾਇਕ ਸਟਾਫ ਨਿਯੁਕਤ ਕਰਨ ਨੂੰ ਵੀ ਹਰੀ ਝੰਡੀ ਦੇ ਦਿੱਤੀ। ਇਸ ਲਈ ਅਧਿਕਾਰਤ ਕਮੇਟੀ ਬਣਾਉਣ ਦਾ ਫੈਸਲਾ ਕੀਤਾ ਗਿਆ ਜਿਸ ਵਿੱਚ ਪ੍ਰਬੰਧਕੀ ਸਕੱਤਰ ਚੇਅਰਮੈਨ ਅਤੇ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ਅਤੇ ਡਾਇਰੈਕਟਰ/ਜਨਰੇਸਨ, ਪੀ.ਐਸ.ਪੀ.ਸੀ.ਐਲ. ਨੂੰ ਮੈਂਬਰ ਵਜੋਂ ਸਾਮਲ ਕੀਤਾ ਜਾਵੇਗਾ। ਇਸ ਕਮੇਟੀ ਨੂੰ ਪਛਵਾੜਾ ਕੇਂਦਰੀ ਕੋਲਾ ਖਾਣ, ਪਾਕੁੜ ਦੇ ਸੰਚਾਲਨ ਅਤੇ ਰੱਖ-ਰਖਾਅ ਲਈ ਸਮਰੱਥ ਮਨੁੱਖੀ ਸਕਤੀ/ਸਹਾਇਕ ਸਟਾਫ ਦੀ ਠੇਕੇ ਦੀ ਭਰਤੀ ਅਤੇ ਵਿਸਥਾਰ ਨਾਲ ਸਬੰਧਤ ਸਾਰੀਆਂ ਪ੍ਰਵਾਨਗੀਆਂ ਦੇਣ ਲਈ ਅਧਿਕਾਰਤ ਕੀਤਾ ਗਿਆ ਸੀ।

***ਲੀਜਹੋਲਡ ਉਦਯੋਗਿਕ ਪਲਾਟਾਂ ਨੂੰ ਫ੍ਰੀਹੋਲਡ ਵਿੱਚ ਬਦਲਣ ਲਈ ਨੀਤੀ ਵਿੱਚ ਸੋਧਾਂ***

ਮੰਤਰੀ ਮੰਡਲ ਵੱਲੋਂ ਲੀਜਹੋਲਡ ਉਦਯੋਗਿਕ ਪਲਾਟਾਂ/ਸੈੱਡਾਂ ਨੂੰ ਫ੍ਰੀਹੋਲਡ ਵਿੱਚ ਬਦਲਣ ਲਈ ਨੀਤੀ ਵਿੱਚ ਸੋਧਾਂ ਨੂੰ ਵੀ ਸਹਿਮਤੀ ਦੇ ਦਿੱਤੀ ਗਈ ਹੈ। ਇਹਨਾਂ ਸੋਧਾਂ ਮੁਤਾਬਕ ਬੈਂਕਾਂ ਜਾਂ ਵਿੱਤੀ ਸੰਸਥਾਵਾਂ ਕੋਲ ਗਿਰਵੀ ਰੱਖੇ ਗਏ ਉਦਯੋਗਿਕ ਪਲਾਟ ਫ੍ਰੀਹੋਲਡ ਵਿੱਚ ਬਦਲੇ ਜਾ ਸਕਦੇ ਹਨ, ਬਸ਼ਰਤੇ ਸਬੰਧਤ ਬੈਂਕ ਵੱਲੋਂ ਪ੍ਰਾਪਤ 'ਨੋ ਓਬਜੈਕਸ਼ਨ ਸਰਟੀਫਿਕੇਟ' ਜਮ੍ਹਾਂ ਕਰਵਾਇਆ ਗਿਆ ਹੋਵੇ ਅਤੇ ਨਿਰਧਾਰਤ ਸੁਰੱਖਿਆ ਉਪਾਵਾਂ ਦੀ ਪਾਲਣਾ ਕੀਤੀ ਗਈ ਹੋਵੇ। ਇਸ ਸਬੰਧੀ ਉਨ੍ਹਾਂ ਮਾਮਲਿਆਂ ਵਿੱਚ 5 ਫੀਸਦ ਦੀ ਕੰਵਰਜ਼ਨ ਫੀਸ ਲਾਗੂ ਹੋਵੇਗੀ ਜਿੱਥੇ ਮੌਜੂਦਾ ਟਾਈਟਲ ਦਸਤਾਵੇਜਾਂ ਵਿੱਚ ਅਣ-ਅਰਜਿਤ ਵਾਧੇ ਨਾਲ ਸਬੰਧਤ ਕੋਈ ਧਾਰਾ ਨਹੀਂ ਹੈ, ਭਾਵੇਂ ਇਹ ਪਹਿਲਾਂ ਦੇ ਟਾਈਟਲ ਦਸਤਾਵੇਜਾਂ ਵਿੱਚ ਮੌਜੂਦ ਹੋਵੇ।

*ਪੰਜਾਬ ਕਾਮਨ ਇਨਫਰਾਸਟ੍ਰਕਚਰ (ਰੈਗੂਲੇਸਨ ਐਂਡ ਮੇਨਟੇਨੈਂਸ) (ਸੋਧ) ਬਿੱਲ-2026*

ਮੰਤਰੀ ਮੰਡਲ ਨੇ ਪੰਜਾਬ ਕਾਮਨ ਇਨਫਰਾਸਟ੍ਰਕਚਰ (ਰੈਗੂਲੇਸਨ ਐਂਡ ਮੇਨਟੇਨੈਂਸ) (ਸੋਧ) ਬਿੱਲ, 2026 ਨੂੰ ਪੇਸ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ ਤਾਂ ਜੋ ਸੂਬੇ ਭਰ ਵਿੱਚ ਉਦਯੋਗਿਕ ਖੇਤਰਾਂ ਦੇ ਬਿਹਤਰ ਪ੍ਰਬੰਧਨ ਲਈ ਸਪੈਸ਼ਲ ਪਰਪਜ਼ ਵਹੀਕਲ (ਐਸ.ਪੀ.ਵੀ.) ਦੀ ਪ੍ਰਭਾਵਸ਼ੀਲਤਾ, ਪਾਰਦਰਸਤਾ ਅਤੇ ਵਿੱਤੀ ਸਥਿਰਤਾ ਨੂੰ ਮਜਬੂਤ ਕੀਤਾ ਜਾ ਸਕੇ। ਪ੍ਰਸਤਾਵਿਤ ਸੋਧਾਂ ਉਦਯੋਗਿਕ ਪਾਰਕਾਂ ਦੇ ਵਿਸਥਾਰ ਅਤੇ ਉਦਯੋਗਿਕ ਅਸਟੇਟਾਂ ਤੋਂ ਬਾਹਰ ਨਵੇਂ ਉਦਯੋਗਿਕ ਕਲੱਸਟਰਾਂ ਦੇ ਵਿਸਥਾਰ ਕਾਰਨ ਸਾਲਾਂ ਦੌਰਾਨ ਉਭਰੀਆਂ ਪ੍ਰਸਾਸਕੀ ਅਤੇ ਅਮਲ ਸਬੰਧੀ ਚੁਣੌਤੀਆਂ ਨੂੰ ਹੱਲ ਕਰਨਗੀਆਂ। ਇਸ ਤਹਿਤ ਉਦਯੋਗਿਕ ਖੇਤਰਾਂ ਵਿੱਚ ਸੜਕਾਂ, ਸਟਰੀਟ ਲਾਈਟਾਂ, ਪਾਰਕਾਂ, ਸੁਰੱਖਿਆ, ਡਰੇਨੇਜ ਪ੍ਰਣਾਲੀਆਂ ਅਤੇ ਹੋਰ ਸਾਂਝੀਆਂ ਸਹੂਲਤਾਂ ਵਰਗੇ ਸਾਂਝੇ ਬੁਨਿਆਦੀ ਢਾਂਚੇ ਦੇ ਰੱਖ-ਰਖਾਅ ਲਈ ਸੇਵਾ ਖਰਚੇ ਵਸੂਲਣ ਅਤੇ ਇਹਨਾਂ ਦੀ ਵਰਤੋਂ ਲਈ ਸੁਚਾਰੂ ਪ੍ਰਣਾਲੀ ਵੀ ਵਿਕਸਿਤ ਕੀਤੀ ਜਾਵੇਗੀ।

ਸਾਰੇ ਉਦਯੋਗਿਕ ਖੇਤਰਾਂ ਵਿੱਚ ਐਸ.ਪੀ.ਵੀ. ਤਿਆਰ ਕੀਤੇ ਜਾਣਗੇ ਜੋ ਕਿ ਸੋਸਾਇਟੀਜ ਰਜਿਸਟ੍ਰੇਸਨ ਐਕਟ, 1860 ਤਹਿਤ ਰਜਿਸਟਰਡ ਹੋਣਗੇ। ਇਹ ਐਸ.ਪੀ.ਵੀ. ਉਦਯੋਗਿਕ ਖੇਤਰਾਂ ਵਿੱਚ ਸਾਂਝੇ ਬੁਨਿਆਦੀ ਢਾਂਚੇ ਦੇ ਸੰਚਾਲਨ ਅਤੇ ਰੱਖ-ਰਖਾਅ ਲਈ ਬਿਨਾਂ ਲਾਭ, ਬਿਨਾਂ ਨੁਕਸਾਨ ਆਧਾਰ 'ਤੇ ਕੰਮ ਕਰਨਗੇ। ਇਸ ਦੇ ਨਾਲ ਹੀ ਐਸ.ਪੀ.ਵੀ. ਦੇ ਕੰਮਕਾਜ ਦੀ ਨਿਗਰਾਨੀ ਕਰਨ ਅਤੇ ਵਿਵਾਦਾਂ ਦੇ ਹੱਲ ਲਈ ਸੰਸਥਾਗਤ ਵਿਧੀ ਪ੍ਰਦਾਨ ਕਰਨ ਵਾਸਤੇ ਜ਼ਿਲ੍ਹਾ ਨਿਗਰਾਨ ਅਥਾਰਟੀ ਸਥਾਪਤ ਕੀਤੀ ਜਾਵੇਗੀ।

*ਐਨ.ਐਚ.ਏ.ਆਈ. ਪ੍ਰਾਜੈਕਟਾਂ ਲਈ ਸਤਲੁਜ ਦਰਿਆ ਵਿੱਚੋਂ ਗਾਰ ਕੱਢਣ ਦੀ ਪ੍ਰਵਾਨਗੀ*

ਮੰਤਰੀ ਮੰਡਲ ਨੇ ਸੂਬੇ ਵਿੱਚ ਵੱਖ-ਵੱਖ ਹਾਈਵੇ ਪ੍ਰਾਜੈਕਟਾਂ ਦੇ ਨਿਰਮਾਣ ਲਈ ਕੌਮੀ ਮਾਰਗ ਅਥਾਰਟੀ (ਐਨ.ਐਚ.ਏ.ਆਈ.) ਨੂੰ ਸਧਾਰਨ ਮਿੱਟੀ ਦੇਣ ਲਈ ਸਤਲੁਜ ਦਰਿਆ ਵਿੱਚੋਂ ਗਾਰ ਕੱਢਣ ਦੀਆਂ ਸਰਤਾਂ ਵਿੱਚ ਢਿੱਲ ਦੇਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਇਹ ਜਲ ਸਰੋਤ ਵਿਭਾਗ ਵੱਲੋਂ ਕੀਤੀਆਂ ਜਾ ਰਹੀਆਂ ਵੱਖ-ਵੱਖ ਪਹਿਲਕਦਮੀਆਂ ਦਾ ਹਿੱਸਾ ਹੈ ਜਿਸ ਵਿੱਚ ਦਰਿਆਵਾਂ ਦੇ ਪ੍ਰਬੰਧਨ ਅਤੇ ਹੜ੍ਹਾਂ ਦੇ ਖਤਰੇ ਨੂੰ ਘਟਾਉਣ ਦੇ ਯਤਨਾਂ ਵਜੋਂ ਸੂਬੇ ਭਰ ਦੇ ਪ੍ਰਮੁੱਖ ਦਰਿਆਵਾਂ ਵਿੱਚ ਲੰਬੇ ਚੈਨਲਾਂ ਦੀ ਖੁਦਾਈ ਸਾਮਲ ਹੈ।

## ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਦੇ ..

ਹਰਮੀਤ ਸਿੰਘ ਪਠਾਣਮਾਜਰਾ ਖ਼ਿਲਾਫ਼ 1 ਸਤੰਬਰ, 2025 ਨੂੰ ਜਬਰ-ਜ਼ਿਨਾਹ, ਧੋਖਾਧੜੀ ਅਤੇ ਅਪਰਾਧਿਕ ਧਮਕੀ ਦੇ ਇਲਜ਼ਾਮਾਂ ਹੇਠ ਐੱਫ.ਆਈ.ਆਰ. ਦਰਜ ਕੀਤੀ ਗਈ ਸੀ। ਪਠਾਣਮਾਜਰਾ ਸਤੰਬਰ, 2025 ਤੋਂ ਰੇਪ ਮਾਮਲੇ ਚ ਫ਼ਰਾਰ ਚੱਲ ਰਿਹਾ ਸੀ। ਉਸ ਸਮੇਂ ਤੋਂ ਹੀ ਪੁਲਸ ਵਲੋਂ ਉਸ ਦੀ ਭਾਲ ਕੀਤੀ ਜਾ ਰਹੀ ਸੀ। ਐੱਫ.ਆਈ.ਆਰ. ਵਿੱਚ ਦਿੱਤੀ ਜਾਣਕਾਰੀ ਮੁਤਾਬਕ ਇੱਕ ਔਰਤ, ਜੋ ਸਾਲ 2013-14 ਵਿੱਚ ਪਠਾਣਮਾਜਰਾ ਦੇ ਸੰਪਰਕ ਵਿੱਚ ਆਈ ਸੀ, ਉਸ ਨੇ ਪਠਾਣਮਾਜਰਾ ਤੇ ਗੁੰਮਰਾਹ ਕਰਕੇ ਵਿਆਹ ਕਰਵਾਉਣ ਅਤੇ ਸਰੀਰਕ ਸ਼ੋਸ਼ਣ ਕਰਨ ਦੇ ਇਲਜ਼ਾਮ ਲਗਾਏ ਹਨ। ਇਸ ਮਾਮਲੇ ਦੇ ਸਬੰਧ ਵਿਚ ਉਸ ਨੇ ਕਾਰਵਾਈ ਦੀ ਮੰਗ ਕੀਤੀ ਸੀ।

## ਜੋ ਹੁਣ ਤੱਕ ਨਹੀਂ ਬਦਲਿਆ, ਉਹ ਹੁਣ ...

ਦੁਆਰਾ ਕੀਤੇ ਗਏ ਸਾਰੇ ਘੁਟਾਲਿਆਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ, ਅਤੇ ਇਨਸਾਫ਼ ਯਕੀਨੀ ਬਣਾਇਆ ਜਾਵੇਗਾ। ਇਸੇ ਖ਼ਦਸ਼ੇ ਨੇ ਇਨ੍ਹਾਂ ਦੋਵਾਂ ਪਾਰਟੀਆਂ ਦੀਆਂ ਰਾਤਾਂ ਦੀ ਨੀਂਦ ਉਡਾ ਦਿੱਤੀ ਹੈ। ਮੋਦੀ ਨੇ ਕਿਹਾ, ਅੱਜਕੱਲ੍ਹ, ਕਮਿਊਨਿਸਟ ਅਤੇ ਕਾਂਗਰਸ ਦੋਵਾਂ ਨੇ ਹੀ ਨਵੇਂ ਪ੍ਰਚਾਰ ਮੁਹਿੰਮਾਂ ਸ਼ੁਰੂ ਕੀਤੀਆਂ ਹਨ।

ਕਮਿਊਨਿਸਟਾਂ ਦਾ ਦਾਅਵਾ ਹੈ ਕਿ ਕਾਂਗਰਸ, ਬੀ.ਜੇ.ਪੀ. ਦੀ 2 ਟੀਮ ਹੈ; ਉੱਥੇ ਹੀ ਕਾਂਗਰਸ, ਕਮਿਊਨਿਸਟਾਂ ਤੇ ਬੀ.ਜੇ.ਪੀ. ਦੀ 2 ਟੀਮ ਹੋਣ ਦਾ ਦੋਸ਼ ਲਗਾਉਂਦੀ ਹੈ। ਇਸ ਆਪਸੀ ਦੋਸ਼-ਪ੍ਰਤੀਦੋਸ਼ ਤੋਂ ਇਹ ਸੰਕੇਤ ਮਿਲਦਾ ਹੈ ਕਿ ਯੂ.ਡੀ.ਐਫ. ਅਤੇ ਐਲ.ਡੀ.ਐਫ.—ਦੋਵਾਂ ਨੇ ਹੀ ਅਸਿੱਧੇ ਤੌਰ ਤੇ ਇਹ ਸਵੀਕਾਰ ਕਰ ਲਿਆ ਹੈ ਕਿ ਕੇਰਲਮ ਵਿੱਚ ਬੀ.ਜੇ.ਪੀ. ਹੀ ਇਕਲੌਤੀ ਇੱਕਜੁੱਟ ਟੀਮ ਹੈ। ਕੇਰਲਮ ਵਿੱਚ ਬੀ.ਜੇ.ਪੀ.-ਐਨ.ਡੀ.ਏ. ਸਰਕਾਰ ਤੇਜ਼ੀ ਨਾਲ ਵਿਕਾਸ ਕਰੇਗੀ। ਅਸੀਂ ਵਿਕਸਿਤ ਕੇਰਲਮ ਬਣਾਵਾਂਗੇ, ਅਤੇ ਇਹ ਮੋਦੀ ਦੀ ਗਾਰੰਟੀ ਹੈ। ਜੋ ਹੁਣ ਤੱਕ ਨਹੀਂ ਬਦਲਿਆ, ਉਹ ਹੁਣ ਬਦਲੇਗਾ। ਹੁਣ ਕੇਰਲਾ ਦਾ ਵਿਕਾਸ ਹੋਵੇਗਾ।

## ਅਮਿਤ ਸ਼ਾਹ ਦੇ 'ਪੁਰਾਣੇ ਕਾਰਨਾਮਿਆਂ' ਲਈ ...

ਲੋਕ ਮੱਛੀ, ਮੀਟ ਅਤੇ ਅੰਡੇ ਨਹੀਂ ਖਾ ਸਕਣਗੇ। ਇਸ ਤੋਂ ਇਲਾਵਾ, ਮੁੱਖ ਮੰਤਰੀ ਨੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵਿਸ਼ੇਸ਼ ਸੁਧਾਰ ਯੋਜਨਾ ਰਾਹੀਂ ਵੋਟਰ ਸੂਚੀਆਂ ਵਿੱਚੋਂ 1.2 ਕਰੋੜ ਵੋਟਰਾਂ ਦੇ ਨਾਮ ਹਟਾ ਦਿੱਤੇ ਗਏ ਹਨ। ਉਨ੍ਹਾਂ ਨੇ ਵੋਟਰਾਂ ਨੂੰ ਭਾਜਪਾ ਵਿਰੁੱਧ ਇਕਜੁੱਟ ਹੋਣ ਦਾ ਸੱਦਾ ਦਿੱਤਾ।

## ਠਾਕੁਰ ਦਲੀਪ ਸਿੰਘ ਨਾਮਧਾਰੀ ਨੂੰ ...

ਦੋਸ਼ੀ ਨੂੰ 8 ਅਪ੍ਰੈਲ ਤੱਕ ਅਦਾਲਤ ਵਿੱਚ ਪੇਸ਼ ਹੋਣ ਦਾ ਹੁਕਮ ਦਿੱਤਾ ਗਿਆ ਹੈ। ਜੇਕਰ ਠਾਕੁਰ ਦਲੀਪ ਸਿੰਘ ਨਿਰਧਾਰਤ ਮਿਤੀ ਤੱਕ ਅਦਾਲਤ ਵਿੱਚ ਪੇਸ਼ ਨਹੀਂ ਹੁੰਦਾ ਹੈ, ਤਾਂ ਉਸਨੂੰ ਭਗੌੜਾ ਘੋਸ਼ਿਤ ਕਰ ਦਿੱਤਾ ਜਾਵੇਗਾ। ਠਾਕੁਰ ਦਲੀਪ ਸਿੰਘ ਵਿਰੁੱਧ ਤਿੰਨ ਵੱਖ-ਵੱਖ ਥਾਣਿਆਂ ਵਿੱਚ ਕੇਸ ਦਰਜ ਸਨ। ਉਸਨੂੰ ਮਾਤਾ ਚੰਦ ਕੌਰ ਦੇ ਕਤਲ, ਸਤਿਗੁਰੂ ਉਦੈ ਸਿੰਘ ਅਤੇ ਮਾਤਾ ਚੰਦ ਕੌਰ ਦੇ ਜਵਾਈ ਜਗਤਾਰ ਸਿੰਘ 'ਤੇ ਹਮਲਾ ਕਰਨ ਦੀ ਸਾਜ਼ਿਸ਼ ਅਤੇ ਨਾਮਧਾਰੀ ਅਵਤਾਰ ਸਿੰਘ ਦੇ ਕਤਲ ਵਿੱਚ ਫਸਾਇਆ ਗਿਆ ਸੀ। 2017 ਵਿੱਚ, ਇਹਨਾਂ ਤਿੰਨਾਂ ਮਾਮਲਿਆਂ ਨੂੰ ਮਿਲਾ ਕੇ ਸੀ.ਬੀ.ਆਈ. ਨੂੰ ਤਬਦੀਲ ਕਰ ਦਿੱਤਾ ਗਿਆ। ਸੀ.ਬੀ.ਆਈ. ਨੇ ਚੰਡੀਗੜ੍ਹ ਵਿੱਚ ਇੱਕ ਕੇਸ ਦਰਜ ਕੀਤਾ ਅਤੇ ਜਾਂਚ ਸ਼ੁਰੂ ਕੀਤੀ ਪਰ ਠਾਕੁਰ ਦਲੀਪ ਸਿੰਘ ਇਸ ਮਾਮਲੇ ਵਿੱਚ ਅਦਾਲਤ ਵਿੱਚ ਪੇਸ਼ ਹੋਣ ਵਿੱਚ ਅਸਫਲ ਰਿਹਾ। ਨਤੀਜੇ ਵਜੋਂ, ਅਦਾਲਤ ਨੇ ਇੱਕ ਪੀ.ਓ. ਨੋਟਿਸ ਜਾਰੀ ਕੀਤਾ। ਜੇਕਰ ਉਸਨੂੰ ਭਗੌੜਾ ਐਲਾਨਿਆ ਜਾਂਦਾ ਹੈ, ਤਾਂ ਸੀ.ਬੀ.ਆਈ. ਅਤੇ ਪੁਲਿਸ ਦਲੀਪ ਸਿੰਘ ਦੀਆਂ ਜਾਇਦਾਦਾਂ ਨੂੰ ਜ਼ਬਤ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਸਕਦੀ ਹੈ। ਇਸ ਤੋਂ ਇਲਾਵਾ, ਰੈੱਡ ਕਾਰਨਰ ਨੋਟਿਸ ਰਾਹੀਂ ਅੰਤਰਰਾਸ਼ਟਰੀ ਪੱਧਰ 'ਤੇ ਉਸ ਦੀ ਭਾਲ ਤੇਜ਼ ਕੀਤੀ ਜਾਵੇਗੀ।

## ਸੋਸ਼ਲ ਮੀਡੀਆ ਉੱਤੇ ਪ੍ਰਗਟਾਵੇ ਦੀ ਆਜ਼ਾਦੀ ...

ਤੇਜ਼ ਕਰ ਦਿੱਤਾ ਹੈ। ਇੱਕ ਪਾਸੇ ਸਰਕਾਰ ਤੇ ਸਮਰਥਕ ਇਸ ਨੂੰ ਕਾਨੂੰਨ ਦੀ ਉਲੰਘਣਾ ਰੋਕਣ ਲਈ ਜ਼ਰੂਰੀ ਕਦਮ ਦੱਸ ਰਹੇ ਹਨ, ਦੂਜੇ ਪਾਸੇ ਵਿਰੋਧੀ ਇਸ ਨੂੰ ਸਾਫ਼ ਸੈਂਸਰਸ਼ਿਪ ਤੇ ਪ੍ਰਗਟਾਵੇ ਦੀ ਆਜ਼ਾਦੀ ਉੱਤੇ ਹਮਲਾ ਕਹਿ ਰਹੇ ਹਨ। ਸੋਸ਼ਲ ਮੀਡੀਆ 'ਤੇ ਬਹਿਸ ਤੇਜ਼ ਹੋ ਗਈ ਹੈ ਤੇ ਹਜ਼ਾਰਾਂ ਯੂਜ਼ਰ ਆਪਣੀ ਰਾਏ ਦਰਜ ਕਰ ਰਹੇ ਹਨ। ਧਾਰਾ 79(C)(b) ਆਪਣੇ ਆਪ ਵਿੱਚ ਸੇਫ ਹਾਰਬਰ ਪ੍ਰੋਵਿਜ਼ਨ ਦਾ ਹਿੱਸਾ ਹੈ, ਜੋ ਆਨਲਾਈਨ ਪਲੇਟਫਾਰਮਾਂ ਨੂੰ ਯੂਜ਼ਰਾਂ ਵੱਲੋਂ ਪੋਸਟ ਕੀਤੀ ਸਮੱਗਰੀ ਲਈ ਜ਼ਿੰਮੇਵਾਰੀ ਤੋਂ ਬਚਾਉਂਦੀ ਹੈ, ਪਰ ਜੇ ਪਲੇਟਫਾਰਮ ਸਰਕਾਰੀ ਨੋਟਿਸ ਤੇ ਉਸ ਸਮੱਗਰੀ ਨੂੰ ਨਾ ਹਟਾਵੇ ਤਾਂ ਉਹ ਇਸ ਸੁਰੱਖਿਆ ਤੋਂ ਵਾਂਝਾ ਹੋ ਜਾਂਦਾ ਹੈ। ਹੁਣ ਇਸ ਧਾਰਾ ਤਹਿਤ ਸਰਕਾਰ ਨੇ ਪਿਛਲੇ ਸਾਲਾਂ ਵਿੱਚ ਲੱਖਾਂ ਟੁਕੜਿਆਂ ਨੂੰ ਬਲਾਕ ਕੀਤਾ ਹੈ। ਮੰਤਰਾਲੇ ਦੀਆਂ ਰਿਪੋਰਟਾਂ ਅਨੁਸਾਰ 2024-25 ਤੱਕ 943 (ਇੰਡੀਅਨ ਸਾਈਬਰ ਕ੍ਰਾਈਮ ਕੋਆਰਡੀਨੇਸ਼ਨ ਸੈਂਟਰ) ਨੇ ਇਸ ਧਾਰਾ ਤਹਿਤ 1,11,185 ਤੋਂ ਵੱਧ ਸਮੱਗਰੀ ਬਲਾਕ ਕਰਵਾਈ ਹੈ। ਇਸ ਵਿੱਚ ਨਫ਼ਰਤ ਭਰੀ ਭਾਸ਼ਾ, ਹਿੰਸਾ ਭੜਕਾਉਣ ਵਾਲੀ ਸਮੱਗਰੀ, ਧਾਰਮਿਕ ਉਤਸ਼ਾਹ, ਫੇਕ ਨਿਊਜ਼ ਤੇ ਰਾਜਨੀਤਿਕ ਵਿਰੋਧੀ ਪੋਸਟਾਂ ਸ਼ਾਮਲ ਹਨ। 'ਮੋਲੀਟਿਕਸ' ਪੇਜ ਰਾਜਨੀਤਿਕ ਵਿਸ਼ਲੇਸ਼ਣ, ਟਿੱਪਣੀਆਂ ਤੇ ਵਿਵਾਦਾਸਪਦ ਮੁੱਦਿਆਂ ਤੇ ਚਰਚਾ ਲਈ ਜਾਣਿਆ ਜਾਂਦਾ ਸੀ।

ਇਸ ਦੇ ਫੈਨਜ਼ ਇਸ ਨੂੰ ਇੱਕ ਆਜ਼ਾਦ ਰਾਜਨੀਤਿਕ ਵਾਇਸ ਮੰਨਦੇ ਸਨ। ਬਲਾਕ ਹੋਣ ਤੋਂ ਬਾਅਦ ਸਬੰਧਤ ਹਿੱਸੇਦਾਰਾਂ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਉਨ੍ਹਾਂ ਨੇ ਇਸ ਨੂੰ ਪ੍ਰਗਟਾਵੇ ਦੀ ਆਜ਼ਾਦੀ ਉੱਤੇ ਸਿੱਧਾ ਹਮਲਾ ਕਿਹਾ ਹੈ। ਸੋਸ਼ਲ ਮੀਡੀਆ 'ਤੇ ਇੱਕ ਵਰਗ ਇਸ ਨੂੰ ਸਰਕਾਰ ਵੱਲੋਂ ਵਿਰੋਧੀ ਆਵਾਜ਼ਾਂ ਨੂੰ ਦਬਾਉਣ ਦੀ ਕੋਸ਼ਿਸ਼ ਦੱਸ ਰਿਹਾ ਹੈ, ਜਦਕਿ ਦੂਜਾ ਵਰਗ ਇਸ ਨੂੰ ਰਾਸ਼ਟਰੀ ਸੁਰੱਖਿਆ, ਸਮਾਜਿਕ ਸਦਭਾਵਨਾ ਤੇ ਕਾਨੂੰਨ ਵਿਵਸਥਾ ਲਈ ਜ਼ਰੂਰੀ ਠਹਿਰਾ ਰਿਹਾ ਹੈ।

ਇਸ ਘਟਨਾ ਵਿੱਚ ਸਭ ਤੋਂ ਵੱਡੀ ਚਿੰਤਾ ਇਹ ਹੈ ਕਿ ਸਰਕਾਰ ਜਾਂ ਲਾਗੂ ਕਰਨ ਵਾਲੀਆਂ ਏਜੰਸੀਆਂ ਵੱਲੋਂ ਅਜੇ ਤੱਕ ਇਸ ਬਲਾਕਿੰਗ ਦਾ ਕੋਈ ਵਿਸਤ੍ਰਿਤ ਬਿਆਨ ਜਾਰੀ ਨਹੀਂ ਕੀਤਾ ਗਿਆ। ਇਸ ਤੋਂ ਲੋਕਾਂ ਵਿੱਚ ਇੱਕ ਗਲਤਫਹਿਮੀ ਫੈਲ ਰਹੀ ਹੈ ਕਿ ਰਾਜਨੀਤਿਕ ਵਿਰੋਧ ਨੂੰ ਹੀ ਟਾਰਗੇਟ ਕੀਤਾ ਜਾ ਰਿਹਾ ਹੈ। ਪਿਛਲੇ ਸਮੇਂ ਵਿੱਚ ਵੀ ਮੈਟਾ ਨੇ ਕਈ ਖ਼ਬਰੀ ਪੇਜਾਂ (ਜਿਵੇਂ ਕਸ਼ਮੀਰ ਲਾਈਫ), ਰਾਜਨੀਤਿਕ ਖਾਤਿਆਂ 'ਤੇ ਵਿਵਾਦਾਸਪਦ ਪੋਸਟਾਂ ਨੂੰ ਇਸੇ ਧਾਰਾ ਤਹਿਤ ਭਾਰਤ ਵਿੱਚ ਰੋਕਿਆ ਹੈ।

ਇਸ ਨਾਲ ਡਿਜੀਟਲ ਪਲੇਟਫਾਰਮਾਂ ਉੱਤੇ ਸਮੱਗਰੀ ਨਿਯੰਤਰਣ ਦੀ ਰਣਨੀਤੀ ਤੇਜ਼ ਹੋ ਰਹੀ ਹੈ। ਸਰਕਾਰ ਵੱਲੋਂ ਤਾਜ਼ਾ ਤਬਦੀਲੀਆਂ ਤਹਿਤ ਗੈਰ-ਕਾਨੂੰਨੀ ਸਮੱਗਰੀ ਹਟਾਉਣ ਦਾ ਸਮਾਂ 36 ਘੰਟਿਆਂ ਤੋਂ ਘਟਾ ਕੇ 3 ਘੰਟਿਆਂ ਤੱਕ ਕੀਤਾ ਗਿਆ ਹੈ, ਜਿਸ ਨਾਲ ਪਲੇਟਫਾਰਮਾਂ ਉੱਤੇ ਦਬਾਅ ਵਧਿਆ ਹੈ। ਇਸ ਮਾਮਲੇ ਨੇ ਫਿਰ ਇੱਕ ਵਾਰ ਡਿਜੀਟਲ ਯੁੱਗ ਵਿੱਚ ਬੋਲਣ ਦੀ ਆਜ਼ਾਦੀ 'ਤੇ ਜ਼ਿੰਮੇਵਾਰੀ ਵਿਚਕਾਰ ਸੰਤੁਲਨ ਦਾ ਸਵਾਲ ਖੜ੍ਹਾ ਕਰ ਦਿੱਤਾ ਹੈ।

ਭਾਰਤ ਵਿੱਚ ਆਜ਼ਾਦੀ ਦੇ ਅਧਿਕਾਰ ਤੇ ਸੰਵਿਧਾਨਕ ਰੱਖਿਆ ਲਈ ਆਰਟੀਕਲ 19(A)(a) ਮਹੱਤਵਪੂਰਨ ਹੈ, ਪਰ ਇਸ ਉੱਤੇ ਯੋਗਤਾਵਾਂ ਵੀ ਲੱਗੀਆਂ ਹਨ। ਜੇਕਰ ਸਰਕਾਰ ਵੱਲੋਂ ਬਲਾਕਿੰਗ ਦੇ ਆਦੇਸ਼ ਬਿਨਾਂ ਖੁਲ੍ਹੀ ਚਰਚਾ ਤੋਂ ਬਿਨਾਂ ਲਾਗੂ ਹੋਣ ਲੱਗਣ ਤਾਂ ਇਹ ਲੋਕਤੰਤਰੀ ਮੁੱਲਾਂ ਲਈ ਖਤਰਾ ਬਣ ਸਕਦਾ ਹੈ। ਉਲਟਾ, ਜੇ ਪਲੇਟਫਾਰਮਾਂ ਨੂੰ ਆਜ਼ਾਦ ਛੱਡ ਦਿੱਤਾ ਗਿਆ ਤਾਂ ਨਫ਼ਰਤ, ਫੇਕ ਨਿਊਜ਼ ਤੇ ਹਿੰਸਾ ਭੜਕਾਉਣ ਵਾਲੀ ਸਮੱਗਰੀ ਫੈਲਣ ਦਾ ਖਤਰਾ ਵੱਧ ਜਾਂਦਾ ਹੈ। ਇਸ ਲਈ ਲੋੜ ਹੈ ਇੱਕ ਪਾਰਦਰਸ਼ੀ ਤੇ ਜ਼ਿੰਮੇਵਾਰ ਢਾਂਚੇ ਦੀ। ਸਰਕਾਰ ਨੂੰ ਬਲਾਕਿੰਗ ਦੇ ਆਦੇਸ਼ਾਂ ਦਾ ਵਿਸਤ੍ਰਿਤ ਕਾਰਨ ਦੱਸਣਾ ਚਾਹੀਦਾ ਹੈ ਤੇ ਪ੍ਰਭਾਵਿਤ ਪਾਰਟੀਆਂ ਨੂੰ ਅਪੀਲ ਦਾ ਮੌਕਾ ਮਿਲਣਾ ਚਾਹੀਦਾ ਹੈ।

ਅੱਜ ਮੈਟਾ ਵਰਗੀਆਂ ਕੰਪਨੀਆਂ ਨੂੰ ਵੀ ਆਪਣੀਆਂ ਕਮਿਊਨਿਟੀ ਸਟੈਂਡਰਡਜ਼ ਤੇ ਭਾਰਤੀ ਕਾਨੂੰਨ ਵਿਚਕਾਰ ਸੰਤੁਲਨ ਬਣਾਉਣਾ ਚਾਹੀਦਾ ਹੈ, ਨਾ ਕਿ ਸਿਰਫ਼ ਦਬਾਅ ਵਿੱਚ ਆ ਕੇ ਬਲਾਕ ਕਰਨਾ। ਅੰਤ ਵਿੱਚ, ਡਿਜੀਟਲ ਯੁੱਗ ਵਿੱਚ ਲੋਕਤੰਤਰ ਤਾਂ ਤਦ ਹੀ ਮਜ਼ਬੂਤ ਰਹੇਗਾ ਜਦੋਂ ਆਜ਼ਾਦ ਚਰਚਾ ਤੇ ਕਾਨੂੰਨ ਵਿਵਸਥਾ ਵਿਚਕਾਰ ਇੱਕ ਸਿਹਤਮੰਦ ਸੰਤੁਲਨ ਬਣਾਇਆ ਜਾਵੇ। 'ਮੋਲੀਟਿਕਸ' ਪੇਜ ਦਾ ਬਲਾਕ ਹੋਣਾ ਇੱਕ ਛੋਟੀ ਘਟਨਾ ਨਹੀਂ, ਇਹ ਇੱਕ ਵੱਡੇ ਵਿਵਾਦ ਦੀ ਸ਼ੁਰੂਆਤ ਹੋ ਸਕਦੀ ਹੈ। ਜੇ ਅਜਿਹੀਆਂ ਕਾਰਵਾਈਆਂ ਬਿਨਾਂ ਖੁਲ੍ਹੀ ਚਰਚਾ ਤੋਂ ਵਧਦੀਆਂ ਰਹੀਆਂ ਤਾਂ ਡਿਜੀਟਲ ਭਾਰਤ ਵਿੱਚ ਆਜ਼ਾਦੀ ਦੀ ਆਵਾਜ਼ ਧੀਰੇ-ਧੀਰੇ ਖਾਮੋਸ਼ ਹੋ ਸਕਦੀ ਹੈ। ਸਮੇਂ ਦੀ ਲੋੜ ਹੈ ਇੱਕ ਖੁੱਲ੍ਹੀ, ਪਾਰਦਰਸ਼ੀ ਤੇ ਲੋਕਤੰਤਰੀ ਡਿਜੀਟਲ ਨੀਤੀ ਦੀ, ਨਾ ਕਿ ਸੈਂਸਰਸ਼ਿਪ ਦੀ ਲਹਿਰ ਦੀ।

## 2,500 ਅਮਰੀਕੀ ਮਰੀਨ ਪੱਛਮੀ ਏਸ਼ੀਆ ਖੇਤਰ ...

ਨੂੰ, ਈਰਾਨ ਨੇ ਖੇਤਰ ਵਿੱਚ ਇਜ਼ਰਾਈਲੀ ਅਤੇ ਅਮਰੀਕੀ ਯੂਨੀਵਰਸਿਟੀਆਂ ਨੂੰ ਨਿਸ਼ਾਨਾ ਬਣਾਉਣ ਦੀ ਧਮਕੀ ਦਿੱਤੀ। ਇਹ ਪਹਿਲੀ ਵਾਰ ਹੈ ਜਦੋਂ ਈਰਾਨ ਨੇ ਖੁੱਲ੍ਹ ਕੇ ਵਿਦਿਅਕ ਸੰਸਥਾਵਾਂ ਨੂੰ ਨਿਸ਼ਾਨਾ ਬਣਾਉਣ ਦੀ ਧਮਕੀ ਦਿੱਤੀ ਹੈ। ਸਰਕਾਰੀ ਮੀਡੀਆ ਨੇ ਰਿਪੋਰਟ ਦਿੱਤੀ ਕਿ ਅਰਧ ਸੈਨਿਕ ਰੈਵੋਲਿਊਸ਼ਨਰੀ ਗਾਰਡ ਨੇ ਇੱਕ ਬਿਆਨ ਵਿੱਚ ਚੇਤਾਵਨੀ ਦਿੱਤੀ ਹੈ ਕਿ ਜੇਕਰ ਈਰਾਨੀ ਯੂਨੀਵਰਸਿਟੀਆਂ ਦੀ ਸੁਰੱਖਿਆ ਨੂੰ ਯਕੀਨੀ ਨਹੀਂ ਬਣਾਇਆ ਗਿਆ, ਤਾਂ ਖੇਤਰ ਵਿੱਚ ਇਜ਼ਰਾਈਲੀ ਅਤੇ ਅਮਰੀਕੀ ਯੂਨੀਵਰਸਿਟੀ ਕੈਂਪਸਾਂ ਨੂੰ ਸਿੱਧਾ ਨਿਸ਼ਾਨਾ ਬਣਾਇਆ ਜਾਵੇਗਾ। ਰੈਵੋਲਿਊਸ਼ਨਰੀ ਗਾਰਡ ਨੇ ਕਿਹਾ, ਜੇਕਰ ਅਮਰੀਕੀ ਸਰਕਾਰ ਚਾਹੁੰਦੀ ਹੈ ਕਿ ਇਸ ਖੇਤਰ ਵਿੱਚ ਉਸਦੀਆਂ ਯੂਨੀਵਰਸਿਟੀਆਂ ਸੁਰੱਖਿਅਤ ਰਹਿਣ, ਤਾਂ ਉਸਨੂੰ 30 ਮਾਰਚ, ਸੋਮਵਾਰ ਦੁਪਹਿਰ 12 ਵਜੇ ਤੱਕ (ਈਰਾਨੀ) ਯੂਨੀਵਰਸਿਟੀਆਂ ਤੇ ਹੋਏ ਹਮਲਿਆਂ ਦੀ ਨਿੰਦਾ ਕਰਦੇ ਹੋਏ ਇੱਕ ਅਧਿਕਾਰਤ ਬਿਆਨ ਜਾਰੀ ਕਰਨਾ ਚਾਹੀਦਾ ਹੈ। ਇਸ ਨੇ ਇਹ ਵੀ ਮੰਗ ਕੀਤੀ ਕਿ ਅਮਰੀਕਾ ਇਜ਼ਰਾਈਲ ਨੂੰ ਈਰਾਨੀ ਯੂਨੀਵਰਸਿਟੀਆਂ ਅਤੇ ਖੋਜ ਕੇਂਦਰਾਂ ਤੇ ਹਮਲਾ ਕਰਨ ਤੋਂ ਰੋਕੇ, ਜੋ ਹਾਲ ਹੀ ਦੇ ਦਿਨਾਂ ਵਿੱਚ ਵਾਰ-ਵਾਰ ਹਮਲੇ ਦੇ ਅਧੀਨ ਆਏ ਹਨ। ਇਹ ਟਕਰਾਅ ਵਿਸ਼ਵਵਿਆਪੀ ਤੇਲ ਅਤੇ ਕੁਦਰਤੀ ਗੈਸ ਸਪਲਾਈ ਲਈ ਇੱਕ ਗੰਭੀਰ ਖ਼ਤਰਾ ਹੈ, ਜਿਸ ਨਾਲ ਖਾਦ ਸੰਕਟ ਪੈਦਾ ਹੋ ਰਿਹਾ ਹੈ ਅਤੇ ਹਵਾਈ ਯਾਤਰਾ ਵਿੱਚ ਵਿਘਨ ਪੈ ਰਿਹਾ ਹੈ। ਰਣਨੀਤਕ ਹੋਰਮੁਜ਼ ਜਲਡਮਰੂ ਤੇ ਈਰਾਨ ਦੇ ਨਿਯੰਤਰਣ ਨੇ ਬਾਜ਼ਾਰਾਂ ਨੂੰ ਹਿਲਾ ਕੇ ਰੱਖ ਦਿੱਤਾ ਹੈ। ਅਮਰੀਕਾ ਅਤੇ ਇਜ਼ਰਾਈਲ ਲਗਾਤਾਰ ਈਰਾਨ ਤੇ ਹਮਲਾ ਕਰ ਰਹੇ ਹਨ, ਜਦੋਂ ਕਿ ਈਰਾਨ ਇਜ਼ਰਾਈਲ ਅਤੇ ਗੁਆਂਢੀ ਖਾੜੀ ਅਰਬ ਦੇਸ਼ਾਂ ਨੂੰ ਨਿਸ਼ਾਨਾ ਬਣਾ ਕੇ ਜਵਾਬੀ ਕਾਰਵਾਈ ਕਰ ਰਿਹਾ ਹੈ। ਇਸ ਟਕਰਾਅ ਵਿੱਚ ਹੁਣ ਤੱਕ 3,000 ਤੋਂ ਵੱਧ ਲੋਕ ਮਾਰੇ ਗਏ ਹਨ। ਤਹਿਰਾਨ ਵਿੱਚ ਚਸ਼ਮਦੀਦਾਂ ਨੇ ਸ਼ਨੀਵਾਰ ਦੇਰ ਰਾਤ ਸ਼ਹਿਰ ਵਿੱਚ ਭਾਰੀ ਹਵਾਈ ਹਮਲੇ ਦੀ ਰਿਪੋਰਟ ਦਿੱਤੀ। ਅਮਰੀਕਾ ਦਾ ਕਹਿਣਾ ਹੈ ਕਿ ਉਸਨੇ ਸੰਘਰਸ਼ ਦੌਰਾਨ 11,000 ਤੋਂ ਵੱਧ ਈਰਾਨੀ ਟਿਕਾਣਿਆਂ ਤੇ ਹਮਲਾ ਕੀਤਾ ਹੈ। ਇਸ ਦੌਰਾਨ, ਈਰਾਨ ਨੇ ਐਤਵਾਰ ਸਵੇਰੇ ਇਜ਼ਰਾਈਲ ਵੱਲ ਮਿਜ਼ਾਈਲਾਂ ਦਾਗੀਆਂ। ਖਾੜੀ ਦੇਸ਼ ਵਿੱਚ ਹਵਾਈ ਰੱਖਿਆ ਪ੍ਰਣਾਲੀਆਂ ਨੇ ਹਵਾ ਵਿੱਚ ਕਈ ਮਿਜ਼ਾਈਲਾਂ ਅਤੇ ਡਰੋਨਾਂ ਨੂੰ ਤਬਾਹ ਕਰ ਦਿੱਤਾ। ਐਤਵਾਰ ਸਵੇਰੇ ਗਾਜ਼ਾ ਪੱਟੀ ਵਿੱਚ ਦੋ ਇਜ਼ਰਾਈਲੀ ਹਮਲਿਆਂ ਵਿੱਚ ਤਿੰਨ ਪੁਲਿਸ ਮੁਲਾਜ਼ਮਾਂ ਸਮੇਤ ਛੇ ਫਲਸਤੀਨੀ ਮਾਰੇ ਗਏ। ਇੱਕ ਹਮਲੇ ਵਿੱਚ ਇੱਕ ਪੁਲਿਸ ਚੌਂਕੀ ਨੂੰ ਨਿਸ਼ਾਨਾ ਬਣਾਇਆ ਗਿਆ, ਜਦੋਂ ਕਿ ਦੂਜੇ ਹਮਲੇ ਵਿੱਚ ਦੱਖਣੀ ਸ਼ਹਿਰ ਖਾਨ ਯੂਨਿਸ ਵਿੱਚ ਲੋਕਾਂ ਦੇ ਇੱਕ ਸਮੂਹ ਨੂੰ ਨਿਸ਼ਾਨਾ ਬਣਾਇਆ ਗਿਆ। ਇਹ ਜਾਣਕਾਰੀ ਨਾਸਿਰ ਹਸਪਤਾਲ ਦੁਆਰਾ ਦਿੱਤੀ ਗਈ, ਜਿੱਥੇ ਲਾਸ਼ਾਂ ਲਿਆਂਦੀਆਂ ਗਈਆਂ ਸਨ। ਹਾਲਾਂਕਿ, ਇਨ੍ਹਾਂ ਹਮਲਿਆਂ ਤੇ ਇਜ਼ਰਾਈਲੀ ਫੌਜ ਵੱਲੋਂ ਤੁਰੰਤ ਕੋਈ ਪ੍ਰਤੀਕਿਰਿਆ ਨਹੀਂ ਆਈ। ਇਸ ਦੌਰਾਨ, ਇਜ਼ਰਾਈਲੀ ਫੌਜ ਨੇ ਕਿਹਾ ਕਿ ਦੱਖਣੀ ਲੇਬਨਾਨ ਵਿੱਚ ਚੱਲ ਰਹੇ ਸੰਘਰਸ਼ ਦੌਰਾਨ ਉਸਦਾ ਇੱਕ ਸੈਨਿਕ ਸ਼ਹੀਦ ਹੋ ਗਿਆ ਅਤੇ ਤਿੰਨ ਹੋਰ ਜ਼ਖ਼ਮੀ ਹੋ ਗਏ।

## ਈਰਾਨ ਨੇ ਅਮਰੀਕਾ-ਇਜ਼ਰਾਈਲ ਅੱਗੇ ...

ਕੀਤੇ ਜਾਣ। ਇਸ ਤੋਂ ਬਾਅਦ ਅਮਰੀਕਾ ਅਤੇ ਉਸ ਦੇ ਸਹਿਯੋਗੀ ਅੰਤਰਰਾਸ਼ਟਰੀ ਪੱਧਰ 'ਤੇ ਇਹ ਲਿਖਤੀ ਗਾਰੰਟੀ ਦੇਣ ਕਿ ਭਵਿੱਖ ਵਿੱਚ ਈਰਾਨ ਵਿਰੁੱਧ ਅਜਿਹੀ ਕੋਈ ਜੰਗ ਨਹੀਂ ਛੇੜੀ ਜਾਵੇਗੀ। ਇਸ ਮਗਰੋਂ ਇਰਾਨ ਦੀ ਤੀਜੀ ਸ਼ਰਤ ਇਹ ਹੈ ਕਿ ਜੰਗ ਦੌਰਾਨ ਈਰਾਨ ਦੇ ਬੁਨਿਆਦੀ ਢਾਂਚੇ ਅਤੇ ਜਾਨੀ ਨੁਕਸਾਨ ਲਈ ਅਮਰੀਕਾ ਈਰਾਨ ਨੂੰ ਹਰਜਾਨਾ ਭਰੇ। ਈਰਾਨ ਦੀ ਅਗਲੀ ਸ਼ਰਤ ਹੈ ਕਿ ਸਿਰਫ਼ ਈਰਾਨ ਹੀ ਨਹੀਂ, ਇਲਾਕੇ ਦੇ ਸਾਰੇ ਮੋਰਚਿਆਂ ਤੇ ਹੋਣ ਵਾਲੇ ਹਮਲੇ ਵੀ ਰੁਕਣੇ ਚਾਹੀਦੇ ਹਨ। ਈਰਾਨ ਦੀ ਪੰਜਵੀਂ ਤੇ ਅਹਿਮ ਸ਼ਰਤ ਇਹ ਹੈ ਕਿ ਇਸ ਮਹੱਤਵਪੂਰਨ ਸਮੁੰਦਰੀ ਰਸਤੇ ਤੇ ਈਰਾਨ ਦੇ ਪੂਰਨ ਅਧਿਕਾਰ ਅਤੇ ਪ੍ਰਭੂਸੱਤਾ ਨੂੰ ਅੰਤਰਰਾਸ਼ਟਰੀ ਮਾਨਤਾ ਦਿੱਤੀ ਜਾਵੇ। ਜ਼ਿਕਰਯੋਗ ਹੈ ਕਿ ਇਹ ਸ਼ਰਤਾਂ 28 ਫਰਵਰੀ ਨੂੰ ਈਰਾਨ ਦੇ ਸੁਪਰੀਮ ਲੀਡਰ ਆਯਾਤੁੱਲਾ ਅਲੀ ਖਾਮੇਨੇਈ ਦੀ ਇਜ਼ਰਾਈਲੀ-ਅਮਰੀਕੀ ਹਮਲਿਆਂ 'ਚ ਹੋਈ ਹੱਤਿਆ ਤੋਂ ਬਾਅਦ ਸ਼ੁਰੂ ਹੋਏ ਖੂਨੀ ਸੰਘਰਸ਼ ਦੇ ਜਵਾਬ ਵਿੱਚ ਆਈਆਂ ਹਨ। ਰਿਪੋਰਟਾਂ ਅਨੁਸਾਰ, ਅਮਰੀਕਾ ਨੇ ਪਾਕਿਸਤਾਨ ਰਾਹੀਂ ਈਰਾਨ ਨੂੰ ਜੰਗ ਰੋਕਣ ਦਾ ਸੁਨੇਹਾ ਭੇਜਿਆ ਸੀ ਪਰ ਈਰਾਨੀ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਉਹ ਕਿਸੇ ਦੇ ਦਬਾਅ ਹੇਠ ਸ਼ਾਂਤੀ ਨਹੀਂ ਚਾਹੁੰਦੇ। ਈਰਾਨ ਦੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਕਿਹਾ ਹੈ ਕਿ ਜੰਗ ਉਦੋਂ ਹੀ ਖਤਮ ਹੋਵੇਗੀ ਜਦੋਂ ਈਰਾਨ ਦੀਆਂ ਸੁਰੱਖਿਆ ਚਿੰਤਾਵਾਂ ਅਤੇ ਸ਼ਰਤਾਂ ਨੂੰ ਪੂਰੀ ਤਰ੍ਹਾਂ ਮੰਨ ਲਿਆ ਜਾਵੇਗਾ। ਦੂਜੇ ਪਾਸੇ, ਅਮਰੀਕਾ ਅਤੇ ਇਜ਼ਰਾਈਲ ਵੱਲੋਂ ਅਜੇ ਤੱਕ ਇਨ੍ਹਾਂ ਸ਼ਰਤਾਂ ਤੇ ਕੋਈ ਅਧਿਕਾਰਤ ਜਵਾਬ ਨਹੀਂ ਆਇਆ ਹੈ।

## ਪੰਜਾਬ ਦੇ ਕਈ ਜ਼ਿਲ੍ਹਿਆਂ 'ਚ ਮੀਂਹ ਕਰਕੇ ...

ਦੀ ਫਸਲ ਦਾ ਝਾੜ ਘੱਟ ਸਕਦਾ ਹੈ। ਦੂਜੇ ਪਾਸੇ ਮੀਂਹ ਕਰਕੇ ਸੂਬੇ ਵਿੱਚ ਖਰਬੂਜ਼ਾ, ਖੀਰਾ ਤੇ ਹੋਰ ਗਰਮੀ ਦੇ ਫਲ ਤੇ ਸਬਜ਼ੀ ਦੀ ਫਸਲ ਕਰੰਡ ਹੋਣ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ। ਮੌਸਮ ਵਿਗਿਆਨੀਆਂ ਨੇ ਪੰਜਾਬ ਵਿੱਚ 30 ਤੇ 31 ਮਾਰਚ ਨੂੰ ਹਲਕਾ ਤੇ ਦਰਮਿਆਨਾ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਹੈ। ਇਸ ਲਈ ਮੌਸਮ ਵਿਭਾਗ ਨੇ 30 ਮਾਰਚ ਲਈ ਓਰੈਂਜ ਅਤੇ 31 ਮਾਰਚ ਲਈ ਯੈਲੋ ਅਲਰਟ ਜਾਰੀ ਕੀਤਾ ਹੈ। ਇਸ ਦੌਰਾਨ ਤੇਜ਼ ਹਵਾਵਾਂ ਚੱਲਣਗੀਆਂ, ਜੋ ਕਿ ਕਣਕ ਦੀ ਫ਼ਸਲ ਲਈ ਘਾਤਕ ਸਾਬਤ ਹੋ ਸਕਦਾ ਹੈ।

ਚੰਡੀਗੜ੍ਹ ਵਿੱਚ ਅੱਜ 3.3 ਐੱਮ ਐੱਮ, ਅੰਮ੍ਰਿਤਸਰ ਵਿੱਚ 13.7 ਐੱਮ.ਐੱਮ., ਫਰੀਦਕੋਟ ਵਿੱਚ 4.9 ਐੱਮ ਐੱਮ, ਗੁਰਦਾਸਪੁਰ ਵਿੱਚ 4 ਐੱਮ ਐੱਮ, ਨਵਾਂ ਸ਼ਹਿਰ ਵਿੱਚ 1.3 ਐੱਮ ਐੱਮ, ਬਠਿੰਡਾ ਵਿੱਚ ਇਕ ਐੱਮ ਐੱਮ, ਫਿਰੋਜ਼ਪੁਰ ਵਿੱਚ 8.5 ਐੱਮ ਐੱਮ, ਮੁਹਾਲੀ ਵਿੱਚ 5 ਐੱਮ ਐੱਮ, ਪਠਾਨਕੋਟ ਵਿੱਚ 4 ਐੱਮ ਐੱਮ ਅਤੇ ਰੂਪਨਗਰ ਵਿੱਚ 6.5 ਐੱਮ ਐੱਮ ਮੀਂਹ ਪਿਆ। ਅੱਜ ਸੂਬੇ ਵਿੱਚ ਬਠਿੰਡਾ ਸ਼ਹਿਰ ਸਭ ਤੋਂ ਗਰਮ ਰਿਹਾ, ਜਿੱਥੇ ਵੱਧ ਤੋਂ ਵੱਧ ਤਾਪਮਾਨ 32.3 ਡਿਗਰੀ ਸੈਲਸੀਅਸ ਦਰਜ ਕੀਤਾ। ਇਸ ਤੋਂ ਇਲਾਵਾ ਚੰਡੀਗੜ੍ਹ ਵਿੱਚ 27.3 ਡਿਗਰੀ, ਅੰਮ੍ਰਿਤਸਰ ਵਿੱਚ 28.1 ਡਿਗਰੀ, ਲੁਧਿਆਣਾ ਵਿੱਚ 30 ਡਿਗਰੀ, ਪਟਿਆਲਾ ਵਿੱਚ 31 ਡਿਗਰੀ, ਫਾਜ਼ਿਲਕਾ ਵਿੱਚ 31.8 ਡਿਗਰੀ, ਫਿਰੋਜ਼ਪੁਰ ਵਿੱਚ 28.3 ਡਿਗਰੀ, ਹੁਸ਼ਿਆਰਪੁਰ ਵਿੱਚ 27.2 ਡਿਗਰੀ, ਮੁਹਾਲੀ ਵਿੱਚ 28.1 ਡਿਗਰੀ, ਪਠਾਨਕੋਟ ਵਿੱਚ 30.9 ਡਿਗਰੀ ਤੇ ਰੂਪਨਗਰ ਵਿੱਚ 26.6 ਡਿਗਰੀ ਤਾਪਮਾਨ ਦਰਜ ਕੀਤਾ ਗਿਆ।

# ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਲਾਲ ਕਿਲ੍ਹੇ 'ਤੇ 243ਵੇਂ ਦਿੱਲੀ ਫ਼ਤਿਹ ਦਿਵਸ ਸਮਾਗਮ ਸ਼ੁਰੂ

**▸▸ ਗੁਰਮਤਿ ਸਮਾਗਮ 'ਚ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਰੀ ਹਾਜ਼ਰੀ**

**▸▸ ਸਿੱਖ ਜਰਨੈਲਾਂ ਨੇ ਲਾਲ ਕਿਲ੍ਹੇ 'ਤੇ ਫ਼ਤਿਹ ਹਾਸਲ ਕਰ ਕੇ ਆਪਣਾ ਸਾਮਰਾਜ ਸਥਾਪਿਤ ਨਹੀਂ ਕੀਤਾ ਬਲਕਿ ਪੰਥ ਦੀ ਸੇਵਾ ਕੀਤੀ : ਤਰਨਜੀਤ ਸਿੰਘ ਸੰਧੂ**



ਨਵੀਂ ਦਿੱਲੀ, 29 ਮਾਰਚ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਾਲ ਕਿਲ੍ਹੇ 'ਤੇ 243ਵੇਂ ਦਿੱਲੀ ਫ਼ਤਿਹ ਦਿਵਸ ਸਮਾਗਮ ਬੀਤੀ ਰਾਤ ਸ਼ੁਰੂ ਹੋ ਗਏ ਤੇ ਪਹਿਲੇ ਦਿਨ ਗੁਰਮਤਿ ਸਮਾਗਮ ਵਿਚ ਦੀਵਾਨ ਸਜਾਏ ਗਏ ਜਿਸ ਵਿਚ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਸਮੇਤ ਪ੍ਰਮੁੱਖ ਸ਼ਖਸੀਅਤਾਂ ਨੇ ਹਾਜ਼ਰੀ ਭਰੀ।ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਸਾਡੇ ਮਹਾਨ ਜਰਨੈਲਾਂ ਬਾਬਾ ਬਘੇਲ ਸਿੰਘ, ਬਾਬਾ ਜੱਸਾ ਸਿੰਘ ਆਹਲੂਵਾਲੀਆ ਤੇ ਬਾਬਾ ਜੱਸਾ ਸਿੰਘ ਰਾਮਗੜ੍ਹੀਆ ਨੇ ਲਾਲ ਕਿਲ੍ਹੇ 'ਤੇ ਫ਼ਤਿਹ ਹਾਸਲ ਕੀਤੀ ਪਰ ਇਥੇ ਕਤਲੇਆਮ ਨਹੀਂ ਕੀਤਾ ਤੇ ਨਾ ਹੀ ਇਥੇ ਆਪਣੀ ਵਿਰਾਸਤ ਬਣਾਈ ਬਲਕਿ ਉਹਨਾਂ ਨਿਮਾਣੇ ਹੋ ਕੇ ਸਿੱਖ ਪੰਥ ਲਈ ਕੰਮ ਕੀਤਾ ਤੇ ਇਥੇ ਦੇ ਲੋਕਾਂ ਨੂੰ ਤੰਗ ਨਹੀਂ ਕੀਤਾ।

ਉਹਨਾਂ ਕਿਹਾ ਕਿ 1920 ਤੋਂ ਲੈ ਕੇ 1926 ਤੱਕ ਜਿਹੜੀ ਸਾਡੀ ਲੀਡਰਸ਼ਿਪ ਹੋਈ ਉਸਨੇ ਪੰਜ ਚੀਜ਼ਾਂ ਕੀਤੀਆਂ, ਜਿਸ ਵਿਚ ਸਭ ਤੋਂ ਅਹਿਮ ਸੀ ਕਿ ਸਿੱਖਾਂ ਨੂੰ ਲੋਕਤੰਤਰੀ ਢੰਗ ਨਾਲ ਸ਼੍ਰੋਮਣੀ ਕਮੇਟੀ ਚੋਣਾਂ ਵਿਚ ਵੋਟ ਦਾ ਲੋਕਤੰਤਰੀ ਹੱਕ ਮਿਲਿਆ ਤੇ ਖਾਸ ਤੌਰ 'ਤੇ ਸਾਡੀਆਂ ਭੈਣਾਂ ਨੂੰ 1926 ਵਿਚ ਇਹ ਹੱਕ ਮਿਲਿਆ ਜਦੋਂ ਕਿ ਅੰਗਰੇਜ਼ੀ ਔਰਤਾਂ ਨੂੰ 1927 ਵਿਚ ਇਹ ਵੋਟ ਪਾਉਣ ਦਾ ਅਧਿਕਾਰ ਮਿਲਿਆ। ਉਹਨਾਂ ਕਿਹਾ ਕਿ ਉਸ ਵੇਲੇ ਦੀ ਲੀਡਰਸ਼ਿਪ ਨੇ ਸੇਵਾ ਕੀਤੀ ਤੇ ਲੀਡਰੀ ਨਹੀਂ ਕੀਤੀ ਤੇ ਨਾਮ ਨਹੀਂ ਕਮਾਇਆ। ਉਹਨਾਂ ਕਿਹਾ ਕਿ 1917 ਵਿਚ ਤੇਜਾ ਸਿੰਘ ਸਮੁੰਦਰੀ ਨੇ ਦੋ ਸਕੂਲ ਸਰਹਾਲੀ ਵਿਚ ਬਣਾਏ ਜੋ ਕਿ ਤਰਨ ਤਾਰਨ ਦਾ ਸਭ ਤੋਂ ਵੱਡਾ ਪਿੰਡ ਹੈ ਤੇ ਇਹਨਾਂ ਸਕੂਲਾਂ ਵਿਚੋਂ ਇਕ ਕੁੜੀਆਂ ਦਾ ਸਕੂਲ ਸੀ। ਉਹਨਾਂ ਕਿਹਾ ਕਿ ਅੱਜ ਅਸੀਂ ਔਰਤਾਂ ਦੇ ਸਸ਼ਕਤੀਕਰਨ ਦੀ ਗੱਲ ਕਰਦੇ ਹਾਂ ਪਰ ਸਾਡੀ ਲੀਡਰਸ਼ਿਪ ਨੇ ਉਸ ਵੇਲੇ ਹੀ ਲੜਕੀਆਂ ਦਾ ਸਕੂਲ ਬਣਾ ਦਿੱਤਾ ਸੀ। ਉਹਨਾਂ ਕਿਹਾ ਕਿ ਉਸ ਵੇਲੇ ਦੀ ਲੀਡਰਸ਼ਿਪ ਨੇ ਅਜਿਹੇ ਬਹੁਤ ਵੱਡੇ ਕੰਮ ਕੀਤੇ। ਇਸ ਮੌਕੇ ਉਹਨਾਂ ਵਰਲਡ ਬੈਂਕ ਦੇ ਮੁਖੀ ਅਜੈ ਸਿੰਘ ਬਾਂਗਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਬੱਚਿਆਂ ਨੂੰ ਚੰਗੀ ਸਿੱਖਿਆ ਦੇਣ ਤਾਂ ਜੋ ਉਹ ਸਰਦਾਰ ਬਾਂਗਾ ਵਾਂਗੂ ਉੱਚੇ ਅਹੁਦਿਆਂ 'ਤੇ ਪਹੁੰਚਣ।

ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਦਸਮ ਪਿਤਾ ਸਾਹਿਬ ਏ ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ 1699 ਵਿਚ ਵਿਸਾਖੀ ਦੇ ਮੌਕੇ 'ਤੇ ਖਾਲਸੇ ਦੀ ਜਨਮ ਭੂਮੀ ਸ੍ਰੀ ਆਨੰਦਪੁਰ ਸਾਹਿਬ ਵਿਚ ਖਾਲਸਾ ਦੀ ਸਾਜਣਾ ਕੀਤੀ। ਉਹਨਾਂ ਕਿਹਾ ਕਿ ਗੁਰੂ ਸਾਹਿਬ ਦੀ ਅਪਾਰ ਬਖਸ਼ਿਸ਼ ਸਦਕਾ ਅੱਜ ਖਾਲਸਾ ਪੰਥ ਦੇ ਨੁਮਾਇੰਦੇ ਦੁਨੀਆਂ ਭਰ ਵਿਚ ਨਾਮ ਕਮਾ ਰਹੇ ਹਨ।

ਉਹਨਾਂ ਇਸ ਮੌਕੇ ਅਪੀਲ ਕੀਤੀ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਵਿਸਾਖੀ ਦੇ ਮੌਕੇ 'ਤੇ 13 ਤੇ 14 ਅਪ੍ਰੈਲ ਨੂੰ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਦੋ ਰੋਜ਼ਾ ਸਮਾਗਮ ਕਰਵਾਏ ਜਾ ਰਹੇ ਹਨ ਜਿਹਨਾਂ ਵਿਚ ਵੱਡੀ ਪੱਧਰ 'ਤੇ ਅੰਮ੍ਰਿਤ ਸੰਚਾਰ ਹੋਵੇਗਾ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿਚ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ।ਉਹਨਾਂ ਇਹ ਵੀ ਕਿਹਾ ਕਿ ਜਦੋਂ ਦਿੱਲੀ ਗੁਰਦੁਆਰਾ ਕਮੇਟੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਮਨਾ ਰਹੀ ਸੀ ਤਾਂ ਉਦੋਂ ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਸੀ ਕਿ ਅਸੀਂ ਨਵੰਬਰ 2026 ਵਿਚ ਸਮਾਪਤੀ ਸਮਾਗਮ ਹੋਰ ਵੱਡੇ ਪੱਧਰ 'ਤੇ ਕਰਾਂਗੇ। ਉਹਨਾਂ ਕਿਹਾ ਕਿ ਸਾਨੂੰ ਖੁਸ਼ੀ ਹੈ ਕਿ ਅੱਜ ਦਿੱਲੀ ਵਿਚ ਉਪ ਰਾਜਪਾਲ ਦੇ ਅਹੁਦੇ 'ਤੇ ਤਰਨਜੀਤ ਸਿੰਘ ਸੰਧੂ ਦੀ ਨਿਯੁਕਤੀ ਹੋਈ ਹੈ ਤੇ ਸਰਦਾਰ ਸੰਧੂ ਦੇ ਉਪ ਰਾਜਪਾਲ ਬਣਨ ਨਾਲ ਸਿੱਖ ਭਾਈਚਾਰੇ ਦਾ ਮਾਣ ਸਤਿਕਾਰ ਵਧਿਆ ਹੈ।

ਇਸ ਮੌਕੇ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਕੇ. ਪੀ., ਮੀਤ ਪ੍ਰਧਾਨ ਆਤਮਾ ਸਿੰਘ ਲੁਬਾਣਾ, ਸਕੱਤਰ ਜਸਮੇਨ ਸਿੰਘ ਨੋਨੀ, ਧਰਮ ਪ੍ਰਚਾਰ ਕਮੇਟੀ ਦੇ ਮੁਖੀ ਜਸਪ੍ਰੀਤ ਸਿੰਘ ਕਰਮਸਰ, ਬਾਬਾ ਬਲਬੀਰ ਸਿੰਘ ਨਿਹੰਗ ਸਿੰਘ ਮੁਖੀ ਸਮੇਤ ਹੋਰ ਸ਼ਖਸੀਅਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਅੰਮ੍ਰਿਤਸਰ 'ਚ ਗੋਲਡੀ ਢਿੱਲੋਂ ਮਾਡਿਊਲ ਨਾਲ ਸਬੰਧਤ ਦੋ ਆਧੁਨਿਕ ਸਬ-ਮਸ਼ੀਨ ਗੰਨਾਂ ਬਰਾਮਦ

ਚੰਡੀਗੜ੍ਹ/ਅੰਮ੍ਰਿਤਸਰ, 29 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਦੋ 9 ਐਮਐਮ ਸਬ-ਮਸ਼ੀਨ ਗੰਨਾਂ ਤੇ ਇੱਕ ਖਾਲੀ ਮੈਗਜ਼ੀਨ ਬਰਾਮਦ ਕਰਕੇ ਗੈਰ-ਕਾਨੂੰਨੀ ਹਥਿਆਰ ਤਸਕਰੀ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਬਰਾਮਦ ਕੀਤੇ ਗਏ ਹਥਿਆਰਾਂ 'ਤੇ "ਗਫਾਰ ਸਕਿਊਰਿਟੀ" ਲਿਖਿਆ ਹੋਇਆ ਸੀ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਬਰਾਮਦ ਕੀਤੀ ਗਈ ਖੇਪ ਬਦਨਾਮ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ਼ ਗੋਲਡੀ ਢਿੱਲੋਂ ਨਾਲ ਸਬੰਧਤ ਹੈ। ਉਨ੍ਹਾਂ ਦੱਸਿਆ ਕਿ ਇਹ ਹਥਿਆਰ ਉਸਦੇ ਨੈੱਟਵਰਕ ਵੱਲੋਂ ਸੂਬੇ ਵਿੱਚ ਦੇਸ਼ ਵਿਰੋਧੀ ਅਤੇ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਸਪਲਾਈ ਕੀਤੇ ਜਾ ਰਹੇ ਸਨ। ਡੀਜੀਪੀ ਨੇ ਦੱਸਿਆ ਕਿ ਫਰਾਰ ਮੁਲਜ਼ਮਾਂ ਦੀ ਪਛਾਣ ਕਰਨ ਤੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਜਾਰੀ ਹੈ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ, ਕਮਿਸ਼ਨਰ ਆਫ਼ ਪੁਲਿਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਵਿਸ਼ੇਸ਼ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ, ਪੁਲਿਸ ਟੀਮਾਂ ਨੇ ਗੁਰੂ ਕੀ ਵਡਾਲੀ, ਛੇਹਰਟਾ ਖੇਤਰ ਵਿੱਚ ਨਾਕਾ ਲਗਾਇਆ ਅਤੇ ਮੋਟਰਸਾਈਕਲ ਸਵਾਰ ਦੋ ਅਣਪਛਾਤੇ ਨੌਜਵਾਨਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ। ਪੁਲਿਸ ਨੂੰ ਦੇਖ ਕੇ, ਸ਼ੱਕੀ ਨੌਜਵਾਨ ਘਬਰਾ ਗਏ ਅਤੇ ਉਨ੍ਹਾਂ ਨੇ ਭੱਜਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਦੱਸਿਆ ਕਿ ਭੱਜਣ ਦੌਰਾਨ ਉਨ੍ਹਾਂ ਦਾ ਇੱਕ ਕਿੱਟ ਬੈਗ ਡਿੱਗ ਗਿਆ। ਸੀਪੀ ਨੇ ਦੱਸਿਆ



ਕਿ ਬਰਾਮਦ ਕੀਤੇ ਗਏ ਕਿੱਟ ਬੈਗ ਦੀ ਤਲਾਸ਼ੀ ਲੈਣ 'ਤੇ ਦੋ ਗੈਰ-ਕਾਨੂੰਨੀ 9 ਐਮਐਮ ਸਬ-ਮਸ਼ੀਨ ਗਨਾਂ ਅਤੇ ਇੱਕ ਖਾਲੀ ਮੈਗਜ਼ੀਨ ਬਰਾਮਦ ਹੋਈ।

ਉਨ੍ਹਾਂ ਦੱਸਿਆ ਕਿ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ਼ ਗੋਲਡੀ ਢਿੱਲੋਂ ਕਤਲ, ਡਕੈਤੀ, ਇਰਾਦਾ ਕਤਲ, ਅਗਵਾ, ਦੰਗਾ, ਜਬਰੀ ਵਸੂਲੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਸਮੇਤ ਕਈ ਗੰਭੀਰ ਅਪਰਾਧਾਂ ਵਿੱਚ ਸ਼ਾਮਲ ਹੈ। ਪੁਲਿਸ ਟੀਮਾਂ ਨੇ ਗੁਰਪ੍ਰੀਤ ਉਰਫ਼ ਗੋਲਡੀ ਢਿੱਲੋਂ ਤੇ ਉਸਦੇ ਤਿੰਨ ਸਾਥੀਆਂ ਨੂੰ ਨਾਮਜ਼ਦ ਕਰ ਲਿਆ ਹੈ ਅਤੇ ਫਰਾਰ ਮੋਟਰਸਾਈਕਲ ਸਵਾਰ ਵਿਅਕਤੀਆਂ ਨੂੰ ਫੜਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਇਸ ਸਬੰਧੀ, ਐਫਆਈਆਰ ਨੰਬਰ 66 ਮਿਤੀ 29-03-2026 ਨੂੰ ਅੰਮ੍ਰਿਤਸਰ ਦੇ ਥਾਣਾ ਛੇਹਰਟਾ ਵਿਖੇ ਅਸਲਾ ਐਕਟ ਦੀ ਧਾਰਾ 25 (ਆਈ-ਏ) ਤਹਿਤ ਦਰਜ ਕੀਤੀ ਗਈ ਹੈ।

# ਵਿਜੀਲੈਂਸ ਬਿਊਰੋ ਵੱਲੋਂ 15,000 ਰਿਸ਼ਵਤ ਲੈਂਦਾ ਏ.ਐਸ.ਆਈ. ਰੰਗੇ ਹੱਥੀਂ ਕਾਬੂ



ਲੁਧਿਆਣਾ, 29 ਮਾਰਚ (ਸੰਜੀਵ ਲਹਿਲ/ਵਿਸ਼ਾਲ ਸ਼ਰਮਾ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪੁਲਿਸ ਚੌਕੀ ਕਿਚਲੂ ਨਗਰ, ਥਾਣਾ ਪੀਏਯੂ ਲੁਧਿਆਣਾ ਦੇ ਇੰਚਾਰਜ ਵਜੋਂ ਤਾਇਨਾਤ ਸਹਾਇਕ ਸਬ-ਇੰਸਪੈਕਟਰ ਲਖਵਿੰਦਰ ਸਿੰਘ ਨੂੰ 15,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਬੈਂਕ ਕਲੋਨੀ ਨੂਰਵਾਲਾ ਰੋਡ, ਜ਼ਿਲ੍ਹਾ ਲੁਧਿਆਣਾ ਦੇ ਇੱਕ ਨਿਵਾਸੀ ਦੁਆਰਾ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਵਿਰੁੱਧ ਕੇਸ ਦਰਜ ਕੀਤਾ ਗਿਆ ਸੀ, ਜਿਸ ਦੀ ਜਾਂਚ ਏਐਸਆਈ ਲਖਵਿੰਦਰ ਸਿੰਘ ਨੂੰ ਸੌਂਪੀ ਗਈ ਸੀ। ਇਸ ਸਬੰਧੀ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਮੁਲਜ਼ਮ ਏਐਸਆਈ ਨੇ ਸ਼ਿਕਾਇਤਕਰਤਾ ਦੀ ਭੈਣ ਤੇ ਮਾਂ ਨੂੰ ਇਸ ਮਾਮਲੇ ਵਿੱਚ ਨਾ ਫਸਾਉਣ ਬਦਲੇ 30,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ ਤੇ ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਦੀ ਪੂਰੀ ਗੱਲਬਾਤ ਰਿਕਾਰਡ ਕਰ ਲਈ ਸੀ। ਸ਼ਿਕਾਇਤਕਰਤਾ ਨੇ ਗੈਰ-ਕਾਨੂੰਨੀ ਰਿਸ਼ਵਤ ਨਾ ਦੇਣ ਲਈ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਦੋਸ਼ੀ ਏਐਸਆਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 15,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧੀ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ ਅਤੇ ਇਸ ਦੀ ਅਗਲੇਰੀ ਜਾਂਚ ਜਾਰੀ ਹੈ।

# ਅਕਾਲੀ ਦਲ ਮੋਹਾਲੀ-ਜ਼ੀਰਕਪੁਰ-ਡੇਰਾ ਬੱਸੀ-ਨਿਊ ਚੰਡੀਗੜ੍ਹ-ਖਰੜ ਪੱਟੀ ਨੂੰ ਦੇਸ਼ ਦਾ ਅਗਲਾ ਵਿੱਤੀ ਕੇਂਦਰ ਬਣਾਵੇਗਾ : ਸੁਖਬੀਰ ਸਿੰਘ ਬਾਦਲ



ਡੇਰਾ ਬੱਸੀ, 29 ਮਾਰਚ (ਚ.ਨ.ਸ.): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਐਲਾਨ ਕੀਤਾ ਕਿ ਜੇਕਰ ਅਕਾਲੀ ਦਲ 2027 ਵਿਚ ਸੱਤਾ ਵਿਚ ਆਇਆ ਤਾਂ ਪਾਰਟੀ ਮੁਹਾਲੀ-ਡੇਰਾ ਬੱਸੀ-ਨਿਊ ਚੰਡੀਗੜ੍ਹ-ਖਰੜ ਪੱਟੀ ਨੂੰ ਮੁੰਬਈ ਤੇ ਗੁੜਗਾਓਂ ਵਾਂਗੂ ਦੇਸ਼ ਦਾ ਅਗਲਾ ਵਿੱਤੀ ਕੇਂਦਰ ਬਣਾਉਣ ਵਾਸਤੇ ਵਚਨਬੱਧ ਹੈ। ਪਾਰਟੀ ਦੇ ਸੀਨੀਅਰ ਆਗੂ ਐਨ ਕੇ ਸ਼ਰਮਾ ਦੇ ਨਾਲ ਮਿਲ ਕੇ ਵਿਸ਼ਾਲ ਰੈਲੀ ਜਿਸ ਵਿਚ ਮੀਂਹ ਤੇ ਰੈਲੀ ਵਾਲੀ ਥਾਂ ਬਦਲਣ ਦੇ ਬਾਵਜੂਦ ਹਜ਼ਾਰਾਂ ਲੋਕਾਂ ਨੇ ਸ਼ਮੂਲੀਅਤ ਕੀਤੀ, ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਅਸੀਂ ਇਸ ਇਲਾਕੇ ਵਿਚ ਆਈ ਟੀ ਕੇਂਦਰ ਤਿਆਰ ਕਰਾਂਗੇ ਤੇ ਇਥੇ ਸੈਰ ਸਪਾਟਾ ਆਧਾਰਿਤ ਪ੍ਰਾਜੈਕਟ ਲਿਆਵਾਂਗਾ ਅਤੇ ਡੇਰਾ ਬੱਸੀ ਵਿਚ ਉਦਯੋਗ ਆਧਾਰਿਤ ਕੇਂਦਰ ਸਥਾਪਿਤ ਕਰਾਂਗੇ। ਉਹਨਾਂ ਕਿਹਾ ਕਿ ਇਸ ਸਾਰੇ ਇਲਾਕੇ ਨੂੰ ਮੈਟਰੋ ਰੇਲ ਪ੍ਰਣਾਲੀ ਨਾਲ ਜੋੜਿਆ ਜਾਵੇਗਾ ਅਤੇ ਸੜਕੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕੀਤਾ ਜਾਵੇਗਾ ਤੇ ਸੋਲਿਡ ਵੇਸਟ ਮੈਨੇਜਮੈਂਟ ਵਾਸਤੇ ਵਿਸ਼ਵ ਪੱਧਰੀ ਢਾਂਚਾ ਬਣਾਇਆ ਜਾਵੇਗਾ। ਉਹਨਾਂ ਕਿਹਾ ਕਿ ਇਹ ਉਦਮ ਜੋ ਅਸੀਂ ਪੰਜ ਸਾਲ ਵਿਚ ਪੂਰਾ ਕਰਾਂਗੇ, ਉਹ ਚੰਡੀਗੜ੍ਹ ਦੇ ਨੇੜੇ ਮਹਾਂਨਗਰ ਦੇ ਉਭਾਰ ਵਿਚ ਮਦਦ ਕਰੇਗਾ। ਉਹਨਾਂ ਇਹ ਵੀ ਦੱਸਿਆ ਕਿ ਕਿਵੇਂ ਪਿਛਲੀ ਅਕਾਲੀ ਦਲ ਦੀ ਸਰਕਾਰ ਨੇ ਮੁਹਾਲੀ ਵਿਚ ਕੌਮਾਂਤਰੀ ਹਵਾਈ ਅੱਡਾ ਸਥਾਪਿਤ ਕਰ ਕੇ ਇਸਨੂੰ ਕੌਮਾਂਤਰੀ ਨਕਸ਼ੇ 'ਤੇ ਲਿਆਂਦਾ ਤੇ ਪਾਰਟੀ 2027 ਵਿਚ ਸੱਤਾ ਵਿਚ ਆਉਣ 'ਤੇ ਇਸਨੂੰ ਅਗਲੇ ਪੜਾਅ ਵੱਲ ਲੈ ਕੇ ਜਾਵੇਗੀ।

ਉਨ੍ਹਾਂ ਕਿਹਾ ਕਿ ਜਿਵੇਂ ਬਾਘਾਪੁਰਾਣਾ, ਕੋਟਕਪੂਰਾ ਤੇ ਫਰੀਦਕੋਟ ਬਲਾਕ ਸੰਮਤੀ ਦੇ ਚੇਅਰਪਰਸਨ/ਵਾਈਸ ਚੇਅਰਪਰਸਨ ਦੀ ਚੋਣ ਵਿਚ ਦੋਵੇਂ ਪਾਰਟੀਆਂ ਅਕਾਲੀ ਦਲ ਨੂੰ ਬਾਹਰ ਰੱਖਣ ਵਾਸਤੇ ਇਕੱਠੀਆਂ ਹੋਈਆਂ, ਉਸ ਤੋਂ ਸਪਸ਼ਟ ਹੋ ਗਿਆ ਹੈ ਕਿ 2027 'ਚ ਆਪ ਤੇ ਕਾਂਗਰਸ ਇਕੱਠੀਆਂ ਲੜਨਗੀਆਂ ਜਿਸਦਾ ਮਕਸਦ ਇਕੋ ਹੋਵੇਗਾ ਕਿ ਅਕਾਲੀ ਦਲ ਨੂੰ ਸੱਤਾ ਤੋਂ ਦੂਰ ਰੱਖਿਆ ਜਾਵੇ। ਉਹਨਾਂ ਨੇ ਪੰਜਾਬੀਆਂ ਨੂੰ ਚੇਤਾਵਨੀ ਦਿੱਤੀ ਕਿ ਇਹਨਾਂ ਦੋਵਾਂ ਪਾਰਟੀਆਂ ਨੇ ਹੀ ਪੰਜਾਬ ਨੂੰ ਕਈ ਦਹਾਕੇ ਪਿੱਛੇ ਕੀਤਾ ਹੈ। ਉਹਨਾਂ ਕਿਹਾ ਕਿ ਮੈਨੂੰ ਵਿਸ਼ਵਾਸ ਹੈ ਕਿ ਪੰਜਾਬੀ ਦਿੱਲੀ ਆਧਾਰਿਤ ਇਹਨਾਂ ਦੋਵਾਂ ਪਾਰਟੀਆਂ ਨੂੰ ਪਿੱਛੇ ਕਰ ਕੇ ਆਪਣੀ ਖੇਤਰੀ ਪਾਰਟੀ ਅਕਾਲੀ ਦਲ ਦੀ ਹਮਾਇਤ ਕਰਨਗੇ।

ਬਾਦਲ ਨੇ ਆਪ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਇਹ ਝੂਠ ਬੋਲਣ ਦੀ ਵੀ ਨਿਖੇਧੀ ਕੀਤੀ ਕਿ ਜੇਕਰ 2027 ਵਿਚ ਆਪ ਸੱਤਾ ਵਿਚ ਨਾ ਆਈ ਤਾਂ ਦੂਜੀਆਂ ਪਾਰਟੀਆਂ ਭਲਾਈ ਸਕੀਮਾਂ ਰੋਕ ਦੇਣਗੀਆਂ। ਉਹਨਾਂ ਕਿਹਾ ਕਿ ਆਪ ਸਰਕਾਰ ਨੇ ਤਾਂ ਬੁਢਾਪਾ ਪੈਨਸ਼ਨ, ਆਟਾ ਦਾਲ, ਸ਼ਗਨ ਤੇ ਐਸ ਸੀ ਸਕਾਲਰਸ਼ਿਪ ਸਕੀਮ ਸਮੇਤ ਇਹਨਾਂ ਵੱਖ-ਵੱਖ ਸਕੀਮਾਂ ਵਿਚ ਜਾਂ ਤਾਂ ਕਟੌਤੀ ਕੀਤੀ ਹੈ ਜਾਂ ਫਿਰ ਇਹ ਬੰਦ ਹੀ ਕਰ ਦਿੱਤੀਆਂ ਹਨ। ਬਾਦਲ ਨੇ ਕਿਹਾ ਕਿ ਇਹ ਹੁਣ ਮੁੜ ਨੀਂ ਹੋਵੇਗਾ। ਪੰਜਾਬੀ ਜਾਣਦੇ ਹਨ ਕਿ ਉਹ ਪੰਜਾਬ ਦੇ ਸਰਕਾਰੀ ਖ਼ਜ਼ਾਨੇ ਦੀ ਲੁੱਟ ਨਾਲ ਚਲ ਰਹੇ ਹਨ ਅਤੇ ਉਹ 2027 ਵਿਚ ਇਹਨਾਂ ਨੂੰ ਪੂਰੀ ਤਰ੍ਹਾਂ ਰੱਦ ਕਰ ਦੇਣਗੇ।

ਅਕਾਲੀ ਦਲ ਦੇ ਪ੍ਰਧਾਨ ਨੇ ਐਨ ਕੇ ਸ਼ਰਮਾ ਵੱਲੋਂ ਚੁੱਕੇ ਸਾਰੇ ਮੁੱਦਿਆਂ ਦੀ ਗੱਲ ਕਰਦਿਆਂ ਸਹਿਮਤੀ ਪ੍ਰਗਟ ਕੀਤੀ ਕਿ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਇਹ ਸਾਰੀਆਂ ਮੰਗਾਂ ਪੂਰੀਆਂ ਕੀਤੀਆਂ ਜਾਣਗੀਆਂ ਜਿਹਨਾਂ ਵਿਚ ਜ਼ੀਰਕਪੁਰ ਵਿਖੇ ਹਸਪਤਾਲ ਬਣਾਉਣਾ, ਪੀਣ ਵਾਲੇ ਪਾਣੀ ਵਾਸਤੇ ਨਹਿਰੀ ਪਾਣੀ ਦੇਣਾ, ਛੱਤਬੀੜ ਵਿਖੇ ਸੈਰ ਸਪਾਟਾ ਕੇਂਦਰ ਸਥਾਪਿਤ ਕਰਨਾ, ਹੰਡੇਸਰਾ ਨੂੰ ਸਬ ਤਹਿਸੀਲ ਬਣਾਉਣਾ, ਲਾਲੜੂ ਵਿਖੇ ਲੜਕੀਆਂ ਦਾ ਕਾਲਜ ਬਣਾਉਣਾ, ਇਲਾਕੇ ਦੇ ਸਕੂਲਾਂ ਵਿਚ ਪੁਆਧੀ ਪੜ੍ਹਾਉਣ ਦੀ ਸ਼ੁਰੂਆਤ ਕਰਨਾ, ਘੜਾਮ ਤੇ ਕੁੰਤੀ ਕੁੰਡ ਵਿਚ ਧਾਰਮਿਕ ਕੇਂਦਰ ਵਜੋਂ ਵਿਤਸਕ ਕਰਨਾ ਸ਼ਾਮਲ ਹਨ। ਬਾਦਲ ਨੇ ਇਹ ਵੀ ਐਲਾਨ ਕੀਤਾ ਕਿ ਜੇਕਰ ਅਕਾਲੀ ਦਲ ਸੱਤਾ ਵਿਚ ਆਇਆ ਤਾਂ ਸ੍ਰੀ ਐਨ ਕੇ ਸ਼ਰਮਾ ਅਗਲੇ ਵਿੱਤ ਮੰਤਰੀ ਹੋਣਗੇ।

ਪੰਜਾਬ ਲਈ ਆਪਣੀ ਸੋਚ ਦੀ ਗੱਲ ਕਰਦਿਆਂ ਬਾਦਲ ਨੇ ਕਿਹਾ ਕਿ ਜਿਹੜੇ ਕਿਸਾਨਾਂ ਕੋਲ ਟਿਊਬਵੈਲ ਕੁਨੈਕਸ਼ਨ ਨਹੀਂ ਹਨ, ਉਹਨਾਂ ਨੂੰ ਕੁਨੈਕਸ਼ਨ ਦਿੱਤੇ ਜਾਣਗੇ, ਕਿਸਾਨਾਂ ਨੂੰ ਦਿਨ ਵੇਲੇ 12 ਘੰਟ ਬਿਜਲੀ ਸਪਲਾਈ ਖੇਤੀਬਾੜੀ ਵਾਸਤੇ ਦਿੱਤੀ ਜਾਵੇਗੀ, ਇਕ ਵਿਸ਼ਵ ਸਕਿੱਲ ਯੂਨੀਵਰਸਿਟੀ ਸਥਾਪਿਤ ਕੀਤੀ ਜਾਵੇਗੀ ਜੋ ਹਰ ਸਾਲ ਇਕ ਲੱਖ ਨੌਜਵਾਨਾਂ ਨੂੰ ਹੁਨਰ ਸਿੱਖਲਾਈ ਦੇਵੇਗੀ ਤੇ ਇਸਦੇ ਕੇਂਦਰ ਹਰ ਜ਼ਿਲ੍ਹੇ ਵਿਚ ਹੋਣਗੇ। ਉਹਨਾਂ ਇਹ ਵੀ ਐਲਾਨ ਕੀਤਾ ਕਿ ਨੌਜਵਾਨਾਂ ਨੂੰ ਵਿਆਜ਼ ਮੁਕਤ 10 ਲੱਖ ਰੁਪਏ ਦਾ ਕਰਜ਼ਾ ਦਿੱਤਾ ਜਾਵੇਗਾ ਅਤੇ ਆਟਾ ਦਾਲ ਸਕੀਮ ਦਾ ਵਿਸਥਾਰ ਕੀਤਾ ਜਾਵੇਗਾ ਤੇ ਬੁਢਾਪਾ ਪੈਨਸ਼ਨ ਵਧਾ ਕੇ 3100 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇਗੀ ਤੇ ਸ਼ਗਨ ਸਕੀਮ ਤਹਿਤ ਰਾਸ਼ੀ ਵਧਾ ਕੇ 1 ਲੱਖ ਰੁਪਏ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹੀਰਾ ਸਿੰਘ ਗਾਬੜੀਆ, ਪਰਵਿੰਦਰ ਸੋਹਾਣਾ, ਸਰਬਜੀਤ ਸਿੰਘ ਝਿੰਜਰ, ਰਵਿੰਦਰ ਖੇੜਾ, ਰਾਜਿੰਦਰ ਸਿੰਘ ਵਿਰਕ ਸਨੌਰ ਤੇ ਹੋਰ ਆਗੂ ਵੀ ਮੌਜੂਦ ਸਨ।

# ਗੈਂਗਸਟਰਾਂ 'ਤੇ ਵਾਰ ਦੇ 68ਵੇਂ ਦਿਨ 508 ਥਾਵਾਂ ਉੱਤੇ ਛਾਪੇਮਾਰੀ ਦੌਰਾਨ 188 ਕਾਬੂ

ਚੰਡੀਗੜ੍ਹ, 29 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 68ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ 'ਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਮੈਪ ਕੀਤੇ 508 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

68ਵੇਂ ਦਿਨ, ਪੁਲਿਸ ਟੀਮਾਂ ਨੇ 188 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 17,674 ਹੋ ਗਈ ਹੈ। ਇਸ ਤੋਂ ਇਲਾਵਾ 95 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 99 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 3 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 393ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 112 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 463 ਗ੍ਰਾਮ ਹੈਰੋਇਨ, 1.2 ਕਿਲੋ ਅਫੀਮ, 471 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 62,400 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 393 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 56,071 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ 26 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।


ਭਾਰਤ ਸਰਕਾਰ

DATA FOR DEVELOPMENT

ਨਾਗਰਿਕਾਂ ਨੂੰ ਅਪੀਲ

## ਰਾਸ਼ਟਰੀ ਘਰੇਲੂ ਆਮਦਨ ਸਰਵੇਖਣ (NHIS) 2026

ਦੇਸ਼ ਦਾ ਪਹਿਲਾ ਘਰੇਲੂ ਆਮਦਨ ਸਰਵੇਖਣ

*ਇਸ ਵਿੱਚ ਭਾਗੀਦਾਰੀ, ਸਾਡੀ ਸਭ ਦੀ ਜ਼ਿੰਮੇਵਾਰੀ*

ਸਰਵੇਖਣ ਦਾ ਸਮਾਂ : ਅਪ੍ਰੈਲ 2026 - ਮਾਰਚ 2027

**ਰਾਸ਼ਟਰੀ ਘਰੇਲੂ ਆਮਦਨ ਸਰਵੇਖਣ (NHIS) 2026 ਕੀ ਹੈ ?**

ਇਹ ਸਰਵੇਖਣ ਦੇਸ਼ ਭਰ ਦੇ ਵੱਖ-ਵੱਖ ਖੇਤਰਾਂ ਅਤੇ ਜਨਸੰਖਿਆ ਸਮੂਹਾਂ ਦੇ ਆਮਦਨ ਪੱਧਰਾਂ ਦਾ ਪਤਾ ਲਗਾਉਣ ਲਈ ਕੀਤਾ ਜਾ ਰਿਹਾ ਹੈ।

**ਉਦੇਸ਼**

- ਆਮਦਨ ਵੰਡ ਨੂੰ ਸਮਝਣ ਲਈ
- ਪ੍ਰਭਾਵਸ਼ਾਲੀ ਨੀਤੀਆਂ ਬਣਾਉਣ ਲਈ

**ਸੁਰੱਖਿਆ ਅਤੇ ਗੁਪਤਤਾ**

- ਤੁਹਾਡੀ ਜਾਣਕਾਰੀ ਪੂਰੀ ਤਰ੍ਹਾਂ ਸੁਰੱਖਿਅਤ ਅਤੇ ਗੁਪਤ ਰਹੇਗੀ।
- ਇਸਦੀ ਵਰਤੋਂ ਕਿਸੇ ਵੀ ਵਿਅਕਤੀਗਤ ਮਾਮਲਿਆਂ (ਜਿਵੇਂ ਕਿ ਆਮਦਨ ਕਰ ਮੁਲਾਂਕਣ, ਆਦਿ) ਲਈ ਨਹੀਂ ਕੀਤੀ ਜਾਵੇਗੀ।
- ਸਾਂਝੀ ਕੀਤੀ ਗਈ ਜਾਣਕਾਰੀ ਦੀ ਵਰਤੋਂ ਸਿਰਫ਼ ਨੀਤੀ ਨਿਰਮਾਣ ਅਤੇ ਵਿਸ਼ਲੇਸ਼ਣ ਦੇ ਉਦੇਸ਼ਾਂ ਲਈ ਕੀਤੀ ਜਾਵੇਗੀ।

**ਸਰਵੇਖਣ ਕੌਣ ਕਰ ਰਿਹਾ ਹੈ ?**

- ਰਾਸ਼ਟਰੀ ਅੰਕੜਾ ਦਫ਼ਤਰ (NSO), ਅੰਕੜਾ ਅਤੇ ਪ੍ਰੋਗਰਾਮ ਲਾਗੂਕਰਨ ਮੰਤਰਾਲੇ (MoSPI) ਦੇ ਅਧੀਨ।
- ਐਨਐਸਓ ਸਰਵੇਖਣਕਰਤਾ ਅਧਿਕਾਰਤ ਸਰਕਾਰੀ ਪਛਾਣ ਪੱਤਰ ਰੱਖਦੇ ਹਨ।
- ਇਸ ਸਰਵੇਖਣ ਲਈ ਭਾਰਤ ਭਰ ਦੇ ਲਗਭਗ 4.5 ਲੱਖ ਘਰਾਂ ਤੋਂ ਜਾਣਕਾਰੀ ਇਕੱਠੀ ਕੀਤੀ ਜਾਵੇਗੀ, ਜਿਸਨੂੰ ਵਿਗਿਆਨਕ ਤੌਰ 'ਤੇ ਤਿਆਰ ਕੀਤੀ ਗਈ Sample ਵਿਧੀ ਰਾਹੀਂ ਚੁਣਿਆ ਗਿਆ ਹੈ।

**ਤੁਹਾਨੂੰ ਕੀ ਕਰਨਾ ਚਾਹੀਦਾ ਹੈ ?**

- ਜੇਕਰ ਤੁਹਾਡਾ ਘਰ Sample ਲਈ ਚੁਣਿਆ ਜਾਂਦਾ ਹੈ ਅਤੇ ਐਨਐਸਓ ਸਰਵੇਖਣਕਰਤਾ ਤੁਹਾਡੇ ਨਾਲ ਸੰਪਰਕ ਕਰਦੇ ਹਨ, ਤਾਂ ਕਿਰਪਾ ਕਰਕੇ ਸਹੀ ਜਾਣਕਾਰੀ ਪ੍ਰਦਾਨ ਕਰੋ।
- ਐਨਐਸਓ ਸਰਵੇਖਣਕਰਤਾ ਕਦੇ ਵੀ ਕਿਸੇ ਵੀ ਤਰ੍ਹਾਂ ਦਾ ਭੁਗਤਾਨ, ਓ.ਟੀ.ਪੀ. ਜਾਂ ਪਾਸਵਰਡ ਨਹੀਂ ਮੰਗਣਗੇ।
- ਇਸ ਸਰਵੇਖਣ ਨੂੰ ਸਫਲਤਾਪੂਰਵਕ ਪੂਰਾ ਕਰਨ ਅਤੇ ਸਬੂਤ-ਅਧਾਰਤ ਨੀਤੀ ਨਿਰਮਾਣ ਦੀ ਸਹੂਲਤ ਲਈ ਸਰਗਰਮ ਜਨਤਕ ਭਾਗੀਦਾਰੀ ਬਹੁਤ ਜ਼ਰੂਰੀ ਹੈ।



CBC 39101/13/0006/2526

www.mospi.gov.in @GoIStats /GoIStats GoIStats Ministry of Statistics & PI

## ਸੰਪਾਦਕੀ

# ਅਮਰੀਕੀ ਸਿਆਸਤ ਦਾ ਡੂੰਘਾ ਸੰਕਟ ਅਤੇ ਲੋਕਤੰਤਰ ਦੀ ਦਸ਼ਾ

ਅਮਰੀਕਾ ਦੇ ਮੌਜੂਦਾ ਸਿਆਸੀ ਹਾਲਾਤ ਨੇ ਇੱਕ ਵਾਰ ਫਿਰ ਵਿਸ਼ਵ ਭਰ ਦਾ ਧਿਆਨ ਆਪਣੇ ਵੱਲ ਖਿੱਚਿਆ ਹੈ। ਨਿਊਯਾਰਕ ਤੋਂ ਲੈ ਕੇ ਵਾਸ਼ਿੰਗਟਨ ਤੱਕ ਦੀਆਂ ਸੜਕਾਂ 'ਤੇ ਉੱਤਰੇ ਹਜ਼ਾਰਾਂ ਪ੍ਰਦਰਸ਼ਨਕਾਰੀਆਂ ਦਾ ਗੁੱਸਾ ਸਿਰਫ਼ ਇੱਕ ਨੇਤਾ ਦੇ ਵਿਰੋਧ ਤੱਕ ਸੀਮਿਤ ਨਹੀਂ ਹੈ, ਸਗੋਂ ਇਹ ਉਸ ਡੂੰਘੀ ਵਿਚਾਰਧਾਰਕ ਖਾਈ ਨੂੰ ਦਰਸਾਉਂਦਾ ਹੈ ਜਿਸ ਵਿੱਚ ਅੱਜ ਅਮਰੀਕੀ ਸਮਾਜ ਗ੍ਰਸਿਆ ਹੋਇਆ ਹੈ। ਡੋਨਾਲਡ ਟਰੰਪ ਦੇ ਦੁਆਲੇ ਘੁੰਮਦੀ ਸਿਆਸਤ ਨੇ ਅਮਰੀਕਾ ਨੂੰ ਦੋ ਅਜਿਹੇ ਧੜਿਆਂ ਵਿੱਚ ਵੰਡ ਦਿੱਤਾ ਹੈ ਜੋ ਇੱਕ-ਦੂਜੇ ਦੀ ਹੋਂਦ ਨੂੰ ਪ੍ਰਵਾਨ ਕਰਨ ਲਈ ਵੀ ਤਿਆਰ ਨਹੀਂ ਜਾਪਦੇ। ਇਹ ਪ੍ਰਦਰਸ਼ਨ ਜਿੱਥੇ ਇੱਕ ਪਾਸੇ ਲੋਕਾਂ ਦੀ ਸੰਵਿਧਾਨਕ ਆਜ਼ਾਦੀ ਅਤੇ ਆਪਣੀ ਰਾਏ ਪ੍ਰਗਟਾਉਣ ਦੇ ਹੱਕ ਦੀ ਗਵਾਹੀ ਭਰਦੇ ਹਨ, ਉੱਥੇ ਹੀ ਦੂਜੇ ਪਾਸੇ ਇਹ ਅਮਰੀਕੀ ਲੋਕਤੰਤਰ ਦੀਆਂ ਨੀਹਾਂ ਵਿੱਚ ਆਈ ਤਰੇੜ ਦਾ ਸੰਕੇਤ ਵੀ ਹਨ। ਟਰੰਪ ਵਿਰੁੱਧ ਲੱਗੇ ਕਾਨੂੰਨੀ ਦੋਸ਼ਾਂ ਅਤੇ ਉਨ੍ਹਾਂ ਦੀ ਰਣਨੀਤੀ ਨੇ ਆਮ ਸ਼ਹਿਰੀਆਂ ਦੇ ਮਨਾਂ ਵਿੱਚ ਨਿਆਂ ਪ੍ਰਣਾਲੀ ਅਤੇ ਪਾਰਦਰਸ਼ਤਾ ਨੂੰ ਲੈ ਕੇ ਕਈ ਸਵਾਲ ਪੈਦਾ ਕਰ ਦਿੱਤੇ ਹਨ।

ਵਿਰੋਧੀਆਂ ਦਾ ਮੰਨਣਾ ਹੈ ਕਿ ਮੌਜੂਦਾ ਸਿਆਸੀ ਪਹੁੰਚ ਲੋਕਤੰਤਰਿਕ ਸੰਸਥਾਵਾਂ ਦੇ ਵਕਾਰ ਨੂੰ ਸੱਟ ਮਾਰ ਰਹੀ ਹੈ, ਜਦਕਿ ਦੂਜੇ ਪਾਸੇ ਟਰੰਪ ਦੇ ਹਮਾਇਤੀ ਇਨ੍ਹਾਂ ਸਾਰੇ ਮਾਮਲਿਆਂ ਨੂੰ ਸਿਆਸੀ ਬਦਲਾਖੋਰੀ ਅਤੇ ਇੱਕ ਸੋਚੀ-ਸਮਝੀ ਸਾਜ਼ਿਸ਼ ਵਜੋਂ ਦੇਖ ਰਹੇ ਹਨ। ਅਜਿਹੀ ਸਥਿਤੀ ਵਿੱਚ ਜਦੋਂ ਦੋਵੇਂ ਧਿਰਾਂ ਆਪਣੇ-ਆਪਣੇ ਤਰਕਾਂ ਤੇ ਅੜੀਆਂ ਹੋਣ, ਤਾਂ ਸੰਵਾਦ ਦੀ ਗੁੰਜਾਇਸ਼ ਖ਼ਤਮ ਹੋ ਜਾਂਦੀ ਹੈ ਅਤੇ ਟਕਰਾਅ ਦਾ ਰਸਤਾ ਸਾਫ਼ ਹੁੰਦਾ ਹੈ। ਸ਼ਹਿਰਾਂ ਵਿੱਚ ਪੁਲਿਸ ਦੀ ਭਾਰੀ ਤਾਇਨਾਤੀ ਅਤੇ ਤਣਾਅਪੂਰਨ ਮਾਹੌਲ ਇਹ ਸਾਬਤ ਕਰਦਾ ਹੈ ਕਿ ਸਿਆਸੀ ਲੜਾਈ ਹੁਣ ਸਿਰਫ਼ ਬਹਿਸਾਂ ਤੱਕ ਸੀਮਿਤ ਨਹੀਂ ਰਹੀ, ਸਗੋਂ ਸਮਾਜਿਕ ਸਥਿਰਤਾ ਲਈ ਇੱਕ ਚੁਣੌਤੀ ਬਣ ਗਈ ਹੈ। ਅਮਰੀਕਾ ਵਰਗੇ ਦੇਸ਼ ਲਈ, ਜੋ ਦੁਨੀਆ ਭਰ ਵਿੱਚ ਲੋਕਤੰਤਰ ਦਾ ਚੌਧਰੀ ਬਣਦਾ ਹੈ, ਅਜਿਹੀ ਅੰਦਰੂਨੀ ਫੁੱਟ ਉਸ ਦੀ ਗਲੋਬਲ ਸਾਖ਼ ਨੂੰ ਵੱਡਾ ਖ਼ੋਰਾ ਲਾ ਸਕਦੀ ਹੈ।

ਇਹ ਸਾਰੀ ਸਥਿਤੀ ਸਾਨੂੰ ਇਹ ਸੋਚਣ ਲਈ ਮਜਬੂਰ ਕਰਦੀ ਹੈ ਕਿ ਕੀ ਸਿਆਸੀ ਸ਼ਕਤੀ ਹਾਸਲ ਕਰਨ ਦੀ ਦੌੜ ਵਿੱਚ ਨੈਤਿਕ ਮੁੱਲਾਂ ਅਤੇ ਆਪਸੀ ਭਾਈਚਾਰੇ ਨੂੰ ਪਿੱਛੇ ਛੱਡ ਦੇਣਾ ਜਾਇਜ਼ ਹੈ ? ਜੇਕਰ ਇਹ ਵੰਡ ਇਸੇ ਤਰ੍ਹਾਂ ਵਧਦੀ ਰਹੀ, ਤਾਂ ਇਸ ਦਾ ਅਸਰ ਆਉਣ ਵਾਲੀਆਂ ਪੀੜ੍ਹੀਆਂ ਤੇ ਬਹੁਤ ਮਾਰੂ ਹੋਵੇਗਾ। ਕਿਸੇ ਵੀ ਦੇਸ਼ ਦੀ ਤਰੱਕੀ ਲਈ ਉਸ ਦੀ ਅੰਦਰੂਨੀ ਸਥਿਰਤਾ ਸਭ ਤੋਂ ਮਹੱਤਵਪੂਰਨ ਹੁੰਦੀ ਹੈ, ਪਰ ਅੱਜ ਅਮਰੀਕਾ ਆਪਣੀ ਹੀ ਸਿਆਸਤ ਦੇ ਉਲਝੇ ਹੋਏ ਜਾਲ ਵਿੱਚ ਫਸਿਆ ਨਜ਼ਰ ਆ ਰਿਹਾ ਹੈ। ਅੰਤ ਵਿੱਚ, ਇਹ ਕਹਿਣਾ ਅਤਿ ਕਥਨੀ ਨਹੀਂ ਹੋਵੇਗੀ ਕਿ ਇਹ ਪ੍ਰਦਰਸ਼ਨ ਸਿਰਫ਼ ਇੱਕ ਵਿਅਕਤੀ ਵਿਸ਼ੇਸ਼ ਦੇ ਵਿਰੋਧ ਦਾ ਨਤੀਜਾ ਨਹੀਂ ਹਨ, ਸਗੋਂ ਇਹ ਉਸ ਡਰ ਅਤੇ ਅਸੁਰੱਖਿਆ ਦੀ ਭਾਵਨਾ ਦਾ ਪ੍ਰਗਟਾਵਾ ਹਨ ਜੋ ਲੋਕਾਂ ਦੇ ਮਨਾਂ ਵਿੱਚ ਘਰ ਕਰ ਚੁੱਕੀ ਹੈ। ਅਮਰੀਕਾ ਨੂੰ ਅੱਜ ਸਖ਼ਤ ਫ਼ੈਸਲਿਆਂ ਅਤੇ ਸਿਆਸੀ ਹਉਮੈ ਨੂੰ ਤਿਆਗ ਕੇ ਇੱਕ ਅਜਿਹੇ ਸਾਂਝੇ ਰਾਹ ਦੀ ਤਲਾਸ਼ ਕਰਨੀ ਹੋਵੇਗੀ, ਜਿੱਥੇ ਸੰਵਿਧਾਨ ਦੀ ਸਰਵਉੱਚਤਾ ਕਾਇਮ ਰਹੇ ਅਤੇ ਲੋਕਤੰਤਰ ਦੀ ਮਰਿਆਦਾ ਨੂੰ ਮੁੜ ਬਹਾਲ ਕੀਤਾ ਜਾ ਸਕੇ।

-ਜਗਜੀਤ ਸਿੰਘ ਦਰਦੀ

## ਪੰਜਾਬ ਦੀ ਬਦਲਦੀ ਤਸਵੀਰ

# ਜਾਗੋ ਪੰਜਾਬ : ਪੰਜਾਬ ਦੀ ਕਿਸਾਨੀ ਤੇ ਨੌਜਵਾਨੀ ਉਦਾਸੀ ਤੇ ਨਿਰਾਸ਼ਾ ਦੇ ਦੌਰ ਵਿੱਚ ਕਿਉਂ ?

## ਅੱਜ ਰਾਜਨੀਤਿਕ ਪਾਰਟੀਆਂ ਆਪਣੀਆਂ ਵੋਟਾਂ ਦੀ ਸ਼ਤਰੰਜ ਵਿੱਚ ਮਸ਼ਰੂਫ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਪੰਜਾਬ ਉਸ ਦੋਰਾਹੇ ਤੇ ਖੜਾ ਹੈ ਜਿੱਥੋਂ ਕੋਈ ਰਸਤਾ ਦਿਖਾਈ ਨਹੀਂ ਦਿੰਦਾ।ਪੰਜਾਬ ਦੀ ਨੌਜਵਾਨੀ ਤੇ ਕਿਸਾਨੀ ਘੋਰ ਨਿਰਾਸ਼ਾ ਤੇ ਉਦਾਸੀ ਦੇ ਆਲਮ ਵਿੱਚ ਹੈ ਤੇ ਰਾਜਨੀਤਿਕ ਪਾਰਟੀਆਂ ਆਪਣੀਆਂ ਵੋਟਾਂ ਲਈ ਸ਼ਤਰੰਜ ਵਿਛਾ ਰਹੀਆਂ ਹਨ । ਕੀ 2027 ਵਿੱਚ ਕੁੱਝ ਬਦਲੇਗਾ । ਇਹ ਸਵਾਲ ਹੁਣ ਸਭ ਦੇ ਮਨ ਵਿੱਚ ਹੈ ਪਰੰਤੂ ਬਦਲਾਵ ਕਿਥੇ ਹੈ।

ਅੱਜ ਗੈਂਗਸਟਰ ਵਾਇਰਸ, ਭਟਕਦੀ ਜਵਾਨੀ ਤੇ ਖੂਨ ਵਹਾਉਂਦੀ ਕਿਸਾਨੀ - ਇੱਕ ਤਿੱਖੀ ਚੀਖ ਪੁਕਾਰ ਹੈ। ਅੱਜ ਪੰਜਾਬ, ਇੱਕ ਵਾਰ ਭਾਰਤ ਦਾ ਅੰਨ-ਭੰਡਾਰ, ਖੇਤੀਬਾੜੀ ਦਾ ਗੜ੍ਹ ਤੇ ਯੂਥ ਊਰਜਾ ਦਾ ਚਸ਼ਮਾ ਮੰਨਿਆ ਜਾਣ ਵਾਲਾ ਇਲਾਕਾ, ਅੱਜ ਇੱਕ ਗੰਭੀਰ ਘਾਤਕ ਸੰਕਟ ਦੀ ਲਪੇਟ ਵਿੱਚ ਘੁਟ ਰਿਹਾ ਹੈ। ਬਦਲਦੇ ਰਾਜਨੀਤਿਕ, ਸਮਾਜਿਕ ਤੇ ਅਰਥਚਾਰਕ ਰੂਪ ਵਿੱਚ ਇੱਕ ਨਵਾਂ ਖੋਖਲਾ ਪੁਨਰ-ਸਮਾਜ ਸਿਰਜਿਆ ਜਾ ਰਿਹਾ ਹੈ, ਜਿਸ ਵਿੱਚ ਗੈਂਗਸਟਰ ਸਭਿਆਚਾਰ ਨੂੰ ਵਾਹ ਲਾਉਣ ਵਾਲੀਆਂ ਘਟੀਆ ਫਿਲਮਾਂ ਤੇ ਰੈਪ ਗੀਤਾਂ ਦੀ ਜਹਿਰੀਲੀ ਸਤਰ ਨੇ ਨੌਜਵਾਨਾਂ ਦੀ ਰੂਹ ਨੂੰ ਖਾ ਲਿਆ ਹੈ।

ਅੱਜ ਸਿੱਖਿਆ ਪ੍ਰਣਾਲੀ ਦਾ ਨਿਘਾਰ ਲੱਖਾਂ ਯੂਥ ਨੂੰ ਵਿਦੇਸ਼ੀ ਪਰਵਾਸ ਵੱਲ ਧੱਕ ਰਿਹਾ ਹੈ, ਜਿੱਥੇ ਉਹ ਭਟਕ ਰਹੇ ਹਨ, ਉਧਾਰੀਆਂ ਵਿੱਚ ਡੁੱਬ ਰਹੇ ਹਨ ਤੇ ਨਿਰਾਸ਼ਾ ਵਿੱਚ ਘੁਟ ਰਹੇ ਹਨ। ਕਿਸਾਨੀ ਤਾਂ ਪੂਰੀ ਤਰ੍ਹਾਂ ਬਰਬਾਦੀ ਵੱਲ ਵਧ ਰਹੀ ਹੈ - ਛੋਟੀਆਂ ਜੋਤਾਂ ਟੁੱਟ ਰਹੀਆਂ ਹਨ, ਕਰਜ਼ੇ ਦਾ ਭਾਰ ਵਧਦਾ ਜਾ ਰਿਹਾ ਹੈ, ਆਤਮਹੱਤਿਆਵਾਂ ਦਾ ਸਿਲਸਿਲਾ ਜਾਰੀ ਹੈ ਤੇ ਰਾਜਨੀਤਿਕ ਪਾਰਟੀਆਂ ਇਸ ਤਬਾਹੀ ਤੋਂ ਵੋਟਾਂ ਤੇ ਗੋਟੀਆਂ ਬਿਠਾਉਣ ਲਈ ਫਾਇਦਾ ਉਠਾ ਰਹੀਆਂ ਹਨ।

ਅੱਜ ਇਸ ਘਿਨਾਉਣੀ ਹਕੀਕਤ ਨੂੰ ਤਿੱਖੀ ਤੇ ਬੇਬਾਕ ਭਾਸ਼ਾ ਵਿੱਚ ਉਜਾਗਰ ਕਰਦਾ ਹੈ - ਅੰਕੜਿਆਂ ਨਾਲ ਲੈਸ, ਝੂਠੀਆਂ ਆਸਾਂ ਤੋਂ ਬਿਨਾਂ। ਇਹ ਸਿਰਫ ਵਿਸ਼ਲੇਸ਼ਣ ਨਹੀਂ, ਇੱਕ ਚੀਖ ਹੈ ਜੋ ਪੰਜਾਬ ਵਾਸੀਆਂ ਨੂੰ ਜਾਗਣ ਲਈ ਮਜਬੂਰ ਕਰੇ।ਗੈਂਗਸਟਰ ਵਾਇਰਸ ਤੇ ਘਟੀਆ ਗੀਤਾਂ ਦਾ ਜਹਿਰੀਲਾ ਪ੍ਰਭਾਵ: ਯੂਥ ਨੂੰ ਬੰਦੂਕ ਵੱਲ ਧੱਕਣ ਵਾਲਾ ਖੇਲ ਪੰਜਾਬੀ ਸਭਿਆਚਾਰ ਇੱਕ ਵਾਰ ਲੋਕ ਗੀਤਾਂ, ਬੋਲੀਆਂ ਤੇ ਖੇਤੀ ਜੀਵਨ ਦੀ ਮਿਠਾਸ ਨਾਲ ਭਰਪੂਰ ਸੀ, ਪਰ ਅੱਜ ਇਸ ਨੂੰ ਗੈਂਗਸਟਰ ਰੈਪ, ਬੰਦੂਕਾਂ ਤੇ ਵਾਇਲੈਂਸ ਗੀਤਾਂ ਨੇ ਘੇਰ ਲਿਆ ਹੈ।

ਅੱਜ ਇਹ ਇਹ ਘਟੀਆ ਗੀਤ ਯੂਟਿਊਬ ਤੇ ਹੋਰ ਪਲੇਟਫਾਰਮਾਂ ਤੇ ਕਰੋੜਾਂ ਵਿਊਜ਼ ਖਾਣਾ ਹਨ, ਜਿਨ੍ਹਾਂ ਵਿੱਚ ਅਪਰਾਧੀ ਜੀਵਨ ਨੂੰ ਗਲੈਮਰਸ ਬਣਾ ਕੇ ਪੇਸ਼ ਕੀਤਾ ਜਾਂਦਾ ਹੈ - ਤੇਜ਼ ਗੱਡੀਆਂ, ਬੰਦੂਕਾਂ, ਰਿਵੇਂਜ ਤੇ ਲਕਜ਼ਰੀ ਲਾਈਫਸਟਾਈਲ ਦਾ ਝੂਠਾ ਸੁਪਨਾ। ਹਰਿਆਣਾ ਪੁਲਿਸ ਨੇ ਹੀ 67 ਐਸੇ ਗੀਤ ਡਿਜੀਟਲ ਪਲੇਟਫਾਰਮਾਂ ਤੋਂ ਹਟਾਏ ਹਨ, ਜੋ ਗੈਂਗ ਕਲਚਰ ਨੂੰ ਉਤਸ਼ਾਹਿਤ ਕਰਦੇ ਸਨ। ਪੰਜਾਬ ਵਿੱਚ ਵੀ ਇਸ ਵਾਇਰਸ ਨੇ ਡੀਪ ਰੂਟ ਪਕੜ ਲਈ ਹੈ। ਸੂਚਨਾ ਹੈ ਕਿ 2025 ਵਿੱਚ ਇੱਕਲੇ 916 ਗੈਂਗਸਟਰ ਗ੍ਰਿਫਤਾਰ ਕੀਤੇ, 13 ਨੂੰ ਨਿਊਟ੍ਰਲਾਈਜ਼ ਕੀਤਾ ਤੇ 389 ਮਾਡਿਊਲ ਧਸਤੇ। ਵਿਦੇਸ਼ਾਂ (ਖਾਸ ਕਰ ਕੈਨੇਡਾ) ਤੋਂ ਚੱਲ ਰਹੀਆਂ ਗੈਂਗਾਂ ਨਾਲ ਲਿੰਕਡ ਗੈਂਗਸਟਰਾਂ ਦੀ ਗਿਣਤੀ ਵੱਡੀ ਹੈ ਤੇ ਇਸ ਨਾਲ ਜੁੜੇ ਹਜ਼ਾਰਾਂ ਯੂਥ ਫਸ ਰਹੇ ਹਨ। ਇਹ ਗੀਤ ਨੌਜਵਾਨਾਂ ਨੂੰ ਤੇਜ਼ ਧਨ ਤੇ ਇੱਕ ਫੇਕ ਹੀਰੋਇਜ਼ਮ ਦਾ ਨਸ਼ਾ ਚੜ੍ਹਾਉਂਦੇ ਹਨ, ਜਦਕਿ ਅਸਲ ਵਿੱਚ ਇਹ ਨਸ਼ਾ, ਅਪਰਾਧ, ਜੇਲ੍ਹ ਤੇ ਮੌਤ ਵੱਲ ਲੈ ਜਾਂਦਾ ਹੈ।

ਅੱਜ ਗੈਂਗ ਵਾਇਲੈਂਸ ਵਿੱਚ ਤਿੰਨ ਗੁਣਾ ਵਾਧਾ ਹੋਇਆ ਹੈ ਤੇ ਯੂਥ ਵਿੱਚ ਇਸ ਨੂੰ ਹੀਰੋਇਜ਼ਮ ਸਮਝਣ ਵਾਲੀ ਮਾਨਸਿਕਤਾ ਫੈਲ ਰਹੀ ਹੈ। ਇਸ ਤੋਂ ਵੱਧ ਘਿਨਾਉਣੀ ਗੱਲ ਇਹ ਹੈ ਕਿ ਕੁਝ ਰਾਜਨੀਤਿਕ ਤਾਕਤਾਂ ਇਸ ਨੂੰ ਆਪਣੇ ਲਾਭ ਲਈ ਚੁੱਪਕੇ ਉਤਸ਼ਾਹਿਤ ਕਰਦੀਆਂ ਹਨ। ਇਹ ਘਟੀਆ ਸਤਰ ਪੰਜਾਬ ਦੀ ਰੂਹ ਨੂੰ ਖੋਖਲਾ ਕਰ ਰਹੀ ਹੈ ਤੇ ਯੂਥ ਨੂੰ ਬੰਦੂਕ ਚੁੱਕਣ ਵੱਲ ਧੱਕ ਰਹੀ ਹੈ। ਇਸ ਨੂੰ ਰੋਕਣ ਲਈ ਸਖ਼ਤੀ ਤੋਂ ਘੱਟ ਕੁਝ ਨਹੀਂ ਚੱਲੇਗਾ।

ਅੱਜ ਸਿੱਖਿਆ ਦਾ ਨਿਘਾਰ ਤੇ ਯੂਥ ਦਾ ਪਰਵਾਸ ਇੱਕ ਭਟਕਦਾ ਕਾਫਲਾ ਤੇ ਟੁੱਟਦੇ ਸੁਪਨੇਂ ਸਿਖਿਆ ਪ੍ਰਣਾਲੀ ਵਿੱਚ ਆਈ ਗੰਭੀਰ ਨਿਘਾਰ ਨੇ ਪੰਜਾਬ ਦੀ ਜਵਾਨੀ ਨੂੰ ਵਿਦੇਸ਼ਾਂ ਵੱਲ ਤੱਕਿਆ ਹੈ। ਲਿਟਰੇਸੀ ਰੇਟ ਵਧਿਆ ਭਾਵੇਂ ਹੈ, ਪਰ ਲਰਨਿੰਗ ਆਊਟਕਮ ਘਟੀਆ ਹਨ, ਡਰਾਪਆਊਟ ਰੇਟ ਉੱਚੇ ਹਨ ਤੇ ਯੂਥ ਅਨੈਮਪਲਾਇਮੈਂਟ ਭਿਆਨਕ ਹੈ। ਤਾਜ਼ਾ PLFS ਡਾਟਾ ਅਨੁਸਾਰ ਪੰਜਾਬ ਵਿੱਚ ਯੂਥ (15-29 ਸਾਲ) ਅਨੈਮਪਲਾਇਮੈਂਟ ਰੇਟ 18.9% ਤੱਕ ਹੈ, ਜੋ ਰਾਸ਼ਟਰੀ ਔਸਤ ਤੋਂ ਬਹੁਤ ਉੱਚਾ ਹੈ (ਰੂਰਲ ਖੇਤਰ ਵਿੱਚ ਇਹ ਹੋਰ ਵੀ ਭਿਆਨਕ)। ਔਰਤਾਂ ਵਿੱਚ ਇਹ ਰੇਟ ਪੁਰਸ਼ਾਂ ਤੋਂ ਲਗਭਗ ਦੁੱਗਣਾ ਹੈ।

ਅੱਜ ਇਸ ਨਿਰਾਸ਼ਾ ਨੇ ਲੱਖਾਂ ਨੌਜਵਾਨਾਂ ਨੂੰ ਪਰਵਾਸ ਵੱਲ ਧੱਕਿਆ। ਪਿਛਲੇ ਸਾਲਾਂ ਵਿੱਚ ਕੈਨੇਡਾ ਵੱਲ ਇੱਕਲੇ ਪੰਜਾਬੀ ਵਿਦਿਆਰਥੀਆਂ ਦੀ ਗਿਣਤੀ ਲੱਖਾਂ ਵਿੱਚ ਸੀ (2022 ਵਿੱਚ 1.36 ਲੱਖ ਤੱਕ), ਜੋ ਭਾਰਤ ਤੋਂ ਕੈਨੇਡਾ ਜਾਣ ਵਾਲੇ ਵਿਦਿਆਰਥੀਆਂ ਦਾ ਵੱਡਾ ਹਿੱਸਾ ਸੀ। ਪਰ ਅੱਜ ਇਹ ਸੁਪਨਾ ਟੁੱਟ ਰਿਹਾ ਹੈ - ਕੈਨੇਡਾ ਨੇ ਵੀਜ਼ਾ ਨਿਯਮ ਸਖ਼ਤ ਕੀਤੇ ਹਨ ਤੇ 2025 ਵਿੱਚ ਇੰਡੀਅਨ ਸਟੂਡੈਂਟ ਪਰਮਿਟਸ ਵਿੱਚ ਲਗਭਗ 50% ਘਾਟ ਆਈ ਹੈ। ਪਾਸਪੋਰਟ ਅਪਲਾਈਆਂ ਵਿੱਚ 40% ਤੋਂ ਵੱਧ ਘਾਟ ਹੋਈ ਹੈ। PAU ਲੁਧਿਆਣਾ ਵਰਗੇ ਅਧਿਐਨਾਂ ਅਨੁਸਾਰ ਪੰਜਾਬੀਆਂ ਨੇ ਪਰਵਾਸ ਲਈ ਹਜ਼ਾਰਾਂ ਕਰੋੜ ਰੁਪਏ ਉਧਾਰ ਲਏ ਹਨ।ਪਰਵਾਸੀ ਯੂਥ ਉਦਾਸ ਤੇ ਨਿਰਾਸ਼ ਹੋ ਕੇ ਵਿਦੇਸ਼ਾਂ ਵਿੱਚ ਭਟਕ ਰਿਹਾ ਹੈ - ਘਰ ਵਾਪਸੀ ਘੱਟ, ਉਧਾਰੀਆਂ ਵਧੀਆਂ ਤੇ ਪਰਿਵਾਰ ਟੁੱਟ ਰਹੇ ਹਨ। ਇਸ ਨੇ ਆਰਥਿਕ ਤੇ ਮਾਨਸਿਕ ਬੋਝ ਵਧਾਇਆ ਹੈ। ਘਟੀਆ ਸਿੱਖਿਆ, ਬੇਰੁਜ਼ਗਾਰੀ ਤੇ ਭਟਕਣ ਦਾ ਚੱਕਰ ਯੂਥ ਨੂੰ ਖਤਮ ਕਰ ਰਿਹਾ ਹੈ।

ਹੁਣ ਇਹ ਵਿਸ਼ਾਣੂ ਪੰਜਾਬ ਦੀ ਭਵਿੱਖੀ ਪੀੜ੍ਹੀ ਨੂੰ ਖਾਲੀ ਖੋਲ ਬਣਾ ਰਿਹਾ ਹੈ। ਕਿਸਾਨੀ ਦੀ ਬਰਬਾਦੀ ਨੂੰ ਛੋਟੀਆਂ ਜੋਤਾਂ, ਵੱਧਦਾ ਕਰਜ਼ਾ ਤੇ ਆਤਮਹੱਤਿਆਵਾਂ ਦਾ ਸਿਲਸਿਲਾਪੰਜਾਬ ਦੀ ਕਿਸਾਨੀ ਇੱਕ ਘਾਤਕ ਚੱਕਰਵਿਊਹ ਵਿੱਚ ਫਸੀ ਹੋਈ ਹੈ। ਗ੍ਰੀਨ ਰੈਵੋਲਿਊਸ਼ਨ ਤੋਂ ਬਾਅਦ ਵੀ ਔਸਤ ਖੇਤੀ ਘਰਾਣਾ ਮਾਤਰ 2 ਏਕੜ ਤੱਕ ਸੀਮਤ ਹੈ ਤੇ 77% ਆਤਮਹੱਤਿਆਵਾਂ ਛੋਟੇ ਤੇ ਮੱਧਮ ਕਿਸਾਨਾਂ ਵੱਲੋਂ ਹਨ। NCRB ਅਨੁਸਾਰ 2019 ਵਿੱਚ 302 ਤੋਂ 2023 ਵਿੱਚ 174 ਫਾਰਮ ਸੁਸਾਈਡ ਘਟੇ ਹਨ, ਪਰ ਕਿਸਾਨ ਯੂਨੀਅਨਾਂ ਇਸ ਨੂੰ ਬਹੁਤ ਅੰਡਰ-ਰਿਪੋਰਟਿਡ ਮੰਨਦੀਆਂ ਹਨ - ਅਸਲ ਅੰਕੜਾ ਬਹੁਤ ਵੱਧ ਹੈ, ਖਾਸ ਕਰ ਮਾਲਵਾ ਖੇਤਰ ਵਿੱਚ।ਔਸਤ ਕਰਜ਼ਾ ਪ੍ਰਤੀ ਖੇਤੀ ਘਰਾਣਾ ?2.03 ਲੱਖ ਹੈ ਤੇ 54% ਤੋਂ ਵੱਧ ਘਰਾਣੇ ਕਰਜ਼ੇ ਵਿੱਚ ਹਨ। ਕੁੱਲ ਫਾਰਮ ਲੋਨ 1 ਲੱਖ ਕਰੋੜ ਤੋਂ ਵੱਧ ਤੱਕ ਪਹੁੰਚ ਗਿਆ ਹੈ।

PAU ਅਧਿਐਨ ਅਨੁਸਾਰ 80-89% ਖੇਤੀ ਘਰਾਣੇ ਕਰਜ਼ੇ ਵਿੱਚ ਹਨ ਤੇ ਔਸਤ ਰਕਮ ਇਸ ਤੋਂ ਵੀ ਵੱਧ ਹੋ ਸਕਦੀ ਹੈ। ਛੋਟੀਆਂ ਜੋਤਾਂ ਕਾਰਨ ਆਮਦਨ ਘੱਟ ਹੈ, ਖਰਚ ਵੱਧ (ਖਾਦ, ਬੀਜ, ਮਜ਼ਦੂਰੀ, ਇਰੀਗੇਸ਼ਨ), ਤੇ ਉਤਪਾਦਨ ਲਾਗਤ ਤੋਂ ਵੱਧ ਨਹੀਂ ਹੋ ਰਹੀ। ਮੋਨੋਕਲਚਰ (ਗੰਦਮ-ਝੋਨਾ) ਨੇ ਮਿੱਟੀ ਖਰਾਬ ਕੀਤੀ, ਭੂਗਰਭ ਜਲ ਘਟਿਆ (80% ਖੇਤਰ ਓਵਰ-ਐਕਸਪਲਾਇਟਿਡ) ਤੇ ਕੈਂਸਰ ਰੇਟ ਵਧਿਆ ਹੈ।ਵੱਡੀਆਂ ਜੋਤਾਂ ਵਾਲੇ ਧਨੀ ਕਿਸਾਨ ਲਾਭ ਉਠਾ ਰਹੇ ਹਨ, ਪਰ ਛੋਟੇ ਕਿਸਾਨ ਬਰਬਾਦ ਹੋ ਰਹੇ ਹਨ। ਇਸ ਵਿਭਾਜਨ ਨੇ ਸਮਾਜਿਕ ਅਸਮਾਨਤਾ ਵਧਾਈ ਹੈ ਤੇ ਕਰਜ਼ਾ ਇੱਕ ਮੌਤ ਦਾ ਫੰਦਾ ਬਣ ਗਿਆ ਹੈ। ਇਹ ਤਬਾਹੀ ਰੋਜ਼ਾਨਾ ਚੱਲ ਰਹੀ ਹੈ ਤੇ ਕੋਈ ਵੀ ਰਾਜਨੀਤਿਕ ਪਾਰਟੀ ਇਸ ਨੂੰ ਅਸਲ ਵਿੱਚ ਹੱਲ ਨਹੀਂ ਕਰ ਰਹੀ।

ਅੱਜ ਰਾਜਨੀਤਿਕ ਪਾਰਟੀਆਂ ਦਾ ਗੰਦਾ ਖੇਲਣ ਦਾ ਫਾਇਦਾ ਉਠਾਉਣ ਵਾਲੀਆਂ ਗੋਟੀਆਂ ਤੇ ਪਾਪੂਲਿਜ਼ਮਰਾਜਨੀਤਿਕ ਪਾਰਟੀਆਂ ਯੂਥ ਤੇ ਕਿਸਾਨਾਂ ਦੋਵਾਂ ਤੋਂ ਫਾਇਦਾ ਉਠਾ ਰਹੀਆਂ ਹਨ। ਕਿਸਾਨ ਅੰਦੋਲਨਾਂ ਨੂੰ ਰਾਜਨੀਤੀਕਰਨ ਕੀਤਾ ਗਿਆ, ਪਰ ਅਸਲ ਮੁੱਦੇ (ਕਰਜ਼ਾ ਮੁਆਫੀ, ਖੇਤੀ ਡਾਇਵਰਸੀਫਿਕੇਸ਼ਨ, ਬਿਹਤਰ ਆਮਦਨ) ਹੱਲ ਨਹੀਂ ਹੋਏ। ਫ੍ਰੀਬੀਜ਼ ਤੇ ਪਾਪੂਲਿਜ਼ਮ ਨੇ ਰਾਜ ਦਾ ਕਰਜ਼ਾ ਵਧਾਇਆ ਤੇ NITI ਆਇਓਗ ਦੇ ਫਿਸਕਲ ਹੈਲਥ ਇੰਡੈਕਸ ਵਿੱਚ ਪੰਜਾਬ ਲਗਾਤਾਰ ਆਖਰੀ ਰੈਂਕ ਤੇ ਹੈ (2023-24 ਵਿੱਚ ਸਕੋਰ ਸਿਰਫ 12.4)। ਡੈਬਟ ਟੂ GSDP ਰੇਸ਼ੋ 48% ਤੋਂ ਵੱਧ ਹੈ ਤੇ ਵਿਆਜ ਭੁਗਤਾਨ ਰੈਵੇਨਿਊ ਦਾ ਵੱਡਾ ਹਿੱਸਾ ਖਾ ਰਿਹਾ ਹੈ।ਪਾਰਟੀਆਂ ਯੂਥ ਨੂੰ ਪਰਵਾਸ ਤੇ ਗੈਂਗ ਕਲਚਰ ਵੱਲ ਭਟਕਣ ਦਾ ਇਲਜ਼ਾਮ ਇੱਕ ਦੂਜੇ ਤੇ ਲਾਉਂਦੀਆਂ ਹਨ, ਪਰ ਆਪਣੀਆਂ ਰਾਜਨੀਤਿਕ ਖੇਤਰਾਂ ਵਿੱਚ ਗੋਟੀਆਂ ਬਿਠਾਉਂਦੀਆਂ ਹਨ।

ਇਸ ਨੇ ਯੂਥ ਤੇ ਕਿਸਾਨਾਂ ਵਿੱਚ ਡੂੰਘੀ ਨਿਰਾਸ਼ਾ ਵਧਾਈ ਹੈ - ਉਹ ਭਟਕ ਰਹੇ ਹਨ, ਉਦਾਸ ਹਨ ਤੇ ਸਿਸਟਮ ਤੋਂ ਪੂਰੀ ਤਰ੍ਹਾਂ ਬੇਭਰੋਸ ਹੋ ਗਏ ਹਨ। ਅੱਜ ਅਰਥਚਾਰਾ ਤੇ ਸਮਾਜਿਕ ਤਬਾਹੀ, ਉਦਾਸੀ, ਨਸ਼ਾ ਤੇ ਨਿਰਾਸ਼ਾ ਦੀ ਲਹਿਰਪੰਜਾਬ ਦਾ GSDP ਗ੍ਰੋਥ ਰਾਸ਼ਟਰੀ ਔਸਤ ਤੋਂ ਘੱਟ ਹੈ ਤੇ ਖੇਤੀ ਤੇ ਉਦਯੋਗ ਘਟ ਰਹੇ ਹਨ। ਯੂਥ ਅਨੈਮਪਲਾਇਮੈਂਟ ਤੇ ਪਰਵਾਸ ਨੇ ਲੇਬਰ ਫੋਰਸ ਨੂੰ ਖਾਲੀ ਕੀਤਾ ਹੈ। ਸਮਾਜਿਕ ਤੌਰ ਤੇ ਉਦਾਸੀ ਫੈਲੀ ਹੋਈ ਹੈ - ਪਰਿਵਾਰ ਟੁੱਟ ਰਹੇ ਹਨ, ਨਸ਼ਾ ਵਧ ਰਿਹਾ ਹੈ (ਲੱਖਾਂ ਯੂਥ ਤੇ ਬੱਚੇ ਪ੍ਰਭਾਵਿਤ), ਤੇ ਗੈਂਗ ਵਾਇਲੈਂਸ ਪਬਲਿਕ ਇਵੈਂਟਾਂ ਤੱਕ ਪਹੁੰਚ ਗਿਆ ਹੈ। ਐਨਸੀਬੀ ਅਨੁਸਾਰ ਯੂਥ ਵਿੱਚ ਡਰੱਗ ਐਬਿਊਜ਼ ਭਿਆਨਕ ਹੈ ਤੇ ਇਸ ਨਾਲ ਜੁੜੀਆਂ ਸਮੱਸਿਆਵਾਂ ਵਧ ਰਹੀਆਂ ਹਨ।

ਇਹ ਨਿਰਾਸ਼ਾ ਇੱਕ ਘਾਤਕ ਚੱਕਰ ਹੈ। ਘਟੀਆ ਸਿੱਖਿਆ ਬੇਰੁਜ਼ਗਾਰੀ ਪਰਵਾਸ ਜਾਂ ਗੈਂਗ/ਨਸ਼ਾ ਆਰਥਿਕ ਤਬਾਹੀ ? ਹੋਰ ਨਿਰਾਸ਼ਾ ਤੇ ਉਦਾਸੀ। ਛੋਟੀਆਂ ਜੋਤਾਂ ਤੇ ਕਰਜ਼ਾ ਕਿਸਾਨੀ ਨੂੰ ਮੌਤ ਵੱਲ ਧੱਕ ਰਿਹਾ ਹੈ, ਜਦਕਿ ਰਾਜਨੀਤੀ ਇਸ ਨੂੰ ਵੋਟ ਬੈਂਕ ਵਜੋਂ ਵਰਤ ਰਹੀ ਹੈ।

ਅੱਜ ਜ਼ਰੂਰਤ ਹੈ, ਜਾਗੋ ਪੰਜਾਬ, ਵਰਨਾ ਇਹ ਬਰਬਾਦੀ ਅਟੱਲ ਹੈ । ਪੰਜਾਬ ਦੀ ਇਸ ਤਸਵੀਰ ਵਿੱਚ ਗੈਂਗਸਟਰ ਗੀਤਾਂ ਦੀ ਘਟੀਆ ਸਤਰ, ਸਿੱਖਿਆ ਦਾ ਨਿਘਾਰ, ਯੂਥ ਦਾ ਭਟਕਣਾ ਪਰਵਾਸ, ਕਿਸਾਨੀ ਦੀ ਖੂਨ ਵਹਾਉਂਦੀ ਬਰਬਾਦੀ ਤੇ ਰਾਜਨੀਤਿਕ ਗੰਦਾ ਖੇਲ ਨੇ ਇੱਕ ਭਿਆਨਕ ਚਿੱਤਰ ਬਣਾਇਆ ਹੈ। ਲੱਖਾਂ ਨੌਜਵਾਨ ਭਟਕ ਰਹੇ ਹਨ, ਕਿਸਾਨ ਉਦਾਸ ਤੇ ਨਿਰਾਸ਼ ਹਨ ਤੇ ਪੂਰਾ ਸਮਾਜ ਖੋਖਲਾ ਹੋ ਰਿਹਾ ਹੈ।ਇਸ ਤੋਂ ਬਚਣ ਲਈ ਤਿੱਖੀ ਤੇ ਤੁਰੰਤ ਕਾਰਵਾਈ ਲੋੜੀਂਦੀ ਹੈ - ਸਿੱਖਿਆ ਵਿੱਚ ਗੁਣਵੱਤਾ ਸੁਧਾਰ, ਖੇਤੀ ਡਾਇਵਰਸੀਫਿਕੇਸ਼ਨ ਤੇ ਬਿਹਤਰ ਆਮਦਨ, ਰੁਜ਼ਗਾਰ ਸਿਰਜਣਾ, ਗੈਂਗਸਟਰ ਤੇ ਨਸ਼ੇ ਖਿਲਾਫ ਬੇਰਿਹਮੀ ਨਾਲ ਸਖ਼ਤੀ, ਤੇ ਰਾਜਨੀਤੀ ਤੋਂ ਉੱਪਰ ਉੱਠ ਕੇ ਸੋਚਣਾ। ਫ੍ਰੀਬੀਜ਼ ਤੇ ਪਾਪੂਲਿਜ਼ਮ ਛੱਡ ਕੇ ਅਸਲ ਸੁਧਾਰ ਲਿਆਓ।

ਆਓ ਪੰਜਾਬ ਵਾਸੀਓ, ਇਹ ਤੁਹਾਡੀ ਧਰਤੀ ਹੈ - ਇਸ ਨੂੰ ਬਚਾਓ। ਵਰਨਾ ਇਹ ਬਦਲਦਾ ਪੁਨਰ-ਸਮਾਜ ਇੱਕ ਖਾਲੀ, ਉਦਾਸ ਤੇ ਬਰਬਾਦ ਖੋਲ ਬਣ ਜਾਵੇਗਾ, ਜਿੱਥੇ ਸਿਰਫ ਨਿਰਾਸ਼ਾ ਤੇ ਮੌਤ ਰਾਜ ਕਰੇਗੀ। ਜਾਗੋ, ਲੜੋ ਤੇ ਬਦਲਾਅ ਲਿਆਓ - ਇਸ ਤੋਂ ਪਹਿਲਾਂ ਕਿ ਬਹੁਤ ਦੇਰ ਹੋ ਜਾਵੇ। ਇਹ ਤੁਹਾਡੀ ਆਖਰੀ ਲੜਾਈ ਹੈ।

ਇਸ ਲੇਖ ਵਿੱਚ ਵਰਤੇ ਗਏ ਅੰਕੜੇ NCRB, PLFS, PAU, NITI ਆਇਓਗ ਤੇ ਹੋਰ ਤਾਜ਼ਾ ਰਿਪੋਰਟਾਂ ਤੋਂ ਲਏ ਗਏ ਹਨ।

## ਇੱਕ ਇਤਿਹਾਸਕ ਨਿਰਖ-ਪਰਖ (ਮਾਰਚ 2026)

# ਭਾਰਤ ਦੀ ਊਰਜਾ ਸੁਰੱਖਿਆ ਅਤੇ ਤੇਲ ਦੀ ਸਿਆਸਤ



ਵਿੰਕਲਜੀਤ ਸਿੰਘ ਸਰਾ
9501477889

**ਊਰਜਾ ਸੰਕਟ ਦੀ ਦਹਿਲੀਜ਼ 'ਤੇ ਖੜ੍ਹਾ ਭਾਰਤ** : ਅੱਜ ਦੇ ਆਧੁਨਿਕ ਯੁੱਗ ਵਿੱਚ ਜੇਕਰ ਕਿਸੇ ਦੇਸ਼ ਦੀ ਤਰੱਕੀ ਦੀ ਰਫ਼ਤਾਰ ਨੂੰ ਮਾਪਣਾ ਹੋਵੇ ਤਾਂ ਉਸ ਦੇ ਤੇਲ ਅਤੇ ਗੈਸ ਦੇ ਭੰਡਾਰਾਂ ਵੱਲ ਦੇਖਣਾ ਪੈਂਦਾ ਹੈ। ਸਾਲ 2026 ਦੇ ਮਾਰਚ ਮਹੀਨੇ ਵਿੱਚ ਜਦੋਂ ਅਸੀਂ ਇਸ ਲੇਖ ਰਾਹੀਂ ਵਰਤਮਾਨ ਹਾਲਾਤਾਂ ਦੀ ਪੜਚੋਲ ਕਰ ਰਹੇ ਹਾਂ ਤਾਂ ਦੁਨੀਆ ਇੱਕ ਬਹੁਤ ਹੀ ਖ਼ਤਰਨਾਕ ਮੋੜ 'ਤੇ ਖੜ੍ਹੀ ਹੈ। ਪੱਛਮੀ ਏਸ਼ੀਆ (Middle East) ਵਿੱਚ ਇਜ਼ਰਾਈਲ ਅਤੇ ਈਰਾਨ ਵਿਚਾਲੇ ਭੜਕੀ ਸਿੱਧੀ ਜੰਗ ਨੇ ਸਿਰਫ਼ ਦੋ ਦੇਸ਼ਾਂ ਨੂੰ ਹੀ ਨਹੀਂ ਬਲਕਿ ਪੂਰੀ ਦੁਨੀਆ ਦੀ ਆਰਥਿਕ ਸਪਲਾਈ ਚੇਨ ਨੂੰ ਤਬਾਹ ਕਰ ਦਿੱਤਾ ਹੈ। ਭਾਰਤ ਲਈ ਇਹ ਸਥਿਤੀ ਸਭ ਤੋਂ ਵੱਧ ਚੁਣੌਤੀਪੂਰਨ ਹੈ ਕਿਉਂਕਿ ਸਾਡੀ ਰਸੋਈ ਤੋਂ ਲੈ ਕੇ ਸਾਡੀਆਂ ਸੜਕਾਂ 'ਤੇ ਚੱਲਣ ਵਾਲੀਆਂ ਗੱਡੀਆਂ ਤੱਕ ਸਭ ਕੁਝ ਉਸ ਕਾਲੇ ਸੋਨੇ (ਕੱਚੇ ਤੇਲ) 'ਤੇ ਨਿਰਭਰ ਹੈ ਜੋ ਹਜ਼ਾਰਾਂ ਮੀਲ ਦੂਰੋਂ ਸਮੁੰਦਰੀ ਰਸਤਿਆਂ ਰਾਹੀਂ ਸਾਡੇ ਤੱਕ ਪਹੁੰਚਦਾ ਹੈ।

**ਇਜ਼ਰਾਈਲ-ਈਰਾਨ ਜੰਗ; ਕੀ ਵਾਕਿਆ ਹੀ ਸਾਡੀ LPG ਸੁਰੱਖਿਅਤ ਹੈ** : ਮੌਜੂਦਾ ਜੰਗੀ ਹਾਲਾਤਾਂ ਵਿੱਚ ਸਭ ਤੋਂ ਵੱਡਾ ਖ਼ਤਰਾ ਹੋਰਮੁਜ਼ ਦੀ ਜਲਡਮਰੂ (Strait of Hormuz) @ਤੇ ਬਣਿਆ ਹੋਇਆ ਹੈ। ਇਹ ਉਹ ਤੰਗ ਸਮੁੰਦਰੀ ਰਸਤਾ ਹੈ ਜਿੱਥੋਂ ਦੁਨੀਆ ਦਾ ਇੱਕ-ਤਿਹਾਈ ਤੇਲ ਲੰਘਦਾ ਹੈ। ਭਾਰਤ ਦੀ LPG (ਰਸੋਈ ਗੈਸ) ਦਾ ਲਗਭਗ 60-70% ਹਿੱਸਾ ਕਤਰ ਅਤੇ ਸਾਊਦੀ ਅਰਬ ਤੋਂ ਇਸੇ ਰਸਤੇ ਰਾਹੀਂ ਆਉਂਦਾ ਹੈ। ਈਰਾਨ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਇਜ਼ਰਾਈਲ ਨੇ ਉਸ ਦੇ ਤੇਲ ਦੇ ਖੂਹਾਂ 'ਤੇ ਹਮਲਾ ਕੀਤਾ ਤਾਂ ਉਹ ਇਸ ਰਸਤੇ ਨੂੰ ਪੂਰੀ ਤਰ੍ਹਾਂ ਬੰਦ ਕਰ ਦੇਵੇਗਾ। ਇੱਥੇ ਇੱਕ ਕੌੜੀ ਸੱਚਾਈ ਇਹ ਹੈ ਕਿ ਜੇਕਰ ਇਹ ਰਸਤਾ ਸਿਰਫ਼ 15 ਦਿਨਾਂ ਲਈ ਵੀ ਬੰਦ ਹੁੰਦਾ ਹੈ ਤਾਂ ਭਾਰਤ ਵਿੱਚ LPG ਸਿਲੰਡਰਾਂ ਦੀ ਵੇਟਿੰਗ (Waiting) ਮਹੀਨਿਆਂ ਤੱਕ ਪਹੁੰਚ ਜਾਵੇਗੀ। ਸਰਕਾਰ ਵੱਲੋਂ ਜਨਤਾ ਨੂੰ ਭਰੋਸਾ ਦਿੱਤਾ ਜਾ ਰਿਹਾ ਹੈ ਕਿ ਸਪਲਾਈ ਜਾਰੀ ਰਹੇਗੀ ਪਰ ਸੱਚਾਈ ਇਹ ਹੈ ਕਿ ਅਸੀਂ ਇੱਕ ਬਹੁਤ ਹੀ ਪਤਲੀ ਤਾਰ 'ਤੇ ਚੱਲ ਰਹੇ ਹਾਂ। ਕੀਮਤਾਂ ਵਿੱਚ ਵਾਧਾ ਸਿਰਫ਼ ਤੇਲ ਕੰਪਨੀਆਂ ਦਾ ਫ਼ੈਸਲਾ ਨਹੀਂ ਬਲਕਿ ਇਸ ਵਿਸ਼ਵਵਿਆਪੀ ਜੰਗ ਦਾ ਸਿੱਧਾ ਨਤੀਜਾ ਹੈ।

**ਰੂਸੀ ਤੇਲ ਦੀ ਪਹੇਲੀ; ਅਮਰੀਕਾ ਦਾ ਦਬਾਅ ਜਾਂ ਰਣਨੀਤਕ ਮਜ਼ਬੂਰੀ ?** : ਸਾਲ 2022 ਤੋਂ ਬਾਅਦ ਰੂਸ ਭਾਰਤ ਦਾ ਸਭ ਤੋਂ ਵੱਡਾ ਤੇਲ ਸਪਲਾਇਰ ਬਣ ਕੇ ਉੱਭਰਿਆ ਸੀ। ਪਰ 2025 ਦੇ ਅਖੀਰ ਵਿੱਚ ਅਸੀਂ ਦੇਖਿਆ ਕਿ ਭਾਰਤ ਨੇ ਰੂਸ ਤੋਂ ਤੇਲ ਲੈਣਾ ਘੱਟ ਕਰ ਦਿੱਤਾ। ਬਹੁਤ ਸਾਰੇ ਮਾਹਰ ਇਸ ਨੂੰ ਅਮਰੀਕਾ ਦੇ ਡਰ ਵਜੋਂ ਦੇਖਦੇ ਹਨ ਪਰ ਇਸ ਦੀ ਨਿਰਖ-ਪਰਖ ਕਰਨ 'ਤੇ ਕੁਝ ਹੋਰ ਹੀ ਤੱਥ ਸਾਹਮਣੇ ਆਉਂਦੇ ਹਨ। ਅਸਲ ਵਿੱਚ ਅਮਰੀਕਾ ਨੇ ਰੂਸੀ ਤੇਲ 'ਤੇ ਪ੍ਰਾਈਸ ਕੈਪ (Price Cap) ਲਗਾ ਦਿੱਤੀ ਸੀ ਜਿਸ ਦਾ ਮਤਲਬ ਸੀ ਕਿ ਕੋਈ ਵੀ ਦੇਸ਼ ਇੱਕ ਨਿਸ਼ਚਿਤ ਕੀਮਤ ਤੋਂ ਵੱਧ ਪੈਸੇ ਰੂਸ ਨੂੰ ਨਹੀਂ ਦੇ ਸਕਦਾ। ਜਦੋਂ ਰੂਸ ਨੇ ਡਿਸਕਾਊਂਟ ਦੇਣਾ ਬੰਦ ਕਰ ਦਿੱਤਾ ਤਾਂ ਭਾਰਤ ਲਈ ਰੂਸੀ ਤੇਲ ਖਰੀਦਣਾ ਮਹਿੰਗਾ ਪੈਣ ਲੱਗਾ ਕਿਉਂਕਿ ਉਸ 'ਤੇ ਲੱਗਣ ਵਾਲਾ ਭਾੜਾ (Freight) ਅਤੇ ਇੰਸ਼ੋਰੈਂਸ (Insurance) ਬਹੁਤ ਜ਼ਿਆਦਾ ਸੀ। ਪਰ ਹੁਣ ਮਾਰਚ 2026 ਵਿੱਚ ਜਦੋਂ ਅਰਬ ਦੇਸ਼ਾਂ ਵਿੱਚ ਜੰਗ ਲੱਗੀ ਹੈ ਭਾਰਤ ਨੇ ਦੁਬਾਰਾ ਰੂਸ ਨਾਲ ਗੁਪਤ ਸਮਝੌਤੇ ਕੀਤੇ ਹਨ। ਇਹ ਭਾਰਤ ਦੀ "Foreign Policy" ਦੀ ਜਿੱਤ ਹੈ ਕਿ ਅਸੀਂ ਅਮਰੀਕਾ ਦੀ ਦੋਸਤੀ ਵੀ ਨਿਭਾ ਰਹੇ ਹਾਂ ਅਤੇ ਰੂਸ ਤੋਂ ਆਪਣਾ ਤੇਲ ਵੀ ਲੈ ਰਹੇ ਹਾਂ।

**ਭਾਰਤ ਦੀ ਧਰਤੀ ਵਿੱਚ ਤੇਲ ਕਿਉਂ ਨਹੀਂ ?** : ਇੱਕ ਆਮ ਭਾਰਤੀ ਦੇ ਮਨ ਵਿੱਚ ਇਹ ਸਵਾਲ ਉੱਠਦਾ ਹੈ ਕਿ ਅਸੀਂ ਆਪਣੀ ਧਰਤੀ ਵਿੱਚੋਂ ਤੇਲ ਕਿਉਂ ਨਹੀਂ ਕੱਢਦੇ ? ਕੀ ਸਾਡੇ ਇੰਜੀਨੀਅਰ ਕਾਬਲ ਨਹੀਂ ਹਨ ? ਨਹੀਂ, ਅਸਲ ਕਾਰਨ ਭੂਗੋਲਿਕ (Geological) ਹੈ। ਭਾਰਤ ਦੇ ਕੋਲ ਜੋ ਤੇਲ ਦੇ ਭੰਡਾਰ ਹਨ ਉਹ ਬਹੁਤ ਛੋਟੇ ਅਤੇ ਖਿੰਡੇ ਹੋਏ ਹਨ। ਖਰਚਾ: ਸਾਊਦੀ ਅਰਬ ਵਿੱਚ ਇੱਕ ਬੈਰਲ ਤੇਲ ਕੱਢਣ ਦਾ ਖਰਚਾ ਲਗਭਗ £5-10 ਆਉਂਦਾ ਹੈ ਜਦਕਿ ਭਾਰਤ ਦੇ ਪੁਰਾਣੇ ਖੂਹਾਂ ਵਿੱਚੋਂ ਤੇਲ ਕੱਢਣ ਦਾ ਖਰਚਾ £40-50 ਤੱਕ ਪਹੁੰਚ ਜਾਂਦਾ ਹੈ। ਤਕਨੀਕ: ਸਾਡੇ ਕੋਲ ਮੌਜੂਦ ਤੇਲ 'Deep Sea' (ਡੂੰਘੇ ਸਮੁੰਦਰ) ਵਿੱਚ ਹੈ। ਉੱਥੋਂ ਤੇਲ ਕੱਢਣ ਲਈ ਜਿਸ ਉੱਚ-ਪੱਧਰੀ ਤਕਨੀਕ ਦੀ ਲੋੜ ਹੈ ਉਹ ਦੁਨੀਆ ਦੀਆਂ ਸਿਰਫ਼ 3-4 ਵੱਡੀਆਂ ਕੰਪਨੀਆਂ ਕੋਲ ਹੀ ਹੈ ਜੋ ਭਾਰਤ ਵਿੱਚ ਨਿਵੇਸ਼ ਕਰਨ ਤੋਂ ਡਰਦੀਆਂ ਹਨ। ਡੂੰਘੇ ਸਮੁੰਦਰ (Deep Sea) ਵਿੱਚੋਂ ਤੇਲ ਕੱਢਣ ਦੀ ਮਹਾਰਤ ਰੱਖਣ ਵਾਲੀਆਂ ਉਹ 3-4 ਪ੍ਰਮੁੱਖ ਵਿਸ਼ਵਵਿਆਪੀ ਕੰਪਨੀਆਂ ਮੁੱਖ ਤੌਰ 'ਤੇ ਅਮਰੀਕਾ ਅਤੇ ਯੂਰਪ ਦੀਆਂ ਹਨ ਜਿਨ੍ਹਾਂ ਵਿੱਚ ExxonMobil (ਅਮਰੀਕਾ), Chevron (ਅਮਰੀਕਾ), Shell (ਨੀਦਰਲੈਂਡ/ਬਰਤਾਨੀਆ) ਅਤੇ TotalEnergies (ਫਰਾਂਸ) ਸ਼ਾਮਲ ਹਨ। ਇਹਨਾਂ ਕੰਪਨੀਆਂ ਦਾ ਵਿਸ਼ਵਾਸ ਜਿੱਤਣ ਲਈ ਭਾਰਤ ਨੂੰ ਸਭ ਤੋਂ ਪਹਿਲਾਂ ਆਪਣੇ ਟੈਕਸ ਢਾਂਚੇ ਅਤੇ ਨਿਯਮਾਂ (Regulatory Framework) ਵਿੱਚ ਸਥਿਰਤਾ ਲਿਆਉਣੀ ਪਵੇਗੀ ਕਿਉਂਕਿ ਇਹ ਕੰਪਨੀਆਂ ਅਕਸਰ ਗੁੰਝਲਦਾਰ ਕਾਨੂੰਨੀ ਪ੍ਰਕਿਰਿਆਵਾਂ ਅਤੇ ਟੈਕਸ ਵਿਵਾਦਾਂ ਕਾਰਨ ਨਿਵੇਸ਼ ਤੋਂ ਡਰਦੀਆਂ ਹਨ। ਭਾਰਤ ਨੂੰ ਪ੍ਰੋਫਿਟ ਸ਼ੇਅਰਿੰਗ ਮਾਡਲ ਦੀ ਥਾਂ ਵਧੇਰੇ ਉਦਾਰ ਰੈਵੇਨਿਊ ਸ਼ੇਅਰਿੰਗ ਨੀਤੀ ਨੂੰ ਸਖ਼ਤੀ ਨਾਲ ਲਾਗੂ ਕਰਨਾ ਪਵੇਗਾ ਅਤੇ ਇਹਨਾਂ ਕੰਪਨੀਆਂ ਨੂੰ ਇਹ ਭਰੋਸਾ ਦਿਵਾਉਣਾ ਪਵੇਗਾ ਕਿ ਉਹਨਾਂ ਦੀ ਮਹਿੰਗੀ ਤਕਨੀਕ ਅਤੇ ਲੰਬੇ ਸਮੇਂ ਦੇ ਨਿਵੇਸ਼ 'ਤੇ ਸਰਕਾਰੀ ਦਖ਼ਲਅੰਦਾਜ਼ੀ ਘੱਟ ਹੋਵੇਗੀ। ਇਸ ਤੋਂ ਇਲਾਵਾ ਤੇਲ ਖੋਜਣ ਦੇ ਖੇਤਰਾਂ (Oil Blocks) ਦੀ ਨਿਲਾਮੀ ਪ੍ਰਕਿਰਿਆ ਨੂੰ ਹੋਰ ਪਾਰਦਰਸ਼ੀ ਬਣਾ ਕੇ ਅਤੇ ਈਜ਼ ਆਫ ਡੂਇੰਗ ਬਿਜ਼ਨਸ ਨੂੰ ਹਕੀਕਤ ਵਿੱਚ ਲਾਗੂ ਕਰਕੇ ਹੀ ਭਾਰਤ ਇਹਨਾਂ ਵਿਸ਼ਵ ਦਿੱਗਜਾਂ ਨੂੰ ਆਪਣੇ ਤੱਟਾਂ ਵੱਲ ਖਿੱਚ ਸਕਦਾ ਹੈ। ਇਹੀ ਕਾਰਨ ਹੈ ਕਿ ਅਸੀਂ ਚਾਹ ਕੇ ਵੀ ਰਾਤੋ-ਰਾਤ ਆਪਣੀ ਪੈਦਾਵਾਰ ਨਹੀਂ ਵਧਾ ਸਕਦੇ। ਅਸੀਂ ਆਪਣੀ ਲੋੜ ਦਾ ਸਿਰਫ਼ 10% ਹੀ ਪੈਦਾ ਕਰ ਪਾ ਰਹੇ ਹਾਂ ਜੋ ਕਿ ਇੱਕ ਚਿੰਤਾਜਨਕ ਅੰਕੜਾ ਹੈ।

**ਕੀ ਜਨਤਾ ਨੂੰ ਅਸਲੀਅਤ ਤੋਂ ਦੂਰ ਰੱਖਿਆ ਜਾ ਰਿਹਾ ਹੈ ?** : ਸਰਕਾਰੀ ਪ੍ਰਚਾਰ ਅਨੁਸਾਰ ਭਾਰਤ ਕੋਲ "Strategic Petroleum Reserves" ਹਨ। ਆਓ ਇਸ ਦੀ ਬਾਰੀਕੀ ਨਾਲ ਪੜਚੋਲ ਕਰੀਏ। ਭਾਰਤ ਕੋਲ ਤਿੰਨ ਮੁੱਖ ਥਾਵਾਂ 'ਤੇ ਤੇਲ ਜਮ੍ਹਾਂ ਹੈ ਜੋ ਕੁੱਲ ਮਿਲਾ ਕੇ ਲਗਭਗ 39 ਮਿਲੀਅਨ ਬੈਰਲ ਬਣਦਾ ਹੈ। ਇਹ ਸੁਣਨ ਵਿੱਚ ਬਹੁਤ ਵੱਡਾ ਲੱਗਦਾ ਹੈ ਪਰ ਭਾਰਤ ਦੀ ਰੋਜ਼ਾਨਾ ਦੀ ਖਪਤ ਲਗਭਗ 5 ਮਿਲੀਅਨ ਬੈਰਲ ਹੈ। ਇਸ ਦਾ ਮਤਲਬ ਹੈ ਕਿ ਜੇਕਰ ਅੱਜ ਦੁਨੀਆ ਤੋਂ ਤੇਲ ਆਉਣਾ ਬੰਦ ਹੋ ਜਾਵੇ ਤਾਂ ਸਾਡੇ ਕੋਲ ਮੌਜੂਦ ਐਮਰਜੈਂਸੀ ਭੰਡਾਰ ਸਿਰਫ਼ 9-10 ਦਿਨ ਹੀ ਚੱਲਣਗੇ। ਬਾਕੀ ਦਾ ਸਟਾਕ ਤੇਲ ਕੰਪਨੀਆਂ ਦੇ ਟੈਂਕਾਂ ਵਿੱਚ ਹੁੰਦਾ ਹੈ ਜੋ ਸਾਨੂੰ 60-65 ਦਿਨ ਹੋਰ ਕੱਢ ਕੇ ਦੇ ਸਕਦਾ ਹੈ। ਕੁੱਲ ਮਿਲਾ ਕੇ ਸਾਡੇ ਕੋਲ 75 ਦਿਨਾਂ ਸਮਾਂ ਹੈ। ਜੇਕਰ ਜੰਗ ਇਸ ਤੋਂ ਲੰਬੀ ਚੱਲੀ ਤਾਂ ਦੇਸ਼ ਵਿੱਚ ਹਾਹਾਕਾਰ ਮੱਚਣੀ ਤੈਅ ਹੈ। ਇਸ ਲਈ ਜਨਤਾ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਹਾਲਾਤ ਓਨੇ ਸੁਖਾਲੇ ਨਹੀਂ ਹਨ ਜਿੰਨੇ ਦਿਖਾਏ ਜਾ ਰਹੇ ਹਨ।

**ਤੇਲ ਦੀ ਸਿਆਸਤ ਅਤੇ ਆਮ ਆਦਮੀ ਦੀ ਜੇਬ** : ਤੇਲ ਸਿਰਫ਼ ਇੱਕ ਬਾਲਣ ਨਹੀਂ ਬਲਕਿ ਇੱਕ "Political Tool" ਹੈ। ਜਦੋਂ ਤੇਲ ਮਹਿੰਗਾ ਹੁੰਦਾ ਹੈ ਤਾਂ ਸਿਰਫ਼ ਪੈਟਰੋਲ-ਡੀਜ਼ਲ ਹੀ ਮਹਿੰਗਾ ਨਹੀਂ ਹੁੰਦਾ ਬਲਕਿ ਸਬਜ਼ੀਆਂ, ਦੁੱਧ ਅਤੇ ਹਰ ਜ਼ਰੂਰੀ ਵਸਤੂ ਦੀ ਕੀਮਤ ਵਧ ਜਾਂਦੀ ਹੈ ਕਿਉਂਕਿ ਟਰਾਂਸਪੋਰਟ ਦਾ ਖਰਚਾ ਵਧ ਜਾਂਦਾ ਹੈ। ਸਾਲ 2026 ਦੇ ਮੱਧ ਤੱਕ ਭਾਰਤ ਵਿੱਚ ਮਹਿੰਗਾਈ ਦਰ (Inflation) ਦੇ ਵਧਣ ਦਾ ਸਭ ਤੋਂ ਵੱਡਾ ਕਾਰਨ ਇਹੀ ਤੇਲ ਸੰਕਟ ਹੋਵੇਗਾ। ਸਰਕਾਰ ਟੈਕਸ ਘਟਾ ਕੇ ਕੁਝ ਰਾਹਤ ਤਾਂ ਦੇ ਸਕਦੀ ਹੈ ਪਰ ਉਹ ਕਦੋਂ ਤੱਕ ਖ਼ਜ਼ਾਨੇ ਨੂੰ ਖਾਲੀ ਕਰੇਗੀ ? ਇਹ ਇੱਕ ਅਜਿਹਾ ਚੱਕਰ ਹੈ ਜਿਸ ਵਿੱਚ ਆਮ ਬੰਦਾ ਸਭ ਤੋਂ ਵੱਧ ਪੀਸਿਆ ਜਾਂਦਾ ਹੈ।

**ਭਾਰਤ ਦੀ ਨਵੀਂ ਊਰਜਾ ਨੀਤੀ; ਇੱਕ ਆਸ ਦੀ ਕਿਰਨ** : ਇਸ ਸਾਰੀ ਹਨੇਰੀ ਸਥਿਤੀ ਵਿੱਚ ਕੁਝ ਚੰਗੇ ਕਦਮ ਵੀ ਚੁੱਕੇ ਜਾ ਰਹੇ ਹਨ। ਭਾਰਤ ਹੁਣ ਆਪਣੀ ਨਿਰਭਰਤਾ ਨੂੰ ਵੰਡ ਰਿਹਾ ਹੈ। Ethanol Blending (ਇਥਾਨੌਲ ਦਾ ਸੁਮੇਲ): ਭਾਰਤ ਨੇ 2026 ਤੱਕ ਪੈਟਰੋਲ ਵਿੱਚ 20% ਇਥਾਨੌਲ ਮਿਲਾਉਣ ਦਾ ਟੀਚਾ ਹਾਸਲ ਕਰ ਲਿਆ ਹੈ। ਇਸ ਨਾਲ ਹਰ ਸਾਲ ਅਰਬਾਂ ਰੁਪਏ ਦਾ ਵਿਦੇਸ਼ੀ ਮੁਦਰਾ ਭੰਡਾਰ ਬਚ ਰਿਹਾ ਹੈ। Green Hydrogen (ਹਰੀ ਹਾਈਡ੍ਰੋਜਨ): ਭਾਰਤ ਦੁਨੀਆ ਦਾ ਹਾਈਡ੍ਰੋਜਨ ਹੱਬ ਬਣਨ ਦੀ ਕੋਸ਼ਿਸ਼ ਕਰ ਰਿਹਾ ਹੈ। ਜੇਕਰ ਅਗਲੇ 5-10 ਸਾਲਾਂ ਵਿੱਚ ਭਾਰਤ ਭਾਰੀ ਵਾਹਨ (Trucks/Buses) ਹਾਈਡ੍ਰੋਜਨ @ਤੇ ਚੱਲਣ ਲੱਗ ਪਏ ਤਾਂ ਸਾਡੀ ਤੇਲ ਦੀ ਲੋੜ 40% ਤੱਕ ਘਟ ਸਕਦੀ ਹੈ। Electric Revolution: ਸ਼ਹਿਰਾਂ ਵਿੱਚ ਇਲੈਕਟ੍ਰਿਕ ਸਕੂਟਰਾਂ ਅਤੇ ਕਾਰਾਂ ਦੀ ਵਧਦੀ ਗਿਣਤੀ ਭਵਿੱਖ ਦੀ ਇੱਕ ਸੁਖਦ ਤਸਵੀਰ ਪੇਸ਼ ਕਰਦੀ ਹੈ।

**ਵਿਸ਼ੇਸ਼ ਨਿਰਖ-ਪਰਖ; ਮਾਰਚ 2026** : ਮਾਰਚ 2026 ਦੀਆਂ ਤਾਜ਼ਾ ਰਿਪੋਰਟਾਂ ਭਾਰਤ ਲਈ ਇੱਕ ਗੰਭੀਰ ਚੇਤਾਵਨੀ ਜਾਰੀ ਕਰਦੀਆਂ ਹਨ। ਰਿਪੋਰਟਾਂ ਅਨੁਸਾਰ ਅਮਰੀਕਾ ਅਤੇ ਈਰਾਨ ਵਿਚਾਲੇ ਵਧ ਰਹੇ ਤਣਾਅ ਕਾਰਨ ਵਿਸ਼ਵ ਬਾਜ਼ਾਰ ਸਿਰਫ਼ ਆਰਥਿਕ ਨਹੀਂ ਬਲਕਿ ਇੱਕ ਵੱਡੀ ਭੂ-ਰਾਜਨੀਤਿਕ ਤਬਦੀਲੀ ਦੇ ਦੌਰ ਵਿੱਚੋਂ ਲੰਘ ਰਿਹਾ ਹੈ। ਇਹ ਜੰਗ ਲੰਬੇ ਸਮੇਂ ਤੱਕ ਚੱਲਣ ਵਾਲੀ ਹੈ ਜਿਸ ਨਾਲ ਅਨਿਸ਼ਚਿਤਤਾ ਵਧੇਗੀ। ਭਾਰਤ ਲਈ ਸਭ ਤੋਂ ਵੱਡਾ ਖ਼ਤਰਾ ਮਹਿੰਗਾਈ ਦਰ ਦਾ ਹੈ। ਜੇਕਰ ਕੱਚੇ ਤੇਲ ਦੀਆਂ ਕੀਮਤਾਂ ਉੱਚੀਆਂ ਰਹਿੰਦੀਆਂ ਹਨ ਤਾਂ ਆਉਣ ਵਾਲੇ ਮਹੀਨਿਆਂ ਵਿੱਚ ਭਾਰਤ ਦੀ ਪ੍ਰਚੂਨ ਮਹਿੰਗਾਈ ਦਰ 6% ਦੀ ਉਪਰਲੀ ਹੱਦ ਨੂੰ ਪਾਰ ਕਰਕੇ 6-7 ਫ਼ੀਸਦੀ ਦੇ ਵਿਚਕਾਰ ਜਾਂ ਇਸ ਤੋਂ ਵੀ ਉੱਪਰ ਜਾ ਸਕਦੀ ਹੈ। ਇਹ ਆਮ ਜਨਤਾ ਦੀ ਖਰੀਦ ਸ਼ਕਤੀ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰੇਗਾ। ਇਸ ਜੰਗ ਦੇ ਇੱਕ ਹੋਰ ਪਹਿਲੂ ਹੈ। ਇਸ ਜੰਗ ਦੀ ਮਾਰ ਸਿਰਫ਼ ਵੱਡੇ ਕਾਰੋਬਾਰਾਂ 'ਤੇ ਨਹੀਂ, ਬਲਕਿ ਕਿਰਤੀਆਂ ਦੀ ਜ਼ਿੰਦਗੀ 'ਤੇ ਵੀ ਪਵੇਗੀ। ਤੇਲ ਦੀਆਂ ਕੀਮਤਾਂ ਵਧਣ ਨਾਲ ਟਰਾਂਸਪੋਰਟ ਮਹਿੰਗੀ ਹੋਵੇਗੀ ਜਿਸ ਦਾ ਅਸਰ ਦਿਹਾੜੀਦਾਰ ਮਜ਼ਦੂਰਾਂ ਦੀ ਰੋਜ਼ੀ-ਰੋਟੀ @ਤੇ ਪੈਣਾ ਲਾਜ਼ਮੀ ਹੈ। ਵਿਸ਼ਵ ਕਰਜ਼ਾ (ਜੋ 310 ਟ੍ਰਿਲੀਅਨ ਡਾਲਰ ਦੇ ਨੇੜੇ ਪਹੁੰਚ ਰਿਹਾ ਹੈ) ਵੀ ਇੱਕ ਚਿੰਤਾ ਦਾ ਵਿਸ਼ਾ ਹੈ ਕਿਉਂਕਿ ਇਹ ਸੰਕਟ ਦੇ ਸਮੇਂ ਸਰਕਾਰਾਂ ਦੀ ਆਰਥਿਕ ਮਦਦ ਦੇਣ ਦੀ ਸਮਰੱਥਾ ਨੂੰ ਘਟਾ ਸਕਦਾ ਹੈ। ਇਹ ਸਾਰੇ ਤੱਥ ਮਿਲ ਕੇ ਭਾਰਤ ਲਈ ਇੱਕ ਗੰਭੀਰ ਆਰਥਿਕ ਚੁਣੌਤੀ ਪੇਸ਼ ਕਰਦੇ ਹਨ।

**ਅਸੀਂ ਕਿੱਥੇ ਖੜ੍ਹੇ ਹਾਂ ?**: ਭਾਰਤ ਦੀ ਊਰਜਾ ਸਥਿਤੀ ਇਸ ਵੇਲੇ ਇੱਕ ਅਜਿਹੇ ਸਮੁੰਦਰੀ ਜਹਾਜ਼ ਵਾਂਗ ਹੈ ਜੋ ਤੂਫ਼ਾਨ ਦੇ ਵਿਚਕਾਰ ਫਸਿਆ ਹੋਇਆ ਹੈ। ਸਾਡੇ ਕਪਤਾਨ (ਸਰਕਾਰ) ਕੋਸ਼ਿਸ਼ ਕਰ ਰਹੇ ਹਨ ਕਿ ਜਹਾਜ਼ ਸੁਰੱਖਿਅਤ ਕਿਨਾਰੇ ਲੱਗ ਜਾਵੇ ਪਰ ਸਮੁੰਦਰ ਦੀਆਂ ਲਹਿਰਾਂ (ਵਿਸ਼ਵ ਜੰਗ ਅਤੇ ਭੂ-ਰਾਜਨੀਤਿਕ ਤਬਦੀਲੀਆਂ) ਸਾਡੇ ਪੂਰੇ ਕੰਟਰੋਲ ਵਿੱਚ ਨਹੀਂ ਹਨ। ਭਾਰਤ ਨੂੰ ਆਉਣ ਵਾਲੇ ਸਮੇਂ ਵਿੱਚ ਆਪਣੀ "Domestic Production" (ਘਰੇਲੂ ਉਪਜ) 'ਤੇ ਜ਼ੋਰ ਦੇਣਾ ਹੀ ਪਵੇਗਾ ਅਤੇ ਨਿੱਜੀ ਕੰਪਨੀਆਂ ਨੂੰ ਤੇਲ ਖੋਜਣ ਲਈ ਖੁੱਲ੍ਹਾ ਸੱਦਾ ਦੇਣਾ ਪਵੇਗਾ। ਜਨਤਾ ਲਈ ਸਲਾਹ ਇਹੀ ਹੈ ਕਿ ਉਹ ਅਫ਼ਵਾਹਾਂ ਤੋਂ ਬਚਣ ਪਰ ਇਸ ਗੱਲ ਨੂੰ ਸਵੀਕਾਰ ਕਰਨ ਕਿ ÷ਸਸਤੇ ਤੇਲ÷ ਦੇ ਦਿਨ ਹੁਣ ਲਗਭਗ ਖ਼ਤਮ ਹੋ ਚੁੱਕੇ ਹਨ। ਸਾਨੂੰ ਹੁਣ ਊਰਜਾ ਦੇ ਨਵੇਂ ਅਤੇ ਕੁਦਰਤੀ ਸਰੋਤਾਂ ਵੱਲ ਮੁੜਨਾ ਹੀ ਪਵੇਗਾ।

**ਇਹ ਨਿਰਖ-ਪਰਖ ਪੂਰੀ ਤਰ੍ਹਾਂ ਨਿਰਪੱਖ ਹੈ ਅਤੇ ਇਸ ਦਾ ਮਕਸਦ ਦੇਸ਼ ਦੇ ਹਰ ਨਾਗਰਿਕ ਨੂੰ ਉਸ ਦੀ ਊਰਜਾ ਸੁਰੱਖਿਆ ਬਾਰੇ ਜਾਗਰੂਕ ਕਰਨਾ ਹੈ। ਜਦੋਂ ਤੱਕ ਅਸੀਂ ਖ਼ੁਦ ਸਵਾਲ ਨਹੀਂ ਪੁੱਛਾਂਗੇ ਸਾਨੂੰ ਸਹੀ ਜਵਾਬ ਨਹੀਂ ਮਿਲਣਗੇ।**

# ਜਦੋਂ ਗ਼ਦਰੀ ਬਾਬਾ ਬਲਵੰਤ ਸਿੰਘ ਖੁਰਦਪੁਰ ਨੂੰ ਫਾਂਸੀ ਦਿੱਤੀ ਗਈ



ਭਗਵਾਨ ਸਿੰਘ ਜੌਹਲ
ਮੋ. 98143-24040

ਦੂਜੇ ਲਾਹੌਰ ਸਾਜਿਸ਼ ਕੇਸ ਵਿੱਚ ਲਾਹੌਰ ਜੇਲ੍ਹ ਵਿੱਚ ਫਾਂਸੀ ਦਾ ਰੱਸਾ ਚੁੰਮਣ ਵਾਲਾ ਮਹਾਨ ਸ਼ਹੀਦ ਭਾਈ ਬਲਵੰਤ ਸਿੰਘ ਕੈਨੇਡੀਅਨ (ਖੁਰਦਪੁਰ) ਅਜਿਹਾ ਸੂਰਬੀਰ ਯੋਧਾ ਸੀ, ਜਿਸ ਨੇ ਭਰ ਜਵਾਨੀ ਵਿੱਚ ਸ਼ਹਾਦਤ ਦਾ ਜਾਮ ਪੀਤਾ। ਭਾਈ ਬਲਵੰਤ ਸਿੰਘ ਦਾ ਜਨਮ ਜਲੰਧਰ ਜ਼ਿਲ੍ਹੇ ਦੇ ਉੱਘੇ ਪਿੰਡ ਖੁਰਦਪੁਰ (ਜਲੰਧਰ-ਹੁਸ਼ਿਆਰਪੁਰ ਰੋਡ 'ਤੇ ਸਥਿਤ) ਵਿਖੇ ਸ. ਬੁੱਧ ਸਿੰਘ ਦੇ ਗ੍ਰਿਹ ਵਿਖੇ 14 ਸਤੰਬਰ, 1882 ਨੂੰ ਹੋਇਆ । ਖੁਰਦਪੁਰ ਦੇ ਨਜ਼ਦੀਕੀ ਕਸਬੇ ਆਦਮਪੁਰ ਦੇ ਮਿਡਲ ਸਕੂਲ ਵਿੱਚ ਮੁੱਢਲੀ ਸਿੱਖਿਆ ਪ੍ਰਾਪਤੀ ਲਈ ਦਾਖਲਾ ਲਿਆ । ਪਰ ਉਸ ਸਮੇਂ ਸਮਾਜ ਵਿੱਚ ਬਾਲ-ਵਿਆਹ ਦੀ ਰਸਮ ਪ੍ਰਚੱਲਤ ਸੀ, ਪਰਿਵਾਰ ਵੱਲੋਂ ਇਨ੍ਹਾਂ ਦੀ ਸ਼ਾਦੀ ਬਚਪਨ ਵਿੱਚ ਹੀ ਕਰ ਦਿੱਤੀ ਗਈ । ਵਿਆਹ ਉਪਰੰਤ ਪੜ੍ਹਾਈ ਵਿੱਚ-ਵਿਚਾਲੇ ਹੀ ਛੱਡ ਦਿੱਤੀ ਗਈ । ਭਰ ਜਵਾਨੀ ਵਿੱਚ ਪੈਰ ਧਰਦਿਆਂ ਉਸ ਸਮੇਂ ਦੀ ਅੰਗ੍ਰੇਜ਼ ਹਕੂਮਤ ਦੀ ਭਾਰਤੀ ਫੌਜ ਵਿੱਚ ਭਰਤੀ ਹੋ ਗਏ । ਜਦੋਂ ਭਾਈ ਬਲਵੰਤ ਸਿੰਘ ਦੀ ਪਲਟਨ ਮਰਦਾਨ (ਪਾਕਿਸਤਾਨ) ਵਿੱਚ ਸੀ ਤਾਂ ਇਨ੍ਹਾਂ ਦੀ ਸ਼ਖ਼ਸੀਅਤ ਉੱਤੇ ਪੰਜਾਬ ਦੀ ਪ੍ਰਸਿੱਧ ਧਾਰਮਿਕ ਹਸਤੀ ਬਾਬਾ ਕਰਮ ਸਿੰਘ ਹੋਤੀ ਮਰਦਾਨ ਦੀ ਸੰਗਤ ਦਾ ਅਜਿਹਾ ਅਸਰ ਹੋਇਆ ਕਿ ਆਪ ਜੀ ਦਾ ਨਿਸ਼ਚਾ ਤੇ ਵਿਸ਼ਵਾਸ ਸਿੱਖ ਧਰਮ ਵਿੱਚ ਦ੍ਰਿੜ੍ਹ ਹੋ ਗਿਆ । ਅੰਗ੍ਰੇਜ਼ ਹਕੂਮਤ ਦੀ ਗੁਲਾਮੀ ਦਾ ਅਹਿਸਾਸ ਵੀ ਹੋ ਗਿਆ । 23 ਸਾਲ ਦੀ ਉਮਰ ਵਿੱਚ ਫੌਜ ਦੀ ਨੌਕਰੀ ਛੱਡ ਕੇ ਛੇਤੀ ਹੀ 1906 ਵਿੱਚ ਕੈਨੇਡਾ ਚਲੇ ਗਏ । ਉਥੇ ਜਾ ਕੇ ਵੈਨਕੂਵਰ ਵਿੱਚ ਪਹਿਲਾ ਗੁਰਦੁਆਰਾ ਸਾਹਿਬ ਬਣਾਉਣ ਵਿੱਚ ਭਰਪੂਰ ਯੋਗਦਾਨ ਪਾਇਆ । ਕੈਨੇਡਾ ਦੇ ਇਸ ਸ਼ਹਿਰ ਦੀ ਸਿੱਖ ਸੰਗਤ ਨੇ ਇਨ੍ਹਾਂ ਨੂੰ ਸਿੱਖ ਸਿਧਾਂਤਾਂ ਵਿੱਚ ਪ੍ਰਪੱਕ ਵੇਖਦਿਆਂ ਗੁਰੂ ਘਰ ਦਾ ਗ੍ਰੰਥੀ ਨਿਯੁਕਤ ਕਰ ਦਿੱਤਾ । ਇਸੇ ਕਰਕੇ ਭਾਈ ਸ਼ਬਦ ਆਪ ਜੀ ਦੇ ਨਾਂਅ ਨਾਲ ਪੱਕੇ ਤੌਰ 'ਤੇ ਜੁੜ ਗਿਆ ।

ਕੈਨੇਡਾ ਸਰਕਾਰ ਨੇ 1908 ਈ: ਵਿੱਚ ਫੈਸਲਾ ਕੀਤਾ ਕਿ ਬ੍ਰਿਟਿਸ਼ ਕੋਲੰਬੀਆ (ਬੀ.ਸੀ.) ਵਿੱਚ ਰਹਿਣ ਵਾਲੇ ਹਿੰਦੁਸਤਾਨੀਆਂ ਨੂੰ ਅਮਰੀਕਾ ਦੀ ਹੌਂਡਰਸ ਕਾਲੋਨੀ ਵਿੱਚ ਅਬਾਦ ਕੀਤਾ ਜਾਵੇ । ਪਰ ਭਾਈ ਬਲਵੰਤ ਸਿੰਘ ਨੇ ਆਪਣੇ ਸਾਥੀਆਂ ਸਮੇਤ ਇਸ ਸਰਕਾਰੀ ਨੀਤੀ ਦੀ ਵਿਰੋਧਤਾ ਕੀਤੀ । 1909 ਈ: ਵਿੱਚ ਹਿੰਦੁਸਤਾਨ ਐਸੋਸੀਏਸ਼ਨ ਦੀ ਸਥਾਪਨਾ ਕੀਤੀ ਗਈ । ਇਸ ਐਸੋਸੀਏਸ਼ਨ ਦੇ ਸਾਰੇ ਪ੍ਰਵਾਸੀ ਭਾਰਤੀਆਂ ਨੇ ਕੈਨੇਡਾ ਨਾ ਆਉਣ ਦੀਆਂ ਬੰਦਿਸ਼ਾਂ ਵਿਰੁੱਧ ਅਵਾਜ਼ ਉਠਾਈ । ਭਾਈ ਬਲਵੰਤ ਸਿੰਘ ਕੈਨੇਡੀਅਨ ਅਤੇ ਉਨ੍ਹਾਂ ਦੇ ਸਾਥੀ ਸਾਰੇ ਪ੍ਰਵਾਸੀ ਭਾਰਤੀਆਂ ਨੂੰ ਗੁਲਾਮੀ ਦਾ ਅਹਿਸਾਸ ਕਰਵਾਉਣਾ ਅੰਗ੍ਰੇਜ਼ ਹਕੂਮਤ ਦਾ ਸਿਆਸੀ ਪੈਂਤੜਾ ਹੀ ਸੀ । 1911 ਈ: ਵਿੱਚ ਬਾਬਾ ਬਲਵੰਤ ਸਿੰਘ ਆਪਣੇ ਸਾਥੀ ਭਾਈ ਭਾਗ ਸਿੰਘ ਭਿੱਖੀਵਿੰਡ ਨਾਲ ਵਾਪਸ ਹਿੰਦੁਸਤਾਨ ਅਨੇਕਾਂ ਔਕੜਾਂ ਤੇ ਮੁਸੀਬਤਾਂ ਦਾ ਸਾਹਮਣਾ ਕਰ ਕੇ ਪੁੱਜੇ । ਪਰ ਇਨ੍ਹਾਂ ਮੁਸੀਬਤਾਂ ਤੇ ਕਠਿਨਾਈਆਂ ਦੇ ਬਾਵਜੂਦ 1912 ਈ: ਵਿੱਚ ਆਪਣੇ ਪਰਿਵਾਰ ਸਮੇਤ ਜਨਵਰੀ 1912 ਵਿੱਚ ਵੈਨਕੂਵਰ ਪਹੁੰਚਣ ਵਿੱਚ ਸਫ਼ਲ ਹੋ ਗਏ ।

22 ਫ਼ਰਵਰੀ, 1913 ਈ: ਖ਼ਾਲਸਾ ਦੀਵਾਨ ਸੁਸਾਇਟੀ ਅਤੇ ਯੂਨਾਈਟਡ ਇੰਡੀਆ ਲੀਗ ਦੀ ਸਾਂਝੀ ਇਕੱਤਰਤਾ ਵਿੱਚ ਇਹ ਫੈਸਲਾ ਸਰਬ ਸੰਮਤੀ ਨਾਲ ਕੀਤਾ ਗਿਆ ਕਿ ਇੰਗਲੈਂਡ ਅਤੇ ਹਿੰਦੁਸਤਾਨ ਦੋਵਾਂ ਦੇਸ਼ਾਂ ਵਿੱਚ ਜਾ ਕੇ ਬ੍ਰਿਟਿਸ਼ ਸਰਕਾਰ ਨੂੰ ਆਪਣੀਆਂ ਮੁਸ਼ਕਲਾਂ ਨੂੰ ਦੂਰ ਕਰਨ ਲਈ ਮੰਗ ਪੱਤਰ ਦਿੱਤਾ ਜਾਵੇ । ਇਸ ਕਾਰਜ ਲਈ ਭਾਈ ਬਲਵੰਤ ਸਿੰਘ, ਭਾਈ ਨੰਦ ਸਿੰਘ ਤੇ ਭਾਈ ਨਰਾਇਣ ਸਿੰਘ 'ਤੇ ਆਧਾਰਿਤ ਇਕ ਪ੍ਰਤੀਨਿਧ ਮੰਡਲ ਦੋਵਾਂ ਦੇਸ਼ਾਂ ਵਿੱਚ ਭੇਜਣ ਲਈ ਸਮਾਂ ਨਿਸ਼ਚਿਤ ਕੀਤਾ ਗਿਆ । ਪਰ ਦੋਵਾਂ ਦੇਸ਼ਾਂ ਵਿੱਚ ਅੰਗ੍ਰੇਜ਼ ਸਰਕਾਰ ਨੇ ਕੋਈ ਸਹਿਯੋਗ ਨਾ ਦਿੱਤਾ । ਕੈਨੇਡਾ ਪਰਤਣ ਸਮੇਂ ਭਾਈ ਬਲਵੰਤ ਸਿੰਘ ਦਾ ਮਿਲਾਪ ਮੁਸੀਬਤਾਂ ਦਾ ਟਾਕਰਾ ਕਰ ਰਹੇ ਕਾਮਾਗਾਟਾਮਾਰੂ ਜਹਾਜ਼ ਵਾਲੇ ਬਾਬਾ ਗੁਰਦਿੱਤ ਸਿੰਘ ਸਰਹਾਲੀ ਨਾਲ ਹੋਇਆ । ਭਾਈ ਬਲਵੰਤ ਸਿੰਘ ਨੇ ਕੈਨੇਡਾ ਦੇ ਪ੍ਰਵਾਸੀ ਭਾਰਤੀਆਂ ਖਾਸ ਕਰਕੇ ਸਿੱਖਾਂ ਵੱਲੋਂ ਬਾਬਾ ਗੁਰਦਿੱਤ ਸਿੰਘ ਨੂੰ ਹਰ ਸਮੇਂ ਹਰ ਹਾਲਾਤ ਵਿੱਚ ਸਹਿਯੋਗ ਦੇਣ ਦਾ ਵਾਅਦਾ ਕੀਤਾ । ਕਾਮਾਗਾਟਾਮਾਰੂ ਜਹਾਜ਼ ਦੇ ਮੁਸਾਫਿਰਾਂ ਨੂੰ ਕੈਨੇਡਾ ਵਿੱਚ ਦਾਖਲ ਨਾ ਹੋਣ ਦੇ ਵਿਰੋਧ ਵਿੱਚ ਸਾਰੇ ਪ੍ਰਵਾਸੀ ਭਾਰਤੀਆਂ ਵਿੱਚ ਅਤਿ ਦਾ ਗੁੱਸਾ ਸੀ । ਇਨ੍ਹਾਂ ਸਾਰੇ ਪ੍ਰਵਾਸੀਆਂ ਨੇ ਗ਼ਦਰ ਪਾਰਟੀ ਨਾਲ ਸੰਪਰਕ ਬਣਾਇਆ । ਪਰ ਅੰਗ੍ਰੇਜ਼ ਹਕੂਮਤ ਦਾ ਵਤੀਰਾ ਹੋਰ ਵੀ ਸਖ਼ਤ ਹੋ ਗਿਆ ।

ਕੈਨੇਡੀਅਨ ਹਕੂਮਤ ਦੇ ਇੰਮੀਗ੍ਰੇਸ਼ਨ ਇੰਸਪੈਕਟਰ ਵਿਲੀਅਮ ਹਾਪਕਿਨਸ ਨੇ 5 ਸਤੰਬਰ, 1914 ਈ: ਨੂੰ ਵੈਨਕੂਵਰ ਦੇ ਗੁਰਦੁਆਰਾ ਕੰਪਲੈਕਸ ਵਿੱਚ ਦੋ ਨੌਜਵਾਨਾਂ ਨੂੰ ਗੋਲੀਆਂ ਮਾਰ ਕੇ ਮਾਰ ਦਿੱਤਾ । ਇਨ੍ਹਾਂ ਸ਼ਹਾਦਤਾਂ ਦੇ ਰੋਸ ਵਜੋਂ 21 ਅਕਤੂਬਰ 1914 ਈ: ਨੂੰ ਪ੍ਰਵਾਸੀ ਭਾਰਤੀ ਭਾਈ ਸੇਵਾ ਸਿੰਘ ਨੇ ਸ਼ਹਿਰ ਦੀ ਕਚਹਿਰੀ ਵਿੱਚ ਹੀ ਵਿਲੀਅਮ ਹਾਪਕਿਨਸ ਨੂੰ ਗੋਲੀਆਂ ਨਾਲ ਉਡਾ ਦਿੱਤਾ । ਇਸ ਕਤਲ ਦੀ ਸਾਜ਼ਿਸ਼ ਵਿੱਚ ਅਤੇ ਸ਼ੱਕ 'ਤੇ ਆਧਾਰਿਤ ਭਾਈ ਬਲਵੰਤ ਸਿੰਘ ਖੁਰਦਪੁਰ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ । ਪਰ ਕੋਈ ਗਵਾਹੀ ਨਾ ਮਿਲਣ ਕਰਕੇ ਛੱਡਣਾ ਪਿਆ । ਇਸ ਤੋਂ ਪਿੱਛੋਂ ਭਾਈ ਬਲਵੰਤ ਸਿੰਘ ਨੂੰ ਕੈਨੇਡਾ ਵਿੱਚੋਂ ਕੱਢ ਦਿੱਤਾ ਗਿਆ ।

ਕੈਨੇਡਾ ਤੋਂ ਵਾਪਸੀ ਸਮੇਂ ਭਾਈ ਬਲਵੰਤ ਸਿੰਘ ਸ਼ਿੰਘਾਈ ਪੁੱਜੇ ਅਤੇ ਪੂਰੇ ਹਿੰਦੁਸਤਾਨ ਦੇ ਲੋਕਾਂ ਦੀਆਂ ਔਕੜਾਂ ਨੂੰ ਦੇਖਦਿਆਂ ਗ਼ਦਰ ਲਹਿਰ ਦੇ ਹੱਕ ਵਿੱਚ ਪ੍ਰਚਾਰ ਕਰਨਾ ਸ਼ੁਰੂ ਕਰ ਦਿੱਤਾ । ਭਾਈ ਬਲਵੰਤ ਸਿੰਘ 1915 ਈ: ਵਿੱਚ ਥਾਈਲੈਂਡ ਗਏ । ਇਥੇ ਹੀ ਅਮਰੀਕਾ ਤੋਂ ਇਥੇ ਪੁੱਜੇ, ਸਾਰੇ ਗ਼ਦਰੀ ਬਾਬਿਆਂ ਨੂੰ ਮਿਲੇ । ਇਹ ਸਾਰੇ ਗ਼ਦਰੀ ਬਾਬੇ ਬਰਮਾ ਵਿਖੇ ਅੰਗ੍ਰੇਜ਼ਾਂ ਦੇ ਵਿਰੋਧ ਵਿੱਚ ਬਗ਼ਾਵਤ ਖੜ੍ਹੀ ਕਰਨਾ ਚਾਹੁੰਦੇ ਸਨ । ਇਥੇ ਪੁੱਜ ਕੇ ਭਾਈ ਬਲਵੰਤ ਸਿੰਘ ਕੈਨੇਡੀਅਨ ਸਖ਼ਤ ਬਿਮਾਰ ਹੋ ਗਏ । ਜਦੋਂ ਹਸਪਤਾਲ ਪੁੱਜੇ ਤਾਂ ਇਥੋਂ ਇਨ੍ਹਾਂ ਨੂੰ ਬਿਮਾਰੀ ਦੀ ਹਾਲਤ ਵਿੱਚ ਹੀ ਗ੍ਰਿਫ਼ਤਾਰ ਕਰ ਲਿਆ ਗਿਆ । ਬਿਮਾਰੀ ਦੌਰਾਨ ਹੀ ਹਿੰਦੁਸਤਾਨ ਭੇਜ ਦਿੱਤਾ ਗਿਆ ।

ਹਿੰਦੁਸਤਾਨ ਪਹੁੰਚ ਕੇ ਭਾਈ ਬਵਲੰਤ ਸਿੰਘ ਵਰਗੇ ਸੂਰਬੀਰ ਤੇ ਅਣਖੀ ਯੋਧੇ 'ਤੇ ਦੂਜੇ ਲਾਹੌਰ ਸਾਜਿਸ਼ ਕੇਸ ਅਧੀਨ ਮੁਕੱਦਮਾ ਚਲਾਇਆ ਗਿਆ । ਅੰਤ 30 ਮਾਰਚ, 1917 ਈ: ਵਿੱਚ ਇਸ ਅਣਖੀਲੇ ਨੌਜਵਾਨ ਨੂੰ ਲਾਹੌਰ ਜੇਲ੍ਹ ਵਿੱਚ ਫਾਂਸੀ ਦੇ ਫੰਦੇ 'ਤੇ ਲਟਕਾਇਆ ਗਿਆ । ਪੰਜਾਬ ਦੀ ਜਰਖੇਜ਼ ਧਰਤੀ ਦਾ ਜੰਮਿਆ ਜਾਇਆ ਭਾਈ ਬਲਵੰਤ ਸਿੰਘ ਖੁਰਦਪੁਰ (ਕੈਨੇਡੀਅਨ) 35 ਕੁ ਸਾਲ ਦੀ ਭਰ ਜਵਾਨੀ ਵਿੱਚ ਹਿੰਦੁਸਤਾਨ ਦੇ ਗਲੋਂ ਗੁਲਾਮੀ ਦੇ ਤੌਂਕ ਨੂੰ ਲਾਹੁਣ ਲਈ ਸ਼ਹਾਦਤ ਦਾ ਜਾਮ ਪੀ ਗਿਆ । ਅੱਜ ਕੇਵਲ ਉਨ੍ਹਾਂ ਦੀ ਯਾਦ ਹੀ ਬਾਕੀ ਹੈ ।

# ਅਟਾਰੀ-ਵਾਹਘਾ ਬਾਰਡਰ ਖੋਲ੍ਹਣ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਭਾਰੀ ਇਕੱਠ, ਜੰਗ ਰੋਕਣ ਦੀ ਕੀਤੀ ਅਪੀਲ



ਅੰਮ੍ਰਿਤਸਰ 29 ਮਾਰਚ (ਬਬਲੂ ਮਹਾਜਨ)ਅੱਜ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਅਟਾਰੀ-ਵਾਹਘਾ ਸਰਹੱਦ 'ਤੇ ਇੱਕ ਭਾਰੀ ਇਕੱਠ ਕੀਤਾ ਗਿਆ, ਜਿਸ ਵਿੱਚ ਪਾਰਟੀ ਦੇ ਸਮੂਹ ਅਹੁਦੇਦਾਰਾਂ, ਵਰਕਰਾਂ ਅਤੇ ਵੱਖ-ਵੱਖ ਧਾਰਮਿਕ ਜਥੇਬੰਦੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ 'ਤੇ ਸਰਹੱਦ ਖੋਲ੍ਹਣ ਅਤੇ ਭਾਰਤ-ਪਾਕਿਸਤਾਨ ਦਰਮਿਆਨ ਵਪਾਰਕ ਸਾਂਝ ਵਧਾਉਣ ਦੀ ਮੰਗ ਉਠਾਈ ਗਈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਕਿਹਾ ਕਿ ਜੇਕਰ ਅਟਾਰੀ-ਵਾਹਗਾ ਬਾਰਡਰ ਖੋਲ੍ਹਿਆ ਜਾਂਦਾ ਹੈ ਅਤੇ ਵਪਾਰ ਨੂੰ ਇਸ ਰਾਹੀਂ ਮੁੜ ਸ਼ੁਰੂ ਕੀਤਾ ਜਾਂਦਾ ਹੈ ਤਾਂ ਪੰਜਾਬ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੀ ਆਰਥਿਕ ਹਾਲਤ ਵਿੱਚ ਮਹੱਤਵਪੂਰਨ ਸੁਧਾਰ ਆਵੇਗਾ। ਉਨ੍ਹਾਂ ਨੇ ਕਿਹਾ ਕਿ ਇਸ ਨਾਲ ਪੰਜਾਬ ਦੇ ਲੋਕ ਆਰਥਿਕ ਪੱਖੋਂ ਮਜ਼ਬੂਤ ਹੋਣਗੇ ਅਤੇ ਦੇਸ਼ ਦੀ ਕੁੱਲ ਘਰੇਲੂ ਉਤਪਾਦ ) ਵਿੱਚ ਵੀ ਵਾਧਾ ਹੋਵੇਗਾ।ਉਨ੍ਹਾਂ ਨੇ ਹੋਰ ਕਿਹਾ ਕਿ ਅੱਜ ਅਸੀਂ ਸਰਹੰਦ 'ਤੇ ਖੜ੍ਹ ਕੇ ਜੰਗ ਰੋਕਣ ਅਤੇ ਬਾਰਡਰ ਖੋਲ੍ਹਣ ਦੀ ਅਪੀਲ ਕਰ ਰਹੇ ਹਾਂ, ਕਿਉਂਕਿ ਜੇਕਰ ਜੰਗ ਦੀ ਸਥਿਤੀ ਬਣਦੀ ਹੈ ਤਾਂ ਪੰਜਾਬ ਦੇ ਲੋਕਾਂ ਨੂੰ ਸਭ ਤੋਂ ਵੱਡਾ ਨੁਕਸਾਨ ਝੱਲਣਾ ਪਵੇਗਾ। ਉਨ੍ਹਾਂ ਨੇ ਇਹ ਵੀ ਜ਼ਿਕਰ ਕੀਤਾ ਕਿ ਪਾਈਪਲਾਈਨ ਰਾਹੀਂ ਐਲਪੀਜੀ ਗੈਸ ਅਤੇ ਸੀਮੈਂਟ ਖਰੀਦਣ ਅਤੇ ਪਾਕਿਸਤਾਨ ਨੂੰ ਕਣਕ, ਸਬਜ਼ੀਆਂ ਅਤੇ ਦੁੱਧ ਵਰਗੀਆਂ ਖੇਤੀਬਾੜੀ ਉਤਪਾਦਾਂ ਦੀ ਨਿਰਯਾਤ ਕਰਨ ਨਾਲ ਦੋਵਾਂ ਦੇਸ਼ਾਂ ਵਿਚਕਾਰ ਆਰਥਿਕ ਸਾਂਝ ਮਜ਼ਬੂਤ ਹੋ ਸਕਦੀ ਹੈ।ਸਿਮਰਨਜੀਤ ਸਿੰਘ ਮਾਨ ਨੇ ਇਹ ਵੀ ਕਿਹਾ ਕਿ ਪਾਕਿਸਤਾਨ ਵਿੱਚ ਸਥਿਤ ਵਿਛੜੇ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨਾਂ ਦੀ ਸਹੂਲਤ ਮਿਲਣੀ ਚਾਹੀਦੀ ਹੈ, ਜਿਸ ਨਾਲ ਧਾਰਮਿਕ ਅਤੇ ਸਾਂਸਕ੍ਰਿਤਿਕ ਸੰਬੰਧ ਮਜ਼ਬੂਤ ਹੋਣਗੇ।ਇਸ ਮੌਕੇ 'ਤੇ ਪਾਰਟੀ ਦੇ ਸਮੂਹ ਵਰਕਰਾਂ ਅਤੇ ਮੈਂਬਰਾਂ ਨੇ ਬਾਰਡਰ ਵੱਲ ਕੂਚ ਕੀਤਾ ਅਤੇ ਸਰਹੱਦ ਦੇ ਨੇੜੇ ਅਰਦਾਸ ਕੀਤੀ। ਹਾਲਾਂਕਿ, ਬੀਐਸਐਫ ਅਤੇ ਪੰਜਾਬ ਪੁਲਿਸ ਵੱਲੋਂ ਸੁਰੱਖਿਆ ਦੇ ਮੱਦੇਨਜ਼ਰ ਵਰਕਰਾਂ ਨੂੰ ਅੱਗੇ ਵਧਣ ਤੋਂ ਰੋਕ ਦਿੱਤਾ ਗਿਆ।ਜ਼ਿਕਰਯੋਗ ਹੈ ਕਿ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਲਗਾਤਾਰ ਅਟਾਰੀ-ਵਾਹਘਾ ਸਰਹੱਦ ਖੋਲ੍ਹਣ ਅਤੇ ਭਾਰਤ-ਪਾਕਿਸਤਾਨ ਵਿਚਕਾਰ ਵਪਾਰਕ ਅਤੇ ਧਾਰਮਿਕ ਆਵਾਜਾਈ ਮੁੜ ਸ਼ੁਰੂ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਇਸ ਮੌਕੇ ਦਲ ਖਾਲਸਾ ਦੇ ਆਗੂ ਕਵਰਪਾਲ ਸਿੰਘ ਬਿੱਟੂ, ਪਰਮਜੀਤ ਸਿੰਘ ਮੰਡ, ਪਰਮਜੀਤ ਸਿੰਘ ਟਾਂਡਾ, ਪਾਰਟੀ ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ, ਪਾਰਟੀ ਦੇ ਜਨਰਲ ਸਕੱਤਰ ਪ੍ਰੋਫੈਸਰ ਮਹਿੰਦਰ ਪਾਲ ਸਿੰਘ, ਹਰਪਾਲ ਸਿੰਘ ਬਲੇਰ , ਉਪਕਾਰ ਸਿੰਘ ਸੰਧੂ, ਗੁਰਜੰਟ ਸਿੰਘ ਕੱਟੂ, ਕੁਲਦੀਪ ਸਿੰਘ ਭਾਗੋਵਾਲ, ਸਮੂਹ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ, ਯੂਥ ਆਗੂ ਤੇ ਇਸਤਰੀ ਵਿੰਗ ਦੀਆਂ ਸਮੂਹ ਬੀਬੀਆਂ, ਕਿਸਾਨ ਜਥੇਬੰਦੀਆਂ ਕੁੱਲੀ ਜਥੇਬੰਦੀਆਂ ਹਾਜ਼ਰ ਹੋਈਆਂ।

# ਸ਼ਾਹਬਾਦ ਮਾਰਕੰਡਾ ਤੋਂ ਆਏ ਵਿਦਿਆਰਥੀਆਂ ਨੇ ਜਥੇਦਾਰ ਨਾਲ ਕੀਤੀ ਮੁਲਾਕਾਤ



ਅੰਮ੍ਰਿਤਸਰ, 29 ਮਾਰਚ (ਬਬਲੂ ਮਹਾਜਨ)ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਾਹਬਾਦ ਮਾਰਕੰਡਾ ਜ਼ਿਲ੍ਹਾ ਕੁਰਕਸ਼ੇਤਰ ਹਰਿਆਣਾ ਤੋਂ ਵਿਦਿਆਰਥੀ ਨਤਮਸਤਕ ਹੋਏ। ਜਿਸ ਤੋਂ ਉਪਰੰਤ ਇਨ੍ਹਾਂ ਵਿਦਿਆਰਥੀਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਜਥੇਦਾਰ ਨੇ ਇਹਨਾਂ ਬੱਚਿਆਂ ਨਾਲ ਗੁਰਮਤਿ ਵਿਚਾਰਾਂ ਕੀਤੀਆਂ। ਬੱਚਿਆਂ ਨੂੰ ਪੰਥ ਪ੍ਰਸਿੱਧ ਕਥਾ ਵਾਚਕ ਗਿਆਨੀ ਸਾਹਿਬ ਸਿੰਘ ਮਾਰਕੰਡੇ ਵਾਲਿਆ ਬਾਰੇ ਪੁੱਛਿਆ। ਇਹਨਾਂ ਬੱਚਿਆਂ ਨੇ ਬਾਬਾ ਫਤਿਹ ਸਿੰਘ ਸਾਈਕਲ ਆਰਮੀ ਦੇ ਨਾਂ ਤੇ ਇੱਕ ਗਰੁੱਪ ਬਣਾਇਆ ਹੈ। ਬੱਚਿਆਂ ਨੇ ਦੱਸਿਆ ਕਿ ਉਹ ਸਿੱਖੀ ਦੇ ਝੰਡੇ ਨਿਸ਼ਾਨ ਸਾਹਿਬ ਲਗਾ ਕੇ ਨਗਰ ਕੀਰਤਨ ਵਿਚ ਸਾਈਕਲ ਚਲਾਉਂਦੇ ਹਨ। ਜਥੇਦਾਰ ਨੇ ਬੱਚਿਆਂ ਨੂੰ ਗੁਰਮੁਖੀ ਲਿਪੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਬੱਚਿਆਂ ਨੂੰ ਸ੍ਰੀ ਆਨੰਦ ਸਾਹਿਬ ਦੇ ਪਾਠ ਦਾ ਜਾਪ ਕਰਵਾਇਆ। ਜਥੇਦਾਰ ਨੇ ਕਿਹਾ ਇਹਨਾਂ ਬੱਚਿਆਂ ਨੂੰ ਮਿਲ ਕੇ ਬਹੁਤ ਚੰਗਾ ਲੱਗਾ ਹੈ। ਇਹ ਬੱਚੇ ਹੀ ਕੌਮ ਦਾ ਭਵਿੱਖ ਹਨ, ਜਿਨਾਂ ਨੇ ਅੱਗੇ ਜਾ ਕੇ ਕੌਮ ਦੀ ਵਾਗਡੋਰ ਸੰਭਾਲਣੀ ਹੈ। ਸੱਚੇ ਪਾਤਸ਼ਾਹ ਅੱਗੇ ਅਰਦਾਸ ਹੈ ਕਿ ਇਹਨਾਂ ਬੱਚਿਆਂ ਉੱਤੇ ਆਪਣਾ ਮਿਹਰ ਭਰਿਆ ਹੱਥ ਸਦਾ ਬਣਾਈ ਰੱਖਣ ਅਤੇ ਇਹਨਾਂ ਨੂੰ ਹਮੇਸ਼ਾ ਚੜ੍ਹਦੀਕਲਾ ਵਿਚ ਰੱਖਣ।

# ਅੰਮ੍ਰਿਤਸਰ ਲਈ 400 ਕਰੋੜ ਰੁਪਏ ਦੇ ਟ੍ਰਾਈਡੈਂਟ ਹੋਟਲ ਪ੍ਰੋਜੈਕਟ ਦੇ ਐਲਾਨ ਦਾ ਵਿਧਾਇਕ ਡਾ. ਇੰਦਰਬੀਰ ਸਿੰਘ ਨੇ ਸਵਾਗਤ ਕੀਤਾ



ਅੰਮ੍ਰਿਤਸਰ, 29 ਮਾਰਚ(ਬਬਲੂ ਮਹਾਜਨ) – ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਓਬਰਾਏ ਗਰੁੱਪ ਅਤੇ ਸਪ੍ਰਿੰਗਐਜ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਵੱਲੋਂ ਅੰਮ੍ਰਿਤਸਰ ਵਿੱਚ ਇੱਕ ਵਿਸ਼ਵ ਪੱਧਰੀ ਪ੍ਰਾਹੁਣਚਾਰੀ ਪ੍ਰੋਜੈਕਟ ਦੇ ਵਿਕਾਸ ਲਈ ਐਮ.ਓ.ਯੂ. 'ਤੇ ਹਸਤਾਖਰ ਕਰਨ ਦਾ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਦੱਖਣੀ ਦੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਨੇ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਪੰਜਾਬ ਅਤੇ ਖਾਸ ਕਰਕੇ ਅੰਮ੍ਰਿਤਸਰ ਦੇ ਸੈਰ-ਸਪਾਟਾ ਅਤੇ ਪ੍ਰਾਹੁਣਚਾਰੀ ਖੇਤਰ ਨੂੰ ਵੱਡਾ ਹੁਲਾਰਾ ਦੇਵੇਗਾ। ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਅੰਮ੍ਰਿਤਸਰ ਵਿਖੇ ਆਉਣ ਵਾਲਾ 150 ਕਮਰਿਆਂ ਵਾਲਾ ਪ੍ਰੋਜੈਕਟ ਓਬਰਾਏ ਗਰੁੱਪ ਦੇ ਟ੍ਰਾਈਡੈਂਟ ਬ੍ਰਾਂਡ ਤਹਿਤ ਵਿਕਸਤ ਕੀਤਾ ਜਾਵੇਗਾ ਅਤੇ ਇਹ ਅੰਮ੍ਰਿਤਸਰ-ਤਰਨ ਤਾਰਨ ਰੋਡ ਉੱਪਰ ਸ੍ਰੀ ਹਰਿਮੰਦਰ ਸਾਹਿਬ ਤੋਂ ਲਗਭਗ 3 ਕਿਲੋਮੀਟਰ ਦੀ ਦੂਰੀ 'ਤੇ ਹੋਵੇਗਾ। ਉਨ੍ਹਾਂ ਦੱਸਿਆ ਕਿ 3 ਏਕੜ ਵਿੱਚ ਫੈਲੇ ਇਸ ਪ੍ਰੋਜੈਕਟ ਵਿੱਚ ਲਗਭਗ 400 ਕਰੋੜ ਰੁਪਏ ਦਾ ਨਿਵੇਸ਼ ਸ਼ਾਮਲ ਹੈ ਅਤੇ ਇਸ ਨਾਲ ਅੰਮ੍ਰਿਤਸਰ ਦੇ ਪ੍ਰੀਮੀਅਮ ਪ੍ਰਾਹੁਣਚਾਰੀ ਬੁਨਿਆਦੀ ਢਾਂਚੇ ਨੂੰ ਵੱਡੀ ਮਜ਼ਬੂਤੀ ਮਿਲਣ ਦੀ ਉਮੀਦ ਹੈ।ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਲਗਭਗ 350 ਵਿਅਕਤੀਆਂ ਲਈ ਰੋਜ਼ਗਾਰ ਪੈਦਾ ਹੋਣ ਦੀ ਉਮੀਦ ਹੈ, ਜਿਸ ਨਾਲ ਸਥਾਨਕ ਆਰਥਿਕ ਗਤੀਵਿਧੀਆਂ ਅਤੇ ਰੋਜ਼ਗਾਰ ਉੱਪਤਰੀ ਨੂੰ ਹੋਰ ਹੁਲਾਰਾ ਮਿਲੇਗਾ।ਹੋਰ ਵੇਰਵੇ ਸਾਂਝੇ ਕਰਦਿਆਂ ਡਾ. ਇੰਦਰਬੀਰ ਸਿੰਘ ਨਿੱਜਰ ਨੇ ਦੱਸਿਆ ਕਿ ਇਹ ਪ੍ਰਾਹੁਣਚਾਰੀ ਪ੍ਰੋਜੈਕਟ ਓਬਰਾਏ ਗਰੁੱਪ ਅਤੇ ਸਪ੍ਰਿੰਗਐਜ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਦਰਮਿਆਨ ਸਾਂਝੇ ਸਹਿਯੋਗ ਤਹਿਤ ਵਿਕਸਤ ਕੀਤਾ ਜਾਵੇਗਾ, ਜੋ ਓਬਰਾਏ ਗਰੁੱਪ ਦੀ ਲਗਜ਼ਰੀ ਪ੍ਰਾਹੁਣਚਾਰੀ ਵਿੱਚ ਵਿਸ਼ਵ ਪੱਧਰ ਤੱਕ ਮੰਨੀ-ਪ੍ਰਮੰਨੀ ਮੁਹਾਰਤ ਅਤੇ ਸਪ੍ਰਿੰਗਐਜ ਦੀ ਮਜ਼ਬੂਤ ਸਥਾਨਕ ਮੌਜੂਦਗੀ ਨੂੰ ਇਕੱਠਾ ਕਰੇਗਾ।ਜ਼ਿਕਰਯੋਗ ਹੈ ਕਿ ਇਹ ਟ੍ਰਾਈਡੈਂਟ ਬ੍ਰਾਂਡ ਤਹਿਤ ਪੰਜਾਬ ਵਿੱਚ ਪਹਿਲਾ ਹੋਟਲ ਹੋਵੇਗਾ। ਇਸ ਸਮੇਂ ਭਾਰਤ ਭਰ ਵਿੱਚ ਟ੍ਰਾਈਡੈਂਟ ਬ੍ਰਾਂਡ ਤਹਿਤ 9 ਹੋਟਲ ਚੱਲ ਰਹੇ ਹਨ। ਇਸ ਸਮੇਂ ਓਬਰਾਏ ਗਰੁੱਪ ਦੇ ਦੇਸ਼ ਭਰ ਵਿੱਚ 32 ਹੋਟਲ ਚੱਲ ਰਹੇ ਹਨ ਅਤੇ 10 ਹੋਰ ਪ੍ਰਗਤੀ ਅਧੀਨ ਹਨ। ਪੰਜਾਬ ਵਿੱਚ ਇਹ ਗਰੁੱਪ ਪਹਿਲਾਂ ਹੀ ਓਬਰਾਏ ਬ੍ਰਾਂਡ ਤਹਿਤ ਨਿਊ ਚੰਡੀਗੜ੍ਹ ਵਿਖੇ ਓਬਰਾਏ ਸੁਖਵਿਲਾਸ ਸਪਾ ਰਿਜ਼ੋਰਟ ਚਲਾ ਰਿਹਾ ਹੈ।ਇਸ ਸਭ ਨੂੰ ਧਿਆਨ ਵਿੱਚ ਰੱਖਦਿਆਂ ਅੰਮ੍ਰਿਤਸਰ ਪ੍ਰੋਜੈਕਟ ਵੀ ਵਧੇਰੇ ਮਹੱਤਵਪੂਰਨ ਹੈ ਕਿਉਂਕਿ ਇਸਨੂੰ ਪੰਜਾਬ ਵਿੱਚ ਟ੍ਰਾਈਡੈਂਟ ਬ੍ਰਾਂਡ ਤਹਿਤ ਇਸ ਪੱਧਰ ਦਾ ਪਹਿਲਾ ਗ੍ਰੀਨਫੀਲਡ ਪ੍ਰੋਜੈਕਟ ਦੱਸਿਆ ਜਾ ਰਿਹਾ ਹੈ। ਇਸ ਪ੍ਰੋਜੈਕਟ 'ਤੇ ਕੰਮ ਜੁਲਾਈ 2026 ਵਿੱਚ ਸ਼ੁਰੂ ਹੋਣ ਦੀ ਉਮੀਦ ਹੈ, ਜਿਸ ਨੂੰ ਮਾਰਚ 2029 ਤੱਕ ਪੂਰਾ ਕਰਨ ਦਾ ਟੀਚਾ ਹੈ।ਉਨ੍ਹਾਂ ਕਿਹਾ ਕਿ ਇਹ ਸਹਿਯੋਗ ਪੰਜਾਬ ਦੇ ਉੱਚ-ਪੱਧਰੀ ਸੈਰ-ਸਪਾਟਾ, ਪ੍ਰਾਹੁਣਚਾਰੀ ਅਤੇ ਨਿਵੇਸ਼ ਲਈ ਇੱਕ ਪਸੰਦੀਦਾ ਸਥਾਨ ਬਣਨ ਦੇ ਸਫ਼ਰ ਵਿੱਚ ਇੱਕ ਨਵਾਂ ਮੀਲ ਪੱਥਰ ਹੈ, ਜੋ ਇੱਕ ਵਿਸ਼ਵਵਿਆਪੀ ਸੱਭਿਆਚਾਰਕ ਅਤੇ ਅਧਿਆਤਮਿਕ ਕੇਂਦਰ ਵਜੋਂ ਪਵਿੱਤਰ ਸ਼ਹਿਰ ਅੰਮ੍ਰਿਤਸਰ ਦੀ ਸਥਿਤੀ ਨੂੰ ਵੀ ਹੋਰ ਮਜ਼ਬੂਤ ਕਰੇਗਾ।

# ਬੀ.ਐੱਸ.ਐੱਫ ਸਿੱਖ ਜਵਾਨ ਦੇ ਹਿਰਾਸਤੀ ਕਤਲ ਮਾਮਲੇ 'ਚ ਦੋਸ਼ੀ ਐੱਨ.ਸੀ.ਬੀ ਅਧਿਕਾਰੀਆਂ 'ਤੇ ਹੋਵੇ ਸਖ਼ਤ ਕਾਰਵਾਈ : ਜਥੇਦਾਰ ਗੜਗੱਜ



ਅੰਮ੍ਰਿਤਸਰ, 29 ਮਾਰਚ (ਬਬਲੂ ਮਹਾਜਨ)ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਅੱਜ ਆਪਣੇ ਜੰਮੂ ਦੌਰੇ ਮੌਕੇ ਬੀਤੇ ਦਿਨੀਂ ਨਾਰਕੋਟਿਕਸ ਕੰਟ੍ਰੋਲ ਬਿਊਰੋ (ਐੱਨ.ਸੀ.ਬੀ.) ਦੀ ਹਿਰਾਸਤ ਵਿੱਚ ਅੰਮ੍ਰਿਤਸਰ ਵਿਖੇ ਤਸ਼ੱਦਦ ਕਰਕੇ ਕਤਲ ਕੀਤੇ ਗਏ ਬਾਰਡਰ ਸੁਰੱਖਿਆ ਫੋਰਸ (ਬੀ.ਐੱਸ.ਐੱਫ.) ਦੇ ਸਿੱਖ ਜਵਾਨ ਸ. ਜਸਵਿੰਦਰ ਸਿੰਘ ਦੇ ਘਰ ਪਹੁੰਚੇ। ਉਨ੍ਹਾਂ ਦੇ ਪਰਿਵਾਰ ਦੀ ਗੱਲਬਾਤ ਸੁਣੀ ਅਤੇ ਉਨ੍ਹਾਂ ਨੂੰ ਹੌਂਸਲਾ ਦਿੱਤਾ ਕਿ ਸਮੁੱਚਾ ਖ਼ਾਲਸਾ ਪੰਥ ਇਨਸਾਫ਼ ਦੀ ਲੜਾਈ ਵਿੱਚ ਉਨ੍ਹਾਂ ਦੇ ਨਾਲ ਹੈ।ਜੰਮੂ ਦੇ ਆਰ.ਐੱਸ. ਪੁਰਾ ਖੇਤਰ ਵਿੱਚ ਮਹਲੋਵਾਲ ਵਿਖੇ ਇੱਕ ਗੁਰਮਤਿ ਸਮਾਗਮ ਦੌਰਾਨ ਸੰਗਤ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜੰਮੂ ਕਸ਼ਮੀਰ ਦੇ ਮੁੱਖ ਮੰਤਰੀ ਅਤੇ ਸੂਬਾ ਸਰਕਾਰ ਨੂੰ ਸ. ਜਸਵਿੰਦਰ ਸਿੰਘ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਆਖਿਆ। ਉਨ੍ਹਾਂ ਕਿਹਾ ਕਿ ਸ. ਜਸਵਿੰਦਰ ਸਿੰਘ ਉੱਤੇ ਐੱਨ.ਸੀ.ਬੀ ਦੀ ਹਿਰਾਸਤ ਵਿੱਚ ਬਹੁਤ ਭਾਰੀ ਤਸ਼ੱਦਦ ਕਰਕੇ ਉਨ੍ਹਾਂ ਦਾ ਕਤਲ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ. ਜਸਵਿੰਦਰ ਸਿੰਘ ਦੇ ਸ਼ਰੀਰ ਉੱਤੇ ਪਰਿਵਾਰ ਵੱਲੋਂ ਭਾਰੀ ਤਸ਼ੱਦਦ ਦੇ ਨਿਸ਼ਾਨ ਦੇਖੇ ਗਏ ਹਨ, ਜਿਸ ਦੇ ਸਬੂਤ ਵੀ ਮੌਜੂਦ ਹਨ, ਇਸ ਲਈ ਇਸ ਮਾਮਲੇ ਵਿੱਚ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸ ਕਤਲ ਲਈ ਐੱਨ.ਸੀ.ਬੀ ਦੇ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਪਰਚਾ ਦਰਜ ਹੋਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਸਖ਼ਤ ਸਜ਼ਾਵਾਂ ਮਿਲਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਸ. ਜਸਵਿੰਦਰ ਸਿੰਘ ਨੇ ਕੋਈ ਗੁਨਾਹ ਕੀਤਾ ਸੀ ਤਾਂ ਉਸ ਲਈ ਦੇਸ਼ ਅੰਦਰ ਕਾਨੂੰਨ ਅਤੇ ਅਦਾਲਤਾਂ ਹਨ, ਉਸ ਨੂੰ ਕਾਨੂੰਨ ਅਨੁਸਾਰ ਬਣਦੀ ਸਜ਼ਾ ਦਿੱਤੀ ਜਾਂਦੀ ਨਾ ਕਿ ਇਸ ਤਰ੍ਹਾਂ ਤਸ਼ੱਦਦ ਕਰਕੇ ਕਤਲ ਕੀਤਾ ਜਾਂਦਾ। ਉਨ੍ਹਾਂ ਕਿਹਾ ਕਿ ਐੱਨ.ਸੀ.ਬੀ ਵੱਲੋਂ ਆਪਣੇ ਆਪ ਹੀ ਅਦਾਲਤ ਬਣ ਕੇ ਸਿੱਖ ਜਵਾਨ ਉੱਤੇ ਤਸ਼ੱਦਦ ਕਰਨਾ ਅਤੇ ਇੱਕ ਮਾਂ ਦਾ ਪੁੱਤਰ ਕਤਲ ਕਰਨਾ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਕਿਹਾ ਕਿ ਸ. ਜਸਵਿੰਦਰ ਸਿੰਘ ਇਸ ਸਮੇਂ ਵੀ ਬੀ.ਐੱਸ.ਐੱਫ ਵਿੱਚ ਬੰਗਲਾਦੇਸ਼ ਦੇ ਬਾਰਡਰ ਉੱਤੇ ਡਿਊਟੀ ਨਿਭਾਅ ਰਿਹਾ ਸੀ ਅਤੇ ਜਦੋਂ ਉਸ ਨੂੰ ਐੱਨ.ਸੀ.ਬੀ ਨੇ ਚੁੱਕਿਆ ਤਾਂ ਉਹ ਛੁੱਟੀ ਕੱਟਣ ਘਰ ਆਇਆ ਹੋਇਆ ਸੀ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗਾ ਵਰਤਾਰਾ ਹੈ ਕਿ ਦੇਸ਼ ਦੇ ਬਾਰਡਰ ਦੀ ਰੱਖਿਆ ਕਰਦਾ ਸਿੱਖ ਜਵਾਨ ਵੀ ਸੁਰੱਖਿਅਤ ਨਹੀਂ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਪੂਰੇ ਮਾਮਲੇ ਵਿੱਚ ਸਥਿਤੀ ਸਪੱਸ਼ਟ ਕਰਦਿਆਂ ਦੋਸ਼ੀ ਐੱਨ.ਸੀ.ਬੀ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ।ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅਜਿਹੇ ਮਸਲਿਆਂ ਉੱਤੇ ਜੰਮੂ ਦੇ ਸਮੂਹ ਸਿੱਖਾਂ ਨੂੰ ਇਕਜੁੱਟ ਹੋ ਕੇ ਅਵਾਜ਼ ਉਠਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਅੱਜ ਸ. ਜਸਵਿੰਦਰ ਸਿੰਘ ਨਾਲ ਅਜਿਹਾ ਹੋਇਆ ਹੈ ਤਾਂ ਕੱਲ੍ਹ ਕਿਸੇ ਹੋਰ ਨਾਲ ਵੀ ਅਜਿਹੀ ਘਟਨਾ ਵਾਪਰ ਸਕਦੀ ਹੈ।ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜੇਕਰ ਦੋਸ਼ੀ ਐੱਨ.ਸੀ.ਬੀ ਅਧਿਕਾਰੀਆਂ ਦੇ ਵਿਰੁੱਧ ਸਰਕਾਰ ਵੱਲੋਂ ਕਾਰਵਾਈ ਨਾ ਕੀਤੀ ਗਈ ਤਾਂ ਸਮੁੱਚਾ ਖ਼ਾਲਸਾ ਪੰਥ ਇਸ ਮਾਮਲੇ ਵਿੱਚ ਆਪਣੀ ਅਵਾਜ਼ ਬੁਲੰਦ ਕਰੇਗਾ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਹੁਣ ਤੱਕ ਜੰਮੂ ਇਲਾਕੇ ਦੇ ਕਿਸੇ ਵੀ ਰਾਜਨੀਤਕ ਆਗੂ ਨੇ ਸ. ਜਸਵਿੰਦਰ ਸਿੰਘ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਅਵਾਜ਼ ਨਹੀਂ ਉਠਾਈ।ਡੀਜੀਪੀਸੀ ਜੰਮੂ ਦੇ ਪ੍ਰਧਾਨ ਸ. ਰਣਜੀਤ ਸਿੰਘ ਟੌਹੜਾ, ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਸ. ਬਗੀਚਾ ਸਿੰਘ, ਸਿੰਘ ਸਾਹਿਬ ਦੇ ਨਿਜੀ ਸਹਾਇਕ ਸ. ਬਲਦੇਵ ਸਿੰਘ, ਮੀਤ ਸਕੱਤਰ ਡੀਜੀਪੀਸੀ ਜੰਮੂ ਸ. ਰਣਵੀਰ ਸਿੰਘ, ਇੰਚਾਰਜ ਧਰਮ ਪ੍ਰਚਾਰ ਡੀਜੀਪੀਸੀ ਜੰਮੂ ਸ. ਗੁਰਮੀਤ ਸਿੰਘ, ਸ. ਰਵਿੰਦਰ ਸਿੰਘ, ਸ. ਸਵਰਨ ਸਿੰਘ, ਸ. ਜਤਿੰਦਰ ਸਿੰਘ ਆਦਿ ਮੌਜੂਦ ਸਨ

# ਗੁ: ਬਾਬਾ ਸਾਧੂ ਸਿੰਘ ਵਿਖੇ ਸਾਲਾਨਾ ਜੋੜ ਮੇਲਾ ਤੇ ਕਬੱਡੀ ਕੱਪ ਕਰਵਾਇਆ



ਚੋਗਾਵਾਂ, 29 ਮਾਰਚ (ਸੁਬੇਗ ਸਿੰਘ ਸੋਨਾ) ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਇਤਿਹਾਸਕ ਗੁਰਦੁਆਰਾ ਬਾਬਾ ਸਾਧੂ ਸਿੱਖ ਪਿੰਡ ਚਵਿੰਡਾ ਕਲਾਂ/ਖੁਰਦ ਵਿਖੇ ਹੋਲੇ ਮਹੱਲੇ ਨੂੰ ਸਮਰਪਿਤ ਸਾਲਾਨਾ ਜੋੜ ਮੇਲਾ ਤੇ ਕਬੱਡੀ ਕੱਪ ਇਲਾਕੇ ਤੇ ਸਮੂਹ ਨਗਰ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਸਜੇ ਸੁੰਦਰ ਦੀਵਾਨ ਹਾਲ ਚ ਭਾਈ ਗੁਰਮੁਖ ਸਿੰਘ ਜੋਗੀ ਐਮ. ਏ. ਦਾ ਕਵੀਸ਼ਰੀ ਜਥਾ, ਭਾਈ ਗੁਰਭੇਜ ਸਿੰਘ ਚਵਿੰਡਾ ਦਾ ਢਾਡੀ ਜਥਾ, ਭਾਈ ਦਿਲਬਾਗ ਸਿੰਘ ਪੱਬਾਰਾਲੀ ਦੇ ਕਵੀਸ਼ਰੀ ਜਥੇ ਨੇ ਆਈਆਂ ਸੰਗਤਾਂ ਨੂੰ ਕਥਾ, ਕੀਰਤਨ ਕਰਦਿਆਂ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਸਰਪੰਚ ਗੁਰਭੇਜ ਸਿੰਘ ਸ਼ਾਹ ਵੱਲੋਂ ਆਏ ਹੋਏ ਜਥਿਆਂ ਨੂੰ ਸਨਮਾਨਿਤ ਕੀਤਾ ਗਿਆ॥ਸ਼ਾਮ ਦੇ ਵੇਲ਼ੇ ਕਬੱਡੀ ਕੱਪ ਕਰਵਾਇਆ ਗਿਆ। ਜਿਸ ਵਿਚ ਹਲਕਾ ਰਾਜਾਸਾਂਸੀ ਇੰਚਾਰਜ ਮੈਡਮ ਸੋਨੀਆ ਮਾਨ ਜੀ ਦੇ ਨਾਲ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰੇਸ਼ਮ ਵੜੈਚ, ਲਖਵਿੰਦਰ ਸਿੰਘ ਲੱਖਾ ਭਿੰਡੀ ਸੈਦਾਂ ਅਤੇ ਸੁਖਦੀਪ ਸਿੰਘ ਛੀਨਾ ਉਚੇਚੇ ਤੌਰ ਤੇ ਪਹੁੰਚੇ। ਇਸ ਦੌਰਾਨ ਸ੍ਰੀ ਅਰਜਨ ਦੇਵ ਜੀ ਚੋਹਲਾ ਸਾਹਿਬ, ਬਾਬਾ ਦਇਆ ਸਿੰਘ ਕਲੱਬ ਸੁਰ ਸਿੰਘ, ਬੈਂਕਾਂ, ਮਹਾਰਾਣੀ ਜਿੰਦ ਕੌਰ ਕਲੱਬ ਉਡਰ, ਬਾਬਾ ਕਾਲਾ ਮਾਹਿਰ ਕਲੱਬ, ਪੱਧਰੀ, ਬਾਬਾ ਸਾਧੂ ਸਿੱਖ ਕਬੱਡੀ ਕਲੱਬ ਚਵਿੰਡਾ ਕਲਾਂ ਆਦਿ ਟੀਮਾਂਦੇ ਦਰਮਿਆਨ ਗਹਿਗੱਚ ਮੁਕਾਬਲੇ ਵੇਖਣ ਨੂੰ ਮਿਲੇ। ਜੇਤੂ ਟੀਮਾਂ ਨੂੰ ਲੱਖਾਂ ਰੁਪਏ ਦੀ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ। ਅਤੇ ਕਬੱਡੀ ਖਿਡਾਰੀ ਸਾਹਿਬ ਸਿੰਘ ਚਵਿੰਡਾ ਕਲਾਂ ਨੂੰ ਐਨ.ਆਰ.ਆਈ. ਵੀਰਾਂ ਵੱਲੋਂ ਬੁਲਟ ਮੋਟਰਸਾਈਕਲ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਬਾਬਾ ਪ੍ਰਮਜੀਤ ਸਿੰਘ ਹੈਡ ਗ੍ਰੰਥੀ, ਸਰਪੰਚ ਰਣਜੀਤ ਸਿੰਘ ਚਵਿੰਡਾ ਖੁਰਦ, ਸੁਖਜਿੰਦਰ ਸਿੰਘ ਚੱਕੀਵਾਲਾ, ਸ਼ਮਸ਼ੇਰ ਸਿੰਘ ਸ਼ਾਹ, ਮੇਜਰ ਸਿੰਘ ਭਿੰਡਰ, ਗੁਰਕੀਰਤ ਸਿੰਘ, ਸ਼ਰਨਜੀਤ ਸਿੰਘ, ਬਲਦੇਵ ਸਿੰਘ, ਸੁਖਬੀਰ ਸਿੰਘ, ਗੁਰਪ੍ਰੀਤ ਸਿੰਘ ਛੀਨਾ, ਜਗਦੇਵ ਸਿੰਘ, ਹਰਪਾਲ ਸਿੰਘ, ਜਸਪਾਲ ਸਿੰਘ ਪੰਚ,ਸੁਰਜੀਤ ਸਿੰਘ ਗਿੱਲ, ਸਹਿਜਪ੍ਰੀਤ ਸਿੰਘ ਸੁਖਦੇਵ ਸਿੰਘ ਬਾਗ ਵਾਲੇ, ਗੁਰਮੁਖ ਸਿੰਘ ਪੰਚ, ਸਾਧਾ ਸਿੰਘ ਪੰਚ, ਗੁਰਬਖਸ਼ ਸਿੰਘ, ਦਿਲਬਾਗ ਸਿੰਘ ਪੰਚ, ਹਰਵਿੰਦਰ ਸਿੰਘ ਪਾਬੜ, ਬਾਬਾ ਪ੍ਰਮਜੀਤ ਸਿੰਘ ਹੈਡ ਗ੍ਰੰਥੀ, ਸਰਪੰਚ ਰਣਜੀਤ ਸਿੰਘ ਚਵਿੰਡਾ ਖੁਰਦ, ਸੁਖਜਿੰਦਰ ਸਿੰਘ ਚੱਕੀਵਾਲਾ, ਸ਼ਮਸ਼ੇਰ ਸਿੰਘ ਸ਼ਾਹ, ਮੇਜਰ ਸਿੰਘ ਭਿੰਡਰ, ਗੁਰਕੀਰਤ ਸਿੰਘ, ਸ਼ਰਨਜੀਤ ਸਿੰਘ, ਬਲਦੇਵ ਸਿੰਘ, ਸੁਖਬੀਰ ਸਿੰਘ, ਗੁਰਪ੍ਰੀਤ ਸਿੰਘ ਛੀਨਾ, ਜਗਦੇਵ ਸਿੰਘ, ਹਰਪਾਲ ਸਿੰਘ, ਜਸਪਾਲ ਸਿੰਘ ਪੰਚ,ਸੁਰਜੀਤ ਸਿੰਘ ਗਿੱਲ, ਸਹਿਜਪ੍ਰੀਤ ਸਿੰਘ ਸੁਖਦੇਵ ਸਿੰਘ ਬਾਗ ਵਾਲੇ, ਗੁਰਮੁਖ ਸਿੰਘ ਪੰਚ, ਸਾਧਾ ਸਿੰਘ ਪੰਚ, ਗੁਰਬਖਸ਼ ਸਿੰਘ, ਦਿਲਬਾਗ ਸਿੰਘ ਪੰਚ, ਆਦਿ ਹਾਜ਼ਰ ਸਨ।

# ਸ੍ਰੀ ਅਕਾਲ ਤਖਤ ਤੇ ਦਮਦਮਾ ਸਾਹਿਬ ਦੇ ਜਥੇਦਾਰਾਂ ਵੱਲੋਂ ਗੁਰਿੰਦਰ ਸਿੰਘ ਮਥਰੇਵਾਲ ਦਾ ਵਿਸ਼ੇਸ਼ ਸਨਮਾਨ



ਅੰਮ੍ਰਿਤਸਰ, 29 ਮਾਰਚ (ਬਬਲੂ ਮਹਾਜਨ)ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੈਕਸ਼ਨ 85 ਦੇ ਨਵੇਂ ਸਕੱਤਰ ਸ੍ਰ ਗੁਰਿੰਦਰ ਸਿੰਘ ਮਥਰੇਵਾਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਮੌਕੇ ਜਥੇਦਾਰਾਂ ਨੇ ਸ੍ਰ ਮਥਰੇਵਾਲ ਨੂੰ ਉਨ੍ਹਾਂ ਦੇ ਨਵੇਂ ਅਹੁਦੇ ਦੀਆਂ ਵਧਾਈਆਂ ਦਿੰਦਿਆਂ ਉਨ੍ਹਾਂ ਦਾ ਸਨਮਾਨ ਵੀ ਕੀਤਾ।ਮੁਲਾਕਾਤ ਦੌਰਾਨ ਜਥੇਦਾਰਾਂ ਨੇ ਸ੍ਰ ਮਥਰੇਵਾਲ ਦੀ ਸੇਵਾਵਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਉਹ ਇੱਕ ਸਮਰਪਿਤ ਗੁਰਸਿੱਖ ਹਨ, ਜੋ ਹਰ ਰੋਜ਼ ਬਿਨਾ ਨਾਗਾ ਅੰਮ੍ਰਿਤ ਵੇਲੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਪਾਲਕੀ ਸਾਹਿਬ ਸਮੇਂ ਹਾਜਰੀ ਭਰਦੇ ਹਨ। ਉਨ੍ਹਾਂ ਕਿਹਾ ਕਿ ਇਹ ਨਿਰੰਤਰਤਾ ਅਤੇ ਭਗਤੀ ਉਨ੍ਹਾਂ ਦੇ ਗੁਰਸਿੱਖੀ ਜੀਵਨ ਦਾ ਜੀਵੰਤ ਪ੍ਰਮਾਣ ਹੈ ਅਤੇ ਹੋਰਾਂ ਲਈ ਵੀ ਪ੍ਰੇਰਨਾ ਦਾ ਸਰੋਤ ਹੈ।ਓਹਨਾ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਗਈ ਕਿ ਸ੍ਰ ਮਥਰੇਵਾਲ ਦਾ ਸਿੱਖੀ ਸਿਦਕ ਇਸੇ ਤਰ੍ਹਾਂ ਕਾਇਮ ਰਹੇ ਅਤੇ ਉਹ ਸਦਾ ਗੁਰੂ ਘਰ ਦੀ ਸੇਵਾ ਵਿੱਚ ਲੱਗੇ ਰਹਿਣ। ਉਨ੍ਹਾਂ ਅਰਦਾਸ ਵਿੱਚ ਇਹ ਵੀ ਬੇਨਤੀ ਕੀਤੀ ਕਿ ਵਾਹਿਗੁਰੂ ਉਨ੍ਹਾਂ ਨੂੰ ਚੜ੍ਹਦੀ ਕਲਾ ਬਖ਼ਸ਼ੇ ਅਤੇ ਸੇਵਾ ਦੇ ਮਾਰਗ 'ਤੇ ਹੋਰ ਤਰੱਕੀ ਦੇਵੇ। ਇਸ ਮੌਕੇ ਸਾਬਕਾ ਜੂਨੀਅਰ ਮੀਤ ਪ੍ਰਧਾਨ ਹਰਪਾਲ ਸਿੰਘ ਜੱਲਾ ਵੀ ਨਾਲ ਸਨ

# ਵਿਧਾਇਕ ਧਾਲੀਵਾਲ ਨੇ ਮਰਹੂਮ ਰੰਧਾਵਾ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ



ਅੰਮ੍ਰਿਤਸਰ, 29 ਮਾਰਚ (ਬਬਲੂ ਮਹਾਜਨ) – ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਐਮ.ਡੀ. ਸ੍ਰੀ ਗਗਨਦੀਪ ਸਿੰਘ ਰੰਧਾਵਾ ਜੋ ਪਿਛਲੇ ਦਿਨੀ ਸਦੀਵੀ ਵਿਛੋੜਾ ਦੇ ਗਏ ਸਨ, ਉਹਨਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ ਉਹਨਾਂ ਦੇ ਗ੍ਰਿਹ ਵਿਖੇ ਪਹੁੰਚੇ।ਪਰਿਵਾਰ ਨਾਲ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਐਮਡੀ ਗਗਨਦੀਪ ਸਿੰਘ ਰੰਧਾਵਾ ਮੇਰੇ ਵਿਧਾਨ ਸਭਾ ਹਲਕਾ ਅਜਨਾਲਾ ਦੇ ਪਿੰਡ ਥੋਬਾ ਦੇ ਜੰਮ-ਪਲ ਸਨ। ਸ. ਧਾਲੀਵਾਲ ਨੇ ਉਹਨਾਂ ਦੇ ਗ੍ਰਿਹ ਵਿਖੇ ਉਹਨਾਂ ਦੇ ਪਰਿਵਾਰ ਅਤੇ ਉਹਨਾਂ ਦੀ ਪਤਨੀ ਕੋਲ ਇੱਕ ਘੰਟਾ ਬੈਠ ਕੇ ਦੁੱਖ ਸਾਂਝਾ ਕੀਤਾ ਅਤੇ ਪਰਿਵਾਰ ਨੂੰ ਵਿਸ਼ਵਾਸ ਦਵਾਇਆ ਕਿ ਅਸੀਂ ਹਰ ਤਰ੍ਹਾਂ ਨਾਲ ਪਰਿਵਾਰ ਦੇ ਨਾਲ ਹਾਂ। ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਕੱਲ੍ਹ ਕਿਉਂਕਿ ਉਹਨਾਂ ਦਾ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਅਤੇ ਸ਼ਰਧਾਂਜਲੀ ਸਮਾਗਮ ਹੈ ਤੇ ਮੈਂ ਅੱਜ ਉਹਨਾਂ ਦੇ ਘਰ ਮੱਥਾ ਟੇਕਿਆ ਅਤੇ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ

# ਸੰਤ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਦਿੱਲੀ ਫਤਿਹ ਦਿਵਸ ਨੂੰ ਸਮਰਪਿਤ ਲਾਲ ਕਿਲ੍ਹੇ ਵਿਖੇ ਲੰਗਰ ਲਗਾਇਆ ਗਿਆ



ਅੰਮ੍ਰਿਤਸਰ 29 ਮਾਰਚ (ਬਬਲੂ ਮਹਾਜਨ) : ਦਿੱਲੀ ਫਤਿਹ ਦਿਵਸ ਮੌਕੇ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ ਤੇ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਲਾਲ ਕਿਲ੍ਹਾ ਮੈਦਾਨ ਵਿਖੇ 28 ਤੋਂ 29 ਮਾਰਚ ਤੱਕ ਵਿਸ਼ਾਲ ਗੁਰੂ ਕਾ ਲੰਗਰ ਲਗਾਇਆ ਗਿਆ। ਇਹ ਲੰਗਰ ਰਾਤ ਦੇਰ ਤੱਕ ਚੱਲਦਾ ਰਿਹਾ ਅਤੇ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਲੰਗਰ ਛੱਕਿਆ। ਦਿੱਲੀ ਫਤਿਹ ਦਿਵਸ ਸਿੱਖ ਕੌਮ ਲਈ ਇੱਕ ਮਹਾਨ ਇਤਿਹਾਸਕ ਦਿਨ ਹੈ ਅਤੇ ਸਿੱਖਾਂ ਦੀ ਬਹਾਦਰੀ ਅਤੇ ਖਾਲਸਾਈ ਰਾਜ ਦੀ ਸਥਾਪਨਾ ਦੀ ਮਹਾਨ ਦਾਸਤਾਨ ਹੈ।ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਾਲ ਕਿਲ੍ਹਾ ਮੈਦਾਨ ਵਿਖੇ ਦਿੱਲੀ ਫਤਿਹ ਕਰਨ ਵਾਲੇ ਮਹਾਨ ਯੋਧਿਆਂ ਬਾਬਾ ਬਘੇਲ ਸਿੰਘ ਜੀ, ਜਥੇਦਾਰ ਜੱਸਾ ਸਿੰਘ ਆਹਲੂਵਾਲੀਆ (ਚੌਥੇ ਮੁਖੀ ਬੁੱਢਾ ਦਲ), ਸਰਦਾਰ ਜੱਸਾ ਸਿੰਘ ਰਾਮਗੜ੍ਹੀਆ, ਸਰਦਾਰ ਤਾਰਾ ਸਿੰਘ ਘੇਬਾ ਅਤੇ ਸਰਦਾਰ ਮਹਾਂ ਸਿੰਘ ਸ਼ੁਕਰਚੱਕੀਆ ਵਰਗੀਆਂ ਸ਼ਖ਼ਸੀਅਤਾਂ ਅਤੇ ਸਿੱਖ ਫੌਜਾਂ ਦੀ ਇਸ ਮਹਾਨ ਫਤਿਹ ਨੂੰ ਸਮਰਪਿਤ ਗੁਰਮਤ ਸਮਾਗਮ ਆਯੋਜਿਤ ਕੀਤੇ ਗਏ ਜਿੱਥੇ ਸਿੱਖ ਕੌਮ ਦੇ ਮਹਾਨ ਵਿਦਵਾਨਾਂ ਨੇ ਸਿੱਖ ਕੌਮ ਦੇ ਸ਼ਾਨਾਂਮੱਤੇ ਇਤਿਹਾਸ ਤੋਂ ਜਾਣੂ ਅਤੇ ਨਾਮਵਰ ਰਾਗੀ ਤੇ ਢਾਡੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ, ਢਾਡੀ ਵਾਰਾਂ ਰਾਹੀ ਸੰਗਤਾਂ ਨੂੰ ਗੁਰੂ ਜੱਸ ਸਰਵਣ ਕਰਵਾਇਆ। ਖਾਲਸਾਈ ਜਾਹੋ-ਜਲਾਲ ਨਾਲ ਆਯੋਜਿਤ ਇਹ ਸਮਾਗਮ ਸ਼ਾਮ ਤੋਂ ਰਾਤ ਦੇਰ ਤੱਕ ਚੱਲਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀਆਂ। ਭਰੀਆਂ। ਇਸ ਗੁਰਮਤਿ ਸਮਾਗਮ ਵਿੱਚ ਆਈਆਂ ਵੱਡੀ ਗਿਣਤੀ ਵਿੱਚ ਸੰਗਤਾਂ ਲਈ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ ਅਤੇ ਬਾਬਾ ਸੁਖਵਿੰਦਰ ਸਿੰਘ ਜੀ ਨੇ ਲੰਗਰ ਦੇ ਵੱਡੇ ਪ੍ਰਬੰਧ ਕੀਤੇ। ਲੰਗਰ ਵਿੱਚ ਨਾਮਵਰ ਸ਼ਖ਼ਸੀਅਤਾਂ ਅਤੇ ਵੱਖ-ਵੱਖ ਖੇਤਰਾਂ ਤੋਂ ਆਈਆਂ ਸੰਗਤਾਂ ਨੇ ਲੰਗਰ ਛੱਕਿਆ । ਲੰਗਰ ਦੇ ਵੱਡੇ ਪ੍ਰਬੰਧਾਂ ਲਈ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਦਾ ਖਾਸ ਤੌਰ ਤੇ ਸ਼ੁਕਰਾਨਾ ਕੀਤਾ। ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ ਅਤੇ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਕੀਤੀ ਗਈ ਲੰਗਰ ਸੇਵਾ ਲਈ ਸ਼ੁਕਰਾਨਾ ਕੀਤਾ।ਲੰਗਰ ਦੇ ਪ੍ਰਬੰਧਾਂ ਵਿੱਚ ਬਾਬਾ ਸੁਖਵਿੰਦਰ ਸਿੰਘ ਜੀ ਦੇ ਨਾਲ ਬਾਬਾ ਜੱਗਾ ਸਿੰਘ ,ਬਾਬਾ ਸੋਹਨ ਸਿੰਘ, ਬਾਬਾ ਬੂਟਾ ਸਿੰਘ, ਬਾਬਾ ਹਰੀ ਸਿੰਘ, ਬਾਬਾ ਕਰਨ ਸਿੰਘ, ਬਾਬਾ ਬਲਵੰਤ ਸਿੰਘ, ਬਾਬਾ ਜੋਧਬੀਰ ਸਿੰਘ,ਬਾਬਾ ਲਸ਼ਕਰ ਸਿੰਘ, ਬਾਬਾ ਕੁੰਵਰ ਪ੍ਰਤਾਪ ਸਿੰਘ, ਬਾਬਾ ਜੁਗਰਾਜ ਸਿੰਘ ਪਾਉਂਟਾ ਸਾਹਿਬ, ਬਾਬਾ ਜਗਜੀਤ ਸਿੰਘ, ਬਾਬਾ ਗੁਰਸਾਜਨ ਸਿੰਘ ,ਬਾਬਾ ਨਰਿੰਦਰ ਸਿੰਘ ,ਬਾਬਾ ਬਖਸ਼ੀਸ਼ ਸਿੰਘ ,ਬਾਬਾ ਸਤਨਾਮ ਸਿੰਘ, ਬਾਬਾ ਪ੍ਰਦੀਪ ਸਿੰਘ , ਬਾਬਾ ਗੁਰਵੰਤ ਸਿੰਘ, ਬਾਬਾ ਸੇਵਾ ਸਿੰਘ , ਬਾਬਾ ਕਾਬਲ ਸਿੰਘ, ਬਾਬਾ ਅਮਰ ਸਿੰਘ, ਬਸ ਸੁਖਦੇਵ ਸਿੰਘ ਘੜਾਮ,ਬਾਬਾ ਮਨਜੀਤ ਸਿੰਘ ਝਬਾਲ , ਬਾਬਾ ਕੁਲਵੰਤ ਸਿੰਘ ਵੀਲ੍ਹਾ, ਬਾਬਾ ਸਰਪੰਚ ਅਰਲੀਭੰਨ , ਸੁਖਵਿੰਦਰ ਸਿੰਘ ਪੱਪੂ ,ਸ ਮਨਜੀਤ ਸਿੰਘ ਦਿੱਲੀ,ਸ ਜਸਬੀਰ ਸਿੰਘ, ਸ ਬਲਵੰਤ ਸਿੰਘ ਤੇ ਮਹਿੰਦਰ ਸਿੰਘ ਮਾਇਆਪੁਰੀ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਯੋਗਦਾਨ ਪਾਇਆ।

# ਸੰਤੋਖਸਰ ਸਾਹਿਬ ਵਿਖੇ ਪ੍ਰਕਾਸ਼ ਪੁਰਬ ਸਮਾਗਮਾਂ ਦੀਆਂ ਤਿਆਰੀਆਂ ਜੋਰਾਂ 'ਤੇ

## ਤਰਲੋਚਨ ਸਿੰਘ ਬਿੱਟੂ ਸੇਵਕ ਜੱਥਾ ਵੱਲੋਂ ਪ੍ਰਕਾਸ਼ ਪੁਰਬ ਲਈ ਵਿਸ਼ਾਲ ਧਾਰਮਿਕ ਸਮਾਗਮਾਂ ਦਾ ਐਲਾਨ



ਅੰਮਿਤਸਰ, 29 ਮਾਰਚ (ਬਬਲੂ ਮਹਾਜਨ)ਸੇਵਕ ਜੱਥਾ ਇਸ਼ਨਾਨ ਗੁਰਦੁਆਰਾ ਸੰਤੋਖਸਰ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਮੈਨੇਜਰ ਸ੍ਰੀ ਦਰਬਾਰ ਸਾਹਿਬ ਵਲੋ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ 9 ਅਪ੍ਰੈਲ ਨੂੰ ਬੜੀ ਧੂਮਧਾਮ ਨਾਲ ਮਨਾਇਆ ਜਾਏਗਾ ਇਹਨਾਂ ਸਮਾਗਮਾਂ ਦੀ ਤਿਆਰੀ ਸਬੰਧੀ ਸੇਵਕ ਜੱਥਾ ਇਸ਼ਨਾਨ ਗੁਰਦੁਆਰਾ ਸੰਤੋਖਸਰ ਸਾਹਿਬ ਦੇ ਮੁੱਖ ਸੇਵਾਦਾਰ ਤਰਲੋਚਨ ਸਿੰਘ ਬਿੱਟੂ ਦੀ ਅਗਵਾਈ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੁਪਰੀਡੈਂਟ ਸਰਦਾਰ ਨਿਸ਼ਾਨ ਸਿੰਘ ਨੂੰ ਸੱਦਾ ਪੱਤਰ ਦਿੱਤਾ ਗਿਆ ਪ੍ਰਧਾਨ ਤਰਲੋਚਨ ਸਿੰਘ ਬਿੱਟੂ ਨੇ ਜਾਣਕਾਰੀ ਦਿੰਦੇ ਨੇ ਦੱਸਿਆ ਕਿ 7 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਾਏ ਜਾਣਗੇ ਅਤੇ 9 ਅਪ੍ਰੈਲ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਪਾਣ ਬਾਅਦ ਦੁਪਹਿਰ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਜਾਏਗਾ ਜਿਸ ਵਿੱਚ ਬੀਬੀ ਕੋਲਾ ਦੀ ਭਲਾਈ ਕੇਂਦਰ ਤੋਂ ਭਾਈ ਗੁਰਇਕਬਾਲ ਸਿੰਘ ਜੀ, ਭਾਈ ਜਗਤਾਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਜਸਬੀਰ ਸਿੰਘ ਜੀ, ਪਾਉਂਟਾ ਸਾਹਿਬ ਭਾਈ ਜਸਕਰਨ ਸਿੰਘ ਜੀ, ਪਟਿਆਲਾ ਭਾਈ ਹਰਜੋਤ ਸਿੰਘ ਜੀ ਜ਼ਖਮੀ, ਜਲੰਧਰ ਭਾਈ ਬਲਵਿੰਦਰ ਸਿੰਘ ਜੀ ਰੰਗੀਲਾ, ਚੰਡੀਗੜ੍ਹ ਭਾਈ ਗੁਰਦੇਵ ਸਿੰਘ ਜੀ, ਆਸਟ੍ਰੇਲੀਆ ਭਾਈ ਚਮਨਜੀਤ ਸਿੰਘ ਜੀ, ਦਿੱਲੀਵਾ ਲੇ ਅਤੇ ਸਿੰਘ ਸਾਹਿਬਾਨ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਕਰਨਗੇ। ਇਸ ਮੌਕੇ ਤੇ ਸਰਦਾਰ ਬਲਬੀਰ ਸਿੰਘ ਤਰਲੋਚਨ ਸਿੰਘ ਮਨਜੀਤ ਸਿੰਘ ਮਗਾ ਸ਼ਹੀਦ ਸਿੰਘ ਹਰਜੀਤ ਸਿੰਘ ਗੁਰਦਾਸ ਹਾਲ ਮਨਜੀਤ ਸਿੰਘ ਫੌਜੀ ਹਰਪ੍ਰੀਤ ਸਿੰਘ ਮਨਜੀਤ ਸਿੰਘ ਮਿੱਤੀ ਹੋਰ ਮੈਂਬਰ ਹਾਜ਼ਰ ਸਨ


SHRIRAM Finance

**ਸ਼੍ਰੀਰਾਮ ਫਾਈਨੈਂਸ ਲਿਮਟਿਡ**

ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051

ਸ਼ਾਖਾ ਦਫਤਰ : ਐਕਸਪੋਰਟ ਟਾਵਰ, ਨੇੜੇ ਬਿਗ ਬਨ, ਜੀਟੀ ਰੋਡ ਮੋਗਾ-142001, ਪੰਜਾਬ

**ਭੌਤਿਕ ਕਬਜ਼ਾ ਸੂਚਨਾ (ਦੇਖੋ ਨਿਯਮ 8(1)) (ਅਚੱਲ ਸੰਪੱਤੀ ਲਈ)**

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।

ਜਿਨ੍ਹਾਂ ਵਿੱਚੋਂ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦੱਸਿਆ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **25 ਮਾਰਚ, 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਜਾਇਦਾਦ ਦਾ ਵੇਰਵਾ | ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| 1. ਮੈਸਰਜ਼ ਗੁਰੂ ਕ੍ਰਿਪਾ ਐਂਟਰਪ੍ਰਾਈਜ਼ ਪ੍ਰਤਿਨਿਧਤਾ ਇਸ ਦੇ ਪ੍ਰੋਪਰਾਈਟਰ ਸ਼੍ਰੀ ਰਾਹੁਲ ਕੁਮਾਰ ਪੁੱਤਰ ਸ਼੍ਰੀ ਸੁਗਨ ਚੰਦ ਵਾਸੀ ਬਾਘਾਪੁਰਾਣਾ ਰੋਡ ਨਿਹਾਲਖੇਰ, ਫਿਰੋਜ਼ਪੁਰ ਪਿਨਕੋਡ- 142055। ਇਸ ਤੋਂ ਇਲਾਵਾ ਰਾਹੁਲ ਕੁਮਾਰ ਪੁੱਤਰ ਸ਼੍ਰੀ ਸੁਗਨ ਚੰਦ ਵਾਸੀ ਬਾਘਾਪੁਰਾਣਾ ਰੋਡ ਨੇੜੇ ਅਗਰਵਾਲ ਧਰਮਸ਼ਾਲਾ ਨਿਹਾਲ ਸਿੰਘ ਵਾਲਾ, ਮੋਗਾ ਪਿੰਨ ਕੋਡ-142022 2. ਸ਼੍ਰੀ ਸੁਗਨ ਚੰਦ ਪੁੱਤਰ ਸ਼੍ਰੀ ਰਾਮ ਪ੍ਰਤਾਪ, ਵਾਸੀ ਬਾਘਾਪੁਰਾਣਾ ਰੋਡ ਨੇੜੇ ਅਗਰਵਾਲ ਧਰਮਸ਼ਾਲਾ ਨਿਹਾਲ ਸਿੰਘ ਵਾਲਾ, ਮੋਗਾ ਪਿੰਨ ਕੋਡ- 142022, ਪੰਜਾਬ (ਜ਼ਾਮਨ) | ਉਹ ਜਾਇਦਾਦ 1-320ਵਾਂ ਹਿੱਸਾ 8 ਕਨਾਲ 0 ਮਰਲੇ ਭਾਵ 0 ਕਨਾਲ 0.5 ਮਰਲੇ ਬੇਅਰਿੰਗ ਖਾਤਾ ਨੰਬਰ-489 ਖਤੌਨੀ ਨੰ-715 ਖਸਰਾ ਨੰ-12(7-7) ਅਤੇ 7/720ਵਾਂ ਹਿੱਸਾ 4 ਕਨਾਲ 0 ਮਰਲੇ ਭਾਵ 0 ਕਨਾਲ 0.77 ਮਰਲੇ ਖਾਤਾ ਨੰ. 500, ਖਤੌਨੀ ਨੰ. 733 ਖਸਰਾ ਨੰ. ਨੰਬਰ-6//8/2(4-0) ਅਤੇ 19/1440ਵਾਂ ਹਿੱਸਾ 8 ਕਨਾਲ 'ਚੋਂ 0 ਮਰਲੇ ਲੇ ਖਸਰਾ ਨੰ-6//13(8-0) ਅਤੇ 1/72ਵਾਂ ਸ਼ੇਅਰ 6 ਕਨਾਲ 'ਚੋਂ 8 ਮਰਲੇ 0 ਕਨਾਲ ਭਾਵ 1.77 ਮਰਲੇ ਅਧੀਨ ਖਾਤਾ ਨੰ-503 ਖਤੌਨੀ ਨੰਬਰ-13/763/476) 7 ਕਨਾਲ 10 ਮਰਲੇ ਦਾ 13/1350ਵਾਂ ਹਿੱਸਾ 0 ਕਨਾਲ 1.44 ਮਰਲੇ ਵਾਲਾ ਖਾਤਾ ਨੰਬਰ- 500 ਖਤੌਨੀ ਨੰਬਰ-734 ਖਸਰਾ ਨੰਬਰ- 6//8(7-10) ਸਾਲ 2019-2020 ਲਈ ਜਮ੍ਹਾਂਬੰਦੀ ਅਨੁਸਾਰ ਵਿਕਰੀ ਡੀਡ ਅਨੁਸਾਰ ਵਸੀਕਾ ਨੰਬਰ-597 ਮਿਤੀ -02-06-2011, ਪੂਰਬ ਵੱਲ: ਗਲੀ, ਪੱਛਮ ਵੱਲ: ਡਾ. ਗਰਗ, ਉੱਤਰ ਵੱਲ: ਪੱਪੂ ਦਾ ਮਕਾਨ, ਦੱਖਣ ਵੱਲ: ਗਲੀ | ਰੁ.26,05,697/-(ਰੁਪਏ ਛੱਬੀ ਲੱਖ ਪੰਜ ਹਜ਼ਾਰ ਛੇ ਸੌ ਸਤਾਨਵੇਂ ਸਿਰਫ਼) ਖਾਤਾ ਨੰਬਰ: -CDSNGTF2103010001 ਮੰਗ ਨੋਟਿਸ ਮਿਤੀ 20.02.2024 |
| 3. ਸ਼੍ਰੀਮਤੀ ਧਨਵੰਤੀ ਰਾਣੀ ਪਤਨੀ ਸੁਗਨ ਚੰਦ ਵਾਸੀ ਬਾਘਾਪੁਰਾਣਾ ਰੋਡ ਨੇੜੇ ਅਗਰਵਾਲ ਧਰਮਸ਼ਾਲਾ, ਨਿਹਾਲ ਸਿੰਘ ਵਾਲਾ,ਮਗਾ ਪਿੰਨ ਕੋਡ 142022, ਪੰਜਾਬ (ਜ਼ਾਮਨ) | | |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।

ਮਿਤੀ : 25.03.2026 ਸਥਾਨ : ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਈਨਾਂਸ ਲਿਮਟਿਡ



GRIHUM HOUSING FINANCE Apna Ghar, Apni Pehchan.

**ਗ੍ਰੀਹਮ ਹਾਊਸਿੰਗ ਫਾਈਨਾਂਸ ਲਿਮਟਿਡ**

ਰਜਿ. ਦਫਤਰ-6ਵੀਂ ਮੰਜ਼ਿਲ, ਬੀ-ਬਿਲਡਿੰਗ, ਗੰਗਾ ਟਰੂਨੋ ਬਿਜ਼ਨਸ ਪਾਰਕ, ਲੋਹੇਗਾਓਂ, ਪੁਣੇ-411014

ਅੰਤਿਕਾ 4 (ਵੇਖੋ ਨਿਯਮ 8 (1)) ਕਬਜ਼ਾ ਸੂਚਨਾ (ਅਚੱਲ ਸੰਪੱਤੀ ਲਈ)

ਜਿਥੇ ਕਿ, ਨਿਮਨ ਹਸਤਾਖਰੀ ਨੇ **ਗ੍ਰੀਹਮ ਹਾਊਸਿੰਗ ਫਾਈਨਾਂਸ ਲਿਮਟਿਡ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸਬੰਧਤ ਮੰਗ ਸੂਚਨਾ ਵਿਚ ਦਰਸਾਈ ਰਕਮ (†) ਨੂੰ ਅਦਾ ਕਰਨ ਲਈ ਉਨ੍ਹਾਂ ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਕਰਜ਼ਦਾਰਾਂ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।

ਜਿਵੇਂ ਕਿ ਕਰਜ਼ਦਾਰ ਰਕਮ ਦਾ ਭੁਗਤਾਨ ਕਰਨ ਵਿਚ ਨਾਕਾਮ ਰਹੇ ਹਨ, ਇੱਥੇ ਸੰਪੱਤੀ ਦੇ ਮਾਲਕ ਨੂੰ, ਕਰਜ਼ਦਾਰਾਂ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਨਿਮਨ ਦਰਸਾਈ ਮਿਤੀ ਨੂੰ ਦਰਸਾਈ ਨਿਯਮਾਂਵਲੀ ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ **ਧਾਰਾ** 13 (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਕਬਜ਼ਾ** ਲੈ ਲਿਆ ਹੈ।

ਕਰਜ਼ਦਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਨਿਮਨ ਰਕਮ ਅਤੇ ਉਸ ਉਪਰ ਵਿਆਜ, ਲਾਗਤਾਂ ਦੇ ਚਾਰਜ ਨਾਲ ਸਬੰਧਤ ਹੋਵੇਗੀ।

ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿੱਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।ਕਬਜ਼ੇ ਵਿਚ ਲਈ ਗਈ ਸੰਪੱਤੀ ਦਾ ਵੇਰਵਾ ਨਿਮਨ ਅਨੁਸਾਰ ਹੈ।

| ਲ. ਨੰ. | ਕਰਜ਼ਦਾਰਾਂ ਦੇ ਨਾਮ | ਸੰਪੱਤੀ ਦਾ ਵੇਰਵਾ | ਕਬਜ਼ੇ ਲੈਣ ਦੀ ਮਿਤੀ | ਵਿਧਾਨਿਕ ਮੰਗ ਸੂਚਨਾ ਦੀ ਮਿਤੀ | ਮੰਗ ਸੂਚਨਾ ਵਿਚ ਰਕਮ (ਰੁਪਏ) |
|---|---|---|---|---|---|
| 1. | ਸੁਸ਼ਮਾ ਰਾਵਲ, ਈਸ਼ਵਰ ਰਾਵਲ | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ LIG ਹਾਊਸ ਨੰਬਰ 333-ਏ, ਪਹਿਲੀ ਮੰਜ਼ਿਲ, ਖੇਤਰਫਲ 14.63 ਵਰਗ ਗਜ਼ ਕਵਰਡ ਖੇਤਰਫਲ 150 ਫੁੱਟ (ਲਗਭਗ)। ਹਾਊਸਿੰਗ ਬੋਰਡ ਕਲੋਨੀ, ਪੰਚਕੂਲਾ, ਹਰਿਆਣਾ ਵਿਖੇ ਸਥਿਤ (ਇਸ ਤੋਂ ਬਾਅਦ ਸਵਾਲ ਵਿੱਚ ਜਾਇਦਾਦ ਦਾ ਹਵਾਲਾ ਦਿੱਤਾ ਗਿਆ ਹੈ) | 24-03-2026 | 09-01-2026 | LOAN NO.HL00634100000005044900 Rs.694464/- (ਰੁਪਏ ਛੇ ਲੱਖ ਚੁਰਾਨਵੇਂ ਹਜ਼ਾਰ ਚਾਰ ਸੌ ਚੌਂਹਠ ਰੁਪਏ ਕੇਵਲ) ਪੂਰਤੀ ਹੋਣ ਤੱਕ 13.35% ਸਲਾਨਾ ਦੀ ਦਰ 'ਤੇ ਵਿਆਜ ਸਮੇਤ 09.01.2026 ਦੇ ਅਨੁਸਾਰ ਅਦਾਇਗੀਯੋਗ |
| 2. | ਬਲਕਾਰ ਸਿੰਘ ਬਲਕਾਰ ਬਿੱਟੂ ਕੰਸਟ੍ਰੱਕਸ਼ਨ ਇੰਜੀਨੀਅਰਜ਼ ਕੰਸਟ੍ਰੱਕਸ਼ਨਜ਼ ਰਾਜਵਿੰਦਰ ਕੌਰ ਨਵਦੀਪ ਸਿੰਘ | ਜ਼ਮੀਨ ਦੇ ਸਾਰੇ ਭਾਗ ਅਤੇ ਹਿੱਸੇ ਜਿਸਦੀ ਮਾਪ 01 ਕਨਾਲ 00 ਮਰਲੇ ਹੈ, ਜੋ ਕਿ 34 ਕਨਾਲ 16 ਮਰਲੇ ਜ਼ਮੀਨ ਦਾ 5/174 ਹਿੱਸਾ ਹੈ, ਖਸਰਾ ਨੰਬਰ 208//10/3 (3-12), 11(7-4), 20/1(3-12), 209/6/2 (4-13), 7/1/1 (0-8), 7/1/2 (0-1), 14/2 (0-16), 15 (8-0), 16 (6-0), 17/1 (0-10), ਖੇਵਟ ਨੰਬਰ 1070/1575, ਸਾਲ 2014-2015 ਲਈ ਜਮ੍ਹਾਂਬੰਦੀ ਦੇ ਅਨੁਸਾਰ, ਨਥਾਣਾ, ਤਹਿਸੀਲ ਨਥਾਣਾ, ਜ਼ਿਲ੍ਹਾ ਬਠਿੰਡਾ ਦੀ ਮਾਲੀਆ ਸੀਮਾ ਦੇ ਅੰਦਰ ਸਥਿਤ ਹੈ। | 25-03-2026 | 09-01-2026 | LOAN NO.HM0040H16100315 Rs.4033127/- (ਰੁਪਏ ਚਾਲੀ ਲੱਖ ਤੇਤੀ ਹਜ਼ਾਰ ਇਕ ਸੌ ਸਤਾਈ ਰੁਪਏ ਕੇਵਲ) ਪੂਰਤੀ ਹੋਣ ਤੱਕ 12.65% ਸਲਾਨਾ ਦੀ ਦਰ 'ਤੇ ਵਿਆਜ ਸਮੇਤ 09.01.2026 ਦੇ ਅਨੁਸਾਰ ਅਦਾਇਗੀਯੋਗ |
| 3. | ਕੁਲਦੀਪ ਸਿੰਘ, ਕਮਲਜੀਤ ਕੌਰ | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਪਲਾਟ ਜਿਸਦੀ ਲੰਬਾਈ 30 ਫੁੱਟ ਅਤੇ ਚੌੜਾਈ 15 ਫੁੱਟ ਹੈ, 50 ਵਰਗ ਗਜ਼ ਹੈ, ਖਸਰਾ ਨੰਬਰ 34//22/1 ਮਿਨ, ਜੋ ਕਿ ਅਬਾਦੀ ਪ੍ਰੇਮ ਨਗਰ, ਕੋਟ ਖਾਲਸਾ ਉਪ ਸ਼ਹਿਰੀ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ ਹੈ। ਅਤੇ ਪਲਾਟ ਦੀਆਂ ਸੀਮਾਵਾਂ ਪੂਰਬ: ਰਾਈਜ਼ਿੰਗ ਪਲਾਟ ਦਾ ਬਾਕੀ ਹਿੱਸਾ, ਸੀਮਨ ਸ਼ਰਮਾ ਦੀ ਮਲਕੀਅਤ ਹੈ ਪੱਛਮ: ਜਸਵਿੰਦਰ ਸਿੰਘ ਦੀ ਮਲਕੀਅਤ ਉੱਤਰ: ਗਲੀ 16 ਫੁੱਟ ਚੌੜੀ ਦੱਖਣ: ਅਜੀਤ ਸਿੰਘ ਦੀ ਮਲਕੀਅਤ | 27-03-2026 | 09-01-2026 | LOAN NO.HL00213100000005038410 Rs.1045977/-(ਰੁਪਏ ਦਸ ਲੱਖ ਪੰਤਾਲੀ ਹਜ਼ਾਰ ਨੌਂ ਸੌ ਸਤੱਤਰ ਰੁਪਏ ਕੇਵਲ) ਪੂਰਤੀ ਹੋਣ ਤੱਕ 13.35% ਸਲਾਨਾ ਦੀ ਦਰ 'ਤੇ ਵਿਆਜ ਸਮੇਤ 09.01.2026 ਦੇ ਅਨੁਸਾਰ ਅਦਾਇਗੀਯੋਗ |
| 4. | ਸੁਰਜੀਤ ਰਾਮ, ਪਰਮਜੀਤ ਕੌਰ | ਜ਼ਮੀਨ ਦੇ ਸਾਰੇ ਭਾਗ ਅਤੇ ਹਿੱਸੇ 1 ਕਨਾਲ 7.1/2 ਮਰਲੇ, ਜੋ ਕਿ 205 ਕਨਾਲ 17 ਮਰਲੇ ਜ਼ਮੀਨ ਦਾ 55/8234 ਹਿੱਸਾ ਹੈ, ਖੇਵਟ ਖਤੌਨੀ ਨੰਬਰ 112/109/449 ਤੋਂ 461 ਤੱਕ, ਖਸਰਾ ਨੰਬਰ 27//15/1 ਮਿਨ/1-7, 28//11/1/2-13, 27//15/1 ਮਿਨ/4-13, 13/3/2/6-4, 4/7-11, 27/4/8-0, 7/8-0, 14/8-0, 22/14/5-1, 22/8-0, 27//2/8-0, 22//18/8-0, 23/8-0, 27//13/8-0, 22//21/2/4-0, 26//6/7-2, 27/11/8-0, 9/8-0, 10/8-0, 22//17/8-0, 24/8-0, 27//3/8-0, 43//14/7-19, 17/8-0, 43//15/7-7, 16/8-0, 42/11/8-0, 27/8/8-0, 12/8-0, ਸਾਲ 2013-14 ਲਈ ਜਮ੍ਹਾਂਬੰਦੀ ਅਨੁਸਾਰ, ਖਾਨੇਵਾਲ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ ਦੀਆਂ ਮਾਲੀਆ ਸੀਮਾਵਾਂ ਦੇ ਅੰਦਰ ਸਥਿਤ ਹੈ ਅਤੇ ਹੇਠ ਲਿਖੇ ਅਨੁਸਾਰ ਸੀਮਾਵਾਂ (ਟਾਈਟਲ ਡੀਡ ਅਨੁਸਾਰ) ਰੱਖਦਾ ਹੈ:-ਪੂਰਬ: 76' 6" ਗਲੀ ਪੱਛਮ: 44' 3" ਦਿਲੇਰ ਸਿੰਘ ਪੁੱਤਰ ਸਾਧੂ ਸਿੰਘ ਅਤੇ 32' 3" ਸੁਰਜੀਤ ਰਾਮ ਪੁੱਤਰ ਮਾਰਾ ਰਾਮ।ਉੱਤਰ: 61' 6" ਪੱਪੂ ਰਾਮ ਪੁੱਤਰ ਰਾਮਜੀ ਅਤੇ 63' 4" ਸੁਰਜੀਤ ਰਾਮ ਪੁੱਤਰ ਮਾਰਾ ਰਾਮ ਦੱਖਣੀ: 124' 10" ਮੇਵਾ ਰਾਮ ਪੁੱਤਰ ਲਾਲੂ ਰਾਮ। | 25-03-2026 | 09-01-2026 | LOAN NO. HM0040H16100315 Rs.4033127/- (ਰੁਪਏ ਚਾਲੀ ਲੱਖ ਤੇਤੀ ਹਜ਼ਾਰ ਇਕ ਸੌ ਸਤਾਈ ਰੁਪਏ ਕੇਵਲ) ਪੂਰਤੀ ਹੋਣ ਤੱਕ 12.65% ਸਲਾਨਾ ਦੀ ਦਰ 'ਤੇ ਵਿਆਜ ਸਮੇਤ 09.01.2026 ਦੇ ਅਨੁਸਾਰ ਅਦਾਇਗੀਯੋਗ |

ਸਥਾਨ : ਪੰਜਾਬ
ਮਿਤੀ : 30.03.2026

ਸਹੀ/- ਅਧਿਕਾਰਤ ਦਫਤਰ
ਗ੍ਰੀਹਮ ਹਾਊਸਿੰਗ ਫਾਈਨਾਂਸ ਲਿਮਟਿਡ

## ਪੁਲਿਸ ਨੇ ਦੋ ਲੋਕਾਂ ਨੂੰ ਗ੍ਰਿਫ਼ਤਾਰ ਕਰਕੇ ਇੱਕ ਕਿਲੋ ਅਫੀਮ ਬ੍ਰਾਮਦ ਕੀਤੀ

ਮੋਗਾ, 29 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖਰਾਣਾ): ਮਾਣਯੋਗ ਡੀਜੀਪੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ 'ਤੇ ਐਸਐਸਪੀ ਮੋਗਾ ਅਜੇ ਗਾਂਧੀ ਦੇ ਨਿਰਦੇਸ਼ 'ਤੇ ਮੋਗਾ ਪੁਲਿਸ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ ਜਦੋਂ ਮੁਖਬਰ ਵੱਲੋਂ ਸੂਚਨਾ ਦਿੱਤੀ ਗਈ ਕਿ ਇਹ ਦੋ ਬੰਦਿਆਂ ਨੂੰ ਫੜਿਆ ਜਾਵੇ ਤਾਂ ਇਨ੍ਹਾਂ ਤੋਂ ਅਫੀਮ ਬ੍ਰਾਮਦ ਹੋ ਸਕਦੀ ਹੈ। ਜਦੋਂ ਪੁਲਿਸ ਪਾਰਟੀ ਨੇ ਇਨ੍ਹਾਂ ਨੂੰ ਫੜਿਆ ਤਾਂ ਇਨ੍ਹਾਂ ਕੋਲੋਂ ਇੱਕ ਅਫੀਮ ਬ੍ਰਾਮਦ ਹੋਈ। ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਹਿਚਾਣ ਮੋਗਾ ਨਿਵਾਸੀ ਦਿਲਪ੍ਰੀਤ ਸਿੰਘ ਤੇ ਗੁਰਨੂਰ ਸਿੰਘ ਹੋਈ। ਇਨ੍ਹਾਂ ਖ਼ਿਲਾਫ ਐਨਡੀਪੀਐਸ ਦਾ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਥਾਣਾ ਸਿਟੀ-1 ਦੇ



ਐਸਐਚਓ ਵਰਨ ਮਟ ਨੇ ਕਿਹਾ ਕਿ ਨਸ਼ੇ ਦੇ ਖ਼ਿਲਾਫ ਚੱਲ ਰਹੀ ਮੁਹਿੰਮ ਨੂੰ ਲੈ ਕੇ ਸੀਆਈਏ ਸਟਾਫ ਨੇ ਦੋ ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ। ਉਨ੍ਹਾਂ ਨੇ ਦੱਸਿਆ ਕਿ ਥਾਣਾ ਸਿਟੀ ਵਿੱਚ ਇਨ੍ਹਾਂ ਖ਼ਿਲਾਫ ਐਫਆਈਆਰ 68 ਦਰਜ ਕਰਕੇ ਇਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਹੈ ਤੇ ਇਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਤੇ ਇਨ੍ਹਾਂ ਦਾ ਰਿਮਾਂਡ ਲੈ ਕੇ ਫੌਰਵਰਡ ਤੇ ਬੈਕਵਰਡ ਲਿੰਕ ਦੀ ਜਾਂਚ ਕੀਤੀ ਜਾਵੇਗੀ ਤੇ ਇਸ ਮਾਮਲੇ ਵਿੱਚ ਹੋਰ ਵੀ ਜੋ ਲੋਕ ਸ਼ਾਮਲ ਹੋਣਗੇ, ਉਨ੍ਹਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

## ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਦਾ ਤਿੰਨ ਦਿਨਾਂ 'ਗੁਰੂ ਮਾਨਿਉ ਗ੍ਰੰਥ ਚੇਤਨਾ ਸਮਾਗਮ' ਸਮਾਪਤ



ਗੜ੍ਹਦੀਵਾਲਾ, 29 ਮਾਰਚ (ਗੌਰਵ): ਗੁਰੂ ਮਾਨਿਉ ਗ੍ਰੰਥ ਚੇਤਨਾ ਸਮਾਗਮ ਵੈਲਫੇਅਰ ਸੁਸਾਇਟੀ ਗੜ੍ਹਦੀਵਾਲਾ ਵੱਲੋਂ ਦੇਸ਼-ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਖ਼ਾਲਸਾ ਕਾਲਜ ਗੜ੍ਹਦੀਵਾਲਾ ਦੇ ਨਜ਼ਦੀਕ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ ਸਿੱਖ ਪ੍ਰਚਾਰਕ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਦਾ ਕਰਵਾਇਆ ਗਿਆ ਤਿੰਨ ਦਿਨਾਂ 'ਗੁਰੂ ਮਾਨਿਉ ਗ੍ਰੰਥ ਚੇਤਨਾ ਸਮਾਗਮ' ਅਮਿਟ ਯਾਦਾਂ ਛੱਡਦਾ ਹੋਇਆ ਸਮਾਪਤ ਹੋ ਗਿਆ। ਸਮਾਗਮ ਦੇ ਤਿੰਨੇ ਦਿਨ ਕਥਾ ਕੀਰਤਨ ਕਰਦਿਆਂ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਨੇ ਨੌਜਵਾਨ ਵਰਗ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੇ ਪਤਿਤ ਪੁਣੇ ਦੀ ਦਲਦਲ ਵਿਚੋਂ ਨਿਕਲਣ ਲਈ ਗੁਰਬਾਣੀ ਤੇ ਬਾਣੇ ਦੇ ਧਾਰਨੀ ਬਣਨ। ਉਨ੍ਹਾਂ ਬਜ਼ੁਰਗਾਂ ਨੂੰ ਅਪੀਲ ਕੀਤੀ ਕਿ ਉਹ ਨੌਜਵਾਨ ਪੀੜ੍ਹੀ ਦਾ ਮਾਰਗ ਦਰਸ਼ਕ ਬਣ ਕੇ ਉਨ੍ਹਾਂ ਲਈ ਧਾਰਮਿਕ ਪ੍ਰੋਗਰਾਮ ਉਲੀਕਿਆ ਕਰਨ ਤਾਂ ਜੋ ਸਿੱਖੀ ਦੇ ਅਮੀਰ ਵਿਰਸੇ ਨੂੰ ਗੁਰ-ਘਰ ਪਹੁੰਚਾਇਆ ਜਾ ਸਕੇ। ਇਸ ਮੌਕੇ ਉਨ੍ਹਾਂ ਅੰਮ੍ਰਿਤ ਦੀ ਮਹਾਨਤਾ ਸਬੰਧੀ ਜਾਣਕਾਰੀ ਦਿੰਦਿਆਂ ਸੰਗਤਾਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਪਾਨ ਕਰਨ ਦੀ ਅਪੀਲ ਕੀਤੀ ਤੇ ਸਮਾਗਮ ਤੋਂ ਪ੍ਰਭਾਵਿਤ ਹੋ ਕੇ ਅੰਮ੍ਰਿਤਪਾਨ ਕਰਨ ਵਾਲਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਸਿੱਖਾਂ ਦੀ ਘਟ ਰਹੀ ਗਿਣਤੀ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਉਹ ਪਹਿਲੀ ਵਾਰ ਸੰਗਤਾਂ ਨੂੰ ਅਪੀਲ ਕਰਦੇ ਹਨ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿੰਘ ਸਹਿਬਾਨ ਦੇ ਆਦੇਸ਼ ਅਨੁਸਾਰ ਸਿੱਖ ਪਰਿਵਾਰਾਂ 'ਚ ਵਾਧਾ ਜ਼ਰੂਰ ਕਰਨ।ਸਮਾਗਮ ਦੌਰਾਨ ਸੰਤ ਬਾਬਾ ਨਿਹਾਲ ਸਿੰਘ ਹਰੀਆ ਵੇਲਾਂ, ਬਾਬਾ ਤਰਨਜੀਤ ਸਿੰਘ ਨਿੱਕੀਆਂ ਘੁੰਮਣਾ, ਬਾਬਾ ਗੁਰਪ੍ਰੀਤ ਸਿੰਘ ਮਿਰਜਾਪੁਰ, ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ, ਵਿਧਾਇਕ ਦਸੂਹਾ ਕਰਮਜੀਤ ਸਿੰਘ ਘੁੰਮਣ, ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਗਿਲਜੀਆਂ, ਅਕਾਲੀ ਆਗੂ ਅਰਵਿੰਦ ਸਿੰਘ ਰਸੂਲਪੁਰ, ਚੇਅਰਮੈਨ ਸੰਦੀਪ ਸੈਣੀ, ਡੀ.ਐਸ.ਪੀ. ਦਵਿੰਦਰ ਸਿੰਘ ਬਾਜਵਾ, ਕਿਸਾਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਇਕਬਾਲ ਸਿੰਘ ਜੌਹਲ, ਐਸ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ, ਕੁਲਦੀਪ ਸਿੰਘ ਲਾਡੀ ਬੁੱਟਰ ਆਦਿ ਹਾਜ਼ਰ ਸਨ।

## ਨਵੀਂ ਦਿੱਲੀ 'ਚ ਵੱਡੀ ਸਿਆਸੀ ਮੁਲਾਕਾਤ......
## ਪਵਨ ਖੇੜਾ ਨਾਲ ਮਿਲ ਕੇ 2027 ਚੋਣਾਂ ਲਈ ਬਣੀ ਰਣਨੀਤੀ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 29 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਬੀਤੇ ਦਿਨੀਂ ਨਵੀਂ ਦਿੱਲੀ ਦੇ ਨਿਜ਼ਾਮੁੱਦੀਨ ਈਸਟ ਸਥਿਤ ਗ੍ਰਹਿ ਵਿਖੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਮੀਡੀਆ ਤੇ ਪਬਲੀਸਿਟੀ ਵਿਭਾਗ ਦੇ ਚੇਅਰਮੈਨ ਤੇ ਕਾਂਗਰਸ ਵਰਕਿੰਗ ਕਮੇਟੀ ਦੇ ਮੈਂਬਰ ਪਵਨ ਖੇੜਾ ਨਾਲ ਸੀਨੀਅਰ ਕਾਂਗਰਸੀ ਆਗੂ ਤੇ ਜਰਨਲ ਸਕੱਤਰ ਕਾਂਗਰਸ ਕਿਸਾਨ ਵਿੰਗ ਹਰਵਿੰਦਰਪਾਲ ਸਿੰਘ ਸ਼ਾਹਬਾਦ ਨੇ ਇੱਕ ਅਹਿਮ ਸਿਆਸੀ ਮੁਲਾਕਾਤ ਕੀਤੀ। ਇਹ ਮੁਲਾਕਾਤ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕਾਫੀ ਮਹੱਤਵਪੂਰਨ ਮੰਨੀ ਜਾ ਰਹੀ ਹੈ।ਇਸ ਦੌਰਾਨ ਪਵਨ ਖੇੜਾ ਨੇ ਸ੍ਰੀ ਹਰਿਗੋਬਿੰਦਪੁਰ ਹਲਕੇ ਵਿੱਚ ਲੋਕਾਂ ਦੀ ਸੇਵਾ ਤੇ ਪਾਰਟੀ ਪ੍ਰਤੀ ਨਿਸ਼ਠਾ ਨਾਲ ਕੀਤੇ ਜਾ ਰਹੇ ਕੰਮਾਂ ਦੀ ਭਰਪੂਰ ਸਰਾਹਨਾ ਕੀਤੀ। ਉਨ੍ਹਾਂ ਨੇ ਕਿਹਾ ਕਿ ਜ਼ਮੀਨੀ ਪੱਧਰ 'ਤੇ ਕੀਤੀ ਜਾ ਰਹੀ ਮਿਹਨਤ ਹੀ ਭਵਿੱਖ ਵਿੱਚ ਪਾਰਟੀ ਦੀ ਮਜ਼ਬੂਤੀ ਦਾ ਆਧਾਰ ਬਣੇਗੀ। ਮੁਲਾਕਾਤ ਦੌਰਾਨ ਪੰਜਾਬ ਦੀ ਮੌਜੂਦਾ ਸਿਆਸੀ ਸਥਿਤੀ ਤੇ ਖਾਸ ਤੌਰ 'ਤੇ ਸ੍ਰੀ ਹਰਿਗੋਬਿੰਦਪੁਰ ਹਲਕੇ ਵਿੱਚ



ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਰਣਨੀਤੀਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। 2027 ਦੀਆਂ ਚੋਣਾਂ ਵਿੱਚ ਜਿੱਤ ਨੂੰ ਯਕੀਨੀ ਬਣਾਉਣ ਲਈ ਸੰਗਠਨਕ ਢਾਂਚੇ ਨੂੰ ਮਜ਼ਬੂਤ ਕਰਨ, ਵਰਕਰਾਂ ਨੂੰ ਸਰਗਰਮ ਕਰਨ ਤੇ ਲੋਕਾਂ ਨਾਲ ਸਿੱਧੀ ਜੁੜਤ ਬਣਾਉਣ 'ਤੇ ਜ਼ੋਰ ਦਿੱਤਾ ਗਿਆ।ਪਵਨ ਖੇੜਾ ਵੱਲੋਂ ਦਿੱਤਾ ਗਿਆ ਮਾਰਗਦਰਸ਼ਨ ਤੇ ਆਸ਼ੀਰਵਾਦ ਇਸ ਮੁਲਾਕਾਤ ਦਾ ਖਾਸ ਕੇਂਦਰ ਰਿਹਾ। ਉਨ੍ਹਾਂ ਨੇ ਭਵਿੱਖ ਵਿੱਚ ਵੀ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਸਮਰਪਿਤ ਵਰਕਰ ਹੀ ਪਾਰਟੀ ਦੀ ਅਸਲ ਤਾਕਤ ਹੁੰਦੇ ਹਨ।ਇਸ ਮੌਕੇ ਉਨ੍ਹਾਂ ਵੱਲੋਂ ਮਿਲੇ ਪਿਆਰ, ਸਤਿਕਾਰ ਤੇ ਪ੍ਰੇਰਣਾ ਲਈ ਦਿਲੋਂ ਧੰਨਵਾਦ ਪ੍ਰਗਟ ਕੀਤਾ ਗਿਆ ਤੇ ਪਾਰਟੀ ਦੀ ਮਜ਼ਬੂਤੀ ਲਈ ਹੋਰ ਵਧੇਰੇ ਜ਼ੋਰ ਨਾਲ ਕੰਮ ਕਰਨ ਦਾ ਸੰਕਲਪ ਦੁਹਰਾਇਆ ਗਿਆ।ਇਹ ਮੁਲਾਕਾਤ ਨਾ ਸਿਰਫ਼ ਸਥਾਨਕ ਪੱਧਰ 'ਤੇ, ਸਗੋਂ ਪੰਜਾਬ ਦੀ ਸਿਆਸਤ ਵਿੱਚ ਵੀ ਨਵੀਂ ਚਰਚਾ ਦਾ ਕੇਂਦਰ ਬਣ ਗਈ ਹੈ ਤੇ ਆਉਣ ਵਾਲੇ ਸਮੇਂ ਵਿੱਚ ਇਸ ਦੇ ਦੂਰਗਾਮੀ ਪ੍ਰਭਾਵ ਦੇਖਣ ਨੂੰ ਮਿਲ ਸਕਦੇ ਹਨ।

## ਸਰਕਾਰ ਦੀਆਂ ਚਾਰ ਸਾਲ ਦੀਆਂ ਪ੍ਰਾਪਤੀਆਂ ਘਰ-ਘਰ ਪਹੁੰਚਾਉਣ ਲਈ ਹੋਈ ਇਕੱਤਰਤਾ



ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 29 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਆਮ ਆਦਮੀ ਪਾਰਟੀ ਵੱਲੋਂ ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ ਮੁਹਿੰਮ ਤਹਿਤ ਇੱਕ ਵਿਸ਼ੇਸ਼ ਮੀਟਿੰਗ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਹੋਈ। ਇਹ ਮੀਟਿੰਗ ਆਪ ਆਗੂ ਚੇਅਰਮੈਨ ਮਾਰਕੀਟ ਕਮੇਟੀ ਤੇ ਜ਼ੋਨ ਇੰਚਾਰਜ ਐਡ. ਨਿਸ਼ਾਨ ਸਿੰਘ ਚਾਹਲ ਬੋਲੇਵਾਲ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਪਾਰਟੀ ਦੇ ਅਹੁਦੇਦਾਰਾਂ ਤੇ ਯੂਥ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੀਟਿੰਗ ਦੌਰਾਨ ਚੇਅਰਮੈਨ ਐਡ. ਨਿਸ਼ਾਨ ਸਿੰਘ ਚਾਹਲ ਬੋਲੇਵਾਲ ਨੇ ਪੰਜਾਬ ਸਰਕਾਰ ਦੀਆਂ ਪਿਛਲੇ ਚਾਰ ਸਾਲਾਂ ਦੀਆਂ ਪ੍ਰਾਪਤੀਆਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਬਿਜਲੀ, ਵਧੀਆ ਸਿਹਤ ਸਹੂਲਤਾਂ, ਸਕੂਲਾਂ ਵਿੱਚ ਸੁਧਾਰ, 65 ਹਜ਼ਾਰ ਨੌਜਵਾਨਾਂ ਨੂੰ ਨੌਕਰੀਆਂ ਮੁਹੱਈਆ ਕਰਵਾਉਣਾ, ਮੁੱਖ ਮੰਤਰੀ ਤੀਰਥ ਯਾਤਰਾ, ਕਿਸਾਨਾਂ ਨੂੰ ਸਿੰਚਾਈ ਲਈ ਪਾਣੀ ਦੇਣਾ ਆਦਿ ਹੋਰ ਇਤਿਹਾਸਕ ਕੰਮ ਕੀਤੇ ਗਏ ਹਨ। ਉਨ੍ਹਾਂ ਨੇ ਪਾਰਟੀ ਦੇ ਵਰਕਰਾਂ ਨੂੰ ਅਪੀਲ ਕੀਤੀ ਕਿ ਇਹ ਉਪਲੱਬਧੀਆਂ ਘਰ-ਘਰ ਤੱਕ ਪਹੁੰਚਾਈਆਂ ਜਾਣ ਤਾਂ ਜੋ ਹਰ ਨਾਗਰਿਕ ਸਰਕਾਰ ਦੇ ਕੰਮਾਂ ਤੋਂ ਜਾਣੂੰ ਹੋ ਸਕੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਨਦੀਪ ਸਿੰਘ, ਯੂਥ ਹਲਕਾ ਪ੍ਰਧਾਨ ਤੇਜਵੰਤ ਸਿੰਘ, ਯੂਥ ਬਲਾਕ ਪ੍ਰਧਾਨ ਦਿਲਬਾਗ ਸਿੰਘ ਲੀਲ ਕਲਾਂ, ਕਵਲਜੀਤ ਸਿੰਘ ਆਦੋਵਾਲੀ, ਚੇਅਰਮੈਨ ਅਜਮੇਰ ਸਿੰਘ, ਸੁਰਜੀਤ ਸਿੰਘ ਭਿੰਡਰ, ਪਲਵਿੰਦਰ ਸਿੰਘ, ਗੁਰਮੀਤ ਸਿੰਘ ਵੀਲਾ, ਸ਼ਹਿਬਾਜ਼ ਸਿੰਘ, ਤਜਿੰਦਰ ਸਿੰਘ, ਬਲਵਿੰਦਰ ਸਿੰਘ, ਗੁਰਬੀਰ ਸਿੰਘ ਮਿਸਰਪੁਰਾ, ਜਰਮਨਜੀਤ ਸਿੰਘ, ਮਨਪ੍ਰੀਤ ਕੁਮਾਰ, ਜਸਵਿੰਦਰ ਸਿੰਘ, ਕਾਬਲ ਸਿੰਘ, ਹਰਸਿਮਰਨਜੀਤ ਸਿੰਘ, ਸਰਭਜੀਤ ਸਿੰਘ, ਹਰਪ੍ਰੀਤ ਸਿੰਘ, ਕੁਲਵਿੰਦਰ ਸਿੰਘ, ਸਰਪੰਚ ਦਿਲਬਾਗ ਸਿੰਘ, ਗੁਰਮੀਤ ਸਿੰਘ ਕੀੜੀ ਅਫਗਾਨਾ ਹੋਰ ਹਾਜ਼ਰ ਸਨ।

## ਕਣਕ ਦੀ ਨਾੜ ਨੂੰ ਅੱਗ ਲਗਾਉਣ ਤੋਂ ਰੋਕਣ ਸਬੰਧੀ ਜਾਗਰੂਕਤਾ ਵੈਨ ਰਵਾਨਾ

ਟਾਂਡਾ ਉੜਮੁੜ, 29 ਮਾਰਚ (ਅਰਜੁਨ ਜੈਨ): ਕਣਕਾਂ ਦੀ ਕਟਾਈ ਤੋਂ ਪਹਿਲਾਂ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਲਈ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਪੰਜਾਬ



ਸਰਕਾਰ ਵੱਲੋਂ ਕਿਸਾਨਾਂ ਨੂੰ ਜਾਗਰੂਕ ਕਰਨ ਸਬੰਧੀ ਸ਼ੁਰੂ ਕੀਤੀ ਯੋਜਨਾ ਤਹਿਤ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਟਾਂਡਾ ਇਲਾਕੇ ਦੇ ਕਿਸਾਨਾਂ ਨੂੰ ਕਣਕ ਦੀ ਨਾੜ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਖੇਤੀਬਾੜੀ ਵਿਭਾਗ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਸ਼ੁਰੂ ਕੀਤੀ ਮੁਹਿੰਮ ਤਹਿਤ ਜਾਗਰੂਕਤਾ ਵੈਨ ਰਵਾਨਾ ਕੀਤੀ। ਇਸ ਮੌਕੇ ਤਹਿਸੀਲਦਾਰ ਟਾਂਡਾ ਮਨੀਸ਼ ਕੁਮਾਰ ਤੇ ਐਸਐਮਓ ਟਾਂਡਾ ਡਾ. ਕਰਨ ਕੁਮਾਰ ਸੈਣੀ ਵੀ ਹਾਜ਼ਰ ਸਨ। ਇਸ ਮੌਕੇ ਵਿਧਾਇਕ ਰਾਜਾ ਗਿੱਲ ਨੇ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿੱਥੇ ਮਨੁੱਖੀ ਸਿਹਤ 'ਤੇ ਬੁਰੇ ਪ੍ਰਭਾਵ ਪੈਂਦੇ ਹਨ, ਉਥੇ ਕਈ ਵਾਰ ਨਾਲ ਲੱਗਦੇ ਕਿਸਾਨਾਂ ਦੀਆਂ ਫਸਲਾਂ ਵੀ ਅੱਗ ਦੀ ਭੇਟ ਚੜ੍ਹ ਜਾਂਦੀਆਂ ਹਨ ਤੇ ਵੱਡਾ ਨੁਕਸਾਨ ਹੁੰਦਾ ਹੈ। ਉਨ੍ਹਾਂ ਨੇ ਦੱਸਿਆ ਕਿ ਕਣਕ ਦੀ ਕਟਾਈ ਤੋਂ ਬਾਅਦ ਤੂੜੀ ਬਣਾਉਣ ਉਪਰੰਤ ਖੇਤ 'ਚ ਕਣਕ ਦੀ ਨਾੜ ਨੂੰ ਅੱਗ ਲਗਾਉਣ ਦੀ ਬਜਾਏ ਡੂੰਘੀ ਵਹਾਈ ਕਰ ਦੇਣੀ ਚਾਹੀਦੀ ਹੈ, ਜਿਸ ਨਾਲ ਜ਼ਮੀਨ ਵਿੱਚ ਮੌਜੂਦ ਕਿਸਾਨ ਮਿੱਤਰ ਕੀੜੇ-ਮਕੌੜੇ ਤੇ ਬਿਮਾਰੀਆਂ ਦੇ ਕਣ ਜਿਉਂਦੇ ਰਹਿੰਦੇ ਹਨ। ਉਨ੍ਹਾਂ ਦੱਸਿਆ ਕਿ ਕਿਸਾਨਾਂ ਕਣਕ ਦੀ ਵਾਢੀ ਦੇ ਸੀਜ਼ਨ ਦੌਰਾਨ ਸੈਟੇਲਾਈਟ ਦੁਆਰਾ ਅੱਗ ਲੱਗਣ ਦੀਆਂ ਘਟਨਾਵਾਂ 'ਤੇ ਪ੍ਰਸ਼ਾਸਨ ਵੱਲੋਂ ਨਜ਼ਰ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸਾਨ ਵੀਰ ਕਣਕ ਦੇ ਨਾੜ ਨੂੰ ਅੱਗ ਲਗਾਉਣ ਤੋਂ ਗੁਰੇਜ ਕਰਨ। ਇਸ ਮੌਕੇ ਐਸਡੀਓ ਪੀਡਬਲਿਊਡੀ ਬਲਦੇਵ ਰਾਜ, ਹੈਲਥ ਇੰਸਪੈਕਟਰ ਜਤਿੰਦਰ ਸਿੰਘ, ਨੰਬਰਦਾਰ ਅਪਿੰਦਰ ਪਾਲ ਸਿੰਘ, ਮਲਕੀਤ ਸਿੰਘ, ਹਰਪ੍ਰੀਤ ਸਿੰਘ, ਅਮਨ ਕੁਮਾਰ ਤੇ ਹੋਰ ਕਿਸਾਨ ਵੀ ਮੌਜੂਦ ਸਨ।

## 13 ਗ੍ਰਾਮ 40 ਮਿਲੀਗ੍ਰਾਮ ਹੈਰੋਇਨ ਸਮੇਤ 2 ਦੋਸ਼ੀ ਗ੍ਰਿਫ਼ਤਾਰ

ਗੁਰਦਾਸਪੁਰ, 29 ਮਾਰਚ (ਜਗੀਰ ਸਿੰਘ ਮੰਡ): ਮੁੱਖ ਮੰਤਰੀ, ਪੰਜਾਬ ਵੱਲੋਂ ਐਲਾਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਮਾਣਯੋਗ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਤੇ ਮਾਣਯੋਗ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਾਰਡਰ ਰੇਂਜ, ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ-



ਨਿਰਦੇਸ਼ਾਂ ਅਨੁਸਾਰ ਥਾਣਾ ਸਿਟੀ ਗੁਰਦਾਸਪੁਰ ਵਿਖੇ ਰਾਹੁਲ ਉਰਫ ਹੈਪੀ ਨੂੰ ਕਾਬੂ ਕਰਕੇ ਉਸ ਕੋਲੋਂ 07 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ, ਜਿਸ 'ਤੇ ਦੋਸ਼ੀ ਦੇ ਖ਼ਿਲਾਫ ਮੁਕੱਦਮਾ ਬਾ-ਜੁਰਮ 21-61-85 NDPS Act ਥਾਣਾ ਸਿਟੀ ਗੁਰਦਾਸਪੁਰ ਵਿਖੇ ਦਰਜ ਕੀਤਾ ਗਿਆ। ਥਾਣਾ ਕਲਾਨੌਰ ਵਿਖੇ ਬਲਵਿੰਦਰ ਪਾਲ ਨੂੰ ਕਾਬੂ ਕਰਕੇ ਉਸ ਕੋਲੋਂ 06 ਗ੍ਰਾਮ 40 ਮਿਲੀਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ, ਜਿਸ 'ਤੇ ਦੋਸ਼ੀ ਦੇ ਖ਼ਿਲਾਫ ਮੁਕੱਦਮਾ ਬਾ-ਜੁਰਮ 21(ਬੀ)-61-85 NDPS Act ਥਾਣਾ ਕਲਾਨੌਰ ਵਿਖੇ ਦਰਜ ਕੀਤਾ ਗਿਆ। ਆਦਿੱਤਯ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਨੇ ਇਲਾਕੇ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਗੈਰ-ਕਾਨੂੰਨੀ/ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਇਤਲਾਹ ਪੁਲਿਸ ਨੂੰ ਦਿੱਤੀ ਜਾਵੇ, ਗੈਰ-ਕਾਨੂੰਨੀ/ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਦੇ ਖ਼ਿਲਾਫ ਠੋਸ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਨਸ਼ਿਆਂ ਦੇ ਕਾਰੋਬਾਰ ਨੂੰ ਜੜ੍ਹ ਤੋਂ ਖਤਮ ਕਰਨ ਲਈ ਜ਼ਿਲ੍ਹਾ ਗੁਰਦਾਸਪੁਰ ਦੀ ਪੁਲਿਸ ਪੂਰੀ ਤਰ੍ਹਾਂ ਵਚਨਬੱਧ ਹੈ।

## 15 ਨਸ਼ੀਲੀਆਂ ਗੋਲੀਆਂ ਸਮੇਤ ਦੋਸ਼ੀ ਗ੍ਰਿਫ਼ਤਾਰ

ਰਾਹੋਂ, 29 ਮਾਰਚ (ਸੰਜੀਵ ਕੁਮਾਰ ਬੌਬੀ): ਨਸ਼ਿਆਂ ਨੂੰ ਠੱਲ੍ਹ ਪਾਉਂਦੇ ਹੋਏ ਬੀਤੀ ਕੱਲ੍ਹ ਰਾਹੋਂ ਦੀ ਪੁਲਿਸ ਵੱਲੋਂ ਐਸ.ਐਚ.ਓ. ਵਰਿੰਦਰ ਕੁਮਾਰ ਦੀ ਅਗਵਾਈ 'ਚ 15 ਨਸ਼ੀਲੀਆਂ ਗੋਲੀਆਂ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਐਸ.ਐਚ.ਓ. ਚੌਧਰੀ ਵਰਿੰਦਰ ਕੁਮਾਰ ਨੇ ਆਖਿਆ ਕਿ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਜਦੋਂ ਥਾਣਾ ਰਾਹੋਂ ਤੋਂ ਘੱਕੇਵਾਲ ਰੋਡ ਹੁੰਦੇ ਹੋਏ ਉਪਲ ਫਾਰਮ ਹੋ ਕੇ ਨਵਾਂਸ਼ਹਿਰ-ਰਾਹੋਂ ਮੇਨ ਰੋਡ ਵੱਲ ਜਾ ਰਹੀ ਸੀ ਤਾਂ ਉਥੇ ਇੱਕ ਵਿਅਕਤੀ ਪੈਦਲ ਆਉਂਦਾ ਦਿਖਾਈ ਦਿੱਤਾ ਤੇ ਪੁਲਿਸ ਨੂੰ ਦੇਖ ਕੇ ਘਬਰਾ ਗਿਆ ਤੇ ਸ਼ੱਕ ਦੇ ਆਧਾਰ 'ਤੇ ਉਸ ਕੋਲੋਂ ਤਲਾਸ਼ੀ ਲੈਣ 'ਤੇ ਉਸ ਕੋਲੋਂ 15 ਨਸ਼ੀਲੀਆਂ ਗੋਲੀਆਂ ਬ੍ਰਾਮਦ ਕੀਤੀਆਂ ਗਈਆਂ।



ਪੁਲਿਸ ਪਾਰਟੀ ਵੱਲੋਂ ਉਸ ਨੂੰ ਮੌਕੇ 'ਤੇ ਕਾਬੂ ਕਰਕੇ ਅਗਲੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ। ਥਾਣਾ ਮੁਖੀ ਨੇ ਆਖਿਆ ਕਿ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ ਜਿਸ ਦੀ ਪਹਿਚਾਣ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਜੋਗਿੰਦਰ ਸਿੰਘ ਵਾਸੀ ਮੁਹੱਲਾ ਰਾਜਪੂਤਾਂ, ਰਾਹੋਂ ਵਜੋਂ ਹੋਈ ਹੈ। ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਹੋਰ ਤਫ਼ਤੀਸ਼ ਲਈ ਰਿਮਾਂਡ ਹਾਸਲ ਕੀਤਾ ਜਾਵੇਗਾ।ਇਸ ਮੌਕੇ ਪੁਲਿਸ ਪਾਰਟੀ ਮੌਜੂਦ ਸੀ।

## ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਦੁਆਬਾ ਜ਼ੋਨ ਦੇ ਇੰਚਾਰਜ ਡਾ. ਹਰਮਿੰਦਰ ਬਖਸ਼ੀ ਵੱਲੋਂ ਸਕੂਲਾਂ ਦਾ ਦੌਰਾ

ਗੜ੍ਹਸ਼ੰਕਰ, 29 ਮਾਰਚ (ਅਜਮੇਰ ਸਿੰਘ ਭਣੋਟ): ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਉਥੇ ਹੀ ਅੱਜ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਨਾਲ ਪੇਰੈਂਟਸ ਮੀਟਿੰਗ ਕੀਤੀ ਗਈ, ਜਿਸ ਵਿੱਚ ਅੱਜ ਆਮ ਆਦਮੀ ਪਾਰਟੀ ਦੇ ਦੁਆਬਾ ਜ਼ੋਨ ਸਿੱਖਿਆ ਕ੍ਰਾਂਤੀ ਇੰਚਾਰਜ ਡਾ. ਹਰਮਿੰਦਰ ਬਖ਼ਸ਼ੀ ਨੇ ਗੜ੍ਹਸ਼ੰਕਰ ਦੇ ਵੱਖ-ਵੱਖ ਸਰਕਾਰੀ ਸਕੂਲਾ ਦਾ ਦੌਰਾ ਕੀਤਾ, ਉਥੇ ਹੀ ਗੜ੍ਹਸ਼ੰਕਰ ਦੇ ਸਰਕਾਰੀ ਸਕੂਲ ਆਫ਼ ਐਮੀਨੈਂਸ ਦੇ ਵਿੱਚ ਪਹੁੰਚ ਕੇ ਜਿੱਥੇ ਉਨ੍ਹਾਂ ਸਕੂਲ ਦੇ ਮਿਹਨਤੀ ਸਟਾਫ ਦੀ ਤਾਰੀਫ ਕੀਤੀ, ਉਥੇ ਹੀ ਇਸ ਸਕੂਲ ਦੇ ਵੱਖ-ਵੱਖ ਕਲਾਸਾਂ ਦੇ ਹੁਸ਼ਿਆਰ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ। ਇਸ ਮੌਕੇ ਡਾ. ਹਰਮਿੰਦਰ ਸਿੰਘ ਬਖਸ਼ੀ ਨੇ ਕਿਹਾ ਕਿ ਸਕੂਲ ਦਾ ਸਟਾਫ਼ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਸਿੱਖਿਆ ਕ੍ਰਾਂਤੀ ਦੀਆਂ ਹਦਾਇਤਾਂ ਦੀ



ਪਾਲਣਾ ਕਰਦਾ ਹੋਇਆ, ਅੱਜ ਬੱਚਿਆਂ ਨੂੰ ਚੰਗੀ ਸਿੱਖਿਆ ਦੇ ਰਿਹਾ ਹੈ, ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਮੁੱਖ ਮੱਕਸਦ ਸਿੱਖਿਆ ਖੇਤਰ ਦੇ ਵਿੱਚ ਵੱਡੇ ਸੁਧਾਰ ਕਰਕੇ ਸਕੂਲਾਂ ਦੀ ਦਸ਼ਾ ਤੇ ਵਿਦਿਆਰਥੀਆਂ ਨੂੰ ਚੰਗੀ ਸਿੱਖਿਆ ਉਪਲਬਧ ਕਰਵਾਉਣਾ ਹੈ, ਜਿਸ ਦਾ ਅਸਰ ਅੱਜ ਸਕੂਲਾਂ ਵਿੱਚ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਗੜ੍ਹਸ਼ੰਕਰ ਦੇ ਇਸ ਸਕੂਲ ਆਫ ਐਮੀਨੈਂਸ ਵਿੱਚ ਬੱਚੇ ਪੜ੍ਹ ਕੇ ਦੇਸ਼ ਦਾ ਨਾਮ ਰੌਸ਼ਨ ਕਰ ਰਹੇ ਹਨ ਤੇ ਪੰਜਾਬ ਸਰਕਾਰ ਵੱਲੋਂ ਵੀ ਸਕੂਲ ਦੇ ਸਟਾਫ ਤੇ ਸਕੂਲ ਲਈ ਹਰ ਸੰਭਵ ਮਦਦ ਕੀਤੀ ਜਾ ਰਹੀ ਹੈ, ਉਨ੍ਹਾਂ ਕਿਹਾ ਕਿ ਇਹ ਪੰਜਾਬ ਦੀ ਪਹਿਲੀ ਆਮ ਆਦਮੀ ਪਾਰਟੀ ਦੀ ਸਰਕਾਰ ਹੈ, ਜਿਸਨੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਭੇਜਿਆ ਤਾਂ ਕਿ ਵਿਦੇਸ਼ਾਂ ਵਿੱਚ ਬੱਚਿਆਂ ਨੂੰ ਕਿਸ ਤਰ੍ਹਾਂ ਦੀ ਐਜੂਕੇਸ਼ਨ ਦਿੱਤੀ ਜਾ ਰਹੀ ਹੈ। ਅਧਿਆਪਕ ਇਹ ਸਮਝ ਸਕਣ ਤਾਂ ਜੋ ਹੋਰ ਵੀ ਵਿਦਿਆਰਥੀਆਂ ਨੂੰ ਚੰਗੀ ਐਜੂਕੇਸ਼ਨ ਦਿੱਤੀ ਜਾ ਸਕੇ।ਜਿਸ ਦੇ ਨਤੀਜ ਚੰਗੇ ਮਿਲੇ ਹਨ ਤੇ ਅੱਜ ਪੰਜਾਬ ਦੇ ਸਰਕਾਰੀ ਸਕੂਲ ਦਿੱਲੀ ਦੇ ਸਰਕਾਰੀ ਸਕੂਲਾਂ ਤੋਂ ਵੀ ਵਧੀਆ ਐਜੂਕੇਸ਼ਨ ਪ੍ਰਧਾਨ ਕਰ ਰਹੇ ਹਨ।

## ਵਿਧਾਇਕ ਰੰਧਾਵਾ ਨੇ 10 ਕਰੋੜ ਦੀ ਲਾਗਤ ਨਾਲ ਬਣਨ ਵਾਲੀਆਂ ਸੜਕਾਂ ਦੇ ਨੀਂਹ ਪੱਥਰ ਰੱਖੇ

ਡੇਰਾ ਬਾਬਾ ਨਾਨਕ, 29 ਮਾਰਚ (ਹੈਪੀ ਕੋਟਲੀ): ਪਿਛਲੇ ਦਿਨੀਂ ਡੇਰਾ ਬਾਬਾ ਨਾਨਕ ਇਲਾਕੇ ਵਿੱਚ ਆਏ ਹੜ੍ਹ ਕਾਰਨ ਜਿੱਥੇ ਫਸਲਾਂ, ਪਸ਼ੂਆਂ ਤੇ ਘਰਾਂ ਦਾ ਵੱਡਾ ਨੁਕਸਾਨ ਹੋਇਆ ਸੀ ਤੇ ਉਥੇ ਹੀ ਇਸ ਹੜ੍ਹ ਦੇ ਪਾਣੀ ਨਾਲ ਸੜਕਾਂ ਨੂੰ ਵੀ ਵੱਡਾ ਨੁਕਸਾਨ ਪਹੁੰਚਿਆ ਸੀ, ਜਿਸ ਨੂੰ ਲੈ ਕੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਧਿਆਨ ਵਿੱਚ ਲਿਆਂਦਾ ਗਿਆ ਸੀ ਤੇ ਗੁਰਦੀਪ ਰੰਧਾਵਾ ਦੇ ਯਤਨਾਂ ਸਦਕਾ ਅੱਜ ਪਿੰਡ ਧਰਮਕੋਟ, ਸਹਿਜਾਦਾ, ਗੁਰਚੱਕ ਤੋਂ ਲੈ ਕੇ ਪਿੰਡ ਮਾਸੀ ਵਾਹਲਾ ਤੱਕ ਕਰੀਬ ਸੱਤ ਕਿਲੋਮੀਟਰ ਤੇ ਡੇਰਾ ਬਾਬਾ ਨਾਨਕ ਮਹਾਰਾਜਾ ਰਣਜੀਤ ਸਿੰਘ ਚੌਕ ਤੋਂ ਲੈ ਕੇ ਪਿੰਡ ਠੇਠਰਕੇ ਤੱਕ ਕਰੀਬ ਤਿੰਨ ਕਿਲੋਮੀਟਰ ਤੱਕ ਪੀਡਬਲਿਊਡੀ ਵਿਭਾਗ ਵੱਲੋਂ ਬਣਾਈਆਂ ਜਾ ਰਹੀਆਂ ਸੜਕਾਂ ਦਾ ਆਪਣੇ ਕਰ ਕਮਲਾਂ ਨਾਲ ਨੀਂਹ ਪੱਥਰ ਰੱਖਿਆ ਗਿਆ।ਗੁਰਦੀਪ ਰੰਧਾਵਾ ਦਾ ਪਿੰਡ ਧਰਮਕੋਟ ਤੇ ਡੇਰਾ ਬਾਬਾ ਨਾਨਕ ਪਹੁੰਚਣ 'ਤੇ ਮੋਹਤਬਰ ਆਗੂਆਂ



ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੀਪ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੁਚਾਰੂ ਸੋਚ ਸਦਕਾ ਪੰਜਾਬ ਵਿੱਚ 40 ਹਜ਼ਾਰ ਕਿਲੋਮੀਟਰ ਸੜਕਾਂ ਬਣਾਈਆਂ ਜਾ ਰਹੀਆਂ ਹਨ ਤੇ ਪਿਛਲੇ ਦਿਨੀਂ ਡੇਰਾ ਬਾਬਾ ਨਾਨਕ ਵਿੱਚ ਹੜ੍ਹਾਂ ਨਾਲ ਖਸਤਾ ਹਾਲ ਹੋਈਆਂ ਸੜਕਾਂ ਨੂੰ ਬਣਾਉਣ ਲਈ ਅੱਜ ਨੀਂਹ ਪੱਥਰ ਰੱਖੇ ਗਏ ਹਨ ਤੇ ਜਿਨ੍ਹਾਂ ਉਪਰ ਕਰੀਬ 10 ਕਰੋੜ ਰੁਪਏ ਦੀ ਲਾਗਤ ਆਵੇਗੀ।ਇਸ ਮੌਕੇ ਗੁਰਦੀਪ ਰੰਧਾਵਾ ਵੱਲੋਂ ਵਿਰੋਧੀ ਪਾਰਟੀਆਂ 'ਤੇ ਨਿਸ਼ਾਨੇ ਸਾਧਦੇ ਹੋਏ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਚੋਣਾਂ ਆਮ ਆਦਮੀ ਪਾਰਟੀ ਵੱਲੋਂ ਕਰਵਾਏ ਗਏ ਕੰਮਾਂ ਦੇ ਆਧਾਰ 'ਤੇ ਲੜੀਆਂ ਜਾਣਗੀਆਂ ਤੇ ਜਿੱਤ ਪ੍ਰਾਪਤ ਕਰੇਗੀ।

## ਖ਼ਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਨਤੀਜੇ ਸ਼ਾਨਦਾਰ ਰਹੇ



ਚੌਂਕ ਮਹਿਤਾ, 29 ਮਾਰਚ (ਬਲਜਿੰਦਰ ਸਿੰਘ ਰੰਧਾਵਾ): ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਖ਼ਾਲਸਾ ਕਾਲਜੀਏਟ ਮਹਿਤਾ ਦੇ ਨੌਵੀਂ ਤੇ ਗਿਆਰਵੀਂ ਜਮਾਤ ਦੇ ਨਤੀਜੇ ਘੋਸ਼ਿਤ ਕੀਤੇ ਗਏ।ਸਕੂਲ ਦੇ ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਬਹੁਤ ਹੀ ਪ੍ਰਸ਼ੰਸਾਯੋਗ ਪ੍ਰਦਰਸ਼ਨ ਕੀਤਾ।ਜਿਸ ਵਿੱਚ ਨੌਵੀਂ ਜਮਾਤ ਦੀ ਸ਼ੁਭਨੀਤ ਕੌਰ, ਪਵਨਜੀਤ ਸਿੰਘ ਤੇ ਪਵਰੀਤ ਕੌਰ ਨੇ ਕ੍ਰਮਵਾਰ ਪਹਿਲਾ ਦੂਜਾ ਤੇ ਤੀਸਰਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ 11ਵੀਂ ਜਮਾਤ ਕਾਮਰਸ ਸਟਰੀਮ ਵਿਚ ਮਹਿਕਪ੍ਰੀਤ ਕੌਰ, ਅਭਿਜੋਤ ਕੌਰ, ਗੁਰਪ੍ਰੀਤ ਸਿੰਘ ਨਾਨ-ਮੈਡੀਕਲ ਸਟਰੀਮ ਵਿੱਚ ਸਾਹਿਲਪ੍ਰੀਤ ਕੌਰ, ਅਵਨੀਤ ਸਿੰਘ, ਕੋਮਲਪ੍ਰੀਤ ਕੌਰ, ਮੈਡੀਕਲ ਸਟਰੀਮ ਵਿਚ ਅਵਲੀਨ ਕੌਰ ਤੇ ਜਸਕਰਨ ਸਿੰਘ, ਭਾਵਨਾ ਸ਼ਰਮਾ, ਦਮਨਪ੍ਰੀਤ ਕੌਰ ਤੇ ਸਾਹਿਬਨਦੀਪ ਕੌਰ, ਪਵਨਦੀਪ ਕੌਰ, ਰਵਨੀਤ ਕੌਰ ਤੇ ਇਸੇ ਤਰ੍ਹਾਂ ਆਰਟਸ ਸਟਰੀਮ ਵਿੱਚ ਨਵਨੀਤ ਕੌਰ, ਰਵਨੀਤ ਕੌਰ, ਸ਼ੁਭਕਰਨ ਸਿੰਘ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਦਰਜਾ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸੁਖਦੇਵ ਸਿੰਘ ਨੇ ਸਮੂਹ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਅਧਿਆਪਕ ਸਾਹਿਬਾਨਾਂ ਦਾ ਧੰਨਵਾਦ ਕੀਤਾ ਤੇ ਬੱਚਿਆਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ। ਇਸ ਉਪਰੰਤ ਸਕੂਲ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਤੇ ਸਟਾਫ ਮੈਂਬਰਾਂ ਨੇ ਸਕੂਲ ਦੇ ਚਮਕਦੇ ਸਿਤਾਰਿਆਂ ਨੂੰ ਸਨਮਾਨਤ ਕੀਤਾ।ਪ੍ਰਿੰਸੀਪਲ ਸਾਹਿਬ ਨੇ ਖੁਸ਼ੀ ਜ਼ਾਹਿਰ ਕਰਦੇ ਹੋਏ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਤੇ ਭਵਿੱਖ ਵਿੱਚ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ।ਬੱਚਿਆਂ ਦੇ ਉਤਸ਼ਾਹ ਤੇ ਸ਼ਾਨਦਾਰ ਨਤੀਜਿਆਂ ਕਰਕੇ ਅੱਜ ਸਕੂਲ ਵਿੱਚ ਵਿਦਿਆਰਥੀਆਂ ਦੀ ਦਾਖਲਾ ਲੈਣ ਦੀ ਰੁਚੀ ਬਹੁਤ ਵੱਧ ਗਈ ਹੈ। ਇਸ ਸੁਭਾਗੇ ਮੌਕੇ 'ਤੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਡਾ. ਜਤਿੰਦਰ ਸ਼ਰਮਾ, ਕਾਲਜ ਸੁਪਰਡੈਂਟ ਕੁਲਦੀਪ ਕੌਰ, ਸੁਖਦੇਵ ਸਿੰਘ, ਸੁਖਜੀਤ ਸਿੰਘ ਤੇ ਸਮੂਹ ਸਟਾਫ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

## ਮਰਹੂਮ ਮਾ. ਹਰਬੰਸ ਹੀਰੁਓਂ ਨੂੰ ਸਮਰਪਿਤ ਸਾਹਿਤਕ ਸਮਾਗਮ ਯਾਦਗਾਰੀ ਰਿਹਾ



ਬੰਗਾ, 29 ਮਾਰਚ (ਪ੍ਰਭਜੋਤ ਸਿੰਘ): ਉਮਰ ਭਰ ਇਲਾਕੇ 'ਚ ਸਾਹਿਤਕ ਚਿਣਗ ਮਘਾਈ ਰੱਖਣ ਵਾਲੇ ਮਰਹੂਮ ਮਾ. ਹਰਬੰਸ ਹੀਓਂ ਦੀ ਯਾਦ ਨੂੰ ਸਮਰਪਿਤ ਕਵੀ ਦਰਬਾਰ ਤੇ ਪ੍ਰਸਿੱਧ ਪੰਜਾਬੀ ਕਵਿੱਤਰੀ ਸੁਖਵਿੰਦਰ ਅੰਮ੍ਰਿਤ ਦਾ ਰੂ-ਬ-ਰੂ ਬੇਹੱਦ ਸਫ਼ਲ ਰਿਹਾ। ਇਹ ਸਮਾਗਮ ਪੰਜਾਬੀ ਸਾਹਿਤ ਸਭਾ ਬੰਗਾ ਵੱਲੋਂ ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਨਵਾਂਸ਼ਹਿਰ ਤੇ ਸਿੱਖ ਨੈਸ਼ਨਲ ਕਾਲਜ ਬੰਗਾ ਦੇ ਪੈਂਜੀ ਇਕਮਿੰਦਰ ਸਿੰਘ ਸੈਮੀਨਾਰ ਹਾਲ ਵਿਖੇ ਕਰਵਾਇਆ ਗਿਆ।ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਪ੍ਰੋ. ਸੁਰਜੀਤ ਜੱਜ, ਪ੍ਰਿੰ. ਤਰਸੇਮ ਸਿੰਘ ਭਿੰਡਰ, ਜਸਵੀਰ ਗੁਣਾਚੌਰੀਆ, ਮੋਹਣ ਬੀਕਾ, ਡਾ. ਬਲਵੀਰ ਕੌਰ ਰੀਹਲ ਤੇ ਇਕਬਾਲ ਕਾਹਮਾ ਸ਼ਾਮਲ ਰਹੇ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਪ੍ਰੋ. ਸੁਰਜੀਤ ਜੱਜ ਹੋਰਾਂ ਵੱਲੋਂ ਹਰਬੰਸ ਹੀਓਂ ਦੁਆਰਾ ਕੀਤੇ ਗਏ ਸਾਹਿਤਕ ਕਾਰਜਾਂ ਤੇ ਲੋਕ ਪੱਖੀ ਲਹਿਰਾਂ ਬਾਰੇ ਚਾਨਣਾ ਪਾਇਆ ਗਿਆ। ਉਨ੍ਹਾਂ ਨੇ ਮਰਹੂਮ ਹਰਬੰਸ ਹੀਓਂ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਇਕੱਲਿਆਂ ਹੀ ਕਈ ਸੰਸਥਾਵਾਂ ਜਿੰਨਾ ਕੰਮ ਕੀਤਾ ਹੈ। ਉਹ ਇੱਕ ਕੁਸ਼ਲ ਪ੍ਰਬੰਧਕ ਸਨ, ਉਨ੍ਹਾਂ ਨੇ ਇੱਕ ਪੂਰੀ ਨਸਲ ਨੂੰ ਸਾਹਿਤ ਦੇ ਰਾਹ ਤੋਰਿਆ। ਉਨ੍ਹਾਂ ਕਿਹਾ ਕਿ ਸਾਨੂੰ ਹਰਬੰਸ ਹੀਓਂ ਦੇ ਜੀਵਨ ਪੰਧ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਉਪਰੰਤ ਸੁਖਵਿੰਦਰ ਅੰਮ੍ਰਿਤ ਨੇ ਸਰੋਤਿਆਂ ਦੇ ਸਨਮੁੱਖ ਹੁੰਦੇ ਹੋਏ ਆਪਣੀ ਕਵਿਤਾ ਤੇ ਜ਼ਿੰਦਗੀ ਦੇ ਹਵਾਲੇ ਨਾਲ ਬਹੁਤ ਖ਼ੂਬਸੂਰਤ ਗੱਲਾਂ ਕੀਤੀਆਂ। ਇਸ ਮੌਕੇ ਡਾ. ਨਿਰਮਲ ਜੀਤ ਮੁਖੀ ਪੰਜਾਬੀ ਵਿਭਾਗ ਸਿੱਖ ਨੈਸ਼ਨਲ ਕਾਲਜ ਬੰਗਾ, ਐਡ. ਪਰਮਜੀਤ ਸਿੰਘ ਚਾਹਲ, ਜਸਪਾਲ ਹੀਓਂ, ਗਗਨ ਹੀਓਂ, ਸੋਹਣ ਸਿੰਘ ਪਰਮਾਰ, ਕੁਲਵਿੰਦਰ ਕੁੱਲਾ, ਖੁਸ਼ੀ ਰਾਮ ਗੁਣਾਚੌਰ, ਦੇਵ ਰਾਜ, ਸ਼ਿਵ ਰਾਜ ਚੌਹਾਨ, ਅਮਨਦੀਪ ਗੋਸਲ, ਇੰਦੂ ਰੱਤੀ, ਪ੍ਰੋ. ਤਜਿੰਦਰ, ਪ੍ਰੋ. ਆਬਿਦ ਵਾਕਰ, ਪ੍ਰੋ. ਕੁਲਵਿੰਦਰ ਸਿੰਘ, ਹਰੀ ਰਾਮ ਰਸੂਲਪੁਰੀ, ਤੀਰਥ ਰਸੂਲਪੁਰੀ, ਜਸਵੀਰ ਸਿੰਘ ਮੰਗੂਵਾਲ ਤੇ ਅਜਮੇਰ ਚਾਨਾ ਆਦਿ ਸ਼ਾਮਲ ਰਹੇ।

## ਚੇਅਰਪਰਸਨ ਰਾਜਵਿੰਦਰ ਕੌਰ ਮੰਦਰ ਧਿਆਨਪੁਰ ਵਿਖੇ ਨਤਮਸਤਕ ਹੋਏ

ਡੇਰਾ ਬਾਬਾ ਨਾਨਕ, 29 ਮਾਰਚ (ਹੈਪੀ ਕੋਟਲੀ): ਨਵ-ਨਿਯੁਕਤ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਚੇਅਰਪਰਸਨ ਬੀਬੀ ਰਾਜਵਿੰਦਰ ਕੌਰ



ਭਗਵਾਨਪੁਰ ਅੱਜ ਵੱਖ-ਵੱਖ ਪਿੰਡਾਂ ਦੇ ਪੰਚਾਂ-ਸਰਪੰਚਾਂ ਤੇ ਹੋਰ ਇਲਾਕੇ ਦੇ ਮੋਹਤਬਰ ਆਗੂਆਂ ਦੀ ਹਾਜ਼ਰੀ 'ਚ ਹਲਕਾ ਡੇਰਾ ਬਾਬਾ ਨਾਨਕ ਅਧੀਨ ਪੈਂਦੇ ਇਤਿਹਾਸਕ ਮੰਦਰ ਸ੍ਰੀ ਬਾਵਾ ਲਾਲ ਦਿਆਲ ਜੀ ਧਿਆਨਪੁਰ ਵਿਖੇ ਨਤਮਸਤਕ ਹੋਣ ਲਈ ਪਹੁੰਚੇ, ਇਸ ਮੌਕੇ ਚੇਅਰਪਰਸਨ ਰਾਜਵਿੰਦਰ ਕੌਰ ਭਗਵਾਨਪੁਰ ਵੱਲੋਂ ਮੰਦਰ ਸ੍ਰੀ ਬਾਵਾ ਲਾਲ ਦਿਆਲ ਜੀ ਧਿਆਨਪੁਰ ਗੱਦੀ ਨਸ਼ੀਨ ਮਹੰਤ ਰਾਮ ਸੁੰਦਰ ਦਾਸ ਤੇ ਛੋਟੇ ਮਹਾਰਾਜ ਗੋਪਾਲ ਦਾਸ ਕੋਲੋਂ ਆਸ਼ੀਰਵਾਦ ਪ੍ਰਾਪਤ ਕੀਤਾ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਮੰਦਰ ਸ੍ਰੀ ਬਾਵਾ ਲਾਲ ਦਿਆਲ ਜੀ ਧਿਆਨਪੁਰ ਦੇ ਮੁੱਖ ਸੇਵਾਦਾਰ ਬਊ ਜਗਦੀਸ਼ ਵੱਲੋਂ ਨਵ-ਨਿਯੁਕਤ ਚੇਅਰਪਰਸਨ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਬੀਬੀ ਰਾਜਵਿੰਦਰ ਕੌਰ ਭਗਵਾਨਪੁਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਸੀਨੀਅਰ ਆਗੂ ਦਲਬੀਰ ਸਿੰਘ ਭਿੱਲਾ, ਸੁਖਵਿੰਦਰ ਸਿੰਘ ਸੁੱਖਾ ਸਾਬਕਾ ਸਰਪੰਚ ਤਲਵੰਡੀ ਰਾਮਾ, ਸੁਖਵਿੰਦਰ ਸਿੰਘ ਧਾਲੀਵਾਲ ਸਰਪੰਚ ਕੋਟਲੀ ਸੂਰਤ ਮੱਲ੍ਹੀ, ਮਾਈਕਲ ਛਾਬੜਾ ਧਿਆਨਪੁਰ, ਬਲਾਕ ਸੰਮਤੀ ਮੈਂਬਰ ਅਮਨਦੀਪ ਧਿਆਨਪੁਰ, ਵਿਲੀਅਮ ਛਾਬੜਾ, ਸੁਲੱਖਣ ਸਿੰਘ ਸਰਪੰਚ ਬਸੰਤਕੋਟ, ਅਮਨ ਬਸੰਤਕੋਟ, ਮੇਜਰ ਸਿੰਘ ਸਰਪੰਚ ਢਿੱਲਵਾਂ, ਰਜਿੰਦਰ ਸਿੰਘ ਰਵੀ ਸਰਪੰਚ ਮੰਮਣ, ਗੁਰਬਚਨ ਸਿੰਘ ਸਰਪੰਚ ਪਿੰਡ ਮਾਹਲ, ਬਲਾਕ ਸੰਮਤੀ ਮੈਂਬਰ ਗੁਰਮੀਤ ਸਿੰਘ ਬੰਬ ਹਾਜ਼ਰ ਸਨ।

## 2027 ਦੀਆਂ ਚੋਣਾਂ ਨੂੰ ਲੈ ਕੇ ਜ਼ਿਲ੍ਹਾ ਪ੍ਰਧਾਨ ਜਸਵਿੰਦਰਪਾਲ ਸਿੰਘ ਵੱਲੋਂ ਐਸਸੀ ਵਿੰਗ ਦੇ ਬਲਾਕ ਪ੍ਰਧਾਨਾਂ ਨਾਲ ਮੀਟਿੰਗ

ਕਾਦੀਆਂ, 29 ਮਾਰਚ (ਸੰਧੂ/ਤਾਰੀ): ਆਮ ਆਦਮੀ ਪਾਰਟੀ ਦੇ ਐਸਸੀ ਵਿੰਗ ਡੇਰਾ ਬਾਬਾ ਨਾਨਕ ਦੇ ਬਲਾਕ ਪ੍ਰਧਾਨਾਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਪਾਲ ਸਿੰਘ ਦੇ ਗ੍ਰਹਿ ਵਿਖੇ ਹੋਈ। ਇਸ ਮੀਟਿੰਗ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰਧਾਨ ਜਸਵਿੰਦਰਪਾਲ ਨੇ ਦੱਸਿਆ ਕਿ ਇਹ ਮੀਟਿੰਗ 2027 ਦੀਆਂ ਚੋਣਾਂ ਨੂੰ ਮੁੱਖ ਰੱਖ ਕੇ ਕੀਤੀ ਗਈ ਹੈ, ਜਿਸ ਵਿੱਚ ਪਾਰਟੀ ਦੇ ਐਸਸੀ ਵਿੰਗ ਦੇ ਸੰਗਠਨਾਂ ਨੂੰ ਹੋਰ ਮਜ਼ਬੂਤ ਕਰਨ ਲਈ ਅੱਜ ਡੇਰਾ ਬਾਬਾ ਨਾਨਕ ਦੇ ਬਲਾਕ ਪ੍ਰਧਾਨਾਂ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਆਉਂਦੇ ਦਿਨਾਂ ਵਿੱਚ ਇਸੇ ਤਰ੍ਹਾਂ ਹੀ ਜ਼ਿਲ੍ਹੇ ਦੇ ਵੱਖ ਵੱਖ ਹਲਕਿਆਂ ਵਿੱਚ ਸੰਗਠਨ ਨੂੰ ਮਜ਼ਬੂਤ ਕਰਨ ਲਈ ਮੀਟਿੰਗਾਂ ਦਾ ਸਿਲਸਿਲਾ ਜਾਰੀ ਰੱਖਿਆ ਜਾਵੇਗਾ।ਇਸ ਮੌਕੇ 'ਤੇ ਹਲਕਾ ਇੰਚਾਰਜ ਚਰਨਜੀਤ ਸਿੰਘ, ਆਪ ਦੇ ਬਲਾਕ ਪ੍ਰਧਾਨ ਖ਼ਜ਼ਾਨ ਸਿੰਘ, ਪਲਵਿੰਦਰ ਸਿੰਘ, ਕਸ਼ਮੀਰ ਸਿੰਘ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ, ਅਵਤਾਰ ਸਿੰਘ ਤੋਂ ਇਲਾਵਾ ਮਨਜੀਤ ਸਿੰਘ ਹਲਕਾ ਕੋਆਰਡੀਨੇਟਰ ਤਿਲਕ ਰਾਜ ਤੇ ਸੁਖਜਿੰਦਰ ਸਿੰਘ ਬਿੱਟੂ ਹਾਜ਼ਰ ਹੋਏ।

## ਸ.ਸ.ਸ.ਸ. ਜਗਦੇਵ ਕਲਾਂ 'ਚ ਸਾਲਾਨਾ ਨਤੀਜੇ ਤੇ ਮਾਪੇ-ਅਧਿਆਪਕ ਮਿਲਣੀ ਕਾਰਵਾਈ

ਅਜਨਾਲਾ, 29 ਮਾਰਚ (ਸੁਖਦੇਵ ਸਿੰਘ ਖ਼ਾਲਸਾ): ਸ.ਸ.ਸ.ਸ. ਜਗਦੇਵ ਕਲਾਂ ਵਿੱਚ ਪੰਜਾਬ ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਵਿਦਿਆਰਥੀਆਂ ਦੇ ਸਾਲਾਨਾ ਨਤੀਜਿਆਂ ਨੂੰ ਮੁੱਖ ਰੱਖਦੇ ਹੋਏ ਮਾਪੇ-ਅਧਿਆਪਕ ਮਿਲਣੀ ਪ੍ਰਿੰਸੀਪਲ ਰਜਿੰਦਰ ਕੌਰ ਦੀ ਅਗਵਾਈ ਵਿੱਚ ਕਰਵਾਈ ਗਈ। ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਵਿੱਚ ਅੱਜ ਬਹੁਤ ਉਤਸ਼ਾਹ ਸੀ। ਪ੍ਰਿੰਸੀਪਲ ਨੇ ਸਰਕਾਰ ਵੱਲੋਂ ਦਿੱਤੀਆਂ ਜਾ



ਰਹੀਆਂ ਸਹੂਲਤਾਂ ਤੇ ਸਕੂਲ ਵਿੱਚ ਚੱਲ ਰਹੇ ਕੰਮਾਂ ਬਾਰੇ ਮਾਪਿਆਂ ਨੂੰ ਜਾਣੂੰ ਕਰਵਾਇਆ। ਸਕੂਲ ਅਧਿਆਪਕ ਸੁਖਰਾਜ ਸਿੰਘ ਨੇ ਵੀ ਮਿਸ਼ਨ ਸਮਰੱਥ, ਸਕਾਲਰਸ਼ਿਪ, ਕਰੀਅਰ ਗਾਈਡੈਂਸ ਬਾਰੇ ਮਾਪਿਆਂ ਨੂੰ ਜਾਣਕਾਰੀ ਦਿੱਤੀ। ਪਹਿਲੀ ਦੂਜੀ ਤੇ ਤੀਜੀ ਪੁਜੀਸ਼ਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ ਗਏ। ਇਸ ਮੌਕੇ ਐਸਐਮਸੀ ਕਮੇਟੀ ਦੇ ਚੇਅਰਮੈਨ ਨਛੱਤਰ ਸਿੰਘ, ਹੋਰ ਮੈਂਬਰ ਸਾਹਿਬਾਨ ਤੇ ਵਿਦਿਆਰਥੀਆਂ ਦੇ ਮਾਪੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਵਿਦਿਆਰਥੀਆਂ ਦੇ ਮਾਪਿਆਂ ਨੇ ਵੀ ਪ੍ਰਿੰਸੀਪਲ ਤੇ ਸਟਾਫ ਦੀ ਸ਼ਲਾਘਾ ਕੀਤੀ ਤੇ ਸਕੂਲ ਵਿੱਚ ਦਾਖਲ ਵਧਾਉਣ ਲਈ ਬੱਚਿਆਂ ਨੂੰ ਪ੍ਰੇਰਿਤ ਕਰਨ ਦਾ ਵਾਅਦਾ ਕੀਤਾ। ਇਸ ਮੌਕੇ ਪਰਮਜੀਤ ਕੌਰ, ਚੰਦਰ ਮੋਹਨ ਗੁਪਤਾ, ਗੁਰਵਿੰਦਰ ਸਿੰਘ, ਸੁਖਰਾਜ ਸਿੰਘ, ਬਲਤੇਜ ਸਿੰਘ, ਨਿਰਮਲ ਸਿੰਘ, ਬਲਵਿੰਦਰ ਕੁਮਾਰ, ਵਿਕਾਸ ਨੇਬ, ਵਿਸ਼ਾਲ ਮਸੀਹ, ਅਮਨਦੀਪ ਕੌਰ, ਹਰਜੀਤ ਕੌਰ, ਰਿਪਲ ਚੌਧਰੀ, ਕੁਲਵਿੰਦਰ ਕੌਰ, ਸ਼ੈਫੀ ਮਹੇਸ਼ਵਰੀ, ਸਿਮਰਜੀਤ ਕੌਰ, ਜਸਕੀਰਤ ਕੌਰ, ਗੁਰਜੀਤ ਸਿੰਘ, ਸੰਦੀਪ ਸਿੰਘ, ਮਲਕੀਅਤ ਸਿੰਘ, ਸੁਰਿੰਦਰ ਸਿੰਘ, ਸੁਖਜਿੰਦਰ ਕੌਰ ਹਾਜ਼ਰ ਸਨ।

## ਲਾਰੈਂਸ ਇੰਟਰਨੈਸ਼ਨਲ ਸਕੂਲ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਕੰਜਕ ਪੂਜਨ ਮਨਾਇਆ

ਕਲਾਨੌਰ, 29 ਮਾਰਚ (ਇਕਬਾਲ ਵਾਲੀਆ/ਕਮਲਜੀਤ ਸਿੰਘ): ਲਾਰੈਂਸ ਇੰਟਰਨੈਸ਼ਨਲ ਸਕੂਲ, ਤਾਰਾਗੜ੍ਹ (ਡੇਰਾ ਬਾਬਾ ਨਾਨਕ ਰੋਡ) ਬਟਾਲਾ ਵਿਖੇ ਨਵਰਾਤਰਿਆਂ ਦੇ ਸ਼ੁਭ ਅਵਸਰ 'ਤੇ ਕੰਜਕ ਪੂਜਨ ਦਾ ਤਿਉਹਾਰ ਸ਼ਰਧਾ ਤੇ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਉਪਮਾ ਮਹਾਜਨ ਤੇ ਅਧਿਆਪਕ ਵਰਗ ਵੱਲੋਂ ਨੰਨ੍ਹੀਆਂ ਕੰਨਿਆਵਾਂ ਨੂੰ ਦੇਵੀ ਦਾ ਰੂਪ ਮੰਨ ਕੇ ਉਨ੍ਹਾਂ ਦੀ ਪੂਜਾ ਕੀਤੀ ਗਈ। ਪ੍ਰਿੰਸੀਪਲ ਡਾ. ਉਪਮਾ ਮਹਾਜਨ ਨੇ ਖੁਦ ਨੰਨ੍ਹੀਆਂ ਬੱਚੀਆਂ ਦੇ ਚਰਨ ਧੋ ਕੇ ਉਨ੍ਹਾਂ ਦਾ ਆਸ਼ੀਰਵਾਦ ਲਿਆ ਤੇ ਆਰਤੀ ਉਤਾਰੀ ਗਈ। ਕੰਜਕਾਂ ਨੂੰ ਤੋਹਫ਼ੇ ਦੇ ਕੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ



ਕਰਦਿਆਂ ਡਾ. ਉਪਮਾ ਮਹਾਜਨ ਨੇ ਕਿਹਾ ਕਿ ਸਾਡੇ ਸਮਾਜ ਵਿੱਚ ਧੀਆਂ ਦਾ ਸਤਿਕਾਰ ਸਭ ਤੋਂ ਉਪਰ ਹੈ। ਕੰਜਕ ਪੂਜਨ ਸਾਨੂੰ ਇਹ ਯਾਦ ਦਿਵਾਉਂਦਾ ਹੈ ਕਿ ਹਰ ਬੱਚੀ ਵਿੱਚ ਦੇਵੀ ਦਾ ਅੰਸ਼ ਹੁੰਦਾ ਹੈ। ਸਾਨੂੰ ਨਾ ਸਿਰਫ਼ ਅੱਜ, ਬਲਕਿ ਹਰ ਦਿਨ ਧੀਆਂ ਦੀ ਸੁਰੱਖਿਆ ਤੇ ਉਨ੍ਹਾਂ ਦੀ ਸਿੱਖਿਆ ਲਈ ਵਚਨਬੱਧ ਹੋਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਅਜਿਹੇ ਧਾਰਮਿਕ ਪ੍ਰੋਗਰਾਮਾਂ ਰਾਹੀਂ ਬੱਚਿਆਂ ਨੂੰ ਆਪਣੀ ਅਮੀਰ ਵਿਰਾਸਤ ਤੇ ਸੰਸਕਾਰਾਂ ਨਾਲ ਜੁੜਨ ਦਾ ਮੌਕਾ ਮਿਲਦਾ ਹੈ। ਸਕੂਲ ਦੇ ਵਿਦਿਆਰਥੀਆਂ ਵਿੱਚ ਇਸ ਦਿਨ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਪਵਿੱਤਰ ਮੌਕੇ 'ਤੇ ਸਕੂਲ ਦੇ ਚੇਅਰਮੈਨ ਬਲਜਿੰਦਰ ਸਿੰਘ ਬੈਂਸ ਮੱਲਿਆਂਵਾਲ, ਗੁਰਜੀਤ ਸਿੰਘ ਬੈਂਸ, ਡਾਇਰੈਕਟਰ ਡਾ. ਗੁਰਿੰਦਰ ਕੌਰ ਮਾਨ, ਪ੍ਰਿੰਸੀਪਲ ਡਾ. ਉਪਮਾ ਮਹਾਜਨ ਤੇ ਸਮੂਹ ਤੇ ਅਧਿਆਪਕ ਵਰਗ ਵੱਲੋਂ ਕੰਜਕਾਂ ਦਾ ਸਤਿਕਾਰ ਕੀਤਾ ਗਿਆ ਤੇ ਇਸ ਪਵਿੱਤਰ ਦਿਹਾੜੇ ਤੇ ਸਭ ਨੂੰ ਮੁਬਾਰਕਾਂ ਦਿੱਤੀਆਂ ਗਈਆਂ।

# ਗੰਗਾ 'ਚ ਡੁੱਬਣ ਕਾਰਨ ਚਾਰ ਬੱਚਿਆਂ ਦੀ ਮੌਤ

ਪ੍ਰਯਾਗਰਾਜ, 29 ਮਾਰਚ (ਚ.ਨ.ਸ): ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ ਜ਼ਿਲ੍ਹੇ ਵਿੱਚ ਬੀਤੇ ਦਿਨ ਇੱਕ ਦਰਦਨਾਕ ਹਾਦਸਾ ਵਾਪਰਿਆ, ਜਿੱਥੇ ਗੰਗਾ ਨਦੀ ਵਿੱਚ ਨਹਾਉਂਦੇ ਸਮੇਂ ਚਾਰ ਬੱਚਿਆਂ ਦੀ ਡੁੱਬਣ ਨਾਲ ਮੌਤ ਹੋ ਗਈ। ਇਹ ਘਟਨਾ ਜ਼ਿਲ੍ਹੇ ਦੇ ਯਮੁਨਾ ਨਗਰ ਦੇ ਮਾਂਡਾ ਥਾਣਾ ਖੇਤਰ ਅਧੀਨ ਪੈਂਦੇ ਪਿੰਡ ਬਾਮਪੁਰ ਦੀ ਹੈ।ਪੁਲਿਸ ਦੇ ਸੀਨੀਅਰ ਅਧਿਕਾਰੀਆਂ ਅਨੁਸਾਰ ਸ਼ੁੱਕਰਵਾਰ ਸਵੇਰੇ ਕਰੀਬ 10 ਵਜੇ ਪਿੰਡ ਬਾਮਪੁਰ ਦੇ ਚਾਰ ਬੱਚੇ ਨਜ਼ਦੀਕੀ ਗੰਗਾ ਨਦੀ ਵਿੱਚ ਨਹਾਉਣ ਗਏ ਸਨ।ਨਹਾਉਂਦੇ ਸਮੇਂ ਚਾਰੋਂ ਬੱਚੇ ਅਚਾਨਕ ਡੂੰਘੇ ਪਾਣੀ ਵਿੱਚ ਚਲੇ ਗਏ ਤੇ ਡੁੱਬ ਗਏ।ਪੁਲਿਸ ਡਿਪਟੀ ਕਮਿਸ਼ਨਰ (ਯਮੁਨਾ ਨਗਰ) ਵਿਵੇਕ ਚੰਦਰ ਯਾਦਵ ਨੇ ਦੱਸਿਆ ਕਿ ਘਟਨਾ ਤੋਂ ਬਾਅਦ ਚਾਰੇ ਬੱਚਿਆਂ ਦੀਆਂ ਲਾਸ਼ਾਂ ਬ੍ਰਾਮਦ ਕਰ ਲਈਆਂ ਗਈਆਂ ਹਨ। ਮ੍ਰਿਤਕ ਬੱਚਿਆਂ ਦੀ ਪਛਾਣ ਕੁਨਾਲ (12 ਸਾਲ), ਦੀਪਕ (17 ਸਾਲ), ਨਿਹਾਲ (10 ਸਾਲ) ਤੇ ਕਮਲੇਸ਼ (10 ਸਾਲ) ਵਜੋਂ ਹੋਈ ਹੈ।ਪੁਲਿਸ ਨੇ ਦੱਸਿਆ ਕਿ ਸਾਰੀਆਂ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ। ਪੁਲਿਸ ਵੱਲੋਂ ਮਾਮਲਾ ਦਰਜ ਕਰ ਲਿਆ ਗਿਆ ਹੈ ਤੇ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ। ਇਸ ਦੁਖਦਾਈ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਹੈ।



# ਲੰਬੇ ਸਮੇਂ ਤੱਕ ਦੀ ਜੰਗ ਨਾਲ ਭਾਰਤ 'ਚ ਮਹਿੰਗਾਈ ਦਰ 6-7 ਫ਼ੀਸਦੀ ਤੋਂ ਉਪਰ ਜਾਣ ਦਾ ਖ਼ਦਸ਼ਾ

ਚੰਡੀਗੜ੍ਹ, 29 ਮਾਰਚ (ਚ.ਨ.ਸ): ਅਮਰੀਕਾ ਤੇ ਈਰਾਨ ਵਿੱਚ ਵੱਧ ਰਹੇ ਤਣਾਅ ਕਾਰਨ ਵਿਸ਼ਵ ਬਾਜ਼ਾਰ ਵੱਡੀ ਭੂ-ਰਾਜਨੀਤਿਕ ਤਬਦੀਲੀ ਦੇ ਦੌਰ ਵਿੱਚ ਦਿਖਾਈ ਦੇ ਰਹੇ ਹਨ। ਇੱਕ ਤਾਜ਼ਾ ਕੌਮਾਂਤਰੀ ਰਿਪੋਰਟ ਅਨੁਸਾਰ ਮੌਜੂਦਾ ਸਥਿਤੀ ਸਿਰਫ਼ ਅਸਥਾਈ ਉਤਾਰ-ਚੜ੍ਹਾਅ ਨਹੀਂ, ਸਗੋਂ ਵਿਸ਼ਵ ਪੱਧਰ 'ਤੇ ਲੰਬੇ ਸਮੇਂ ਲਈ ਅਨਿਸ਼ਚਤਤਾ ਪੈਦਾ ਕਰਨ ਵਾਲੀ ਵੱਡੀ ਤਬਦੀਲੀ ਦਾ ਸੰਕੇਤ ਹੈ। ਰਿਪੋਰਟ ਮੁਤਾਬਿਕ ਇਸ ਸਮੇਂ ਬਾਜ਼ਾਰ ਉਮੀਦ ਤੇ ਡਰ ਦੇ ਵਿਚਕਾਰ ਝੂਲ ਰਹੇ ਹਨ ਪਰ ਅੰਦਰੂਨੀ ਤੌਰ 'ਤੇ ਡੂੰਘੀ ਤਬਦੀਲੀ ਜਾਰੀ ਹੈ। ਅਮਰੀਕਾ ਦੀਆਂ ਬਦਲਦੀਆਂ ਨੀਤੀਆਂ ਤੇ ਈਰਾਨ ਦੀ ਪ੍ਰਤੀਕਿਰਿਆ ਕਾਰਨ ਨਿਵੇਸ਼ਕਾਂ ਲਈ ਲੰਬੇ ਸਮੇਂ ਦੇ ਖ਼ਤਰੇ ਦਾ ਅੰਦਾਜ਼ਾ ਲਗਾਉਣਾ ਮੁਸ਼ਕਿਲ ਹੋ ਰਿਹਾ ਹੈ। ਇਸ ਸਥਿਤੀ ਨੂੰ ਵਿਸ਼ਵ ਭੂ-ਰਾਜਨੀਤਿਕ ਢਾਂਚੇ ਵਿੱਚ ਵੱਡੇ ਬਦਲਾਅ ਵਜੋਂ ਵੇਖਿਆ ਜਾ ਰਿਹਾ ਹੈ। ਚੀਨ ਦੀ ਭੂਮਿਕਾ ਵੀ ਮਜ਼ਬੂਤ ਹੋ ਰਹੀ ਹੈ ਤੇ ਤਾਕਤ ਦਾ ਸੰਤੁਲਨ ਬਦਲ ਸਕਦਾ ਹੈ। ਇਸ ਕਾਰਨ ਆਉਣ ਵਾਲੇ ਸਮੇਂ ਵਿੱਚ ਵਾਰ-ਵਾਰ ਤਣਾਅ ਤੇ ਟਕਰਾਅ ਦੇ ਹਾਲਾਤ ਬਣ ਸਕਦੇ ਹਨ। ਆਰਥਿਕ ਪੱਖ ਤੋਂ ਰਿਪੋਰਟ ਚੇਤਾਵਨੀ ਦਿੰਦੀ ਹੈ ਕਿ ਇਸ ਤਣਾਅ ਦਾ ਸਿੱਧਾ ਅਸਰ ਊਰਜਾ ਬਾਜ਼ਾਰ 'ਤੇ ਪੈ ਰਿਹਾ ਹੈ। ਕੱਚੇ ਤੇਲ ਦੀ ਕੀਮਤ ਲਗਭਗ 90-100 ਡਾਲਰ ਪ੍ਰਤੀ ਬੈਰਲ ਦੇ ਆਸ-ਪਾਸ ਰਹੀ ਹੈ (ਹਾਲਾਤ ਅਨੁਸਾਰ ਉਤਾਰ-ਚੜ੍ਹਾਅ ਨਾਲ) ਜੋ ਸਪਲਾਈ ਖ਼ਤਰੇ ਤੇ ਭੂ-ਰਾਜਨੀਤਿਕ ਅਨਿਸ਼ਚਤਤਾ ਦੋਵਾਂ ਨੂੰ ਦਰਸਾਉਂਦੀ ਹੈ। ਰਿਪੋਰਟ ਅਨੁਸਾਰ ਭਾਵੇਂ ਤਣਾਅ ਕੁਝ ਘੱਟ ਵੀ ਹੋ ਜਾਵੇ, ਫਿਰ ਵੀ ਕੱਚੇ ਤੇਲ ਤੇ ਗੈਸ ਦੀ ਸਪਲਾਈ ਵਿੱਚ ਵਿਘਨ ਬਣਿਆ ਰਹਿ ਸਕਦਾ ਹੈ, ਜਿਸ ਨਾਲ ਕੀਮਤਾਂ ਲੰਬੇ ਸਮੇਂ ਤੱਕ ਉਚੀਆਂ ਰਹਿ ਸਕਦੀਆਂ ਹਨ। **ਭਾਰਤ ਲਈ ਚੇਤਾਵਨੀ:** ਰਿਪੋਰਟ ਚੇਤਾਵਨੀ ਦਿੰਦੀ ਹੈ ਕਿ ਉਚੀਆਂ ਕੱਚੇ ਤੇਲ ਦੀਆਂ ਕੀਮਤਾਂ ਅਸਥਿਰਤਾ ਪੈਦਾ ਕਰ ਸਕਦੀਆਂ ਹਨ। ਇਸ ਦਾ ਅਸਰ ਭਾਰਤ ਦੇ ਹਾਲੀਆ ਆਰਥਕ ਸੁਧਾਰਾਂ 'ਤੇ ਵੀ ਪੈ ਸਕਦਾ ਹੈ ਤੇ ਘਰੇਲੂ ਅਰਥਵਿਵਸਥਾ 'ਤੇ ਦਬਾਅ ਵੱਧ ਸਕਦਾ ਹੈ। ਰਿਪੋਰਟ ਮੁਤਾਬਿਕ ਆਉਣ ਵਾਲੇ ਮਹੀਨਿਆਂ ਵਿੱਚ ਭਾਰਤ ਦੀ ਖੁਦਰਾ ਮਹਿੰਗਾਈ ਦਰ 6 ਫੀਸਦੀ ਦੀ ਉਪਰੀ ਹੱਦ ਨੂੰ ਪਾਰ ਕਰਕੇ 6-7 ਫੀਸਦੀ ਦੇ ਦਰਮਿਆਨ ਜਾਂ ਇਸ ਤੋਂ ਉਪਰ ਵੀ ਜਾ ਸਕਦੀ ਹੈ, ਖਾਸ ਕਰਕੇ ਜੇਕਰ ਕੱਚੇ ਤੇਲ ਦੀਆਂ ਕੀਮਤਾਂ ਉਚੀਆਂ ਰਹਿੰਦੀਆਂ ਹਨ।




# ਜੰਗ ਨੇ ਬਰਬਾਦ ਕੀਤੀ ਈਰਾਨੀਆਂ ਦੀ ਜ਼ਿੰਦਗੀ

## ☛ਤਹਿਰਾਨ 'ਚ ਧਮਾਕਿਆਂ, ਇੰਟਰਨੈਟ ਬੰਦੀ ਤੇ ਵਿੱਤੀ ਸੰਕਟ ਨੇ ਜਨਜੀਵਨ ਪ੍ਰਭਾਵਿਤ ਕੀਤਾ

ਕਾਹਿਰਾ, 29 ਮਾਰਚ (ਚ.ਨ.ਸ): ਅਮਰੀਕਾ/ਇਜ਼ਰਾਈਲ ਹਮਲਿਆਂ ਦੇ ਇੱਕ ਮਹੀਨੇ ਬਾਅਦ ਈਰਾਨ 'ਚ ਆਮ ਨਾਗਰਿਕਾਂ ਦੀ ਜ਼ਿੰਦਗੀ ਡੂੰਘੇ ਸੰਕਟ 'ਚ ਫਸ ਗਈ ਹੈ। ਪਹਿਲਾਂ ਤੋਂ ਟੁੱਟਾ ਹੋਇਆ ਅਰਥਚਾਰਾ, ਮਹਿੰਗਾਈ ਤੇ ਹਿੰਸਕ ਦਮਨ ਤੋਂ ਬਾਅਦ ਹੁਣ ਲਗਾਤਾਰ ਬੰਬਾਰੀ, ਰੁਜ਼ਗਾਰ 'ਤੇ ਅਸਰ, ਘਰਾਂ ਨੂੰ ਨੁਕਸਾਨ ਤੇ ਭਵਿੱਖ ਦੀ ਬੇਯਕੀਨੀ ਨੇ ਮੁਸ਼ਕਿਲਾਂ ਵਧਾ ਦਿੱਤੀਆਂ ਹਨ। ਤਹਿਰਾਨ ਸਮੇਤ ਕਈ ਸ਼ਹਿਰਾਂ 'ਚ ਲੋਕ ਇਸ ਸਵਾਲ ਨਾਲ ਜੂਝ ਰਹੇ ਹਨ ਕਿ ਇਹ ਜੰਗ ਦੇਸ਼ ਨੂੰ ਵਿਨਾਸ਼ ਵੱਲ ਲਿਜਾਵੇਗੀ, ਸੱਤਾ ਤਬਦੀਲੀ ਲਿਆਵੇਗੀ ਜਾਂ ਮੌਜੂਦਾ ਪ੍ਰਬੰਧ ਨੂੰ ਹੋਰ ਘੋਖਾ ਬਣਾ ਦੇਵੇਗੀ। ਤਹਿਰਾਨ ਦੀ 26 ਸਾਲਾ ਇੱਕ ਡਿਜ਼ਾਈਨਰ, ਜੋ ਚਮੜੇ ਦੇ ਫੈਸ਼ਨ ਉਤਪਾਦਾਂ ਦਾ ਛੋਟਾ ਕਾਰਖਾਨਾ ਚਲਾਉਂਦੀ ਹੈ, ਦੱਸਦੀ ਹੈ ਕਿ ਆਰਥਿਕ ਸੰਕਟ 'ਚ ਗ਼ੈਰ-ਜ਼ਰੂਰੀ ਵਸਤਾਂ ਦੀ ਮੰਗ ਸਭ ਤੋਂ ਪਹਿਲਾਂ ਘਟਦੀ ਹੈ। ਇੰਟਰਨੈਟ ਬੰਦੀ ਨਾਲ ਉਨ੍ਹਾਂ ਦੀ ਆਨਲਾਈਨ ਵਿਕਰੀ ਲਗਭਗ ਖ਼ਤਮ ਹੋ ਗਈ ਹੈ। ਜਨਵਰੀ ਤੋਂ ਬਾਅਦ ਤੋਂ ਉਹ ਬੱਚਤ 'ਤੇ ਨਿਰਭਰ ਹਨ ਤੇ ਮਾਨਸਿਕ ਤਣਾਅ ਕਾਰਨ ਕੰਮ ਨਹੀਂ ਕਰ ਪਾ ਰਹੀ ਹੈ। ਜੰਗ ਸ਼ੁਰੂ ਹੁੰਦਿਆਂ ਹੀ ਉਹ ਮਾਪਿਆਂ ਦੇ ਘਰ ਚਲੀ ਗਈ। ਕੁਝ ਦਿਨ ਬਾਅਦ ਉਨ੍ਹਾਂ ਦੇ ਫਲੈਟ ਕੋਲ ਹੋਏ ਹਮਲੇ 'ਚ ਮਕਾਨ ਨੁਕਸਾਨਿਆ ਗਿਆ। ਬੀਮਾ ਨਾ ਹੋਣ ਕਾਰਨ ਮੁਰੰਮਤ ਦਾ ਖ਼ਰਚਾ ਵੀ ਖ਼ੁਦ ਝੱਲਣਾ ਪਵੇਗਾ।ਤਹਿਰਾਨ 'ਚ ਬੇਯਕੀਨੇ ਵਕਫੇ 'ਤੇ ਹੋ ਰਹੇ ਹਵਾਈ ਹਮਲੇ ਲੋਕਾਂ ਦੀ ਰੋਜ਼ਾਨਾ ਦੀ ਜ਼ਿੰਦਗੀ ਤੈਅ ਕਰ ਰਹੇ ਹਨ। ਲੋਕ ਸ਼ਾਇਦ ਹਮਲਿਆਂ ਦੇ ਆਦੀ ਹੁੰਦੇ ਜਾ ਰਹੇ ਹਨ ਪਰ ਪਰਿਵਾਰ ਦੇ ਬਾਹਰ ਨਿਕਲਣ 'ਤੇ ਚਿੰਤਾ ਬਣੀ ਰਹਿੰਦੀ ਹੈ। ਨੌਕਰੀ ਦੇ ਮੌਕੇ ਬੇਯਕੀਨੇ ਹਨ ਤੇ ਕਿਰਾਇਆ-ਬਿੱਲ ਅਦਾ ਕਰਨੇ ਅੱਗੇ ਦੀ ਵੱਡੀ ਚੁਣੌਤੀ ਬਣ ਸਕਦਾ ਹੈ।ਚੱਲ ਰਹੀ ਜੰਗ ਦੌਰਾਨ ਈਰਾਨ 'ਚ ਮਤਭੇਦ ਵੀ ਡੂੰਘੇ ਹਨ। ਸਰਕਾਰ ਦੇ ਸਮਰਥਨ 'ਚ ਰੈਲੀਆਂ ਜਾਰੀ ਹਨ ਤੇ ਨੀਮ ਫ਼ੌਜੀ ਬਲ ਬਸੀਜ ਦੀ ਗਸ਼ਤ ਵਧੀ ਹੈ। ਕੁਝ ਲੋਕ ਮੰਨਦੇ ਹਨ ਕਿ ਦਹਾਕਿਆਂ ਦੇ ਮਾੜੇ ਪ੍ਰਸ਼ਾਸਨ ਨੇ ਹਾਲਾਤ ਵਿਗਾੜੇ ਪਰ ਅਮਰੀਕਾ-ਇਜ਼ਰਾਈਲ ਦੇ ਹਮਲੇ ਹੱਲ ਨਹੀਂ ਹੈ। ਕਈ ਈਰਾਨੀ ਖ਼ਦਸ਼ੇ 'ਚ ਹਨ ਕਿ ਜੰਗ ਤੋਂ ਬਾਅਦ ਇਸਲਾਮੀ ਗਣਰਾਜ ਹੋਰ ਸਖ਼ਤ ਹੋ ਸਕਦਾ ਹੈ।



# 23 ਸਾਲਾ ਨੌਜਵਾਨ ਦੀ ਦੁਬਈ ਦੇ ਆਬੂ ਧਾਬੀ 'ਚ ਕਰੰਟ ਲੱਗਣ ਨਾਲ ਮੌਤ

ਜ਼ੀਰਾ, 29 ਮਾਰਚ (ਦੀਪਕ ਭਾਰਗੋ): ਅਕਸਰ ਇਹ ਦੇਖਣ ਨੂੰ ਮਿਲਦਾ ਹੈ ਕਿ ਮਾਂ-ਬਾਪ ਆਪਣੇ ਨੌਜਵਾਨ ਪੁੱਤਰਾਂ ਨੂੰ ਵਿਦੇਸ਼ਾਂ ਵਿੱਚ ਕੰਮ ਕਰਨ ਵਾਸਤੇ ਭੇਜ ਦਿੰਦੇ ਹਨ, ਚਾਹੇ ਉਨ੍ਹਾਂ ਨੂੰ ਕਰਜ਼ਾ ਹੀ ਕਿਉਂ ਨਾ ਚੁੱਕਣਾ ਪਵੇ ਤੇ ਉਨ੍ਹਾਂ ਨੂੰ ਆਸ ਹੁੰਦੀ ਹੈ ਕਿ ਉਸ ਦਾ ਪੁੱਤਰ ਕੰਮ ਕਾਰ ਕਰਕੇ ਉਨ੍ਹਾਂ ਦੇ ਪਰਿਵਾਰ ਦੇ ਸਿਰੋਂ ਕਰਜ਼ਾ ਉਤਾਰ ਦੇਵੇਗਾ ਤੇ ਉਨ੍ਹਾਂ ਦੀ ਜ਼ਿੰਦਗੀ ਸੁਖਾਲੀ ਕਰ ਦੇਵੇਗਾ ਪਰ ਕਈ ਵਾਰ ਇਹ ਦੇਖਣ ਨੂੰ ਮਿਲਦਾ ਹੈ ਕਿ ਨੌਜਵਾਨ ਜਾਂਦੇ ਤਾਂ ਕੰਮ ਕਰਨ ਹਨ ਪਰ ਕਿਸੇ ਕਾਰਨ ਕਰਕੇ ਉਨ੍ਹਾਂ ਦੀ ਦੁਰਘਟਨਾ ਵਿੱਚ ਮੌਤ ਹੋ ਜਾਂਦੀ ਹੈ ਤੇ ਪਰਿਵਾਰ ਵਾਸਤੇ ਇਹ ਹਾਦਸਾ ਇੱਕ ਪਹਾੜ ਵਰਗਾ ਬਣ ਜਾਂਦਾ ਹੈ। ਇਸੇ ਤਰ੍ਹਾਂ ਜ਼ੀਰਾ ਦੇ ਪਿੰਡ ਰਟੋਲ ਬੇਟ ਵਿੱਚ ਰਹਿਣ ਵਾਲੇ ਰਾਜ ਕਰਨ ਸਿੰਘ ਸੰਧੂ ਦੀ ਦੁੱਬਈ ਦੇ ਆਬੂ ਧਾਬੀ ਵਿੱਚ ਕਰੰਟ ਲੱਗਣ ਨਾਲ ਮੌਤ ਹੋ ਗਈ। ਇਸ ਸਭ ਦੀ ਜਾਣਕਾਰੀ ਉਸ ਦੇ ਪਿਤਾ ਹਰਪ੍ਰੀਤ ਸੰਧੂ ਵੱਲੋਂ ਦਿੱਤੀ ਗਈ ਕਿ ਉਸ ਦਾ ਪੁੱਤਰ 23 ਸਾਲਾ ਰਾਜਕਰਨ ਸਿੰਘ ਸੰਧੂ ਕੰਮ ਦੀ ਤਲਾਸ਼ ਵਿੱਚ ਦੁੱਬਈ ਦੇ ਆਬੂ ਧਾਬੀ ਵਿੱਚ ਗਿਆ ਸੀ, ਜਿਸ ਨੂੰ ਭੇਜਣ ਲਈ ਸੱਤ ਲੱਖ ਰੁਪਏ ਤੋਂ ਵੱਧ ਲੱਗ ਗਿਆ। ਉਸਨੇ ਉਥੇ ਡਰਾਈਵਿੰਗ ਲਾਇਸੰਸ ਬਣਾ ਕੇ ਟਰਾਲੇ 'ਤੇ ਕੰਮ ਕਰਨਾ ਸ਼ੁਰੂ ਕਰ ਦਿੱਤਾ, ਜਿਸ ਨੂੰ ਦੋ-ਢਾਈ ਮਹੀਨੇ ਪਹਿਲਾਂ ਹੀ ਕੰਮ ਮਿਲਿਆ ਸੀ। ਹਰਪ੍ਰੀਤ ਨੇ ਦੱਸਿਆ ਕਿ ਉਸਦੇ ਲੜਕੇ ਰਾਜਕਰਨ ਸਿੰਘ ਸੰਧੂ ਦਾ ਤਿੰਨ ਸਾਲ ਪਹਿਲਾਂ ਵਿਆਹ ਹੋਇਆ ਸੀ ਤੇ ਇੱਕ ਛੇ ਮਹੀਨੇ ਦਾ ਲੜਕਾ ਵੀ ਹੈ, ਜਿਨ੍ਹਾਂ ਨੂੰ ਉਹ ਪਿੱਛੇ ਰੋਂਦਾ ਬਿਲਕਦਾ ਛੱਡ ਗਿਆ। ਇਸ ਮੌਕੇ ਉਨ੍ਹਾਂ ਸਰਕਾਰ ਤੇ ਸਮਾਜ ਸੇਵੀ ਸੰਸਥਾਵਾਂ ਜਿਵੇਂ ਡਾ. ਐਸਪੀ ਸਿੰਘ ਓਬਰਾਏ ਤੇ ਰਾਜ ਸਭਾ ਮੈਂਬਰ ਸੰਤ ਸੀਚੇਵਾਲ ਤੇ ਪੰਜਾਬ ਸਰਕਾਰ ਅੱਗੇ ਅਪੀਲ ਕੀਤੀ ਕਿ ਉਨ੍ਹਾਂ ਦੇ ਪੁੱਤਰ ਨੂੰ ਜਲਦ ਤੋਂ ਜਲਦ ਉਨ੍ਹਾਂ ਦੇ ਘਰ ਭੇਜਿਆ ਜਾਵੇ ਤਾਂ ਜੋ ਆਪਣੇ ਪਰਿਵਾਰ ਵਿੱਚ ਉਹ ਅੰਤਿਮ ਰਸਮਾਂ ਕਰ ਸਕਣ ਤੇ ਉਸ ਦਾ ਚਿਹਰਾ ਆਖਰੀ ਸਮੇਂ ਵੇਖ ਸਕਣ। ਇਸ ਮੌਕੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਪਹੁੰਚੇ ਪਿੰਡ ਵਾਸੀਆਂ ਨੇ ਤੇ ਰਿਸ਼ਤੇਦਾਰਾਂ ਨੇ ਕਿਹਾ ਕਿ ਸਰਕਾਰਾਂ ਨੂੰ ਚਾਹੀਦਾ ਹੈ ਕਿ ਜੋ ਉਹ ਟੈਕਸ ਲੈਂਦੀਆਂ ਹਨ ਤੇ ਇਸਦੇ ਲਈ ਕੋਈ ਖਾਸ ਕਾਨੂੰਨ ਬਣਾਇਆ ਜਾਣਾ ਚਾਹੀਦਾ ਹੈ, ਜਿਸ ਨਾਲ ਇਸ ਤਰ੍ਹਾਂ ਦੀ ਘਟਨਾ ਵਾਪਰ ਜਾਂਦੀ ਹੈ ਤੇ ਉਸ ਦੇ ਪਰਿਵਾਰ ਦੀ ਮਦਦ ਜ਼ਰੂਰ ਕੀਤੀ ਜਾਵੇ ਤੇ ਉਸ ਦੇ ਪਰਿਵਾਰ ਵਿੱਚ ਮ੍ਰਿਤਕ ਦੇਹ ਨੂੰ ਜਲਦ ਤੋਂ ਜਲਦ ਪਹੁੰਚਾਇਆ ਜਾ ਸਕੇ। ਇਸ ਮੌਕੇ ਬਲਜੀਤ ਸਿੰਘ ਨੂਰਪੁਰ, ਬਲਜੀਤ ਸਿੰਘ ਮਸਤੇਵਾਲਾ ਸਾਬਕਾ ਸਰਪੰਚ ਸਰਬਜੀਤ ਸਿੰਘ ਸੰਧੂ, ਸਤਨਾਮ ਸਿੰਘ, ਚਾਨਣ ਸਿੰਘ ਪ੍ਰਧਾਨ, ਸੁਖਦੇਵ ਸਿੰਘ ਸੰਧੂ, ਗੁਰਦੇਵ ਸਿੰਘ ਸੰਧੂ, ਕੇਹਰ ਸਿੰਘ ਸਾਬਕਾ ਸਰਪੰਚ ਤਲਵੰਡੀ ਜੱਲੇਖਾਂ, ਸ਼ਰਨ ਸਿੰਘ, ਕਾਬਲ ਸਿੰਘ, ਜਸਵੰਤ ਸਿੰਘ, ਰਸ਼ਾਲ ਸਿੰਘ, ਗੁਰਵਿੰਦਰ ਸਿੰਘ ਹੋਰ ਵੀ ਪਿੰਡ ਵਾਸੀ ਮੌਜੂਦ ਸਨ।



# ਅਕਾਲੀ ਦਲ ਦੀ ਸਰਕਾਰ ਬਣਦੇ ਹੀ ਉਦਯੋਗਾਂ ਨੂੰ ਵੱਡੀਆਂ ਰਾਹਤਾਂ ਦਿੱਤੀਆਂ ਜਾਣਗੀਆਂ: ਸੁਖਬੀਰ, ਰਾਜੂ ਖੰਨਾ

## ☛ਜੇਟੀਐਲ ਇੰਡਸਟਰੀ 'ਚ ਪੁੱਜ ਕੇ ਧਾਲੀਵਾਲ ਦੀ ਟੀਮ ਨਾਲ ਕੀਤੀ ਮੁਲਾਕਾਤ

ਮੰਡੀ ਗੋਬਿੰਦਗੜ੍ਹ, 29 ਮਾਰਚ (ਸੂਦ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਹਲਕਾ ਅਮਲੋਹ ਦੀ 'ਪੰਜਾਬ ਬਚਾਓ ਰੈਲੀ' ਉਪਰੰਤ ਇਥੇ ਜੇਟੀਐਲ ਇੰਡਸਟਰੀ ਵਿੱਚ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨਾਲ ਪੁੱਜੇ ਜਿਥੇ ਉਨ੍ਹਾਂ ਹਲਕਾ ਆਬਜ਼ਰਵਰ ਜਤਿੰਦਰ ਸਿੰਘ ਧਾਲੀਵਾਲ ਦੀ ਸਮੁੱਚੀ ਟੀਮ ਨਾਲ ਪਾਰਟੀ ਦੀ ਮਜ਼ਬੂਤੀ ਲਈ ਵਿਚਾਰਾਂ ਕੀਤੀਆਂ। ਉਹ ਉਦਯੋਗਪਤੀਆਂ ਨੂੰ ਵੀ ਮਿਲੇ ਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਬਾਰੇ ਵਿਚਾਰਾਂ ਕੀਤੀਆਂ। ਸੁਖਬੀਰ ਸਿੰਘ ਬਾਦਲ ਨੇ ਮੰਡੀ ਗੋਬਿੰਦਗੜ੍ਹ ਦੇ ਉਦਯੋਗਪਤੀਆਂ ਨੂੰ ਭਰੋਸਾ ਦਿੱਤਾ ਕਿ ਉਹ 2027 ਵਿੱਚ ਖੁੱਲ੍ਹ ਕੇ ਸ਼੍ਰੋਮਣੀ ਅਕਾਲੀ ਦਲ ਦੀ ਸਹਾਇਤਾ ਕਰਨ 'ਤੇ ਪਾਰਟੀ ਦੇ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੂੰ ਵੱਡੀ ਜਿੱਤ ਦਰਜ ਕਰਵਾਉਣਗੇ ਤਾਂ ਜੋ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਦੇ ਹੀ ਇੰਡਸਟਰੀ ਦੀ ਹਰ ਸਮੱਸਿਆ ਨੂੰ ਤੁਰੰਤ ਵੱਡੀਆਂ ਰਾਹਤਾਂ ਦੇ ਕੇ ਮੁੜ ਸੁਰਜੀਤ ਕੀਤਾ ਜਾ ਸਕੇ। ਉਨ੍ਹਾਂ ਆਪ ਸਰਕਾਰ ਦੀ ਕਾਨੂੰਨੀ ਵਿਵਸਥਾ 'ਤੇ ਵੀ ਵੱਡੇ ਸਵਾਲ ਖੜ੍ਹੇ ਕਰਦੇ ਹੋਏ ਸੂਬਾ ਸਰਕਾਰ ਨੂੰ ਹਰ ਪੱਖ ਤੋਂ ਬੁਰੀ ਤਰ੍ਹਾਂ ਫੇਲ੍ਹ ਦੱਸਿਆ। ਇਸ ਮੌਕੇ ਜਤਿੰਦਰ ਸਿੰਘ ਧਾਲੀਵਾਲ ਤੇ ਪਰਮਿੰਦਰ ਸਿੰਘ ਸਲਾਣਾ ਦੀ ਅਗਵਾਈ ਵਿੱਚ ਵਰਕਰਾਂ ਤੇ ਆਗੂਆਂ ਵੱਲੋਂ ਸੁਖਬੀਰ ਸਿੰਘ ਬਾਦਲ ਤੇ ਗੁਰਪ੍ਰੀਤ ਸਿੰਘ ਰਾਜੂ ਖੰਨਾ ਦਾ ਸਨਮਾਨ ਵੀ ਕੀਤਾ। ਇਸ ਮੌਕੇ ਸੂਬਾ ਮੀਤ ਪ੍ਰਧਾਨ ਡਾ. ਜੋਗਿੰਦਰ ਸਿੰਘ ਮੈਨੀ, ਜਰਨੈਲ ਸਿੰਘ ਮਾਜਰੀ, ਭਿੰਦਰ ਸਿੰਘ ਪ੍ਰਧਾਨ, ਜਗਜੀਵਨ ਸਿੰਘ ਉਭੀ, ਰਣਜੀਤ ਸਿੰਘ ਘੋਲਾ ਰੁੜਕੀ, ਗੁਰਮੀਤ ਸਿੰਘ ਭੱਟੋ, ਵਿਨੋਦ ਵਸ਼ਿਸ਼ਟ, ਸੁਰਿੰਦਰਪਾਲ ਸਿੰਘ ਭਾਟੀਆ, ਗੁਰਜੀਤ ਸਿੰਘ ਮੰਗਾ, ਸਿਮਰਨਜੀਤ ਸਿੰਘ ਡਿਪਟੀ, ਗੁਰਜੀਤ ਸਿੰਘ ਬੱਬੂ, ਗੁਰਜੀਤ ਸਿੰਘ ਸਲਾਣਾ, ਸਤਨਾਮ ਸਿੰਘ ਡਡਹੇੜੀ, ਹਰਵਿੰਦਰ ਸਿੰਘ ਪਿੰਦੂ ਜੱਸੜਾ, ਬੰਟੀ ਜੱਸੜਾ, ਜਗਜੀਤ ਸਿੰਘ ਰੋਮੀ, ਸ਼ਿੰਗਾਰਾ ਸਿੰਘ ਮਾਨ, ਅਵਤਾਰ ਸਿੰਘ ਸਲੌਦੀ, ਗੁਰਵਿੰਦਰ ਸਿੰਘ ਗੈਰੀ, ਰਸਪ੍ਰੀਤ ਸਿੰਘ, ਜਸਕਰਨ ਸਿੰਘ ਸਲਾਣਾ ਤੇ ਸੁਸ਼ੀਲ ਸ਼ਰਮਾ ਹਾਜ਼ਰ ਸਨ।



# ਸਲਾਣਾ 'ਚ ਤਿੰਨ ਰੋਜ਼ਾ ਸਾਲਾਨਾ ਗੁਰਮਤਿ ਸਮਾਗਮ ਸਮਾਪਤ

ਅਮਲੋਹ, 29 ਮਾਰਚ (ਜਸਵੰਤ ਸਿੰਘ): ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛੱਤਰ ਛਾਇਆ ਹੇਠ ਸਿੰਘਾਂ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ ਤੇ ਸੰਤ ਬਾਬਾ ਫੈਜੂਲਾਪੁਰ ਵਾਲਿਆਂ ਦੀ ਯਾਦ ਵਿੱਚ ਸਾਲਾਨਾ ਗੁਰਮਤਿ ਸਮਾਗਮ 25 ਤੋਂ 27 ਮਾਰਚ ਤੱਕ ਗੁਰਦੁਆਰਾ ਸਾਹਿਬ ਰਵਿਦਾਸ ਨਗਰੀ ਪਿੰਡ ਸਲਾਣਾ ਵਿਖੇ ਕਰਵਾਇਆ ਗਿਆ। ਸੰਤ ਬਾਬਾ ਸੋਹਣ ਸਿੰਘ ਸਲਾਣਾ ਨੇ ਦੱਸਿਆ ਕਿ ਇਸ ਮੌਕੇ ਵੱਡੀ ਗਿਣਤੀ ਵਿੱਚ ਸੰਤ ਮਹਾਂਪੁਰਸ਼ ਤੇ ਸੰਗਤ ਸ਼ਾਮਲ ਹੋਈ ਤੇ ਗੁਰੂ ਇਤਿਹਾਸ ਬਾਰੇ ਚਾਨਣਾ ਪਾਇਆ ਗਿਆ। ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਵਿਸ਼ੇਸ਼ ਸਹਿਯੋਗ ਕਸ਼ਮੀਰਾ ਸਿੰਘ ਸਲਾਣਾ ਤੇ ਸਮੂਹ ਸੰਗਤ ਵੱਲੋਂ ਦਿੱਤਾ ਗਿਆ। ਸਮਾਗਮ ਵਿੱਚ ਪਹੁੰਚੇ ਸੰਤ ਮਹਾਂਪੁਰਸ਼, ਗੁਰਦੁਆਰਾ ਨਾਨਕ ਝੀਰਾ ਸਾਹਿਬ ਦੇ ਮੈਨੇਜਰ ਰਾਜਵਿੰਦਰ ਸਿੰਘ, ਗੁਰਦੁਆਰਾ ਮੁਕਾਰੋਂਪੁਰ ਸਾਹਿਬ ਦੇ ਪ੍ਰਧਾਨ ਹਰਮਲਜੀਤ ਸਿੰਘ ਘੇਲ, ਜ਼ੋਰਾ ਸਿੰਘ ਮੁਕਾਰੋਂਪੁਰ, ਬਾਬਾ ਬੁਢਾ ਦਲ ਦੀਆਂ ਲਾਡਲੀਆਂ ਫੌਜਾਂ ਕੁਲਵੀਰ ਸਿੰਘ ਦਾ ਬਾਬਾ ਸੋਹਣ ਸਿੰਘ ਸਲਾਣਾ ਵੱਲੋਂ ਵਿਸ਼ੇਸ਼ ਸਨਮਾਨ ਗਿਆ। ਇਸ ਮੌਕੇ ਸੰਤ ਬਾਬਾ ਚਰਨਜੀਤ ਸਿੰਘ ਭੇਡਵਾਲ ਵਾਲੇ, ਸੰਤ ਬਾਬਾ ਪਰਮਜੀਤ ਸਿੰਘ ਢਿੱਡਾ ਸਾਹਿਬ ਵਾਲੇ, ਸੰਤ ਬਾਬਾ ਸਵਰਨ ਸਿੰਘ ਸੈਦਖੇੜੀ ਵਾਲੇ, ਜਥੇਦਾਰ ਬਾਬਾ ਗੁਰਦੇਵ ਸਿੰਘ ਬਨੂੜ ਵਾਲੇ, ਬਾਬਾ ਸੋਹਣ ਸਿੰਘ ਸਲਾਣਾ ਦੇ ਜਥੇ ਨੇ ਹਾਜ਼ਰੀ ਭਰੀ, ਗੁਰੂਘਰ ਦੇ ਗ੍ਰੰਥੀ ਸਿੰਘ ਮਨਪ੍ਰੀਤ ਸਿੰਘ, ਜਗਦੀਸ਼ ਸਿੰਘ, ਸੁਖਵੰਤ ਸਿੰਘ ਤੇ ਮਨਜੀਤ ਸਿੰਘ ਹਾਜ਼ਰ ਸਨ।



# ਹਰਪ੍ਰੀਤ ਕੌਰ ਘੁੰਮਣ ਦੀ ਅਗਵਾਈ 'ਚ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਏ

ਮੰਡੀ ਗੋਬਿੰਦਗੜ੍ਹ, 29 ਮਾਰਚ (ਸੂਦ): ਆਮ ਆਦਮੀ ਪਾਰਟੀ ਦੀ ਵਾਰਡ ਨੰਬਰ 23 ਦੀ ਇੰਚਾਰਜ ਹਰਪ੍ਰੀਤ ਕੌਰ ਘੁੰਮਣ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਤਹਿਤ ਲੋਕਾਂ ਦੇ ਕਾਰਡ ਬਣਾਏ ਗਏ। ਇਸ ਮੌਕੇ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਕਹਿਣੀ ਤੇ ਕਰਨੀ ਦੀ ਪਰਪੱਕ ਹੈ ਤੇ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ, ਉਹ ਸਾਰੇ ਪੂਰੇ ਕੀਤੇ ਹਨ ਜਦੋਂ ਕਿ ਇਸ ਤੋਂ ਪਹਿਲਾਂ ਦੀਆਂ ਸਰਕਾਰਾਂ ਨੇ ਲੋਕਾਂ ਦੇ ਭਲੇ ਦੀ ਥਾਂ ਆਪਣੀਆਂ ਤਜੌਰੀਆਂ ਭਰਨ ਨੂੰ ਤਰਜੀਹ ਦਿੱਤੀ। ਉਨ੍ਹਾਂ ਕਿਹਾ ਕਿ ਇਸ ਕਾਰਡ ਨਾਲ ਬਿਮਾਰ ਹੋਣ ਦੀ ਸੂਰਤ ਵਿੱਚ ਕੋਈ ਵੀ ਵਿਅਕਤੀ ਪ੍ਰਾਈਵੇਟ ਜਾਂ ਸਰਕਾਰੀ ਹਸਪਤਾਲ ਵਿੱਚ ਇਲਾਜ ਕਰਵਾ ਸਕਦਾ ਹੈ। ਇਸ ਮੌਕੇ ਵਾਰਡ ਇੰਚਾਰਜ ਹਰਪ੍ਰੀਤ ਕੌਰ ਘੁੰਮਣ, ਬਲਾਕ ਕੋਆਰਡੀਨੇਟਰ ਹਰਬੰਸ ਕੌਰ, ਨੇਹਾ, ਬਲਾਕ ਪ੍ਰਧਾਨ ਦਲਜੀਤ ਸਿੰਘ ਵਿਰਕ, ਰਮਨਜੀਤ ਸਿੰਘ, ਯੂਥ ਵਿੰਗ ਦੇ ਵਾਰਡ ਨੰਬਰ 23 ਦੇ ਇੰਚਾਰਜ ਦਵਿੰਦਰ ਸਿੰਘ ਰਵੀ, ਲੇਡੀਜ਼ ਵਿੰਗ ਦੇ ਬਲਾਕ ਪ੍ਰਧਾਨ ਬੇਬੀ ਧੀਮਾਨ ਤੇ ਪ੍ਰਭਦਿਆਲ ਸਿੰਘ ਪ੍ਰਭੂ ਆਦਿ ਹਾਜ਼ਰ ਸਨ। ਉਨ੍ਹਾਂ ਲੋਕਾਂ ਨੂੰ ਆਮ ਆਦਮੀ ਪਾਰਟੀ ਦਾ ਡੱਟ ਕੇ ਸਾਥ ਦੇਣ ਦੀ ਅਪੀਲ ਕੀਤੀ।




# ਡੀ.ਸੀ. ਜੈਨ ਵੱਲੋਂ ਜ਼ਿਲ੍ਹਾ ਓਲੰਪਿਕ ਐਸੋਸੀਏਸ਼ਨ ਵੱਲੋਂ ਚਲਾਏ ਜਾ ਰਹੇ ਜਿੰਮ ਦਾ ਉਦਘਾਟਨ

ਹੁਸ਼ਿਆਰਪੁਰ, 29 ਮਾਰਚ (ਪਰਮਿੰਦਰ ਘੁੰਮਣ): ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਅੱਜ ਸਰਵਿਸਿਜ਼ ਕਲੱਬ, ਹੁਸ਼ਿਆਰਪੁਰ ਵਿੱਚ ਜ਼ਿਲ੍ਹਾ ਓਲੰਪਿਕ ਐਸੋਸੀਏਸ਼ਨ ਵੱਲੋਂ ਚਲਾਏ ਜਾ ਰਹੇ ਲਗਭਗ 30 ਲੱਖ ਰੁਪਏ ਦੀ ਲਾਗਤ ਨਾਲ ਨਵੀਨੀਕਰਿਤ ਕੀਤੇ ਜਿੰਮ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਇਹ ਪਹਿਲ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਫਿਟਨੈਸ ਤੇ ਖੇਡ ਗਤੀਵਿਧੀਆਂ ਵੱਲ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਜਿੰਮ ਦੇ ਨਵੀਨੀਕਰਨ ਕੰਮ ਵਿੱਚ ਸੈਂਚਰੀ ਪਲਾਈਵੁੱਡ ਵੱਲੋਂ ਖ਼ਾਸ ਸਹਿਯੋਗ ਦਿੱਤਾ ਗਿਆ ਹੈ। ਉਨ੍ਹਾਂ ਕੰਪਨੀ ਦੇ ਚੇਅਰਮੈਨ ਪਦਮ ਸ਼੍ਰੀ ਸੱਜਨ ਭਜਨਕਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਨਿੱਜੀ ਖੇਤਰ ਦੇ ਸਹਿਯੋਗ ਨਾਲ ਇਸ ਤਰ੍ਹਾਂ ਦੇ ਪ੍ਰੋਜੈਕਟ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਸਹਾਇਕ ਹੁੰਦੇ ਹਨ।ਉਨ੍ਹਾਂ ਕਿਹਾ ਕਿ ਅੱਜ ਇਸ ਜਿਮ ਦੀ ਨਵੀਂ ਤਰ੍ਹਾਂ ਸ਼ੁਰੂਆਤ ਕੀਤੀ ਗਈ ਹੈ, ਜਿਸ ਵਿੱਚ ਆਧੁਨਿਕ ਮਸ਼ੀਨਾਂ ਤੇ ਵਿਸ਼ਵ-ਪੱਧਰੀ ਸੁਵਿਧਾਵਾਂ ਸ਼ਾਮਲ ਕੀਤੀਆਂ ਗਈਆਂ ਹਨ। ਉਨ੍ਹਾਂ ਹੁਸ਼ਿਆਰਪੁਰ ਵਾਸੀਆਂ, ਖ਼ਾਸ ਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਜਿਮ ਦੀਆਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਤੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ। ਉਨ੍ਹਾਂ ਦੱਸਿਆ ਕਿ ਇੱਥੇ ਬਹੁਤ ਹੀ ਵਾਜਿਬ ਫੀਸ 'ਤੇ ਉੱਚ ਪੱਧਰੀ ਫਿਟਨੈਸ ਸੁਵਿਧਾਵਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ।ਇਸ ਮੌਕੇ ਸਹਾਇਕ ਕਮਿਸ਼ਨਰ ਓਇਸ਼ੀ ਮੰਡਲ, ਜ਼ਿਲ੍ਹਾ ਖੇਡ ਅਧਿਕਾਰੀ ਗੁਰਪ੍ਰੀਤ ਸਿੰਘ, ਸਕੱਤਰ ਰੈਡ ਕਰਾਸ ਸੁਸਾਇਟੀ ਮੰਗੇਸ਼ ਸੂਦ, ਸੰਯੁਕਤ ਸਕੱਤਰ ਆਦਿਤਿਆ ਰਾਣਾ, ਮੈਨੇਜਰ ਸਰਵਿਸਿਜ਼ ਕਲੱਬ ਰਮਿੰਦਰ ਸਿੰਘ, ਸੈਂਚਰੀ ਪਲਾਈਵੁੱਡ ਦੇ ਐਚਆਰ ਹੈਡ ਬੀ.ਐਸ. ਜਾਇਸਵਾਲ, ਪ੍ਰੋਜੈਕਟ ਹੈਡ ਬੀ.ਐਲ. ਸ਼ਰਮਾ ਤੇ ਐਚਆਰ ਮੈਨੇਜਰ ਰੋਹਿਤ ਸ਼ਰਮਾ ਸਮੇਤ ਹੋਰ ਵਿਅਕਤੀ ਹਾਜ਼ਰ ਸਨ।



# ਵਿਧਾਇਕ ਰਾਏ ਵੱਲੋਂ ਨਵੇਂ ਬਣੇ ਆਮ ਆਦਮੀ ਕਲੀਨਿਕ ਦਾ ਉਦਘਾਟਨ

ਸ੍ਰੀ ਫਤਹਿਗੜ੍ਹ ਸਾਹਿਬ, 29 ਮਾਰਚ (ਨਰਿੰਦਰ ਸਿੰਘ): ਫਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਸਰਹਿੰਦ ਮੰਡੀ ਵਿਖੇ ਬਣੇ ਨਵੇਂ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਦੇ ਵਿੱਚ 109 ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ ਗਿਆ ਹੈ। ਇਨ੍ਹਾਂ ਆਮ ਆਦਮੀ ਕਲੀਨਿਕਾਂ ਸਮੇਤ ਸੂਬੇ ਦੇ ਵਿੱਚ ਹੁਣ 990 ਆਮ ਆਦਮੀ ਕਲੀਨਿਕ ਹੋ ਗਏ ਹਨ। ਆਮ ਆਦਮੀ ਕਲੀਨਿਕਾਂ ਦੇ ਨਾਲ ਜਿੱਥੇ ਆਮ ਲੋਕਾਂ ਨੂੰ ਘਰਾਂ ਦੇ ਨੇੜੇ ਸਿਹਤ ਸਹੂਲਤਾਂ ਮਿਲੀਆਂ ਹਨ ਉਥੇ ਹੀ ਸਿਹਤ ਸੁਰੱਖਿਆ ਵੀ ਮਜ਼ਬੂਤ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਸਹੂਲਤਾਂ ਪ੍ਰਤੀ ਕ੍ਰਾਂਤੀਕਾਰੀ ਕਦਮ ਚੁੱਕਦਿਆਂ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਦੇ ਨਾਲ ਜੋੜਿਆ ਗਿਆ ਹੈ ਤਾਂ ਜੋ ਕੋਈ ਵੀ ਪਰਿਵਾਰ ਆਰਥਿਕ ਕਮਜ਼ੋਰੀ ਦੇ ਕਾਰਨ ਬਿਮਾਰੀ ਦਾ ਸ਼ਿਕਾਰ ਨਾ ਹੋਵੇ। ਇਸ ਮੌਕੇ ਸਿਵਲ ਸਰਜਨ ਡਾ. ਅਰਵਿੰਦ ਪਾਲ ਸਿੰਘ, ਐਸਐਮਓ ਡਾ. ਜਸਪ੍ਰੀਤ ਸਿੰਘ ਬੇਦੀ, ਐਸਐਮਓ ਡਾ. ਸੁਰਿੰਦਰ ਸਿੰਘ, ਡਾ. ਕੇਡੀ ਸਿੰਘ ਵੱਲੋਂ ਵਿਧਾਇਕ ਲਖਬੀਰ ਸਿੰਘ ਰਾਏ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਮੇਸ਼ ਕੁਮਾਰ ਸੋਨੂੰ, ਪ੍ਰਿਤਪਾਲ ਸਿੰਘ ਜੱਸੀ, ਰਜੇਸ਼ ਉਪਲ, ਤਰਸੇਮ ਉਪਲ, ਹਿਤੇਸ਼ ਉਪਲ, ਦਿਲਪ੍ਰੀਤ ਸਿੰਘ ਭੱਟੀ, ਅਸੀਸ ਅਤਰੀ, ਅਸੀਸ ਸੂਦ, ਅਮਰਿੰਦਰ ਮੰਡੋਫਲ, ਮਨਦੀਪ ਪੋਲਾ, ਮਾਨਵ ਟਿਵਾਣਾ ਹਾਜ਼ਰ ਸਨ।



# ਸ੍ਰੀਮਦ ਭਾਗਵਤ ਕਥਾ ਮਹਾਂਪੁਰਾਣ ਦਾ ਵਿਧਾਇਕ ਬੜਿੰਗ ਨੂੰ ਸੱਦਾ ਪੱਤਰ ਦਿੱਤਾ



ਅਮਲੋਹ, 29 ਮਾਰਚ (ਜਸਵੰਤ ਸਿੰਘ): ਸ੍ਰੀ ਸ਼ੀਤਲਾ ਮਾਤਾ ਵੈਲਫੇਅਰ ਟਰੱਸਟ ਰਜਿ., ਸ੍ਰੀ ਸ਼ੀਤਲਾ ਮਾਤਾ ਮੰਦਰ ਕਮੇਟੀ ਤੇ ਸ੍ਰੀ ਸ਼ੀਤਲਾ ਮਾਤਾ ਮਹਿਲਾ ਸੇਵਾ ਸੰਮਤੀ ਅਮਲੋਹ ਵੱਲੋਂ 22ਵੇਂ ਸਾਲਾਨਾ ਉਤਸਵ ਨੂੰ ਮੁੱਖ ਰੱਖ ਕੇ 4 ਅਪ੍ਰੈਲ ਨੂੰ ਵਿਸ਼ਾਲ ਸੋਭਾ ਯਾਤਰਾ ਕੱਢੀ ਜਾ ਰਹੀ ਹੈ। ਚੇਅਰਮੈਨ ਵਿਨੇ ਪੁਰੀ ਤੇ ਸੁਸ਼ੀਲ ਬਾਂਸਲ ਨੇ ਇਸ ਪ੍ਰੋਗਰਾਮ ਦਾ ਇਥੇ ਵਿਧਾਇਕ ਗੁਰਿੰਦਰ ਸਿੰਘ ਨੂੰ ਸੱਦਾ ਪੱਤਰ ਦਿੱਤਾ।ਸ੍ਰੀ ਪੁਰੀ ਨੇ ਦੱਸਿਆ ਕਿ ਸ਼ੋਭਾ ਯਾਤਰਾ ਦੀ ਸ਼ੁਰੂਆਤ ਹਲਕਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਕਰਨਗੇ। ਇਸ ਮੌਕੇ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ, ਭਾਜਪਾ ਆਗੂ ਜਗਦੀਪ ਸਿੰਘ ਚੀਮਾ ਤੇ ਸੀਬੀਆਈ ਦੇ ਰਿਟ. ਐਸ.ਪੀ. ਮਹੇਸ਼ ਪੁਰੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਉਨ੍ਹਾਂ ਦੱਸਿਆ ਕਿ ਮਹੰਤ ਪ੍ਰਿਯਕਾ ਬਾਬਾ ਜੀ ਪਠਾਨਕੋਟ ਵਾਲੇ 5 ਤੋਂ 11 ਅਪ੍ਰੈਲ ਤੱਕ ਰੋਜ਼ਾਨਾ ਸ਼ਾਮ 6.30 ਵਜੇ ਤੋਂ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਉਨ੍ਹਾਂ ਦੱਸਿਆ ਕਿ 12 ਅਪ੍ਰੈਲ ਨੂੰ ਸਵੇਰੇ 6 ਵਜੇ ਹਵਨ ਯੱਗ, 10 ਵਜੇ ਭੋਗ ਤੇ 11 ਵਜੇ ਭੰਡਾਰਾ ਹੋਵੇਗਾ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਵੱਧ ਚੜ੍ਹ ਕੇ ਇਸ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਇਸ ਮੌਕੇ ਬਲਾਕ ਸੰਮਤੀ ਦੇ ਚੇਅਰਮੈਨ ਰਣਜੀਤ ਸਿੰਘ ਪਨਾਗ ਤੇ ਹੋਰ ਹਾਜ਼ਰ ਸਨ।

# ਸਿੱਖਿਆ ਖੇਤਰ 'ਚ ਪੰਜਾਬ ਸਰਕਾਰ ਲਿਆ ਰਹੀ ਕ੍ਰਾਂਤੀਕਾਰੀ ਬਦਲਾਅ: ਵਿਧਾਇਕ ਭੁੱਲਰ



ਫਿਰੋਜ਼ਪੁਰ, 29 ਮਾਰਚ (ਤਿਵਾੜੀ): ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਉਚਾ ਚੁੱਕਣ ਲਈ ਕੀਤੇ ਜਾ ਰਹੇ ਵਿਸ਼ੇਸ਼ ਉਪਰਾਲਿਆਂ ਤਹਿਤ ਮਾਪੇ-ਅਧਿਆਪਕ ਮਿਲਣੀਆਂ ਇੱਕ ਮਹੱਤਵਪੂਰਨ ਕਦਮ ਵਜੋਂ ਸਾਹਮਣੇ ਆਈਆਂ ਹਨ। ਇਨ੍ਹਾਂ ਮਿਲਣੀਆਂ ਦਾ ਮੁੱਖ ਮੰਤਵ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਦੇ ਮਾਪਿਆਂ ਤੇ ਅਧਿਆਪਕਾਂ ਵਿਚਕਾਰ ਦੂਰੀ ਨੂੰ ਘਟਾਉਣਾ ਤੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਹਾਂ-ਪੱਖੀ ਵਾਤਾਵਰਨ ਤਿਆਰ ਕਰਨਾ ਹੈ।ਇਸੇ ਲੜੀ ਤਹਿਤ ਜ਼ਿਲ੍ਹਾ ਫਿਰੋਜ਼ਪੁਰ ਦੇ ਸਮੂਹ 224 ਅੱਪਰ ਪ੍ਰਾਇਮਰੀ ਸਕੂਲਾਂ ਵਿੱਚ ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮੁਨੀਲਾ ਅਰੋੜਾ ਤੇ ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਸਤਿੰਦਰ ਸਿੰਘ ਦੀ ਅਗਵਾਈ ਹੇਠ ਵਿਸ਼ਾਲ ਮਾਪੇ-ਅਧਿਆਪਕ ਮਿਲਣੀ ਤੇ ਸਾਲਾਨਾ ਨਤੀਜੇ ਐਲਾਨਣ ਲਈ ਪ੍ਰਭਾਵਸ਼ਾਲੀ ਸਮਾਗਮਾਂ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਹਲਕਾ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਸਕੂਲ ਆਫ ਐਮੀਨੈਂਸ ਫਿਰੋਜ਼ਪੁਰ ਵਿਖੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਉਪ-ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਡਾ. ਸਤਿੰਦਰ ਸਿੰਘ (ਨੈਸ਼ਨਲ ਐਵਾਰਡੀ) ਤੇ ਉਪ-ਜ਼ਿਲ੍ਹਾ ਸਿੱਖਿਆ ਅਧਿਕਾਰੀ (ਐਲੀਮੈਂਟਰੀ) ਕੋਮਲ ਅਰੋੜਾ ਸਮੇਤ ਹੋਰ ਵਿਭਾਗੀ ਅਧਿਕਾਰੀ ਵੀ ਹਾਜ਼ਰ ਰਹੇ। ਸਕੂਲ ਪ੍ਰਿੰਸੀਪਲ ਰਜੇਸ਼ ਮਹਿਤਾ ਨੇ ਆਏ ਮਹਿਮਾਨਾਂ ਦਾ ਰਸਮੀ ਰੂਪ ਵਿੱਚ ਸਵਾਗਤ ਕੀਤਾ। ਇਸ ਮੌਕੇ ਐਲਵਿਨ ਭੱਟੀ, ਰਾਜ ਬਹਾਦਰ ਸਿੰਘ ਗਿੱਲ, ਵਿਕਾਸ ਕੁਮਾਰ ਸਿੱਖਿਆ ਕੋਆਰਡੀਨੇਟਰ, ਅਧਿਆਪਕ ਮਲਕੀਤ ਸਿੰਘ ਹਰਾਜ, ਅਰਵਿੰਦ ਕੌਰ, ਮਧੂ ਨੰਦਾ, ਦਵਿੰਦਰ ਨਾਥ, ਭੁਪਿੰਦਰ ਕੌਰ, ਅਮਨਪ੍ਰੀਤ ਕੌਰ, ਵਰਿੰਦਰ ਕੌਰ, ਰਾਘਵ ਕਪੂਰ ਆਦਿ ਹਾਜ਼ਰ ਸਨ।

# ਮਾਪੇ ਆਪਣੀਆਂ 14 ਤੋਂ 15 ਸਾਲ ਤੱਕ ਦੀਆਂ ਬੱਚੀਆਂ ਨੂੰ ਜ਼ਰੂਰ ਲਗਵਾਉਣ ਐਚਪੀਵੀ ਵੈਕਸੀਨ: ਐਸਐਮਓ ਡਾ. ਗਾਂਧੀ



ਫਾਜ਼ਿਲਕਾ, 29 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਿਹਤ ਵਿਭਾਗ ਵੱਲੋਂ ਸਰਕਾਰੀ ਸਕੂਲਾਂ ਵਿੱਚ ਆਯੋਜਿਤ ਮੈਗਾ ਪੀਟੀਐਮ ਦੌਰਾਨ ਐਚਪੀਵੀ ਵੈਕਸੀਨ ਬਾਰੇ ਵਿਸ਼ੇਸ਼ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੁਹਿੰਮ ਦਾ ਮੁੱਖ ਉਦੇਸ਼ ਮਾਪਿਆਂ, ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਐਚਪੀਵੀ ਵਾਇਰਸ ਨਾਲ ਸਬੰਧਤ ਬਿਮਾਰੀਆਂ ਖਾਸ ਕਰਕੇ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਟੀਕਾਕਰਨ ਦੀ ਮਹੱਤਤਾ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਹੈ।ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫਸਰ ਡਾ. ਵਿਕਾਸ ਗਾਂਧੀ ਨੇ ਦੱਸਿਆ ਕਿ ਮੈਗਾ ਪੀਟੀਐਮ ਵਿੱਚ ਵੱਡੀ ਗਿਣਤੀ ਵਿੱਚ ਮਾਪਿਆਂ ਨੇ ਭਾਗ ਲਿਆ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੇ ਸਮੂਹ ਡਾਕਟਰਾਂ ਤੇ ਸਿਹਤ ਕਰਮਚਾਰੀਆਂ ਵੱਲੋਂ ਬਲਾਕ ਜੰਡਵਾਲਾ ਭੀਮੇਸ਼ਾਹ ਦੇ ਸਰਕਾਰੀ ਸਕੂਲਾਂ ਵਿੱਚ ਮਾਪਿਆਂ ਤੇ 14 ਤੋਂ 15 ਸਾਲ ਤੱਕ ਦੀਆਂ ਬੱਚੀਆਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਐਚਪੀਵੀ ਵਾਇਰਸ ਇੱਕ ਆਮ ਸੰਕਰਮਣ ਹੈ ਜੋ ਭਵਿੱਖ ਵਿੱਚ ਸਰਵਾਈਕਲ ਕੈਂਸਰ ਵਰਗੀਆਂ ਗੰਭੀਰ ਬਿਮਾਰੀਆਂ ਦਾ ਕਾਰਨ ਬਣ ਸਕਦਾ ਹੈ। ਇਸ ਤੋਂ ਬਚਾਅ ਲਈ ਐਚਪੀਵੀ ਵੈਕਸੀਨ ਸਭ ਤੋਂ ਪ੍ਰਭਾਵਸ਼ਾਲੀ ਢੰਗ ਹੈ। ਡਾਕਟਰਾਂ ਨੇ ਮਾਪਿਆਂ ਨੂੰ ਸਮਝਾਇਆ ਕਿ ਇਹ ਵੈਕਸੀਨ ਖਾਸ ਤੌਰ 'ਤੇ ਕਿਸ਼ੋਰੀਆਂ ਲਈ ਬਹੁਤ ਹੀ ਲਾਭਦਾਇਕ ਹੈ ਤੇ ਨਿਰਧਾਰਿਤ ਉਮਰ ਵਿੱਚ ਲਗਵਾਉਣ ਨਾਲ ਇਹ ਬਿਮਾਰੀ ਤੋਂ ਲੰਬੇ ਸਮੇਂ ਤੱਕ ਸੁਰੱਖਿਆ ਪ੍ਰਦਾਨ ਕਰਦੀ ਹੈ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਵੈਕਸੀਨ ਪੂਰੀ ਤਰ੍ਹਾਂ ਸੁਰੱਖਿਅਤ ਹੈ ਤੇ ਸਰਕਾਰ ਵੱਲੋਂ ਮਨਜ਼ੂਰਸ਼ੁਦਾ ਹੈ। ਕਿਸੇ ਵੀ ਕਿਸਮ ਦੀ ਅਫਵਾਹ ਜਾਂ ਗਲਤ ਜਾਣਕਾਰੀ ਤੋਂ ਬਚਣ ਦੀ ਅਪੀਲ ਵੀ ਕੀਤੀ ਗਈ।

# ਸੁਖਬੀਰ ਸਿੰਘ ਬਾਦਲ ਵੱਲੋਂ ਅਵਤਾਰ ਸਿੰਘ ਕਲੇਰ ਦਾ ਸਨਮਾਨ

ਭੋਗਪੁਰ, 29 ਮਾਰਚ (ਜੰਡੀਰ ਸੈਣੀ): ਅਵਤਾਰ ਸਿੰਘ ਕਲੇਰ ਜੋ ਕਿ ਖੇਤੀਬਾੜੀ ਬੈਂਕ ਕਾਂਗਰਸ ਪਠਾਨਕੋਟ ਤੋਂ ਚੇਅਰਮੈਨ ਸਨ, ਪੂਰੀ ਟੀਮ ਦੇ ਨਾਲ ਅੱਜ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ, ਅਵਤਾਰ ਸਿੰਘ ਕਲੇਰ ਦੇ ਗ੍ਰਹਿ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਹੋਰ ਵੀ ਅਕਾਲੀ ਦਲ ਦੇ ਵੱਖ-ਵੱਖ ਸੀਨੀਅਰ ਸ਼ਾਮਲ ਹੋਏ, ਅਵਤਾਰ ਸਿੰਘ ਕਲੇਰ ਦੇ ਗ੍ਰਹਿ ਵਿਖੇ ਕਾਫੀ ਵੱਡੀ ਸਟੇਜ ਲਗਾਈ ਗਈ, ਸਾਰੇ ਹੀ ਲੀਡਰਾਂ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ, ਕਿਹਾ ਕਿ ਪੰਜਾਬ ਤੇ ਹਾਲਾਤ ਬਹੁਤ ਨਾਜ਼ੁਕ ਹੋ ਚੁੱਕੇ ਹਨ। ਲੋਕਾਂ 'ਤੇ ਝੂਠੇ ਪਰਚੇ ਹੋ ਰਹੇ ਹਨ, ਦਿਨ ਦਿਹਾੜੇ ਲੁੱਟਾਂ-ਖੋਹਾਂ ਹੋ ਰਹੀਆਂ ਹਨ, ਆਗੂਆਂ ਨੇ ਕਿਹਾ ਕਿ ਪੂਰੇ ਪੰਜਾਬ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ ਤੇ ਇਹ ਸਭ ਕੁਝ ਦੇਖਦੇ ਹੋਏ ਅੱਜ ਪੰਜਾਬ ਨੂੰ ਬਚਾਉਣ ਵਾਸਤੇ ਇੱਕਜੁੱਟ ਹੋ ਕੇ ਚੱਲਣ ਦੀ ਲੋੜ ਹੈ। ਇਸ ਮੌਕੇ 'ਤੇ ਸੁਖਬੀਰ ਸਿੰਘ ਬਾਦਲ ਨੇ ਅਵਤਾਰ ਸਿੰਘ ਕਲੇਰ ਤੇ ਉਨ੍ਹਾਂ ਦੀ ਪੂਰੀ ਟੀਮ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ ਤੇ ਵੱਡੀ ਜ਼ਿੰਮੇਵਾਰੀ ਦੇ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਕੀਤਾ।



# ਆਤਮ ਵੱਲਭ ਪਬਲਿਕ ਸਕੂਲ ਵਿਖੇ 'ਗ੍ਰੈਜੂਏਸ਼ਨ ਗਲੈਕਸੀ 2026' ਸਮਾਗਮ ਧੂਮ-ਧਾਮ ਨਾਲ ਸੰਪੰਨ

ਫਾਜ਼ਿਲਕਾ, 29 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਥਾਨਕ ਆਤਮ ਵੱਲਭ ਪਬਲਿਕ ਸਕੂਲ ਵਿਖੇ ਸਾਲ 2026 ਦੇ ਵਿਦਿਆਰਥੀਆਂ ਦੇ ਸਨਮਾਨ 'ਚ ਇੱਕ ਪ੍ਰਭਾਵਸ਼ਾਲੀ ਡਿਗਰੀ ਵੰਡ ਸਮਾਗਮ ਧੂਮ-ਧਾਮ ਨਾਲ ਕਰਵਾਇਆ ਗਿਆ। ਛੋਟੇ ਤਾਰੇ, ਅਸੀਮਤ ਸੁਪਨੇ ਇਕ ਗ੍ਰੈਜੂਏਸ਼ਨ ਗਲੈਕਸੀ 2026 ਵਿਸ਼ੇ ਹੇਠ ਕਰਵਾਏ ਗਏ ਇਸ ਸਮਾਗਮ ਵਿੱਚ ਨੰਨ੍ਹੇ ਵਿਦਿਆਰਥੀਆਂ ਦੀਆਂ ਵਿੱਦਿਅਕ ਪ੍ਰਾਪਤੀਆਂ ਦਾ ਜਸ਼ਨ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਰਮਨ ਵਾਟਸ, ਪ੍ਰਿੰਸੀਪਲ ਸੰਗੀਤਾ ਤਿੰਨਾ, ਵਾਈਸ ਪ੍ਰਿੰਸੀਪਲ ਸੀਮਾ ਸ਼ਰਮਾ ਤੇ ਐਗਜ਼ੀਕਿਊਟਿਵ ਡਾਇਰੈਕਟਰ ਦੀਪਕ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਪ੍ਰੋਗਰਾਮ ਦੌਰਾਨ ਮੈਡੀਕਲ, ਨਾਨ-ਮੈਡੀਕਲ, ਆਰਟਸ, ਕਾਮਰਸ ਤੇ ਐਮ.ਬੀ.ਬੀ.ਐਸ. ਦੇ ਖੇਤਰ ਵਿਚ ਮੱਲ੍ਹਾਂ ਮਾਰਨ ਵਾਲੇ ਵਿਦਿਆਰਥੀਆਂ ਦੇ ਨਾਲ ਨਾਲ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀਆਂ ਦੇ ਮਾਪਿਆਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਸਕੂਲ ਦੇ ਵੱਖ-ਵੱਖ ਹਾਊਸਾਂ ਦੇ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ। ਪ੍ਰਿੰਸੀਪਲ ਸੰਗੀਤਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਬੱਚਿਆਂ ਦੀ ਵਿੱਦਿਅਕ ਯਾਤਰਾ ਦਾ ਇਹ ਪਹਿਲਾ ਪੜਾਅ ਬਹੁਤ ਮਹੱਤਵਪੂਰਨ ਹੈ ਤੇ ਅਜਿਹੇ ਸਮਾਗਮ ਬੱਚਿਆਂ ਦੇ ਆਤਮ-ਵਿਸ਼ਵਾਸ ਵਿੱਚ ਵਾਧਾ ਕਰਦੇ ਹਨ। ਸਮਾਗਮ ਵਿੱਚ ਸ਼ਹਿਰ ਦੀਆਂ ਪ੍ਰਮੁੱਖ ਹਸਤੀਆਂ ਜਿਨ੍ਹਾਂ ਵਿੱਚ ਬਾਬੂ ਰਾਮ ਅਰੋੜਾ, ਦਿਨੇਸ਼ ਸ਼ਰਮਾ, ਅਸ਼ਵਨੀ ਅਹੂਜਾ, ਲੀਲਾਧਰ ਸ਼ਰਮਾ, ਨਰੇਸ਼ ਮਿੱਤਲ ਤੇ ਅੰਮ੍ਰਿਤ ਸਚਦੇਵਾ ਸਮੇਤ ਕਈ ਪਤਵੰਤੇ ਸੱਜਣ ਸ਼ਾਮਲ ਸਨ। ਅੰਤ ਵਿਚ ਵਿਦਿਆਰਥੀਆਂ ਨੂੰ ਡਿਗਰੀਆਂ/ਸਰਟੀਫਿਕੇਟ ਵੰਡੇ ਗਏ ਤੇ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ।




# ਪਿੰਡ ਗੋਬਿੰਦਗੜ੍ਹ ਤੇ ਨਸਰਾਲੀ ਦੇ ਸਰਕਾਰੀ ਸਕੂਲਾਂ ਵਿਖੇ ਮੈਗਾ ਮਾਪੇ-ਅਧਿਆਪਕ ਮਿਲਣੀ

ਸ੍ਰੀ ਫ਼ਤਹਿਗੜ੍ਹ ਸਾਹਿਬ, 29 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਪੀ.ਐਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਗੜ੍ਹ (ਲੜਕੇ), ਗੋਬਿੰਦਗੜ੍ਹ (ਕੰਨਿਆ) ਤੇ ਸਪ੍ਰਸ ਨਸਰਾਲੀ ਵਿੱਚ ਆਯੋਜਿਤ ਮੈਗਾ ਮਾਪੇ-ਅਧਿਆਪਕ ਮਿਲਣੀ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਰਵਿੰਦਰ ਕੌਰ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਓ.ਐਸ.ਡੀ. ਗੁਲਸ਼ਨ ਛਾਬੜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਬੋਲਦਿਆਂ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਰਵਿੰਦਰ ਕੌਰ ਨੇ ਕਿਹਾ ਕਿ ਮੈਗਾ ਮਾਪੇ-ਅਧਿਆਪਕ ਮਿਲਣੀ ਵਿੱਚ ਵਿਦਿਆਰਥੀ ਦੇ ਸਾਲਾਨਾ ਨਤੀਜੇ ਦੇ ਨਾਲ ਉਨ੍ਹਾਂ ਦੀ ਚੰਗੀ ਸਿਹਤ ਬਾਰੇ, ਅਨੁਸ਼ਾਸਨ, ਖੇਡਾਂ, ਰਚਨਾਤਮਕਤਾ, ਨਸ਼ੇ ਵਿਰੁੱਧ ਤੇ HPV ਟੀਕਾਕਰਨ ਬਾਰੇ ਮਾਪਿਆਂ ਨਾਲ ਚਰਚਾ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਬੱਚੇ ਦੀਆਂ ਕਮਜ਼ੋਰੀਆਂ ਤੇ ਮਜ਼ਬੂਤ ਪੱਖਾਂ ਨੂੰ ਪਛਾਣ ਕੇ ਭਵਿੱਖ ਦੀ ਰਣਨੀਤੀ ਬਣਾਈ ਜਾਂਦੀ ਹੈ ਕਿ ਵਿਦਿਆਰਥੀ ਕਿਹੜੇ ਸੁਧਾਰਾਂ ਸਦਕਾ ਵੱਖ-ਵੱਖ ਖੇਤਰਾਂ ਵਿੱਚ ਵੱਡੀਆਂ ਮੱਲਾਂ ਮਾਰਨ ਦੇ ਸਮਰੱਥ ਬਣ ਸਕਦੇ ਹਨ।ਇਸ ਮੌਕੇ ਗੁਲਸ਼ਨ ਛਾਬੜਾ ਨੇ ਦੱਸਿਆ ਕਿ ਹੁਣ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਗਈ ਹੈ ਤੇ ਸਰਕਾਰ ਵੱਲੋਂ ਮਿਲ ਰਹੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਓ। ਉਨ੍ਹਾਂ ਦੱਸਿਆ ਕਿ ਹੁਣ ਸਰਕਾਰੀ ਸਕੂਲਾਂ ਵਿੱਚ ਕਿਤਾਬਾਂ ਸੈਸ਼ਨ ਦੇ ਸ਼ੁਰੂ ਵਿੱਚ ਹੀ ਆ ਜਾਂਦੀਆਂ ਹਨ। ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਦਿਨ-ਰਾਤ ਇੱਕ ਕਰਕੇ ਕੰਮ ਕਰ ਰਹੀ ਹੈ ਤਾਂ ਜੋ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੱਡੀਆਂ ਪੁਲਾਂਘਾਂ ਪੁੱਟ ਸਕਣ। ਉਨ੍ਹਾਂ ਨੇ ਇਸ ਮੈਗਾ ਮਾਪੇ-ਅਧਿਆਪਕ ਮਿਲਣੀ ਦੌਰਾਨ ਸਰਕਾਰੀ ਸਕੂਲ ਵਿੱਚ ਨਵੇਂ ਲਗਾਏ ਇੰਟਰਐਕਟਿਵ ਪੈਨਲ ਦੀ ਵੀ ਸ਼ਲਾਘਾ ਕੀਤੀ।



# ਸਾਹਨੇਵਾਲ-ਕੁਹਾੜਾ ਰੂਟ 'ਤੇ ਬਾਹਰੀ ਸੂਬਿਆਂ ਦੀਆਂ ਬੱਸਾਂ ਦੀ ਭਰਮਾਰ

## ਸਥਾਨਕ ਟਰਾਂਸਪੋਰਟ ਨੂੰ ਲੱਗ ਰਿਹੈ ਚੂਨਾ, ਨਿਯਮਾਂ ਦੀ ਉਲੰਘਣਾ ਦੇ ਦੋਸ਼




ਸਾਹਨੇਵਾਲ/ਕੁਹਾੜਾ, 29 ਮਾਰਚ (ਕੁਲਦੀਪ ਸਿੰਘ ਕੁਹਾੜਾ) : ਸਾਹਨੇਵਾਲ ਤੋਂ ਕੁਹਾੜਾ ਰੂਟ 'ਤੇ ਚੱਲਦੀਆਂ ਮਿੰਨੀ ਬੱਸਾਂ ਵਿੱਚ ਬਾਹਰੀ ਰਾਜ ਦੇ ਨੰਬਰਾਂ ਵਾਲੀ ਬੱਸ ਬੇ-ਰੋਕ-ਟੋਕ ਦੌੜਦੀ ਦੇਖੀ ਜਾ ਸਕਦੀ ਹੈ। ਸਥਾਨਕ ਲੋਕਾਂ ਅਤੇ ਟਰਾਂਸਪੋਰਟ ਕਾਰੋਬਾਰੀਆਂ ਵੱਲੋਂ ਇਸ ਮਾਮਲੇ ਨੂੰ ਲੈ ਕੇ ਚਿੰਤਾ ਜਤਾਈ ਜਾ ਰਹੀ ਹੈ।

ਜਾਣਕਾਰੀ ਅਨੁਸਾਰ, ਹਰ ਰੋਜ਼ ਇਸ ਰੂਟ 'ਤੇ ਕਈ ਮਿੰਨੀ ਬੱਸਾਂ ਬਿਨਾਂ ਪਰਮਿਟ ਨਿਯਮਾਂ ਦੀ ਪਾਲਣਾ ਕੀਤੇ ਬਗੈਰ ਸਵਾਰੀਆਂ ਚੁੱਕ ਰਹੀਆਂ ਹਨ, ਜਿਸ ਨਾਲ ਇੱਕ ਪਾਸੇ ਸਥਾਨਕ ਬੱਸ ਓਪਰੇਟਰਾਂ ਨੂੰ ਆਰਥਿਕ ਨੁਕਸਾਨ ਪਹੁੰਚ ਰਿਹਾ ਹੈ, ਦੂਜੇ ਪਾਸੇ ਯਾਤਰੀਆਂ ਦੀ ਸੁਰੱਖਿਆ ਵੀ ਸਵਾਲਾਂ 'ਦੇ ਘੇਰੇ ਵਿੱਚ ਹੈ।

ਸਥਾਨਕ ਵਸਨੀਕਾਂ ਦਾ ਕਹਿਣਾ ਹੈ ਕਿ ਇਹ ਬੱਸਾਂ ਅਕਸਰ ਨਿਰਧਾਰਤ ਸਟਾਪਾਂ ਤੋਂ ਇਲਾਵਾ ਵੀ ਸਵਾਰੀਆਂ ਚੁੱਕ ਲੈਂਦੀਆਂ ਹਨ ਅਤੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਦੀਆਂ ਹਨ, ਜਿਸ ਨਾਲ ਸੜਕਾਂ 'ਤੇ ਹਾਦਸਿਆਂ ਦਾ ਖਤਰਾ ਵੱਧ ਰਿਹਾ ਹੈ।

ਟਰਾਂਸਪੋਰਟ ਵਿਭਾਗ ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਉਠ ਰਹੇ ਹਨ। ਲੋਕਾਂ ਦਾ ਦੋਸ਼ ਹੈ ਕਿ ਵਿਭਾਗੀ ਅਧਿਕਾਰੀ ਇਸ ਮਾਮਲੇ 'ਚ ਅੱਖਾਂ ਮੂੰਦ ਕੇ ਬੈਠੇ ਹਨ ਜਾਂ ਫਿਰ ਮਿਲੀਭੁਗਤ ਕਾਰਨ ਕਾਰਵਾਈ ਨਹੀਂ ਕੀਤੀ ਜਾ ਰਹੀ।

ਇਸ ਸਬੰਧੀ ਜਦੋਂ ਟਰਾਂਸਪੋਰਟ ਵਿਭਾਗ ਦੇ ਅਧਿਕਾਰੀਆਂ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਮਾਮਲੇ ਦੀ ਜਾਂਚ ਕੀਤੀ ਜਾਵੇਗੀ ਅਤੇ ਜੇਕਰ ਕੋਈ ਵੀ ਬੱਸ ਬਿਨਾਂ ਪਰਮਿਟ ਜਾਂ ਨਿਯਮਾਂ ਦੀ ਉਲੰਘਣਾ ਕਰਦੀ ਪਾਈ ਗਈ ਤਾਂ ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਡਾ. ਅੰਬੇਡਕਰ ਦੀ ਜੈਯੰਤੀ 14 ਅਪ੍ਰੈਲ ਨੂੰ ਮਨਾਈ ਜਾਵੇਗੀ : ਡਾਕਟਰ ਰਾਏ



ਫਿਲੌਰ, 29 ਮਾਰਚ (ਅਜੇ ਸਿੰਘ ਨਾਗੀ) : ਭਾਰਤੀ ਸੰਵਿਧਾਨ ਦੇ ਸ਼ਿਲਪਕਾਰ, ਦੱਬੇ-ਕੁਚਲੇ ਲੋਕਾਂ ਦੇ ਮਸੀਹਾ ਤੇ ਭਾਰਤ ਰਤਨ ਨਾਲ ਸਨਮਾਨਿਤ ਡਾਕਟਰ ਭੀਮ ਰਾਓ ਅੰਬੇਡਕਰ ਯੁੱਗ ਪੁਰਸ਼ ਸਨ। ਉਨ੍ਹਾਂ ਨੇ ਆਪਣਾ ਸਾਰਾ ਜੀਵਨ ਦਲਿਤ, ਸ਼ੋਸ਼ਿਤ ਤੇ ਕਮਜ਼ੋਰ ਵਰਗਾਂ ਨੂੰ ਉੱਚਿਤ ਥਾਂ ਦਿਵਾਉਣ ਲਈ ਹੀ ਨਹੀਂ ਲਾਇਆ ਸਗੋਂ ਆਪਣੇ ਜੀਵਨ 'ਚ ਸਮਾਜਿਕ, ਆਰਥਿਕ, ਰਾਜਨੀਤਕ, ਵਿੱਦਿਅਕ, ਧਾਰਮਿਕ, ਔਰਤਾਂ ਨੂੰ ਸਨਮਾਨ ਦਿਵਾਉਣ ਤੇ ਸੰਵਿਧਾਨਕ ਖੇਤਰਾਂ 'ਚ ਵੀ ਵਡਮੁੱਲਾ ਯੋਗਦਾਨ ਪਾਇਆ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬਾਬਾ ਮੋਤੀ ਰਾਮ ਵੈਲਫੇਅਰ ਸੋਸਾਇਟੀ ਪੰਜਾਬ ਦੇ ਸਰਪ੍ਰਸਤ ਡਾਕਟਰ ਕੁਲਦੀਪ ਰਾਏ ਕਰਦਿਆਂ ਕਿਹਾ ਕਿ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੀ ਜਯੰਤੀ 14 ਅਪ੍ਰੈਲ ਨੂੰ ਫਿਲੌਰ ਮਨਾਈ ਜਾਵੇਗੀ, ਇਸ ਮੌਕੇ ਚੇਅਰਮੈਨ ਪਲਵਿੰਦਰ ਸਿੰਘ ਦੁਸਾਂਝ, ਪ੍ਰਧਾਨ ਤਰਸੇਮ ਰੁਪਾਣਾ, ਅਜੇ ਸਿੰਘ ਨਾਗੀ, ਹਰਜੀਤ ਸਿੰਘ ਢੇਸੀ,ਤਰਸੇਮ ਸਿੰਘ ਢਿੱਲੋਂ, ਸੁਰਿੰਦਰ ਪਾਲ ਢੇਸੀ, ਰਣਜੀਤ ਸਿੰਘ ਖੇਲਾ, ਸੁਰਖ ਲਾਲ, ਕੁਲਵੀਰ ਸਿੰਘ ਚੀਮਾ, ਜਰਨੈਲ ਫਿਲੌਰ, ਅਵਤਾਰ ਸਿੰਘ ਸੰਗਤਪੁਰ ਆਦਿ ਹਾਜ਼ਰ ਸਨ।

# ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਥਾਪਰ ਦੀ ਯਾਦ ਵਿੱਚ ਨਾਟਕ ਸਮਾਗਮ ਕਰਵਾਇਆ

## ਭਗਤ ਸਿੰਘ ਹਮੇਸ਼ਾਂ ਬਰਾਬਰੀ ਭਰਿਆ ਸਮਾਜ ਚਾਹੁੰਦੇ ਸਨ : ਸੰਧੂ



ਮੁੱਲਾਂਪੁਰ ਦਾਖਾ, 29 ਮਾਰਚ (ਦਵਿੰਦਰ ਸਿੰਘ ਲੰਮੇ):ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਵੱਲੋਂ ਗੁਰਸ਼ਰਨ ਕਲਾ ਭਵਨ ਮੰਡੀ ਮੁੱਲਾਂਪੁਰ ਵਿਖੇ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਥਾਪਰ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਮਹੀਨਾਵਾਰੀ ਨਾਟਕ ਸਮਾਗਮ ਕਰਵਾਇਆ ਗਿਆ। ਜਿਸ ਦਾ ਰਸਮੀ ਉਦਘਾਟਨ ਸ਼ਹੀਦ ਭਗਤ ਸਿੰਘ ਦੇ ਭਾਣਜੇ ਪ੍ਰੋਫੈਸਰ ਜਗਮੋਹਨ ਸਿੰਘ, ਸਾਬਕਾ ਆਈ. ਪੀ.ਐਸ.ਅਧਿਕਾਰੀ ਗੁਰਪ੍ਰੀਤ ਸਿੰਘ ਤੂਰ, ਬਲਦੇਵ ਔਲਖ ਕਨੇਡਾ, ਪ੍ਰਿੰਸੀਪਲ ਅਵਤਾਰ ਸਿੰਘ, ਪ੍ਰੋਫੈਸਰ ਰਣਜੀਤ ਕੌਰ ਗਰੇਵਾਲ, ਪ੍ਰੋਫੈਸਰ ਹਰਦੇਵ ਸਿੰਘ ਗਰੇਵਾਲ, ਪ੍ਰਿੰਸੀਪਲ ਰਾਜਿੰਦਰ ਸਿੰਘ ਅਤੇ ਮਾਸਟਰ ਉਜਾਗਰ ਸਿੰਘ ਵੱਲੋਂ ਸਾਂਝੇ ਰੂਪ ਵਿੱਚ ਕੀਤਾ ਗਿਆ।ਇਸ ਮੌਕੇ ਪ੍ਰੋਫੈਸਰ ਜਗਮੋਹਣ ਸਿੰਘ ਨੇ ਸ਼ਹੀਦ ਭਗਤ ਸਿੰਘ ਦੀ ਜੀਵਨ ਸ਼ੈਲੀ ਸਬੰਧੀ ਗੱਲਾਂ ਸਾਂਝੀਆਂ ਕਰਦਿਆਂ ਕਿਹਾ ਕਿ ਉਹ ਹਮੇਸ਼ਾਂ ਸਮਾਜਿਕ ਬਰਾਬਰੀ ਨਾਲ ਭਰਿਆ ਸਮਾਜ ਚਾਹੁੰਦੇ ਸਨ। ਗੁਰਪ੍ਰੀਤ ਸਿੰਘ ਤੂਰ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਸਾਹਿਤ ਵੱਲ ਮੁੜਨਾ ਚਾਹੀਦਾ ਹੈ ਅਤੇ ਸ਼ਹੀਦਾਂ ਦੇ ਜੀਵਨ ਇਤਿਹਾਸ ਤੋਂ ਸੇਧ ਅਤੇ ਪ੍ਰੇਰਨਾ ਲੈ ਕੇ ਅੱਗੇ ਵੱਧਣਾ ਚਾਹੀਦਾ ਹੈ। ਲੋਕ ਕਲਾ ਮੰਚ ਰਜਿ ਮੰਡੀ ਮੁੱਲਾਂਪੁਰ ਦੇ ਪ੍ਰਧਾਨ ਹਰਕੇਸ਼ ਚੌਧਰੀ ਨੇ ਕਿਹਾ ਕਿ ਜਿਹੜੇ ਸ਼ਹੀਦਾਂ ਨੇ ਸਾਂਝੀਵਾਲਤਾ ਦਾ ਸੰਦੇਸ਼ ਦਿੰਦਿਆਂ ਕੁਰਬਾਨੀ ਦਿੱਤੀ ਸੀ ਅੱਜ ਉਹਨਾ ਦੇ ਸ਼ਾਹਜਹਾਂ ਪੁਰ ਉੱਤਰ ਪ੍ਰਦੇਸ਼ ਵਿੱਚ ਅਸ਼ਫਾਕ ਉੱਲਾ ਅਤੇ ਰਾਮ ਪ੍ਰਸਾਦ ਬਿਸਮਿਲ ਦੇ ਹੱਥਾਂ ਦੀ ਜੋਟੀ ਪਾਈ ਬੁੱਤ ਤੋੜੇ ਜਾ ਰਹੇ ਹਨ। ਇਹ ਘਿਨਾਉਣੀ ਹਰਕਤ ਹੈ।ਇਸ ਮੌਕੇ ਗੁਰਸ਼ਰਨ ਕਲਾ ਭਵਨ ਪੂਰੀ ਤਰ੍ਹਾਂ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਰੰਗ ਵਿੱਚ ਰੰਗਿਆ ਹੋਇਆ ਸੀ। ਇਸ ਸਮਾਗਮ ਦੌਰਾਨ 'ਨਾਦ ਸੰਵਾਦ ਦਾ ਆਰਟ ਫੋਕ' ਦੀ ਟੀਮ ਵੱਲੋਂ ਡਾਕਟਰ ਨਿਰਮਲ ਜੌੜਾ ਦਾ ਲਿਖਿਆ ਅਤੇ ਨਿਰਮਲ ਧਾਲੀਵਾਲ ਦੀ ਨਿਰਦੇਸ਼ਨਾ ਹੇਠ ਨਾਟਕ 'ਵਾਪਸੀ' ਪੇਸ਼ ਕੀਤਾ। ਨਾਟਕ ਦੇ ਹਰੇਕ ਕਲਾਕਾਰ ਨੇ ਆਪਣੀ ਕਲਾ ਰਾਹੀਂ ਦਰਸ਼ਕਾਂ ਨੂੰ ਪੂਰਨ ਰੂਪ ਵਿੱਚ ਆਪਣੇ ਨਾਲ ਜੋੜੀ ਰੱਖਿਆ।ਨਾਟਕ ਸਪੱਸ਼ਟ ਰੂਪ ਵਿੱਚ ਇਹ ਸੁਨੇਹਾ ਦੇਣ ਵਿੱਚ ਕਾਮਯਾਬ ਰਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਵਿਦੇਸ਼ਾਂ ਦੀ ਧਰਤੀ 'ਤੇ ਗੈਰ ਕਾਨੂੰਨੀ ਵਸੇਬੇ ਨਾਲੋਂ ਆਪਣੀ ਧਰਤ ਵੱਲ ਵਾਪਸੀ ਕਰ ਲੈਣੀ ਚਾਹੀਦੀ ਹੈ। ਇਸ ਮੌਕੇ ਸਮਾਜ ਸੇਵੀ ਜਗਸੀਰ ਸਿੰਘ ਖਾਲਸਾ ਅਤੇ ਬੀਬੀ ਕੁਲਵਿੰਦਰ ਕੌਰ ਦੀ ਹੋਣਹਾਰ ਧੀ ਗੁਰਸ਼ਰਨ ਕੌਰ ਦਾ ਮਾਣਯੋਗ ਸੁਪਰੀਮ ਕੋਰਟ ਬਾਰ ਕੌਂਸਲ ਦੀ ਮੈਂਬਰ ਬਣਨ 'ਤੇ ਉਸ ਦੀ ਇਸ ਉਪਲਬਧੀ ਲਈ ਲੋਕ ਕਲਾ ਮੰਚ ਵੱਲੋਂ ਵਿਸ਼ੇਸ਼ ਤੌਰ 'ਤੇ ਸੁੰਦਰ ਸ਼ਾਲ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਬਲਦੇਵ ਸਿੰਘ ਔਲਖ , ਗੁਰਪ੍ਰੀਤ ਸਿੰਘ ਤੂਰ, ਪ੍ਰੋਫੈਸਰ ਰੁਪਿੰਦਰ ਕੌਰ ਤੂਰ ਤੋਂ ਇਲਾਵਾ ਲੋਕ ਕਲਾ ਮੰਚ ਵੱਲੋਂ ਨਾਟਕ ਵਿਚਲੇ ਕਲਾਕਾਰਾਂ ਨੂੰ ਵੀ ਸਨਮਾਨਿਤ ਕੀਤਾ। ਸਟੇਜ ਸੰਚਾਲਨ ਦੀਪਕ ਰਾਏ ਵੱਲੋਂ ਬਾਖ਼ੂਬੀ ਕੀਤਾ ਗਿਆ।ਇਸ ਮੌਕੇ ਡਾਕਟਰ ਅਮਰਪ੍ਰੀਤ ਦਿਓਲ ,ਐਸ.ਡੀ.ਓ ਹਰਜੀਤ ਸਿੰਘ, ਗੁਰਮੀਤ ਸਿੰਘ ਧਨੋਆ, ਭਾਗ ਸਿੰਘ ਗਿੱਲ, ਤੇਜਾ ਸਿੰਘ ਗਿੱਲ, ਜਰਨੈਲ ਸਿੰਘ ਪੰਚ,ਐਕਸੀਅਨ ਪ੍ਰਦੀਪ ਲੋਟੇ, ਲੈਕਚਰਾਰ ਪ੍ਰਗਟ ਸਿੰਘ, ਲੈਕਚਰਾਰ ਇਕਬਾਲ ਸਿੰਘ, ਬਲਜੀਤ ਸਿੰਘ ਗਰੇਵਾਲ, ਪ੍ਰਿੰਸੀਪਲ ਲਖਿੰਦਰ ਸਿੰਘ, ਮੈਡਮ ਅੰਜੂ ਚੌਧਰੀ ਅਤੇ ਰਣਵੀਰ ਸਿੰਘ ਆਦਿ ਹਾਜ਼ਰ ਸਨ।

ਪ੍ਰੋਫੈਸਰ ਰੁਪਿੰਦਰ ਕੌਰ ਤੂਰ ਦਾ ਸਨਮਾਨ ਕਰਦੇ ਹੋਏ ਪ੍ਰੋਫੈਸਰ ਜਗਮੋਹਣ ਸਿੰਘ ਅਤੇ ਹਰਕੇਸ਼ ਚੌਧਰੀ ਆਦਿ।

# ਜਗਤਾਰ ਸਿੰਘ ਮੈਮੋਰੀਅਲ ਹਾਕੀ ਟੂਰਨਾਮੈਂਟ ਕਮੇਟੀ ਵੱਲੋਂ ਆਗਾਮੀ ਅੰਤਰਰਾਸ਼ਟਰੀ ਹਾਕੀ ਟੂਰਨਾਮੈਂਟ ਸਬੰਧੀ ਪ੍ਰੈੱਸ ਕਾਨਫ਼ਰੰਸ




ਲੁਧਿਆਣਾ, 29 ਮਾਰਚ (ਕਰਨੈਲ ਸਿੰਘ ਐੱਮ.ਏ.) : ਜਗਤਾਰ ਸਿੰਘ ਮੈਮੋਰੀਅਲ ਹਾਕੀ ਟੂਰਨਾਮੈਂਟ ਕਮੇਟੀ ਨੇ ਆਗਾਮੀ ਅੰਤਰਰਾਸ਼ਟਰੀ ਹਾਕੀ ਟੂਰਨਾਮੈਂਟ ਸੰਬੰਧੀ ਆਪਣੇ ਮਾਡਲ ਟਾਊਨ ਦਫ਼ਤਰ ਵਿਖੇ ਇੱਕ ਪ੍ਰੈੱਸ ਕਾਨਫਰੰਸ ਕੀਤੀ। ਇਹ ਟੂਰਨਾਮੈਂਟ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਪ੍ਰੈੱਸ ਕਾਨਫਰੰਸ ਦੌਰਾਨ ਕਮੇਟੀ ਮੈਂਬਰਾਂ ਨੇ ਜ਼ੋਰ ਦੇ ਕੇ ਕਿਹਾ ਕਿ ਲੁਧਿਆਣਾ ਨੂੰ ਘੱਟੋ-ਘੱਟ ਦੋ ਅੰਤਰਰਾਸ਼ਟਰੀ ਮੈਚ ਦਿੱਤੇ ਜਾਣੇ ਚਾਹੀਦੇ ਹਨ ਅਤੇ ਟੂਰਨਾਮੈਂਟ ਦਾ ਫਾਈਨਲ ਜਾਂ ਸੈਮੀਫਾਈਨਲ ਲੁਧਿਆਣਾ ਵਿੱਚ ਕਰਵਾਇਆ ਜਾਣਾ ਚਾਹੀਦਾ ਹੈ ਤਾਂ ਜੋ ਸ਼ਹਿਰ ਵਿੱਚ ਹਾਕੀ ਦੀ ਖੇਡ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਕਮੇਟੀ ਨੇ ਲੁਧਿਆਣਾ ਦੇ ਡਿਪਟੀ ਕਮਿਸ਼ਨਰ, ਸ੍ਰੀ ਹਿਮਾਂਸ਼ੂ ਜੈਨ (ਆਈ.ਏ.ਐਸ.) ਦਾ 13 ਮਾਰਚ, 2026 ਨੂੰ ਮੁੱਖ ਦਫ਼ਤਰ ਦੇ ਦੌਰੇ ਦੌਰਾਨ ਟੂਰਨਾਮੈਂਟ ਦੇ ਪੂਰੇ ਸਮਰਥਨ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ 'ਤੇ ਇਹ ਵੀ ਐਲਾਨ ਕੀਤਾ ਗਿਆ ਕਿ ਹਾਕੀ ਟੂਰਨਾਮੈਂਟ ਦੇ 9ਵੇਂ ਐਡੀਸ਼ਨ ਲਈ ਸੋਵੀਨਾਰ 30 ਅਪ੍ਰੈਲ, 2026 ਨੂੰ ਹਾਕੀ ਓਲੰਪੀਅਨ ਅਤੇ ਲੁਧਿਆਣਾ ਪੁਲਿਸ ਕਮਿਸ਼ਨਰ ਦੁਆਰਾ ਜਾਰੀ ਕੀਤਾ ਜਾਵੇਗਾ। ਮੀਟਿੰਗ ਵਿੱਚ ਐਡਵੋਕੇਟ ਹਰਿੰਦਰਪਾਲ ਸਿੰਘ, ਐਡਵੋਕੇਟ ਨੀਰਜ ਸ਼ਰਮਾ, ਐਡਵੋਕੇਟ ਗੁਰਨੇਕ ਸਿੰਘ, ਜਸਵਿੰਦਰ ਸਿੰਘ ਮਾਦਪੁਰ, ਕਰਨ ਸਿੰਘ ਥਿੰਦ, ਮਨਜਿੰਦਰ ਸਿੰਘ ਦਿਓਲ, ਐਡਵੋਕੇਟ ਅਵਧੇਸ਼ ਚੌਰਸੀਆ, ਦਰਸ਼ਨ ਸਿੰਘ, ਐਡਵੋਕੇਟ ਜਿੰਮੀ ਮਲਹੋਤਰਾ, ਡਾ: ਜਸਪਾਲ ਸਿੰਘ ਸੈਣੀ ਅਤੇ ਹੋਰ ਮੈਂਬਰ ਮੌਜੂਦ ਸਨ।

# ਬਾਬਾ ਸੁਖਵਿੰਦਰ ਸਿੰਘ ਦਾ ਟਾਪ ਨਿਊਜ਼ ਐਵਾਰਡ ਨਾਲ ਸਨਮਾਨਿਤ



ਫਿਲੌਰ, 29 ਮਾਰਚ (ਅਜੇ ਸਿੰਘ ਨਾਗੀ):ਟੌਪ ਨਿਊਜ਼ ਅਦਾਰੇ ਦੇ ਮੁੱਖ ਸੰਪਾਦਕ ਸਤਿੰਦਰ ਸਿੰਘ ਰਾਜਾ ਵੱਲੋਂ ਵੌਇਸ ਕਿੰਗ ਸਮਾਰੋਹ ਕਰਵਾਇਆ ਗਿਆ, ਜਿਸ 'ਚ ਵਿਸ਼ੇਸ਼ ਤੌਰ 'ਤੇ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸ਼੍ਰੀਮਾਨ ਸੰਤ ਬਾਬਾ ਜਰਨੈਲ ਸਿੰਘ ਨੰਗਲ ਬੇਟ ਆਲੋਵਾਲ ਦੇ ਮੁੱਖ ਸੇਵਾਦਾਰ ਬਾਬਾ ਸੁਖਵਿੰਦਰ ਸਿੰਘ, ਬਸਪਾ ਦੇ ਸੂਬਾ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ, ਬਲਵਿੰਦਰ ਕੁਮਾਰ ਐਡਵੋਕੇਟ, ਸੁਖਵਿੰਦਰ ਸਿੰਘ ਕੋਟਲੀ ਵਿਧਾਇਕ ਆਦਮਪੁਰ ਪਹੁੰਚੇ, ਬਾਬਾ ਸੁਖਵਿੰਦਰ ਸਿੰਘ ਦੀਆਂ ਧਾਰਮਿਕ ਸਮਾਗਮ, ਲੋੜਵੰਦ ਲੜਕੀਆਂ ਦੇ ਵਿਆਹ ਤੇ ਖੇਤਰ 'ਚ ਸੇਵਾਵਾਂ ਤੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਟੌਪ ਨਿਊਜ਼ ਅਦਾਰੇ ਵੱਲੋਂ ਟੌਪ ਨਿਊਜ਼ ਐਵਾਰਡ ਨਾਲ ਸਨਮਾਨਿਤ ਕੀਤਾ। ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਨੇ ਕਿਹਾ ਮੁੱਖ ਸੰਪਾਦਕ ਸਤਵਿੰਦਰ ਸਿੰਘ ਰਾਜਾ ਜੋ ਸਮਾਜ ਦੀਆਂ ਗਤੀਵਿਧੀਆਂ ਤੇ ਮੁਸ਼ਕਿਲਾਂ ਪ੍ਰਸ਼ਾਸਨ ਤੱਕ ਪਹੁੰਚਾਉਂਦੇ ਹਨ, ਇੱਕ ਸ਼ਲਾਘਾਯੋਗ ਕਦਮ ਹੈ। ਟੌਪ ਨਿਊਜ਼ ਅਦਾਰੇ ਦੇ ਸਮੂਹ ਸਟਾਫ ਟੀਮ ਨੇ ਆਈਆਂ ਹੋਈਆਂ ਵਿਸ਼ੇਸ਼ ਸ਼ਖ਼ਸ਼ੀਅਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਵਿਧਾਇਕ ਬੱਗਾ ਨੇ ਨਵੇਂ ਟਿਊਬਵੈੱਲ ਦਾ ਕੀਤਾ ਉਦਘਾਟਨ



ਲੁਧਿਆਣਾ, 29 ਮਾਰਚ (ਵਿਸ਼ਾਲ ਸ਼ਰਮਾ) : ਵਿਧਾਇਕ ਚੌਧਰੀ ਮਦਨ ਲਾਲ ਬੱਗਾ ਨੇ ਸਥਾਨਕ ਨਿਵਾਸੀਆਂ ਦੀ ਮੌਜੂਦਗੀ ਵਿੱਚ ਵਾਰਡ 66 ਦੇ ਮੁਹੱਲਾ ਤਰਸੇਮ ਕਲੋਨੀ ਵਿੱਚ ਇੱਕ ਨਵੇਂ ਲਗਾਏ ਗਏ 25 ਹਾਰਸ ਪਾਵਰ ਟਿਊਬਵੈੱਲ ਦਾ ਉਦਘਾਟਨ ਕੀਤਾ। ਨਵੇਂ ਟਿਊਬਵੈੱਲ ਤੋਂ ਸ਼ੁੱਧ ਪਾਣੀ ਦੀ ਸਪਲਾਈ ਬਾਰੇ ਜਾਣਕਾਰੀ ਦਿੰਦੇ ਹੋਏ ਵਿਧਾਇਕ ਬੱਗਾ ਨੇ ਕਿਹਾ ਕਿ ਤਰਸੇਮ ਕਲੋਨੀ ਅਤੇ ਆਲੇ ਦੁਆਲੇ ਦੇ ਇਲਾਕਿਆਂ ਦੇ ਸੈਂਕੜੇ ਪਰਿਵਾਰਾਂ ਨੂੰ ਸ਼ੁੱਧ ਪੀਣ ਵਾਲੇ ਪਾਣੀ ਦੀ ਪਹੁੰਚ ਹੋਵੇਗੀ। ਇਲਾਕੇ ਵਿੱਚ ਚੱਲ ਰਹੇ ਕਈ ਵਿਕਾਸ ਪ੍ਰੋਜੈਕਟਾਂ ਬਾਰੇ ਚਰਚਾ ਕਰਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਇੱਕੋ ਇੱਕ ਟੀਚਾ ਹਰੇਕ ਨਾਗਰਿਕ ਨੂੰ ਬਿਨਾਂ ਕਿਸੇ ਭੇਦਭਾਵ ਦੇ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਹੈ। ਇਸ ਮੌਕੇ ਓ.ਐਂਡ.ਐਮ ਵਿਭਾਗ ਦੇ ਐਸ.ਡੀ.ਓ ਅੰਸ਼ੁਲ ਗਰਚਾ, ਜੇ.ਈ ਗੁਰਦੀਪ, 'ਆਪ' ਮਹਿਲਾ ਜੈਂਡਰ ਪ੍ਰਧਾਨ ਮਨੀਸ਼ਾ ਕਪੂਰ, 'ਆਪ' ਬਲਾਕ ਪ੍ਰਧਾਨ ਨਰਿੰਦਰ ਮੱਕੜ, 'ਆਪ' ਦੇ ਵਾਰਡ ਸਕੱਤਰ ਸੁਨੀਲ ਸ਼ਰਮਾ, ਜੁਗਲ ਗੋਇਲ, ਅਦੈ ਕਾਲੜਾ, ਮੋਹਨ ਲਾਲ ਸ਼ਰਮਾ, ਚਮਨ ਲਾਲ ਸ਼ਰਮਾ, ਪੁਸ਼ਪਾ, ਕਮਲੇਸ਼, ਸੋਨੀਆ, ਸੁਮਨ ਬੱਗਾ, ਕਾਂਤਾ ਰਾਣੀ, ਲੀਲਾ ਦੇਵੀ, ਜੋਤੀ ਬਾਲਾ, ਮਾਤਾ ਆਸ਼ੂ ਜੀ, ਟਿੰਕਾ ਕੁਮਾਰ, ਤਲਵਾੜ ਅੰਕਲ, ਪ੍ਰਕਾਸ਼ ਜੀ ਅਤੇ ਹੋਰ ਵੀ ਹਾਜ਼ਰ ਸਨ।

# ਗੁਰਦਵਾਰਾ ਬਾਬਾ ਵਿਸ਼ਵਕਰਮਾ ਭਵਨ ਵਿਖੇ ਦਸਵੀਂ ਦਾ ਦਿਹਾੜਾ ਮਨਾਇਆ



ਲੁਧਿਆਣਾ, 29 ਮਾਰਚ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਬਾਬਾ ਵਿਸ਼ਵਕਰਮਾ ਭਵਨ, ਸ਼ਿਮਲਾਪੁਰੀ ਵਿਖੇ ਪ੍ਰਬੰਧਕ ਕਮੇਟੀ ਵੱਲੋਂ ਚੇਤ ਮਹੀਨੇ ਦੀ ਦਸਵੀਂ ਦਾ ਦਿਹਾੜਾ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਨਿੱਤਨੇਮ, ਸੁਖਮਨੀ ਸਾਹਿਬ ਪਾਠ ਦੇ ਭੋਗ ਉਪਰੰਤ ਵਿਸ਼ੇਸ਼ ਕੀਰਤਨ ਦਰਬਾਰ ਸਜਾਇਆ ਗਿਆ, ਜਿਸ ਵਿੱਚ ਭਾਈ ਯੂਗੇਸ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਆਲਮਗੀਰ ਸਾਹਿਬ, ਭਾਈ ਦਵਿੰਦਰ ਸਿੰਘ ਵਰੋਸਾਏ ਰਾੜਾ ਸਾਹਿਬ ਅਤੇ ਬੀਬੀ ਮਨਪ੍ਰੀਤ ਕੌਰ ਪੱਟੀ ਵਾਲਿਆਂ ਨੇ ਕੀਰਤਨ ਦੁਆਰਾ ਨਿਹਾਲ ਕੀਤਾ। ਵਿਚਾਰਾਂ ਦੀ ਸਾਂਝ ਕਰਦਿਆਂ ਰਾਗੀ ਸਿੰਘਾਂ ਨੇ ਆਖਿਆ ਕਿ ਸਾਨੂੰ ਗੁਰੂ ਸਾਹਿਬਾਨਾਂ ਦੇ ਉਪਦੇਸ਼ਾਂ ਉਪਰ ਚੱਲਣਾ ਚਾਹੀਦਾ ਹੈ ਅਤੇ ਉਨ੍ਹਾਂ ਅੰਮ੍ਰਿਤ ਛਕ ਕੇ ਬਾਣੀ ਬਾਣੇ ਦੇ ਧਾਰਨੀ ਬਣਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਬਲਬੀਰ ਸਿੰਘ ਕਲਸੀ ਨੇ ਸੰਗਤਾਂ ਦਾ ਧੰਨਵਾਦ ਕਰਦਿਆਂ ਆਏ ਰਾਗੀ ਜਥਿਆਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਸਕੱਤਰ ਗੁਰਮੀਤ ਸਿੰਘ ਚਾਨਾ, ਰਾਜਿੰਦਰ ਸਿੰਘ ਬੇਦੀ, ਕੰਵਲਜੀਤ ਸਿੰਘ, ਭੁਪਿੰਦਰ ਸਿੰਘ, ਸਾਬਕਾ ਇੰਸਪੈਕਟਰ ਮੀਤ ਰਾਮ ਸਿੰਘ, ਬਲਦੇਵ ਸਿੰਘ ਲੁਹਾਰਾ, ਤ੍ਰਿਸ਼ਨ ਸਿੰਘ ਸੱਲ, ਰਘਬੀਰ ਸਿੰਘ ਬਰਨਾਲਾ, ਤ੍ਰਿਲੋਕ ਸਿੰਘ ਜਗਰਾਉਂ, ਮੋਹਣ ਸਿੰਘ, ਠੇਕੇਦਾਰ ਗੁਰਮੇਲ ਸਿੰਘ, ਸੰਤੋਖ ਸਿੰਘ ਦੁਆਬੇ ਵਾਲੇ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ

# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦੁੱਗਰੀ ਵਿਖੇ ਵਿਸ਼ੇਸ਼ ਕੀਰਤਨ ਸਮਾਗਮ




ਲੁਧਿਆਣਾ, 29 ਮਾਰਚ, (ਕਰਨੈਲ ਸਿੰਘ ਐੱਮ.ਏ.) ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਵਿਖੇ ਵਿਸ਼ੇਸ਼ ਕੀਰਤਨ ਸਮਾਗਮ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਨਿੱਘੇ ਸਹਿਯੋਗ ਸਦਕਾ ਬੜੀ ਸ਼ਰਧਾ ਪੂਰਵਕ ਕਰਵਾਏ ਗਏ । ਸਮਾਗਮਾਂ ਵਿੱਚ ਸਵੇਰੇ ਅੰਮ੍ਰਿਤ ਵੇਲੇ ਤੋਂ ਗੁਰਬਾਣੀ ਦਾ ਪ੍ਰਵਾਹ ਆਰੰਭ ਹੋਇਆ । ਰੋਜ਼ਾਨਾ ਦੀ ਤਰ੍ਹਾਂ ਪਹਿਲਾਂ ਨਿੱਤਨੇਮ ਅਤੇ ਸੁਖਮਨੀ ਸਾਹਿਬ ਜੀ ਦੇ ਪਾਠ ਸੰਗਤੀ ਰੂਪ ਵਿੱਚ ਕਰਵਾਏ ਗਏ।ਗੁਰੂ ਘਰ ਦੇ ਹਜ਼ੂਰੀ ਕੀਰਤਨੀ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ । ਗਿਆਨੀ ਮਹਿੰਦਰ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨਾਲ ਗੁਰਬਾਣੀ ਅਤੇ ਇਤਿਹਾਸਕ ਵਿਚਾਰਾਂ ਦੀ ਸਾਂਝ ਪਾਈ । ਸ਼ਾਮ ਦੇ ਸਮਾਗਮਾਂ ਵਿੱਚ ਗਿਆਨੀ ਸੰਦੀਪ ਸਿੰਘ ਜਵੱਦੀ ਟਕਸਾਲ ਵਾਲਿਆਂ ਨੇ ਸੰਗਤਾਂ ਨਾਲ ਸੂਰਜ ਪ੍ਰਕਾਸ਼ ਦੀ ਕਥਾ ਦੀ ਵਿਆਖਿਆ ਕੀਤੀ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਸੋਦਰ ਰਹਿਰਾਸ ਦੀ ਚੌਕੀ ਤੋਂ ਬਾਅਦ ਭਾਈ ਗੁਰਜੀਤ ਸਿੰਘ ਲੁਧਿਆਣੇ ਵਾਲਿਆਂ ਦੇ ਕੀਰਤਨੀ ਜੱਥੇ ਨੇ ਸੰਗਤਾਂ ਨੂੰ ਇਲਾਹੀ ਬਾਣੀ ਦਾ ਰਸ-ਭਿੰਨਾ ਕੀਰਤਨ ਸ੍ਰਵਣ ਕਰਵਾਇਆ । ਭਾਰੀ ਗਿਣਤੀ ਵਿੱਚ ਸੰਗਤਾਂ ਨੇ ਗੁਰੂ ਘਰ ਹਾਜ਼ਰੀਆਂ ਭਰ ਕੇ ਆਪਣਾ ਜੀਵਨ ਸਫਲਾ ਕੀਤਾ । ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਮਲਕੀਤ ਸਿੰਘ ਅਤੇ ਤਰਲੋਕ ਸਿੰਘ ਨੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਨਾਲ ਭਾਈ ਗੁਰਜੀਤ ਸਿੰਘ ਲੁਧਿਆਣੇ ਵਾਲਿਆਂ ਦੇ ਕੀਰਤਨੀ ਜੱਥੇ ਨੂੰ ਸਨਮਾਨਿਤ ਕੀਤਾ। ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਆਈਆ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਸਮੇਂ ਸਿਰ ਗੁਰੂ ਘਰ ਆ ਕੇ ਕਥਾ ਅਤੇ ਕੀਰਤਨ ਦਾ ਆਨੰਦ ਮਾਨਣ ਅਤੇ ਆਪਣਾ ਜੀਵਨ ਸਫਲਾ ਕਰਨ। ਸੰਗਤਾਂ ਵਿੱਚ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਚੇਅਰਮੈਨ ਬਲਜੀਤ ਸਿੰਘ ਸੇਠੀ, ਸੀਨੀਅਰ ਮੈਂਬਰ ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਦਰਸ਼ਨ ਸਿੰਘ, ਜਗਮੋਹਨ ਸਿੰਘ, ਸਰਬਜੀਤ ਸਿੰਘ ਚਗਰ, ਮਲਕੀਤ ਸਿੰਘ, ਯਸ਼ਪਾਲ ਸਿੰਘ, ਗੁਰਦੀਪ ਸਿੰਘ ਕਾਲੜਾ, ਰਜਿੰਦਰ ਸਿੰਘ ਭਾਟੀਆ, ਸੁਖਵਿੰਦਰ ਪਾਲ ਸਿੰਘ, ਚਰਨਜੀਤ ਸਿੰਘ ਪਾਇਲ, ਹਰਨੇਕ ਸਿੰਘ, ਮਨਜੀਤ ਸਿੰਘ ਪਾਇਲ, ਗੁਰਚਰਨ ਸਿੰਘ, ਹਰਨੇਕ ਸਿੰਘ, ਪਰਮਜੀਤ ਸਿੰਘ, ਅਮਰਜੀਤ ਸਿੰਘ, ਬਲਬੀਰ ਸਿੰਘ, ਡਾਕਟਰ ਪ੍ਰੇਮ ਸਿੰਘ ਚਾਵਲਾ, ਤਰਲੋਕ ਸਿੰਘ ਸਚਦੇਵਾ, ਕ੍ਰਿਪਾਲ ਸਿੰਘ ਕਾਲੜਾ, ਜਗਜੀਵਨ ਸਿੰਘ ਸੋਹਨਪਾਲ, ਵਰਿੰਦਰ ਮੋਹਨ ਸਿੰਘ, ਜਗਜੀਤ ਸਿੰਘ, ਤਰਲੋਕ ਸਿੰਘ, ਮਨਿੰਦਰ ਸਿੰਘ, ਜਸਵਿੰਦਰ ਸਿੰਘ, ਹਰਪਾਲ ਸਿੰਘ, ਚਮਨ ਸਿੰਘ, ਕਰਮ ਸਿੰਘ, ਤਜਿੰਦਰ ਸਿੰਘ ਹਾਜ਼ਰ ਸਨ ।

# ਮਹਾਨ ਕੀਰਤਨ ਦਰਬਾਰ ਅਤੇ 7ਵਾਂ ਗੱਤਕਾ ਕੱਪ 4 ਅਤੇ 5 ਅਪ੍ਰੈਲ ਨੂੰ



ਲੁਧਿਆਣਾ, 29 ਮਾਰਚ (ਕਰਨੈਲ ਸਿੰਘ ਐੱਮ.ਏ.) : ਗੁਰੂ ਤੇਗ ਬਹਾਦਰ ਸੇਵਾ ਸੁਸਾਇਟੀ ਅਤੇ ਚੜ੍ਹਦੀ ਕਲਾ ਗੱਤਕਾ ਅਕੈਡਮੀ ਵੱਲੋਂ ਖ਼ਾਲਸਾ ਸਾਜਣਾ ਦਿਵਸ ਨੂੰ ਸਮਰਪਿਤ ਮਹਾਨ ਕੀਰਤਨ ਦਰਬਾਰ ਅਤੇ 7ਵਾਂ ਗੱਤਕਾ ਕੱਪ 4 ਅਤੇ 5 ਅਪ੍ਰੈਲ ਦਿਨ ਸ਼ਨੀਵਾਰ ਅਤੇ ਐਤਵਾਰ ਨੂੰ ਗੁਰੂ ਤੇਗ ਬਹਾਦਰ ਨਗਰ ਗਲੀ ਨੰਬਰ 3, ਬੈਕਸਾਈਡ ਵੀਰ ਪੈਲੇਸ, ਚੰਡੀਗੜ੍ਹ ਰੋਡ, ਮੁੰਡੀਆਂ ਕਲਾਂ ਲੁਧਿਆਣਾ ਵਿਖੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜੀ.ਟੀ.ਬੀ. ਨਗਰ ਅਤੇ ਸਮੂਹ ਸਾਧਸੰਗਤ ਲੁਧਿਆਣਾ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ । 4 ਅਪ੍ਰੈਲ ਦਿਨ ਸ਼ਨੀਵਾਰ ਨੂੰ ਸ਼ਾਮ 5 ਵਜੇ ਤੋਂ ਰਾਤ 11 ਵਜੇ ਤੱਕ ਮਹਾਨ ਕੀਰਤਨ ਸਮਾਗਮ ਹੋਵੇਗਾ, ਜਿਸ ਵਿੱਚ ਭਾਈ ਹਰਦੀਪ ਸਿੰਘ ਜੀ ਲੁਧਿਆਣਾ, ਭਾਈ ਅਮਨਦੀਪ ਸਿੰਘ ਜੀ ਲੁਧਿਆਣਾ, ਭਾਈ ਜਬਰਤੋੜ ਸਿੰਘ ਜੀ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਹਰਪ੍ਰੀਤ ਸਿੰਘ ਜੀ ਦਿੱਲੀ ਵਾਲੇ ਗੁਰਬਾਣੀ ਦੇ ਰਸ-ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ । 5 ਅਪ੍ਰੈਲ ਦਿਨ ਐਤਵਾਰ ਨੂੰ ਦੁਪਹਿਰ 2 ਵਜੇ ਤੋਂ ਰਾਤ 11 ਵਜੇ ਤੱਕ ਗੱਤਕੇ ਦੇ ਮੁਕਾਬਲੇ ਕਰਵਾਏ ਜਾਣਗੇ । ਪੰਜਾਬ ਦੀਆਂ ਨਾਮਵਰ ਟੀਮਾਂ ਇਹਨਾਂ ਮੁਕਾਬਲਿਆਂ ਵਿੱਚ ਸ਼ਿਰਕਤ ਕਰਨਗੀਆਂ । ਜੇਤੂ ਟੀਮਾਂ ਨੂੰ ਟਰਾਫੀ ਤੇ ਨਕਦ ਇਨਾਮ ਨਾਲ ਸਨਮਾਨਿਤ ਕੀਤਾ ਜਾਵੇਗਾ । ਸਰਬੱਤ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਸਮੇਂ ਸਿਰ ਹਾਜ਼ਰੀਆਂ ਭਰ ਕੇ ਗੁਰੂ ਮਹਾਰਾਜ ਦੀਆਂ ਖ਼ੁਸ਼ੀਆਂ ਪ੍ਰਾਪਤ ਕਰੋ ।

# ਸਰਕਾਰ ਵੱਲੋਂ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ : ਬਲਜਿੰਦਰ ਬਿੱਲਾ



ਲੁਧਿਆਣਾ, 29 ਮਾਰਚ (ਵਿਸ਼ਾਲ ਸ਼ਰਮਾ) : ਮੈਂਬਰ ਪੰਜਾਬ ਸਟੇਟ ਟਰੇਡ ਕਮਿਸ਼ਨ ਆਤਮ ਨਗਰ ਬਲਜਿੰਦਰ ਸਿੰਘ ਬਿੱਲਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗੁਵਾਈ ਵਾਲੀ ਸਰਕਾਰ ਵੱਲੋਂ ਮੁਫ਼ਤ ਬਿਜਲੀ, ਸਿਹਤ ਬੀਮਾ ਯੋਜਨਾ ਸਮੇਤ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ ਗਈਆਂ ਅਤੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ। ਗਏ। ਉਹਨਾਂ ਕਿਹਾ ਕਿ ਮਹਿਲਾਵਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਦੇਣ ਦਾ ਐਲਾਨ ਵੀ ਕਰ ਦਿਤਾ ਗਿਆ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗੁਵਾਈ ਵਾਲੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਲੋਕਾਂ ਨੂੰ ਭਾਰੀ ਲਾਭ ਹੋਵੇਗਾ ਅਤੇ ਇਹ ਯੋਜਨਾ ਪੂਰੀ ਤਰ੍ਹਾਂ ਲੋਕਾਂ ਦੇ ਹਿੱਤ ਵਿੱਚ ਹੈ। ਉਹਨਾਂ ਕਿਹਾ ਕਿ ਇਸ ਯੋਜਨਾ ਦੇ ਤਹਿਤ ਪੰਜਾਬ ਦੇ ਵਾਸੀ 10 ਲੱਖ ਰੁਪਏ ਦਾ ਮੁਫਤ ਇਲਾਜ ਸਰਕਾਰੀ ਅਤੇ ਨਿੱਜੀ ਹਸਪਤਾਲਾ ਵਿੱਚ ਕਰਵਾ ਸਕਣਗੇ ਅਤੇ ਸੂਬੇ ਦੇ 65 ਲੱਖ ਲੋਕਾਂ ਨੂੰ ਇਸਦਾ ਲਾਭ ਹੋਵੇਗਾ। ਉਨ੍ਹਾ ਕਿਹਾ ਕਿ ਇਸ ਯੋਜਨਾ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਖ਼ੁਸ਼ੀ ਪਾਈ ਜਾ ਰਹੀ ਹੈ। ਉਹਨਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਤੋਂ ਲੋਕ ਖ਼ੁਸ਼ ਅਤੇ ਸੰਤੁਸ਼ਟ ਹਨ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗੁਵਾਈ ਵਾਲੀ ਸਰਕਾਰ ਵੱਲੋਂ ਸਾਰੇ ਹੀ ਵਰਗਾਂ ਦੇ ਹਿੱਤਾਂ ਦਾ ਧਿਆਨ ਰੱਖਿਆ ਜਾ ਰਿਹਾ। ਹੈ ਅਤੇ ਸਿਹਤ ਬੀਮਾ ਯੋਜਨਾ ਪੂਰੀ ਤਰ੍ਹਾਂ ਲੋਕਾਂ ਦੇ ਹਿੱਤ ਵਿੱਚ ਹੈ।

# ਵਿਧਾਇਕ ਰਾਜਿੰਦਰ ਪਾਲ ਕੌਰ ਛੀਨਾ ਨੇ ਸ਼ਰਧਾਲੂਆਂ ਦੀ 17ਵੀਂ ਬੱਸ ਨੂੰ ਕੀਤਾ ਰਵਾਨਾ




ਲੁਧਿਆਣਾ, 29 ਮਾਰਚ (ਵਿਸਾਲ ਸ਼ਰਮਾ/ਸੰਜੀਵ ਲਹਿਲ) : ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਲੁਧਿਆਣਾ ਦੱਖਣੀ ਤੋਂ ਖ਼ਾਸ ਕਰਕੇ ਬਜ਼ੁਰਗ ਸੰਗਤਾਂ ਲਈ 17ਵੀਂ ਬੱਸ ਨੂੰ ਅੱਜ ਸ਼ਰਧਾ ਅਤੇ ਉਤਸ਼ਾਹ ਦੇ ਮਾਹੌਲ ਵਿੱਚ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤਾ ਗਿਆ।

ਇਸ ਮੌਕੇ ਵਿਧਾਇਕ ਰਾਜਿੰਦਰ ਪਾਲ ਕੌਰ ਛੀਨਾ ਨੇ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾਂ ਹੀ ਲੋਕ-ਭਲਾਈ ਦੇ ਕੰਮਾਂ ਵਿੱਚ ਅੱਗੇ ਰਹੀ ਹੈ ਅਤੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਵੀ ਉਸੇ ਸੋਚ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਰਾਹੀਂ ਖ਼ਾਸ ਕਰਕੇ ਬਜ਼ੁਰਗਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ, ਜੋ ਉਨ੍ਹਾਂ ਲਈ ਬਹੁਤ ਖ਼ੁਸ਼ੀ ਅਤੇ ਆਤਮਿਕ ਸੰਤੁਸ਼ਟੀ ਦਾ ਕਾਰਨ ਬਣਦਾ ਹੈ।

ਹਲਕਾ ਦੱਖਣੀ ਵਿਖੇ ਵਿਧਾਇਕ ਰਾਜਿੰਦਰ ਪਾਲ ਕੌਰ ਛੀਨਾ ਦੀ ਅਗਵਾਈ ਹੇਠ ਇਹ ਉਪਰਾਲਾ ਸਰਕਾਰ ਦੀ ਉਸ ਵਚਨਬੱਧਤਾ ਨੂੰ ਦਰਸਾਉਂਦਾ ਹੈ, ਜਿਸਦਾ ਮਕਸਦ ਹਰ ਵਰਗ ਤੱਕ ਸੁਵਿਧਾਵਾਂ ਪਹੁੰਚਾਉਣਾ ਅਤੇ ਖ਼ਾਸ ਕਰਕੇ ਬਜ਼ੁਰਗਾਂ ਨੂੰ ਸਨਮਾਨ ਦੇਣਾ ਹੈ।

ਇਸ ਮੌਕੇ ਬਜ਼ੁਰਗ ਸੰਗਤਾਂ ਵਿੱਚ ਖ਼ੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ ਅਤੇ ਉਨ੍ਹਾਂ ਸਰਕਾਰ ਦੇ ਇਸ ਉਪਰਾਲੇ ਦੀ ਖੁੱਲ੍ਹ ਕੇ ਸ਼ਲਾਘਾ ਵੀ ਕੀਤੀ।

# ਮੰਤਰੀ ਅਰੋੜਾ ਦੇ ਯਤਨਾਂ ਦਾ ਸਦਕਾ ਹਲਵਾਰਾ ਹਵਾਈ ਅੱਡੇ ਤੋਂ ਉਡਾਨਾਂ ਸ਼ੁਰੂ



ਲੁਧਿਆਣਾ, 29 ਮਾਰਚ (ਵਿਸ਼ਾਲ ਸ਼ਰਮਾ): ਹਲਵਾਰਾ ਹਵਾਈ ਅੱਡੇ ਦੇ ਵਿਕਾਸ ਅਤੇ ਪ੍ਰਗਤੀ ਬਾਰੇ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਦਿੱਤੇ ਗਏ ਹਾਲੀਆ ਬਿਆਨ ਗੁੰਮਰਾਹਕੁੰਨ ਹਨ ਅਤੇ ਜ਼ਮੀਨੀ ਹਕੀਕਤ ਨੂੰ ਨਹੀਂ ਦਰਸਾਉਂਦੇ। ਇਹ ਦੱਸਣਾ ਜ਼ਰੂਰੀ ਹੈ ਕਿ 26 ਮਾਰਚ ਨੂੰ ਲੁਧਿਆਣਾ ਵਿਖੇ ਹੋਈ ਇੱਕ ਪ੍ਰੈੱਸ ਬ੍ਰੀਫਿੰਗ ਦੌਰਾਨ, ਕੈਬਨਿਟ ਮੰਤਰੀ ਅਰੋੜਾ ਨੇ ਪਹਿਲਾਂ ਹੀ ਪੁਸ਼ਟੀ ਕੀਤੀ ਸੀ ਕਿ ਹਲਵਾਰਾ ਲਈ ਉਡਾਣ ਬੁਕਿੰਗ ਅਗਲੇ ਹਫ਼ਤੇ ਤੋਂ ਸ਼ੁਰੂ ਹੋ ਜਾਵੇਗੀ। ਇਹੀ ਗੱਲ ਅੱਜ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਤਿੰਨ ਦਿਨਾਂ ਬਾਅਦ ਦੁਹਰਾਈ। ਕੁਝ ਮੌਕਾਪ੍ਰਸਤ ਸਿਰਫ਼ ਉਹੀ ਦੁਹਰਾ ਰਹੇ ਹਨ, ਜੋ ਮੈਂ ਜਨਤਕ ਖੇਤਰ ਵਿੱਚ ਲਿਆਂਦਾ ਹਾਂ ਉਨ੍ਹਾਂ ਮਜ਼ਾਕ ਉਡਾਇਆ। ਇਹ ਇਤਿਹਾਸਕ ਪ੍ਰਾਪਤੀ ਸਾਬਕਾ ਸੰਸਦ ਮੈਂਬਰ, ਰਾਜ ਸਭਾ ਅਤੇ ਮੌਜੂਦਾ ਕੈਬਨਿਟ ਮੰਤਰੀ, ਪੰਜਾਬ ਸੰਜੀਵ ਅਰੋੜਾ ਦੀ ਅਗਵਾਈ ਵਿੱਚ ਨਿਰੰਤਰ, ਇਕਸਾਰ ਅਤੇ ਬਹੁ-ਪੱਧਰੀ ਯਤਨਾਂ ਦਾ ਨਤੀਜਾ ਹੈ, ਜਿਨ੍ਹਾਂ ਨੇ ਲਗਾਤਾਰ ਸਾਲਾਂ ਦੌਰਾਨ ਇਸ ਮਾਮਲੇ ਦੀ ਨਿਰੰਤਰ ਪੈਰਵੀ ਕੀਤੀ।

*ਮੁੱਖ ਦਖਲਅੰਦਾਜ਼ੀ ਅਤੇ ਮੀਲ ਪੱਥਰਾਂ ਦਾ ਕਾਲਕ੍ਰਮ*

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰੁਕੀ ਹੋਈ ਪ੍ਰਗਤੀ ਨੂੰ ਮੁੜ ਸੁਰਜੀਤ ਕਰਨ ਲਈ ਦਖਲਅੰਦਾਜ਼ੀ ਸ਼ੁਰੂ ਕੀਤੀ। ਨਿਰਮਾਣ ਕਾਰਜ ਮੁੜ ਸ਼ੁਰੂ ਕਰਨ ਲਈ ?50 ਕਰੋੜ ਦੇ ਫੰਡ ਜਾਰੀ ਕੀਤੇ। ਸੰਸਦ ਮੈਂਬਰ ਸੰਜੀਵ ਅਰੋੜਾ ਨੇ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੂੰ ਦਿੱਲੀ-ਲੁਧਿਆਣਾ ਉਡਾਨਾਂ ਮੁੜ ਸ਼ੁਰੂ ਕਰਨ ਦੀ ਅਪੀਲ ਕੀਤੀ। ਸੰਸਦ ਮੈਂਬਰ ਸੰਜੀਵ ਅਰੋੜਾ ਨੇ ਹਲਵਾਰਾ ਤੋਂ ਉਡਾਨਾਂ ਸ਼ੁਰੂ ਕਰਨ ਦੀ ਮੰਗ ਕਰਨ ਵਾਲੀਆਂ ਸਾਰੀਆਂ ਏਅਰਲਾਈਨਾਂ ਨੂੰ ਪੱਤਰ ਲਿਖਿਆ। ਸੰਸਦ ਮੈਂਬਰ ਅਰੋੜਾ ਨੇ ਹਲਵਾਰਾ ਹਵਾਈ ਅੱਡੇ ਦੇ ਤੇਜ਼ੀ ਨਾਲ ਮੁਕੰਮਲ ਹੋਣ ਦੀ ਵਕਾਲਤ ਕੀਤੀ। ਸ਼ਹਿਰੀ ਹਵਾਬਾਜ਼ੀ ਸਕੱਤਰ ਰਾਜੀਵ ਬਾਂਸਲ ਤੋਂ ਏਅਰਲਾਈਨਾਂ ਨੂੰ ਹਲਵਾਰਾ ਤੋਂ ਦਿੱਲੀ ਅਤੇ ਮੁੰਬਈ ਉਡਾਨਾਂ ਸ਼ੁਰੂ ਕਰਨ ਲਈ ਦਬਾਅ ਪਾਉਣ ਲਈ ਪ੍ਰਵਾਨਗੀ ਪ੍ਰਾਪਤ ਹੋਈ। ਸੰਸਦ ਮੈਂਬਰ ਸੰਜੀਵ ਅਰੋੜਾ ਨੇ ਵਿਕਾਸ ਪ੍ਰਗਤੀ ਦੀ ਸਮੀਖਿਆ ਕਰਨ ਲਈ ਹਲਵਾਰਾ ਹਵਾਈ ਅੱਡੇ ਦਾ ਦੌਰਾ ਕੀਤਾ। ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਉਸਾਰੀ ਪ੍ਰਗਤੀ ਬਾਰੇ ਅਪਡੇਟ ਪ੍ਰਦਾਨ ਕੀਤੀ। ਲੁਧਿਆਣਾ ਨੇੜੇ ਹਲਵਾਰਾ ਵਿਖੇ ਅੰਤਰਿਮ ਟਰਮੀਨਲ ਇਮਾਰਤ ਦੇ ਉਦਘਾਟਨ ਲਈ ਬੇਨਤੀ ਕੀਤੀ ਗਈ। ਸੰਜੀਵ ਅਰੋੜਾ ਨੇ ਏਏਆਈ, ਪੀਡਬਲਯੂਡੀ ਅਤੇ ਭਾਰਤੀ ਹਵਾਈ ਸੈਨਾ ਦੇ ਅਧਿਕਾਰੀਆਂ ਨਾਲ ਉਸਾਰੀ ਦਾ ਜਾਇਜ਼ਾ ਲਿਆ। ਸੰਸਦ ਮੈਂਬਰ ਅਰੋੜਾ ਨੇ ਟਾਟਾ ਸੰਨਜ਼ ਦੇ ਚੇਅਰਮੈਨ ਸ਼੍ਰੀ ਐਨ. ਚੰਦਰਸ਼ੇਖਰਨ ਨਾਲ ਉਡਾਣ ਸੰਚਾਲਨ ਬਾਰੇ ਚਰਚਾ ਕੀਤੀ। ਸੰਸਦ ਮੈਂਬਰ ਅਰੋੜਾ ਨੇ ਗੁਰੂਗ੍ਰਾਮ ਵਿੱਚ ਏਅਰ ਇੰਡੀਆ ਦੇ ਸੀਨੀਅਰ ਅਧਿਕਾਰੀਆਂ ਨਾਲ ਮੁਲਾਕਾਤ ਕੀਤੀ; ਭਰੋਸਾ ਮਿਲਿਆ ਕਿ ਉਡਾਨਾਂ ਜਲਦੀ ਸ਼ੁਰੂ ਹੋਣਗੀਆਂ। ਸੰਸਦ ਮੈਂਬਰ ਸੰਜੀਵ ਅਰੋੜਾ ਨੇ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਨੂੰ ਪੱਤਰ ਲਿਖ ਕੇ ਕਾਰਜਾਂ ਨੂੰ ਤੇਜ਼ੀ ਨਾਲ ਸ਼ੁਰੂ ਕਰਨ ਦੀ ਮੰਗ ਕੀਤੀ। ਹਵਾਈ ਅੱਡੇ ਦੇ ਕੋਡ ਅਤੇ ਸੰਚਾਲਨ ਮਿਤੀ ਬਾਰੇ ਏਏਆਈ ਦੇ ਚੇਅਰਮੈਨ ਸ਼੍ਰੀ ਵਿਪਿਨ ਕੁਮਾਰ ਨਾਲ ਮੀਟਿੰਗ ਕੀਤੀ। ਏਅਰ ਇੰਡੀਆ ਨੇ ਦੱਸਿਆ ਕਿ ਕਮਿਸ਼ਨਿੰਗ ਅਤੇ ਪ੍ਰਵਾਨਗੀ ਤੋਂ ਬਾਅਦ ਉਡਾਣ ਸੰਚਾਲਨ ਸ਼ੁਰੂ ਹੋ ਜਾਵੇਗਾ। ਏਅਰ ਇੰਡੀਆ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਉਡਾਨਾਂ ਚਲਾਉਣ ਲਈ ਸਹਿਮਤ ਹੋ ਗਈ। ਹਲਵਾਰਾ ਹਵਾਈ ਅੱਡੇ ਨੂੰ HWR ਹਵਾਈ ਅੱਡਾ ਕੋਡ ਪ੍ਰਾਪਤ ਹੋਇਆ। ਸੰਸਦ ਮੈਂਬਰ ਸੰਜੀਵ ਅਰੋੜਾ ਅਤੇ ਡੀਸੀ ਸ਼੍ਰੀ ਜਤਿੰਦਰ ਜੋਰਵਾਲ ਨੇ ਅੰਤਿਮ ਪੜਾਅ ਦੇ ਕੰਮਾਂ ਦੀ ਸਮੀਖਿਆ ਕੀਤੀ। ਮੁੱਖ ਮੰਤਰੀ ਭਗਵੰਤ ਮਾਨ ਨੇ ਸਿਵਲ ਏਅਰ ਟਰਮੀਨਲ ਨੂੰ ਚਾਲੂ ਕਰਨ ਅਤੇ ਉਡਾਨਾਂ ਨੂੰ ਸਾਹਨੇਵਾਲ ਤੋਂ ਹਲਵਾਰਾ ਵਿੱਚ ਤਬਦੀਲ ਕਰਨ ਲਈ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੂੰ ਬੇਨਤੀ ਕੀਤੀ। ਏਅਰ ਇੰਡੀਆ ਨੇ ਹਫ਼ਤੇ ਵਿੱਚ ਪੰਜ ਦਿਨ ਚੱਲਣ ਵਾਲੇ ਹਵਾਈ ਅੱਡੇ ਨੂੰ ਮਨਜ਼ੂਰੀ ਦੇ ਦਿੱਤੀ ਅਤੇ ਵਾਧੂ ਸਲਾਟਾਂ ਦੀ ਮੰਗ ਕੀਤੀ। ਅੰਤਿਮ ਸੁਰੱਖਿਆ ਆਡਿਟ ਪੂਰਾ ਹੋਇਆ; BCAS ਨੇ ਸੰਚਾਲਨ ਪ੍ਰਵਾਨਗੀ ਦਿੱਤੀ। ਡੀਸੀ ਹਿਮਾਂਸ਼ੂ ਜੈਨ ਅਤੇ ਐਸਐਸਪੀ (ਦਿਹਾਤੀ) ਅੰਕੁਰ ਗੁਪਤਾ ਦੁਆਰਾ ਅੰਤਿਮ ਸਾਈਟ ਨਿਰੀਖਣ ਕੀਤਾ ਗਿਆ।

1 ਫਰਵਰੀ 2026 ਨੂੰ ਉਦਘਾਟਨ ਲਈ ਪ੍ਰਧਾਨ ਮੰਤਰੀ ਦਫ਼ਤਰ ਤੋਂ ਅਧਿਕਾਰਤ ਪੁਸ਼ਟੀ ਪ੍ਰਾਪਤ ਹੋਈ; ਏਅਰ ਇੰਡੀਆ ਨੇ ਹਫ਼ਤੇ ਵਿੱਚ ਸੱਤ ਦਿਨ ਚੱਲਣ ਵਾਲੇ ਫਲਾਈਟ ਸਲਾਟਾਂ ਦੀ ਬੇਨਤੀ ਕੀਤੀ। ਮਾਨਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਟਰਮੀਨਲ ਇਮਾਰਤ ਦਾ ਵਰਚੁਅਲੀ ਉਦਘਾਟਨ ਕੀਤਾ। ਸੰਜੀਵ ਅਰੋੜਾ ਨੇ ਕਿਹਾ ਕਿ ਹਲਵਾਰਾ ਹਵਾਈ ਅੱਡੇ ਦੇ ਚਾਲੂ ਹੋਣ ਨਾਲ ਖੇਤਰੀ ਹਵਾਈ ਸੰਪਰਕ ਵਿੱਚ ਮਹੱਤਵਪੂਰਨ ਵਾਧਾ ਹੋਣ, ਉਦਯੋਗ ਅਤੇ ਯਾਤਰੀਆਂ ਲਈ ਯਾਤਰਾ ਦਾ ਸਮਾਂ ਘਟਾਉਣ ਅਤੇ ਪੰਜਾਬ ਦੇ ਉਦਯੋਗਿਕ, ਨਿਰਯਾਤ ਅਤੇ ਨਿਵੇਸ਼ ਵਾਤਾਵਰਣ ਨੂੰ ਵੱਡਾ ਹੁਲਾਰਾ ਮਿਲਣ ਦੀ ਉਮੀਦ ਹੈ ਖਾਸ ਕਰਕੇ ਉੱਤਰੀ ਭਾਰਤ ਦੇ ਸਭ ਤੋਂ ਵੱਡੇ ਨਿਰਮਾਣ ਕੇਂਦਰਾਂ ਵਿੱਚੋਂ ਇੱਕ, ਲੁਧਿਆਣਾ ਨੂੰ ਲਾਭ ਪਹੁੰਚਾਉਣ ਲਈ। ਅਰੋੜਾ ਦੇ ਨਿਰੰਤਰ ਫਾਲੋ-ਅਪ, ਨੀਤੀਗਤ ਸ਼ਮੂਲੀਅਤ ਅਤੇ ਸਿਵਲ ਏਵੀਏਸ਼ਨ ਮੰਤਰਾਲੇ, ਏਅਰਪੋਰਟ ਅਥਾਰਟੀ ਆਫ਼ ਇੰਡੀਆ, ਏਅਰਲਾਈਨ ਆਪਰੇਟਰਾਂ ਅਤੇ ਪੰਜਾਬ ਸਰਕਾਰ ਨਾਲ ਤਾਲਮੇਲ ਨੇ ਇਹ ਯਕੀਨੀ ਬਣਾਇਆ ਕਿ ਲੰਬੇ ਸਮੇਂ ਤੋਂ ਲਟਕ ਰਹੇ ਪ੍ਰੋਜੈਕਟ ਨੂੰ ਅੰਤ ਵਿੱਚ ਸਫਲਤਾ ਮਿਲੀ।

## ਸਿਲਲੇਖਵਾਰ ਇਸ਼ਤਿਹਾਰ /Classified Advertisement

**In The Court of Ms. Neelam Judicial Magistrate Ist Class, Amritsar**
CNR No.PBAS030080772024
Next Date: 20.04.2026
Nact/1012/2024
Harpreet Singh S/O Harminder Singh, R/O 3906/9, Akhara Kallu, Gate Bhagtanwala, Amritsar ....Complainant
Versus
Jagjit Singh
U/S 138 Negotiable Instruments Act
Notice to: Jagjit Singh S/O Gurdial Singh, R/O 52, Atam Nagar, Ludhiana ..Accused.
Whereas complaint has been made before me that the above said accused has committed (or) suspected to have committed the offence punishable under section 138 of negotiable in-strument act and it has been returned to warrant of arrest thereupon issued that the said ac-cused cannot be found and whereas it has been shown to my satisfaction that the said accused has absconded (or is concealing himself to avoid the service of the said warrant).
Proclamation Is Hereby Made That The Said Accused Is Required To Appear Before This Court (Or Before Me) To Answer The Said Complaint On 20.04.2026
For details logon to https//. highcourtchd. gov. in/?trs=district_ notice& district=Amritsar
**Sd/- Judicial Magistrate Ist Class, Amritsar**

**(U/o 5 Rule 20 CPC)**
**In The Court of Ms. Balwinder Kaur Dhaliwal Sub Divisional Judicial Magistrate, Jagraon**
CNR No.PBLB01-004824-2022
Next Date: 22.04.2026
Mandeep Singh Toor
Versus
Baljit Kaur
Notice to: Baljit Kaur W/O Malkit Singh S/O Karam Singh :-R/O-Gali No. 10 Near Hira Lal Karyana Store, Basti Mohan Singh, Moga. 142001
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 22.04.2026 at 10:00 A.M.
For details logon to https//. highcourtchd. gov. in/?trs=district_ notice&district=Ludhiana
Dated this day of 18-03-2026
**Sd/- Sub Divisional Judicial Magistrate, Jagraon**

**Civil Courts, Ludhiana**
**In The Court of Ms. Dazy Bangarh Civil Judge (Senior Division), Ludhiana**
CNR No.PBLD02-001503-2026
Next Date: 22.04.2026
Rajpreet Kaur Ghuman
Versus
General Public
Petition U/S 8 Of The Hindu Minority & Guardianship ACT
Notice to: General Public
whereas the above named petitioner Rajpreet Kaur Ghuman has filed petition with a prayer to permission to sell the property of minor children namely Athena Ghuman (D.O.B. 12.02.2015) and Angad partap singh (D.O.B. 30.01.2021) on the basis of oral and documentary evidence. this notice is hereby issued to the general public regarding the institution of this petition, if any person has any objection to the grant of permission to the petitioner for appointment as the legal guardian of the said child, then he/she should appear in the court on 22.4.2026 at 10.00 am, either in person or through an authorized agent or lawyer the filing objections falling which the petition shall be decided in accordance with law.
Given under my hand and the seal of the court, this 13.3.2026
For details logon to https//. highcourtchd. gov. in/?trs=district_ notice&district=Ludhiana
**Sd/- Civil Judge (Senior Division), Ludhiana**

**(U/o 5 Rule 20 CPC)**
**In The Court of Sh. Jagmohan Singh Sanghe Principal Judge, Family Court, Jalandhar**
CNR No.PBJL01-014671-2025
Next Date : 22.04.2026
DMC 1517/2025
Ashni S/O Som Nath Address: Village Kingra Cho Wala PS Bhogpur Jalandhar Now at 59 Gough Street Willnhall W13 1HF United Kingdom
Versus
Rajni Devi W/O Ashni D/O Kesar Ram Address: VPO Langroya Shaheed Bhagat Singh Nagar
Petition Under Section 13 of Hindu Marriage ACT For Dissolution of Marriage By A Decree of Divorce.
Notice to: Rajni Devi Spouse:: Ashni D/O Kesar Ram PO Langroya Shaheed Bhagat Singh Nagar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 22.04.2026 at 10:00 A.M.
For details logon to https//. highcourtchd. gov. in/?mod=district_ notice&district=Jalandhar
Dated this day of 17-02-2026
**Sd/- Principal Judge, Family Court, Jalandhar**

**(U/o 5 Rule 20 CPC)**
**In The Court of Sh. Mandeep Singh Additional Civil Judge Senior Division Samana, Samana**
CNR No.PBPTC0-000768-2025
Next Date : 20.04.2026
Ms K S Traders Patran
Versus
Kulbir Singh
Notice to: Kulbir Singh Father::-Jarnail Singh R/O Vill Kalbanjara Teh Sunam Distt Sangrur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 20.04.2026 at 10:00 A.M.
For details logon to https//. highcourtchd. gov. in/?mod=district_ notice&district=patiala
Dated this day of 27-02-2026
**Sd/- Additional Civil Judge Senior Division Samana, Samana**

**(U/o 5 Rule 20 CPC)**
**In The Court of Hon'ble Kamini Civil Judge (Junior Division), Rupnagar**
CNR No.PBRO02-001180-2024
Next Date :18.04.2026
Kulwant Singh
Versus
Tejinder Singh
Notice to: Tejinder Singh Father::-Talwant Singh Village Desu Majra, Tehsil Khrar, District SAS Nagar, Mohali
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 21.04.2026 at 10:00 A.M.
For details logon to https//. highcourtchd. gov. in/?mod=district_ notice&district=Rupnagar
Dated this day of 26-03-2026
**Sd/- Civil Judge (Junior Division), Rupnagar**

**In The Court of Sh. Randeep Kumar, PCS Civil Judge (Jr. Divn.), Batala.**
CNR No.PBGDA001365/2025
Next Date : 21.04.2026
Regd No. CS/979/2025
Gurmeet Singh
Versus
Jagtar Singh
Nature: Suit For Prohibitory Injunction
Notice to: Defendants: 1.Jagtar Singh S/O Santa Singh S/O Boota Singh R/O Village Athwal, P.O Fattupur, Tehsil Batala, District Gurdaspur.
In the above titled petition the respondent(s) could not be served. it is ordered that the respondent(s) should appear in person or through counsel on 21.04.2026 at 10:00 am.
For details logon to www. high courtchd.gov.in/trs=district_ notice& district=gurdaspur
Given under my hand and the seal of the court this 21.01.2026.
**Sd/- Civil Judge (Jr. Divn.), Batala.**

**In The Court of Sh. Randeep Kumar, PCS Civil Judge (Jr. Divn.), Batala.**
CNR No.PBGDA001545/2025
Next Date : 21.04.2026
Regd No. CS/1082/2025
Bank of Baroda
Versus
Kulwinder Kaur
Nature: Recovery
Notice to: Defendants: 1. Kulwinder Kaur Wife Of Gurdev Singh R/O Madhra, P.O Udhanwal, Tehsil Batala, District Gurdaspur.
In the above titled petition the respondent(s) could not be served. it is ordered that the respondent(s) should appear in person or through counsel on 21.04.2026 at 10:00 am.
For details logon to www. high courtchd.gov.in/trs=district_ notice& district=gurdaspur
Given under my hand and the seal of the court this 28.01.2026.
**Sd/- Civil Judge (Jr. Divn.), Batala.**

**(U/o 5 Rule 20 CPC)**
**In The Court of Sh. Amit Thind Addl. Principal Judge Family Court, Jagraon**
CNR No.PBLDF3-000222-2026
Next Date: 21.04.2026
Seema Gill Alias Seema
Versus
General Public
Notice to :- General Public:- Tehsil Jagraon, District Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **21.**04.2026 at 10:00 A.M.
for details logon to https//. highcourtchd. gov. in/?mod=district_ notice& district=ludhianacourt
Dated this day of 10-02-2026
**Sd/- Addl. Principal Judge Family Court Jagraon**

**(U/o 5 Rule 20 CPC)**
**In The Court of Dr. Gurpreet Kaur Additional District and Sessions Judge, Ludhiana**
CNR No. PBLD01-019988-2024
Next Date :21.04.2026
CA/809/2024
Pawan Kumar
Versus
Maninder Singh
Notice to :- R2 Amritpal Singh Son Of Rajinder Singh Son Of Natha Singh R/O Basant Nagar, Khanna, Tehsil Khanna, District Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 21.04.2026 at 10:00 A.M.
for details logon to https//. highcourtchd. gov. in/?mod=district_ notice& district=mogacourt
Dated this day of 20-02-2026
**Sd/- Additional District and Sessions Judge, Ludhiana**

**(U/o 5 Rule 20 CPC)**
**(Under Guardian and Ward Act)**
**In The Court of Ms. Balvinder Kaur Dhaliwal Additional Civil Judge (Senior Division), Jagraon**
CNR No. PBLDB0-000185-2026
Next Date :21.04.2026
Harpreet Kaur
Versus
General Public
Notice to :- General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 21.04.2026 at 10:00 A.M.
for details logon to https//. highcourtchd. gov. in/?mod=district_ notice& district=ludhianacourt
Dated this day of 25-02-2026
**Sd/- Additional Civil Judge (Senior Division), Jagraon**

**(U/o 5 Rule 20 CPC)**
**In The Court of Ms. Simran Chalana Civil Judge (Junior Division),**
CNR No. PBSB02-001525-2025
Next Date: 21.04.2026
CS/1003/2025
Manjit Kaur and others
Versus
General Public
Notice to :- General Public:- General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 21.04.2026 at 10:00 A.M.
for details logon to https//. highcourtchd. gov. in/?mod=district_ notice& district=sbsnagar
Dated this day of 25-03-2026
**Sd/- Civil Judge (Junior Division),**

### ਬੇਦਖਲੀ ਵਾਪਸੀ ਸੂਚਨਾ
ਮੈ ਹਰਪ੍ਰੀਤ ਕੌਰ ਪਤਨੀ ਲੇਟ ਸਤਪਾਲ ਸਿੰਘ ਪਿੰਡ ਖਾਨਪੁਰ ਥਿਆੜਾ ਡਾ. ਮੇਘੋਵਾਲ ਗੰਜਿਆਂ ਤਹਿਸੀਲ ਤੇ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣੇ ਪੁੱਤਰ ਗੌਰਵ ਅਤੇ ਆਪਣੀਆਂ ਪੁੱਤਰੀਆਂ ਸੁਨੀਤਾ ਦੇਵੀ ਅਤੇ ਪ੍ਰਿੰਆ ਨੂੰ ਆਪਣੀ ਚੱਲ ਅਤੇ ਅੱਚਲ ਜਾਇਦਾਦ ਤੋ ਬੇਦਖਲ ਕਰ ਦਿੱਤਾ ਹੈ ਕਿਉਕਿ ਉਹ ਮੇਰੇ ਕਹਿਣੇ ਤੋ ਬਾਹਰ ਹਨ।ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

### ਜ਼ਰੂਰੀ ਸੂਚਨਾ
ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।


# ਨਵੇਂ ਵਿਦਿਆਰਥੀਆਂ ਨੇ ਦਿਖਾਇਆ ਟੈਲੈਂਟ, ਗੁਰਬਾਜ਼ ਸਿੰਘ ਅਤੇ ਹਰਸਿਮਰਨ ਕੌਰ ਬਣੇ ਮਿਸਟਰ ਤੇ ਮਿਸ ਫ੍ਰੈਸ਼ਰ




ਖਰੜ/ਮੁਹਾਲੀ, 29 ਮਾਰਚ (ਹਰਦੀਪ ਕੌਰ) : ਦੋਆਬਾ ਗਰੁੱਪ ਆਫ ਕਾਲਜਿਜ਼ ਵਿੱਚ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਦੇ ਸਵਾਗਤ ਲਈ ਫ੍ਰੈਸ਼ਰਜ਼ ਡੇ ਸਮਾਰੋਹ ਬੜੇ ਉਤਸ਼ਾਹ ਅਤੇ ਰੰਗਾਰੰਗ ਢੰਗ ਨਾਲ ਮਨਾਇਆ ਗਿਆ। ਇਸ ਸਮਾਗਮ ਦਾ ਉਦੇਸ਼ ਨਵੇਂ ਵਿਦਿਆਰਥੀਆਂ ਦਾ ਸਵਾਗਤ ਕਰਨਾ ਅਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਪ੍ਰਦਾਨ ਕਰਨਾ ਸੀ।

ਇਸ ਮੌਕੇ ਸੰਸਥਾ ਦੇ ਚੇਅਰਮੈਨ ਮਿਸਟਰ ਐੱਮ. ਐੱਸ ਬਾਠ, ਪ੍ਰੈਜ਼ੀਡੈਂਟ ਡਾ. ਐੱਚ. ਐੱਸ ਬਾਠ, ਮੈਨੇਜਿੰਗ ਵਾਈਸ ਚੇਅਰਮੈਨ ਐੱਸ. ਐੱਸ ਸੰਘਾ ਅਤੇ ਐਗਜ਼ੀਕਿਊਟਿਵ ਵਾਈਸ ਚੇਅਰਮੈਨ ਸਰਦਾਰ ਮਨਜੀਤ ਸਿੰਘ ਸਮੇਤ ਹੋਰ ਪ੍ਰਮੁੱਖ ਹਸਤੀਆਂ ਮੌਜੂਦ ਰਹੀਆਂ। ਇਸ ਤੋਂ ਇਲਾਵਾ ਡਾ. ਮੀਨੂ ਜੇਤਲੀ (ਡਾਇਰੈਕਟਰ ਪ੍ਰਿੰਸੀਪਲ, ਦੋਆਬਾ ਬਿਜ਼ਨਸ ਸਕੂਲ), ਡਾ. ਸੰਦੀਪ ਸ਼ਰਮਾ (ਡਾਇਰੈਕਟਰ ਪ੍ਰਿੰਸੀਪਲ, ਦੋਆਬਾ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ), ਡਾ. ਪ੍ਰੀਤ ਮੋਹਿੰਦਰ ਸਿੰਘ (ਪ੍ਰਿੰਸੀਪਲ, ਦੋਆਬਾ ਕਾਲਜ ਆਫ ਫਾਰਮੇਸੀ) ਅਤੇ ਡਾ. ਸੁਖਜਿੰਦਰ (ਪ੍ਰਿੰਸੀਪਲ, ਦੋਆਬਾ ਕਾਲਜ ਆਫ ਐਜੂਕੇਸ਼ਨ) ਵੀ ਹਾਜ਼ਰ ਸਨ। ਸਮਾਗਮ ਵਿੱਚ ਵਿਭਾਗ ਮੁਖੀ, ਫੈਕਲਟੀ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਸ਼ਾਮਲ ਹੋਏ।

ਸਮਾਰੋਹ ਦੌਰਾਨ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚ ਪੰਜਾਬੀ, ਰਾਜਸਥਾਨੀ, ਪਹਾੜੀ ਅਤੇ ਹਰਿਆਣਵੀ ਨ੍ਰਿਤਿਆਂ ਦੇ ਨਾਲ-ਨਾਲ ਗਰੁੱਪ ਡਾਂਸ, ਰੈਪ ਅਤੇ ਸੋਲੋ ਗਾਇਕੀ ਵੀ ਸ਼ਾਮਲ ਰਹੀ। ਇਸ ਤੋਂ ਇਲਾਵਾ ਮਾਡਲਿੰਗ ਰਾਊਂਡ ਵਿੱਚ ਵਿਦਿਆਰਥੀਆਂ ਨੇ ਆਪਣੇ ਵਿਸ਼ਵਾਸ ਅਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅੰਤ ਵਿੱਚ ਸੋਲੋ ਪ੍ਰਦਰਸ਼ਨਾਂ ਅਤੇ ਜੋਸ਼ੀਲੇ ਭੰਗੜੇ ਨੇ ਦਰਸ਼ਕਾਂ ਨੂੰ ਮੋਹ ਲਿਆ।

ਇਸ ਮੌਕੇ ਇਨਾਮ ਵੰਡ ਸਮਾਰੋਹ ਵੀ ਕਰਵਾਇਆ ਗਿਆ, ਜਿਸ ਵਿੱਚ ਮੇਰਿਟ ਹਾਸਲ ਕਰਨ ਵਾਲੇ ਵਿਦਿਆਰਥੀਆਂ ਅਤੇ 9™7♦" " ਵੱਲੋਂ ਖੇਡਾਂ ਵਿੱਚ ਸਿਲਵਰ ਅਤੇ ਬਰਾਂਜ਼ ਮੈਡਲ ਜਿੱਤਣ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ।

ਸਮਾਰੋਹ ਦੇ ਅੰਤ ਵਿੱਚ ਨਤੀਜੇ ਐਲਾਨੇ ਗਏ, ਜਿਸ ਵਿੱਚ ਗੁਰਬਾਜ਼ ਸਿੰਘ ਨੂੰ ਮਿਸਟਰ ਫ੍ਰੈਸ਼ਰ ਅਤੇ ਹਰਸਿਮਰਨ ਕੌਰ ਨੂੰ ਮਿਸ ਫ੍ਰੈਸ਼ਰ ਦਾ ਖਿਤਾਬ ਦਿੱਤਾ ਗਿਆ। ਬੈਸਟ ਓਵਰਆਲ ਪ੍ਰਦਰਸ਼ਨ ਲਈ ਬਾਲੀਵੁੱਡ 90ਜ਼ ਡਾਂਸ ਨੂੰ ਪਹਿਲਾ ਸਥਾਨ ਮਿਲਿਆ, ਜਦਕਿ ਗਰੁੱਪ ਨਾਟੀ ਨੇ ਦੂਜਾ ਅਤੇ ਅੰਜਲੀ ਨੇ ਆਪਣੇ ਸੋਲੋ ਡਾਂਸ ਨਾਲ ਤੀਜਾ ਸਥਾਨ ਹਾਸਲ ਕੀਤਾ। ਅੰਤ ਵਿੱਚ ਵੋਟ ਆਫ ਥੈਂਕਸ ਦੇ ਨਾਲ ਸਮਾਗਮ ਦਾ ਸਮਾਪਨ ਕੀਤਾ ਗਿਆ।

ਕੁੱਲ ਮਿਲਾ ਕੇ ਇਹ ਫ੍ਰੈਸ਼ਰਜ਼ ਡੇ ਸਮਾਰੋਹ ਉਤਸ਼ਾਹ, ਪ੍ਰਤਿਭਾ ਅਤੇ ਸੱਭਿਆਚਾਰਕ ਵਿਭਿੰਨਤਾ ਨਾਲ ਭਰਪੂਰ ਰਿਹਾ ਅਤੇ ਸਾਰੇ ਹਾਜ਼ਰ ਲੋਕਾਂ 'ਤੇ ਯਾਦਗਾਰ ਛਾਪ ਛੱਡ ਗਿਆ।

# ਸ਼ੇਖ ਫਰੀਦ ਫਾਊਂਡੇਸ਼ਨ ਗਿਆਨ ਧਿਆਨ ਪ੍ਰਕਾਸ਼ਨ ਵਲੋਂ 'ਸੁਰਤਿ ਸੰਜੋਗੁ' ਤਹਿਤ ਸਰਟੀਫਿਕੇਟ ਵੰਡ ਅਤੇ ਪੁਸਤਕ ਲੋਕ ਅਰਪਣ ਸਮਾਰੋਹ



ਪਟਿਆਲਾ, 29 ਮਾਰਚ (ਚ.ਨ.ਸ.): ਸ਼ੇਖ ਫਰੀਦ ਫਾਊਂਡੇਸ਼ਨ ਵੱਲੋਂ ਚਲਾਏ ਜਾ ਰਹੇ ਤਿਮਾਹੀ ਫਾਰਸੀ ਭਾਸ਼ਾ ਸਿਖਲਾਈ ਕੋਰਸ ਬੇਸਿਕ (3 ਜਨਵਰੀ ਤੋਂ 29 ਮਾਰਚ 2026) ਅਤੇ ਅਡਵਾਂਸ (14 ਜਨਵਰੀ ਤੋਂ 26 ਮਾਰਚ 2026) ਦੀ ਸੰਪੂਰਨਤਾ ਉੱਪਰ ਫਾਊਂਡੇਸ਼ਨ ਵਲੋਂ ਸਰਟੀਫਿਕੇਟ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇੰਨ੍ਹਾ ਕੋਰਸਾਂ ਦੌਰਾਨ ਵਿਦਿਆਰਥੀਆਂ ਨੂੰ ਭਾਸ਼ਾ ਵਿੱਚ ਚੰਗੀ ਕਾਰਗੁਜ਼ਾਰੀ ਲਈ ਵਿਸ਼ੇਸ਼ ਸਨਮਾਨਿਤ ਵੀ ਕੀਤਾ ਗਿਆ। ਇਸ ਆਯੋਜਨ ਵਿੱਚ ਸ.ਰੇਸ਼ਮ ਸਿੰਘ ਵਲੋਂ ਅਨੁਵਾਦ ਅਤੇ ਗਿਆਨ ਧਿਆਨ ਪ੍ਰਕਾਸ਼ਨ ਦੀ ਨਵੀ ਪੁਸਤਕ ÷ਜ਼ਫਰਨਾਮਹ÷(ਮੂਲ ਫਾਰਸੀ ਪਾਠ, ਲਿਪੀਅੰਤਰਣ ਅਤੇ ਅਨੁਵਾਦ) ਨੂੰ ਫਾਊਂਡੇਸ਼ਨ ਦੇ ਮੈਂਬਰ ਸਾਹਿਬਾਨ ਅਤੇ ਵਿਦਿਆਰਥੀਆਂ ਨਾਲ ਲੋਕ ਅਰਪਣ ਕੀਤਾ ਗਿਆ । ਇਸ ਪੁਸਤਕ ਉਪਰ ਵਿਸ਼ੇਸ਼ ਭਾਸ਼ਣ ਭਾਈ ਸ.ਜੱਸਾ ਸਿੰਘ ( ਹੈੱਡ ਗ੍ਰੰਥੀ, ਸੁਖ ਸਾਗਰ ਗੁਰਦੁਆਰਾ, ਖੰਨਾ) ਵਲੋਂ ਪੇਸ਼ ਕੀਤਾ ਗਿਆ ਜਿਨ੍ਹਾਂ ਨੇ ਜ਼ਫਰਨਾਮਹ ਟੈਕਸਟ ਦੇ ਇਤਿਹਾਸਕ, ਸਮਾਜਿਕ ਅਤੇ ਧਾਰਮਿਕ-ਸੱਭਿਆਚਾਰਕ ਪਹਿਲੂਆਂ ਉਪਰ ਆਪਣੇ ਕੀਮਤੀ ਵਿਚਾਰ ਪਾਠਕਾਂ ਨਾਲ ਸਾਂਝੇ ਕੀਤੇ । ਇਸ ਉਪਰੰਤ ਫਾਊਂਡੇਸ਼ਨ ਦੇ ਸੱਕਤਰ ਐਡਵੋਕੇਟ ਸੁਖਪ੍ਰੀਤ ਸਿੰਘ ਜੀ ਨੇ ਫਾਊਂਡੇਸ਼ਨ ਦੀਆਂ ਗਤੀਵਿਧੀਆ ਉੱਪਰ ਚਾਨਣਾ ਪਾਉਂਦਿਆਂ ਇਸ ਦੇ ਉਦੇਸ਼ , ਸਮਰਥਾਵਾਂ ਅਤੇ ਸੀਮਾਵਾਂ ਨਾਲ ਪਹੁੰਚੇ ਹੋਏ ਵਿਦਿਆਰਥੀਆਂ ਅਤੇ ਮੈਂਬਰ ਸਾਹਿਬਾਨ ਨੂੰ ਵਾਬਸਤਾ ਕਰਵਾਇਆ। ਇਸ ਸਮਾਰੋਹ ਵਿੱਚ ਫਾਊਂਡੇਸ਼ਨ ਦੇ ਵਿਦੇਸ਼ ਤੋਂ ਜੁੜੇ ਵਿਦਿਆਰਥੀਆਂ ਨੇ ਵੀ ਗਰਮਜੋਸ਼ੀ ਨਾਲ ਹਿੱਸਾ ਲਿਆ। ਇਸ ਉਪਰੰਤ ਕੋਰਸ ਕੋਆਰਡੀਨੇਟਰ ਰਮਨਦੀਪ ਕੌਰ ਵਲੋਂ ਦੋਵਾਂ ਕੋਰਸਾਂ ਦੇ ਵਿਦਿਆਰਥੀਆਂ ਨਾਲ ਉਨਾਂ ਦੇ ਇਸ ਸਫਰ ਦੌਰਾਨ ਪ੍ਰਾਪਤ ਹੋਏ ਅਨੁਭਵਾਂ ਨੂੰ ਸਾਂਝੇ ਰੂਪ ਵਿੱਚ ਭਾਸ਼ਾ ਨਾਲ ਜੋੜ ਕੇ ਕੀਮਤੀ ਭਾਸ਼ਾਈ ਨੁਕਤੇ ਉਘਾੜੇ ਗਏ। ਵਿਦਿਆਰਥੀਆਂ ਨੇ ਵੀ ਇਸ ਦੌਰਾਨ ਆਪਣੇ ਇਸ ਭਾਸ਼ਾਈ ਸਫਰ ਦੇ ਤਜਰਬੇ ਸਾਂਝੇ ਕੀਤੇ। ਅੰਤ ਵਿੱਚ ਫਾਰਸੀ ਭਾਸ਼ਾ ਉਸਤਾਦ ਸ. ਰੇਸ਼ਮ ਸਿੰਘ ਜੀ ਨੇ ਵਿਦਿਆਰਥੀਆਂ ਨੂੰ ਫਾਰਸੀ ਭਾਸ਼ਾ ਦੇ ਰਾਹੀਂ ਸਭ ਭਾਸ਼ਾਵਾਂ ਸਿੱਖਣ ਦੇ ਮੂਲ ਨੁਕਤਿਆਂ ਨਾਲ ਜਾਣੂ ਕਰਵਾਉਂਦੇ ਹੋਏ ਵਿਦਿਆਰਥੀਆਂ ਨੂੰ ਉਨਾ ਦੀ ਚੰਗੀ ਕਾਰਗੁਜ਼ਾਰੀ ਲਈ ਵਧਾਈ ਦਿੱਤੀ ਅਤੇ ਅਗਾਂਹ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ । ਇਸ ਮੌਕੇ ਗਿਆਨ ਧਿਆਨ ਪ੍ਰਕਾਸ਼ਨ ਦੀਆਂ ਪੁਸਤਕਾਂ ਖਾਸ ਖਿੱਚ ਦਾ ਕਾਰਨ ਰਹੀਆਂ। ਪ੍ਰੋਗਰਾਮ ਵਿੱਚ ਪਹੁੰਚੇ ਵਿਦਿਆਰਥੀਆਂ ਅਤੇ ਮਹਿਮਾਨਾਂ ਨੇ ਸਿੱਖ ਅਨੁਭਵ ਦੇ ਨੁਕਤੇ ਤੋਂ ਫਾਊਂਡੇਸ਼ਨ ਵਲੋਂ ਸਿਖਾਈ ਜਾਂਦੀ ਫਾਰਸੀ ਭਾਸ਼ਾ ਦੇ ਉੱਦਮ ਦੀ ਸ਼ਲਾਘਾ ਕੀਤੀ।

# ਪੰਜਾਬ ਸਰਕਾਰ ਸਕੂਲ ਨੂੰ ਦਸਵੀਂ ਦੇ ਪੱਧਰ ਤੱਕ ਕਰੇ ਅਪਗਰੇਡ : ਹਰਜੀਤ ਸਿੰਘ

ਮੋਹਾਲੀ, 29 ਮਾਰਚ (ਹਰਦੀਪ ਕੌਰ): ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪਿੰਡ ਰੁੜਕਾ ਜਿਲ੍ਹਾ ਮੋਹਾਲੀ ਦਾ ਸਾਲਾਨਾ ਰਿਜਲਟ ਬਹੁਤ ਹੀ ਸ਼ਾਨਦਾਰ ਰਿਹਾ। ਵੱਖ-ਵੱਖ ਕਲਾਸਾਂ ਵਿੱਚ ਵਿਦਿਆਰਥੀਆਂ ਨੇ ਪਹਿਲੀਆਂ ਪੁਜੀਸ਼ਨਾਂ ਹਾਸਲ ਕਰਕੇ ਸਕੂਲ ਅਤੇ ਪਿੰਡ ਦਾ ਨਾਮ ਰੌਸ਼ਨ ਕੀਤਾ। ਪ੍ਰਾਪਤ ਜਾਣਕਾਰੀ ਅਨੁਸਾਰ ਕਲਾਸ ਪਹਿਲੀ ਵਿੱਚ ਹਰਲੀਨ ਕੌਰ, ਦੂਜੀ ਵਿੱਚ ਸਾਨੀਆ ਬੱਸੀ, ਤੀਜੀ ਵਿੱਚ ਪ੍ਰਿੰਸ, ਚੌਥੀ ਵਿੱਚ ਵਿਵਾਨਦੀਪ ਸਿੰਘ ਅਤੇ ਪੰਜਵੀਂ ਵਿੱਚ ਸਾਹਿਲ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਖੁਸ਼ੀ ਦੇ ਮੌਕੇ 'ਤੇ ਪਿੰਡ ਦੀ ਸਰਪੰਚ ਕਿਰਨਦੀਪ ਕੌਰ ਵੱਲੋਂ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਲਈ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਬੱਚਿਆਂ ਦੀ ਮਿਹਨਤ ਅਤੇ ਅਧਿਆਪਕਾਂ ਦੀ ਲਗਨ ਨਾਲ ਹੀ ਇਹ ਸ਼ਾਨਦਾਰ ਨਤੀਜੇ ਸੰਭਵ ਹੋਏ ਹਨ। ਦੱਸਣਾ ਬਣਦਾ ਹੈ ਕਿ ਸਕੂਲ ਦੇ ਹੈਡ ਅਧਿਆਪਕ ਨੀਤੂ ਰਾਣੀ ਦੀ ਅਗਵਾਈ ਹੇਠ ਅਧਿਆਪਕਾਂ ਵਿੱਚ ਮੈਡਮ ਮਲਿਕਾ, ਮਨਜੀਤ ਕੌਰ, ਹਰਪ੍ਰੀਤ ਕੌਰ ਅਤੇ ਰੀਤੂ ਸ਼ਰਮਾ ਦੀ ਮਹੱਤਵਪੂਰਨ ਭੂਮਿਕਾ ਰਹੀ, ਜਿਨ੍ਹਾਂ ਦੀ ਮਿਹਨਤ ਨਾਲ ਬੱਚਿਆਂ ਨੇ ਉੱਚ ਪ੍ਰਦਰਸ਼ਨ ਕੀਤਾ।

ਇਸ ਦੇ ਨਾਲ ਅਧਿਆਪਕਾਂ ਨੇ ਹਾਜ਼ਰ ਮੀਡੀਆ ਦੇ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਸਕੂਲ ਵਿੱਚ ਸਿੱਖਿਆ ਦੇ ਨਾਲ-ਨਾਲ ਖੇਡਾਂ, ਸੱਭਿਆਚਾਰਕ ਕਾਰਜਕ੍ਰਮ ਅਤੇ ਨੈਤਿਕ ਸਿੱਖਿਆ 'ਤੇ ਵੀ ਖਾਸ ਧਿਆਨ ਦਿੱਤਾ ਜਾਂਦਾ ਹੈ। ਇਸ ਮੌਕੇ ਉਹਨਾਂ ਨੇ ਪਿੰਡ ਦੇ ਸਰਪੰਚ ਮੈਡਮ ਕਿਰਨਦੀਪ ਕੌਰ ਹੁਰਾਂ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਉਨਾਂ ਵੱਲੋਂ ਜਿੱਥੇ ਪਿੰਡ ਦੇ ਵਿਕਾਸ ਲਈ ਲਗਾਤਾਰ ਕੰਮ ਕੀਤਾ ਗਿਆ ਉੱਥੇ ਹੀ ਜਦੋਂ ਜਦੋਂ ਵੀ ਉਹ ਸਕੂਲ ਦੇ ਵਿਕਾਸ ਲਈ ਉਹਨਾਂ ਦੇ ਕੋਲ ਗਏ ਤਾਂ ਸਰਪੰਚ ਵੱਲੋਂ ਉਹਨਾਂ ਨੂੰ ਪੂਰੀ ਮਦਦ ਦਿੱਤੀ ਗਈ ।ਇਸ ਦੌਰਾਨ ਜੇਤੂ ਵਿਦਿਆਰਥੀਆਂ ਨੂੰ ਟ੍ਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ।



ਇਸ ਮੌਕੇ ਐਕਸ ਸਰਪੰਚ ਹਰਜੀਤ ਸਿੰਘ ਵੱਲੋਂ ਸਿੱਖਿਆ ਮੰਤਰੀ ਸਰਦਾਰ ਹਰਜੋਤ ਸਿੰਘ ਬੈਂਸ ਹੁਰਾਂ ਨੂੰ ਅਪੀਲ ਕੀਤੀ ਗਈ ਕਿ ਸਕੂਲ ਨੂੰ ਦਸਵੀਂ ਜਮਾਤ ਤੱਕ ਅਪਗਰੇਡ ਕੀਤਾ ਜਾਵੇ ਤਾਂ ਜੋ ਪਿੰਡ ਦੇ ਬੱਚਿਆਂ ਨੂੰ ਉੱਚੀ ਸਿੱਖਿਆ ਲਈ ਦੂਰ ਨਾ ਜਾਣਾ ਪਵੇ। ਉਨ੍ਹਾਂ ਕਿਹਾ ਕਿ ਸਕੂਲ ਦੇ ਨਤੀਜੇ ਸਾਬਤ ਕਰਦੇ ਹਨ ਕਿ ਇੱਥੇ ਸਿੱਖਿਆ ਦਾ ਮਿਆਰ ਕਾਫੀ ਉੱਚਾ ਹੈ।ਇਸ ਮੌਕੇ ਪਿੰਡ ਵਾਸੀਆਂ ਅਤੇ ਮਾਪਿਆਂ ਵੱਲੋਂ ਵੀ ਇਸ ਮੰਗ ਦਾ ਸਮਰਥਨ ਕੀਤਾ ਗਿਆ ਅਤੇ ਉਮੀਦ ਜਤਾਈ ਗਈ ਕਿ ਸਰਕਾਰ ਵੱਲੋਂ ਜਲਦ ਹੀ ਸਕੂਲ ਨੂੰ ਅਪਗਰੇਡ ਕੀਤਾ ਜਾਵੇਗਾ।

# ਵਿਧਾਇਕ ਗੁਰਿੰਦਰ ਸਿੰਘ ਗੈਰੀ' ਬੜਿੰਗ ਵੱਲੋਂ ਮੰਡੀ ਗੋਬਿੰਦਗੜ੍ਹ ਦੇ ਮਾਡਲ ਟਾਊਨ ਅਤੇ ਗੁਰੂ ਕੀ ਨਗਰੀ ਵਿੱਚ ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ

## 47 ਤਰ੍ਹਾਂ ਦੇ ਟੈਸਟ, ਮੁਫ਼ਤ ਦਵਾਈਆਂ ,ਮੁਫ਼ਤ ਟੀਕਾਕਰਨ ,ਐਂਟੀ ਰੇਬੀਜ਼ ਤੇ ਗਰਭਵਤੀ ਔਰਤਾਂ ਲਈ ਵਿਸ਼ੇਸ਼ ਸਹੂਲਤਾਂ ਨਾਲ ਲੋਕਾਂ ਨੂੰ ਮਿਲੀ ਵੱਡੀ ਰਾਹਤ

ਫ਼ਤਹਿਗੜ੍ਹ ਸਾਹਿਬ-29 ਮਾਰਚ (ਨਰਿੰਦਰ ਸਿੰਘ) ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ' ਬੜਿੰਗ ਵੱਲੋਂ ਅੱਜ ਮੰਡੀ ਗੋਬਿੰਦਗੜ੍ਹ ਦੇ ਮਾਡਲ ਟਾਊਨ ਅਤੇ ਗੁਰੂ ਕੀ ਨਗਰੀ ਇਲਾਕਿਆਂ ਵਿੱਚ ਨਵੇਂ ਬਣੇ ਆਮ ਆਦਮੀ ਕਲੀਨਿਕਾਂ ਦਾ ਰਸਮੀ ਉਦਘਾਟਨ ਕੀਤਾ ਗਿਆ। ਇਹ ਕਲੀਨਿਕ ਸਥਾਨਕ ਲੋਕਾਂ ਲਈ ਸਿਹਤ ਸੁਵਿਧਾਵਾਂ ਮੁਹਈਆ ਕਰਵਾਉਣ ਲਈ ਲਾਹੇਵੰਦ ਸਾਬਤ ਹੋਣਗੇ। ਇਸ ਮੌਕੇ 'ਤੇ ਨਗਰ ਕੌਂਸਲ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਉਦਘਾਟਨ ਮੌਕੇ ਸਿਵਲ ਹਸਪਤਾਲ ਦੇ ਐਸ.ਐਮ.ਓ. ਡਾ. ਜੈਦੀਪ ਚਾਹਲ ਵੱਲੋਂ ਵਿਧਾਇਕ, ਨਗਰ ਕੌਂਸਲ ਪ੍ਰਧਾਨ ਅਤੇ ਹੋਰ ਪਤਵੰਤਿਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਡਾ. ਚਾਹਲ ਨੇ ਵਿਧਾਇਕ ਗੁਰਿੰਦਰ ਸਿੰਘ ਗੈਰੀ' ਬੜਿੰਗ ਅਤੇ ਲੋਕਾਂ ਨੂੰ ਕਲੀਨਿਕ ਵਿੱਚ ਮਿਲਣ ਵਾਲੀਆਂ ਸਿਹਤ ਸਹੂਲਤਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਵਿਧਾਇਕ ਗੁਰਿੰਦਰ ਸਿੰਘ ਗੈਰੀ' ਬੜਿੰਗ ਨੇ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਵਿੱਚ 107 ਤਰ੍ਹਾਂ ਦੀਆਂ ਦਵਾਈਆਂ, 47 ਤਰ੍ਹਾਂ ਦੇ ਟੈਸਟ, ਰੋਜ਼ਾਨਾ ਸੈਂਪਲ ਟੈਸਟ, ਹਰ ਮਹੀਨੇ ਮੁਫ਼ਤ ਟੀਕਾਕਰਨ ਕੈਂਪ , ਐਂਟੀ ਰੇਬੀਜ਼ ਦੇ ਫ੍ਰੀ ਟੀਕੇ ਅਤੇ ਗਰਭਵਤੀ ਔਰਤਾਂ ਦੀ ਜਾਂਚ ਅਤੇ ਉਨ੍ਹਾਂ ਲਈ ਮੁਫ਼ਤ ਅਲਟ੍ਰਾ ਸਾਉਂਡ ਦੀ ਸਹੂਲਤ ਉਪਲਬਧ ਰਹੇਗੀ

ਵਿਧਾਇਕ ਗੈਰੀ ਬੜਿੰਗ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਆਮ ਲੋਕਾਂ ਲਈ ਇੱਕ ਵੱਡੀ ਰਾਹਤ ਹਨ ਕਿਉਂਕਿ ਹੁਣ ਮੁਹੱਲੇ ਪੱਧਰ 'ਤੇ ਹੀ ਮੁੱਢਲੀਆਂ ਸਿਹਤ ਸੇਵਾਵਾਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਮਹਿੰਗੇ ਇਲਾਜ ਅਤੇ ਲੰਬੀਆਂ ਕਤਾਰਾਂ ਤੋਂ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਵਿੱਚ ਇਹ ਇਕ ਮਹੱਤਵਪੂਰਨ ਕਦਮ ਹੈ। ਇਸ ਤਰ੍ਹਾਂ ਦੇ ਕਲੀਨਿਕਾਂ ਰਾਹੀਂ ਪੰਜਾਬ ਸਰਕਾਰ ਨੇ ਮੁਫ਼ਤ ਸਿਹਤ ਸੇਵਾਵਾਂ ਨੂੰ ਲੋਕਾਂ ਦੇ ਦਰਵਾਜ਼ੇ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਹੈ। ਉਨਾਂ ਕਿਹਾ ਕਿ ਮਾਡਲ



ਟਾਊਨ ਅਤੇ ਗੁਰੂ ਕੀ ਨਗਰੀ ਅਤੇ ਨੇੜਲੇ ਇਲਾਕੇ ਦੇ ਵਸਨੀਕਾਂ ਨੂੰ ਹੁਣ ਛੋਟੀਆਂ ਬਿਮਾਰੀਆਂ ਜਾਂ ਟੈਸਟਾਂ ਲਈ ਵੱਡੇ ਹਸਪਤਾਲਾਂ ਦੀਆਂ ਲਾਈਨਾਂ ਵਿੱਚ ਨਹੀਂ ਖੜ੍ਹਨਾ ਪਵੇਗਾ। ਇਹ ਆਮ ਆਦਮੀ ਕਲੀਨਿਕ ਗਰੀਬ ਅਤੇ ਮੱਧ ਵਰਗ ਦੇ ਪਰਿਵਾਰਾਂ ਲਈ ਲਾਭਕਾਰੀ ਸਾਬਤ ਹੋਣਗੇ, ਕਿਉਂਕਿ ਇੱਥੇ ਲੋੜੀਂਦੀਆਂ ਸਿਹਤ ਸੇਵਾਵਾਂ ਬਿਲਕੁਲ ਮੁਫ਼ਤ ਮਿਲਣਗੀਆਂ। ਵਿਧਾਇਕ ਗੈਰੀ ਬੜਿੰਗ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਆਮ ਆਦਮੀ ਕਲੀਨਿਕ ਵਿੱਚ ਆਉਣ ਵਾਲੇ ਹਰ ਮਰੀਜ਼ ਨਾਲ ਸਤਿਕਾਰਤ ਅਤੇ ਸੰਵੇਦਨਸ਼ੀਲ ਵਤੀਰਾ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹਲਕੇ ਦੇ ਹਰ ਕੋਨੇ ਤੱਕ ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਪਹੁੰਚਾਉਣਾ ਹੈ। ਉਨ੍ਹਾਂ ਵਾਅਦਾ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਵੀ ਹਲਕੇ ਦੇ ਹੋਰਨਾਂ ਹਿੱਸਿਆਂ ਵਿੱਚ ਅਜਿਹੀਆਂ ਸਹੂਲਤਾਂ ਦਾ ਵਿਸਥਾਰ ਕੀਤਾ ਜਾਵੇਗਾ। ਇਸ ਮੌਕੇ ਐਸ.ਐਮ.ਓ. ਡਾ. ਜੈਦੀਪ ਚਾਹਲ ਨੇ ਦੱਸਿਆ ਕਿ ਕਲੀਨਿਕਾਂ ਵਿੱਚ ਆਮ ਬਿਮਾਰੀਆਂ ਦੀ ਜਾਂਚ, ਦਵਾਈਆਂ, ਲੈਬ ਟੈਸਟ ਅਤੇ ਗਰਭਵਤੀ ਮਹਿਲਾਵਾਂ ਦੀ ਦੇਖਭਾਲ ਲਈ ਖਾਸ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਅਨੁਸਾਰ ਇਹ ਸਹੂਲਤਾਂ ਲੋਕਾਂ ਨੂੰ ਤੁਰੰਤ ਤੇ ਸਸਤੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਮਦਦਗਾਰ ਹੋਣਗੀਆਂ। ਇਸ ਮੌਕੇ ਮੌਜੂਦ ਸਿਹਤ ਵਿਭਾਗ ਦੀ ਟੀਮ ਵਿੱਚ ਡਾ. ਅਵਲਦੀਪ ਵਾਲੀਆ, ਡਾ. ਸਾਗਰ ਸੁਲਤਾਨ ਸਿੰਘ, ਫਾਰਮਾਸਿਸਟ ਰਾਜੀਆ, ਨਿਸ਼ਾ, ਕਲੀਨਿਕ ਅਸਿਸਟੈਂਟ ਸਮਰਪ੍ਰੀਤ, ਸਰਬਜੀਤ, ਫਾਰਮਾਸਿਸਟ ਅਸਿਸਟੈਂਟ ਵਿਕਰਮਜੀਤ ਸਿੰਘ, ਹੈਲਪਰ ਸੁਖਜੀਤ ਅਤੇ ਰਮਨਦੀਪ ਕੌਰ ਸ਼ਾਮਲ ਸਨ। ਉਨ੍ਹਾਂ ਨੇ ਕਲੀਨਿਕ ਦੀ ਕਾਰਜਪ੍ਰਣਾਲੀ ਅਤੇ ਲੋਕਾਂ ਨੂੰ ਮਿਲਣ ਵਾਲੀਆਂ ਸੇਵਾਵਾਂ ਬਾਰੇ ਆਪਣੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ। ਇਸ ਸਮਾਗਮ ਦੌਰਾਨ ਕੌਂਸਲਰ ਰਣਧੀਰ ਸਿੰਘ ਹੈਪੀ, ਕੌਂਸਲਰ ਪਰਮਜੀਤ ਸਿੰਘ ਵਾਲੀਆ,ਕੌਂਸਲਰ ਸੁਖਵਿੰਦਰ ਕੌਰ, ਕੌਂਸਲਰ ,ਪੂਜਾ ਸ਼ਰਮਾ, ਸਾਬਕਾ ਕੌਂਸਲ ਪ੍ਰਧਾਨ ਦੇ ਸੀਨੀਅਰ ਆਗੂ ਸੁਖਵਿੰਦਰ ਭਾਂਬਰੀ, ਗੁਰਮੀਤ ਸਿੰਘ, ਯੂਥ ਆਗੂ ਸੱਤਿਆਪਾਲ ਲੋਧੀ, ਬਲਾਕ ਪ੍ਰਧਾਨ ਦਿਲਜੀਤ ਵਿਰਕ, ਨਰੇਸ਼ ਸ਼ਰਮਾ, ਵਾਰਡ ਇੰਚਾਰਜ ਸਲੀਮ ਗਾਗੜੀ,ਜੱਸੀ ਧੀਮਾਨ,ਬਲਦੇਵ ਸ਼ਰਮਾ ਨਰੇਸ਼ ਸ਼ਰਮਾ (ਬਲਾਕ ਪ੍ਰਧਾਨ) , ਬੇਬੀ ਧੀਮਾਨ , ਗੀਨਾ ਸ਼ਰਮਾ , ਗੀਤਾ ਰਾਣੀ, ਬਲਵਿੰਦਰ ਕੌਰ, ਗੀਤੂ ਰਾਣੀ,, ਨਰਿੰਦਰ ਭਾਟੀਆ , ਰਵਿੰਦਰ ਸਿੰਘ ਕਾਲਾ , ਜਰਨੈਲ ਸਿੰਘ ਭੰਗੂ , ਧਰਮਪਾਲ ਵਰਮਾ , ਨਿਰਮਲ ਸਿੰਘ, ਹਨਿਸ਼ ਸ਼ਾਰਦਾ , ਮਨੀਸ਼ ਸ਼ਾਰਦਾ , ਸੁਰੇਸ਼ ਕੁਮਾਰ ਸ਼ਹਿਜਾਦ ਅਤੇ ਹੋਰ ਮੋਹਤਬਰ ਹਾਜ਼ਰ ਸਨ।

# ਵਿਕਾਸ ਦੇ ਨਾਮ 'ਤੇ ਖਾਲੀ ਦਾਅਵੇ, ਲੋਕ ਅਜੇ ਵੀ ਬੁਨਿਆਦੀ ਸੁਵਿਧਾਵਾਂ ਤੋਂ ਵਾਂਝੇ:ਨਾਗਰਾ

ਫ਼ਤਿਹਗੜ੍ਹ ਸਾਹਿਬ, 29 ਮਾਰਚ (ਨਰਿੰਦਰ ਸਿੰਘ) ਮੁੱਖ ਮੰਤਰੀ ਵੱਲੋਂ ਫ਼ਤਿਹਗੜ੍ਹ ਸਾਹਿਬ ਵਿਖੇ ਕੀਤੀ ਗਈ ਰੈਲੀ ਨੂੰ ਲੋਕਾਂ ਨਾਲ ਧੋਖਾ ਕਰਾਰ ਦਿੰਦਿਆਂ ਕਿਹਾ ਕਿ ਇਹ ਰੈਲੀ ਸਿਰਫ਼ ਵਾਅਦਿਆਂ ਦੀ ਫੋਕੀ ਫੂਕ ਸਾਬਤ ਹੋਈ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਨੇ ਬਲਾਕ ਸਰਹਿੰਦ ਦੇ ਪਿੰਡ ਹੁਸੈਨਪੁਰਾ ਵਿਖੇ ਕਾਂਗਰਸੀ ਵਰਕਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਸਰਕਾਰ ਪੂਰੀ ਤਰ੍ਹਾਂ ਨਾਕਾਮ ਰਹੀ ਹੈ ਅਤੇ ਹੁਣ ਲੋਕਾਂ ਦਾ ਧਿਆਨ ਭਟਕਾਉਣ ਲਈ ਸਰਕਾਰ ਵੱਲੋਂ ਰੈਲੀਆਂ ਕੀਤੀਆਂ ਜਾ ਰਹੀਆਂ ਹਨ। ਸ:ਨਾਗਰਾ ਨੇ ਦੱਸਿਆ ਕਿ ਹਲਕੇ ਦੇ ਲੋਕ ਅਜੇ ਵੀ ਬੁਨਿਆਦੀ ਸੁਵਿਧਾਵਾਂ ਤੋਂ ਵਾਂਝੇ ਹਨ ਅਤੇ ਵਿਕਾਸ ਦੇ ਨਾਮ 'ਤੇ ਕੁਝ ਵੀ ਨਜ਼ਰ ਨਹੀਂ ਆ ਰਿਹਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਘਟ ਰਹੇ ਹਨ, ਕਿਸਾਨ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ ਅਤੇ ਮਹਿੰਗਾਈ ਲਗਾਤਾਰ ਵਧ ਰਹੀ ਹੈ, ਪਰ ਸਰਕਾਰ ਵੱਲੋਂ ਕੋਈ ਢੰਗ ਦਾ ਹੱਲ ਨਹੀਂ ਦਿੱਤਾ ਜਾ ਰਿਹਾ।

ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਨੇ ਕਿਹਾ ਕਿ ਇਹ ਰੈਲੀ ਸਿਰਫ਼ ਦਿਖਾਵੇ ਲਈ ਕਰਵਾਈ ਗਈ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਰੈਲੀ ਲਈ ਸਰਕਾਰੀ ਖਜ਼ਾਨੇ 'ਤੇ ਬੇਲੋੜਾ ਖਰਚ ਕੀਤਾ ਗਿਆ ਅਤੇ ਲੋਕਾਂ ਨੂੰ ਇਕੱਠਾ ਕਰਨ ਲਈ ਸਰਕਾਰੀ ਬੱਸਾਂ ਦੀ ਵਰਤੋਂ



ਕੀਤੀ ਗਈ। ਮਨਰੇਗਾ ਵਰਕਰਾਂ ਨੂੰ ਵੀ ਝੂਠ ਬੋਲ ਕੇ ਰੈਲੀ ਵਿੱਚ ਲਿਆਉਣਾ ਸਰਕਾਰ ਦੀ ਨਾਕਾਮੀ ਦਾ ਸਪੱਸ਼ਟ ਸਬੂਤ ਹੈ। ਸ:ਨਾਗਰਾ ਨੇ ਹੋਰ ਕਿਹਾ ਕਿ ਪੰਜਾਬ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਵੀ ਦਿਨੋਂ-ਦਿਨ ਖਰਾਬ ਹੋ ਰਹੀ ਹੈ, ਜਿਸ ਕਾਰਨ ਆਮ ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਨਸ਼ਿਆਂ 'ਤੇ ਕਾਬੂ ਪਾਉਣ ਦੇ ਵੱਡੇ ਦਾਅਵੇ ਕੀਤੇ ਗਏ ਸਨ, ਪਰ ਜ਼ਮੀਨੀ ਹਕੀਕਤ ਵਿੱਚ ਕੋਈ ਵੱਡਾ ਬਦਲਾਅ ਨਹੀਂ ਆਇਆ। ਸ:ਨਾਗਰਾ ਨੇ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਸਿਰਫ਼ ਐਲਾਨਾਂ ਤੱਕ ਸੀਮਿਤ ਹਨ ਅਤੇ ਜ਼ਮੀਨੀ ਪੱਧਰ 'ਤੇ ਕੋਈ ਕੰਮ ਨਹੀਂ ਹੋ ਰਿਹਾ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਅਸਲ ਸਮੱਸਿਆਵਾਂ ਤੋਂ ਧਿਆਨ ਹਟਾਉਣ ਲਈ ਇਹੋ ਜਿਹਿਆ ਰੈਲੀਆਂ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਰਕਾਰ ਦੀਆਂ ਖੋਖਲੀਆਂ ਗੱਲਾਂ ਨੂੰ ਸਮਝ ਚੁੱਕੇ ਹਨ ਅਤੇ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਇਸਦਾ ਜਵਾਬ ਦੇਣਗੇ। ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਵਿੱਚ ਜਾ ਕੇ ਸੱਚਾਈ ਪਹੁੰਚਾਉਣ ਅਤੇ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਇਕਜੁੱਟ ਹੋ ਕੇ ਕੰਮ ਕਰਨ।ਇਸ ਮੌਕੇ ਮਾਰਕਫੈੱਡ ਪੰਜਾਬ ਦੇ ਡਾਇਰੈਕਟਰ ਦਵਿੰਦਰ ਸਿੰਘ ਜੱਲਾ,ਰਣਜੀਤ ਸਿੰਘ ਸਾਬਕਾ ਸਰਪੰਚ, ਯੂਥ ਪ੍ਰਧਾਨ ਭਗਵਾਨ ਸਿੰਘ,ਕਰਨੈਲ ਸਿੰਘ,ਜਸਪਾਲ ਸਿੰਘ,ਗੁਰਬਾਜ ਸਿੰਘ,ਅਵਤਾਰ ਸਿੰਘ,ਚਰਨ ਸਿੰਘ ਦਿਲਬਾਗ ਸਿੰਘ,ਬਲਕਾਰ ਸਿੰਘ,ਅਜੈਬ ਸਿੰਘ,ਹਰਜੀਤ ਸਿੰਘ,ਜੋਗਿੰਦਰ ਸਿੰਘ,ਰਣਜੀਤ ਸਿੰਘ,ਨੌਖ ਸਿੰਘ,ਸਹਿਜਦੀਪ ਸਿੰਘ,ਕਰਨਪ੍ਰੀਤ ਸਿੰਘ,ਸਤਵੀਰ ਸਿੰਘ,ਪ੍ਰਭਜੋਤ ਸਿੰਘ,ਅਰਸ਼ਪ੍ਰੀਤ ਸਿੰਘ, ਬਲਵੀਰ ਸਿੰਘ ਆਦਿ ਹਾਜ਼ਰ ਸਨ।

# ਤੇਜ਼ ਰ.ਫਤਾਰ ਪਿਕਅਪ ਦੀ ਟੱਕਰ ਨਾਲ ਮੋਟਰਸਾਈਕਲ ਸਵਾਰ ਦੀ ਮੌਤ, ਗੁੱਸੇ ਵਿੱਚ ਲੋਕਾਂ ਵੱਲੋਂ ਥਾਣੇ ਅੱਗੇ ਧਰਨਾ

ਬਾਘਾ ਪੁਰਾਣਾ, 29 ਮਾਰਚ ( ਨਿਸ਼ੀ ਮਨਚੰਦਾ ਗੁਰਦੇਵ ਖਰਾਣਾ) ਥਾਣਾ ਬਾਘਾ ਪੁਰਾਣਾ ਅਧੀਨ ਪੈਂਦੇ ਪਿੰਡ ਗੰਜੀ ਗੁਲਾਬ ਸਿੰਘ ਵਾਲਾ ਦੇ ਨੇੜੇ ਅੱਜ ਸਵੇਰੇ ਇਕ ਦਰਦਨਾਕ ਸੜਕ ਹਾਦਸਾ ਵਾਪਰ ਗਿਆ, ਜਿਸ ਵਿੱਚ ਮੋਟਰਸਾਈਕਲ ਸਵਾਰ ਬਹਾਦਰ ਸਿੰਘ (ਉਮਰ ਕਰੀਬ 40 ਸਾਲ) ਦੀ ਮੌਤ ਹੋ ਗਈ। ਮ੍ਰਿਤਕ ਦੋ ਬੱਚਿਆਂ ਦਾ ਪਿਤਾ ਸੀ, ਜਿਸ ਕਾਰਨ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ। ਮਿਲੀ ਜਾਣਕਾਰੀ ਅਨੁਸਾਰ ਬਹਾਦਰ ਸਿੰਘ ਆਪਣੇ ਮੋਟਰਸਾਈਕਲ 'ਤੇ ਜਾ ਰਿਹਾ ਸੀ ਕਿ ਇਸ ਦੌਰਾਨ ਇੱਕ ਤੇਜ਼ ਰਫ਼ਤਾਰ ਪਿਕਅਪ ਗੱਡੀ ਨੇ ਉਸਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਬਹਾਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸੇ ਦੀ ਖ਼ਬਰ ਮਿਲਦਿਆਂ ਹੀ ਆਸ-ਪਾਸ ਦੇ ਲੋਕ ਮੌਕੇ 'ਤੇ ਇਕੱਠੇ ਹੋ ਗਏ ਅਤੇ ਤੁਰੰਤ ਪੁਲਸ ਨੂੰ ਸੂਚਿਤ ਕੀਤਾ। ਸੂਚਨਾ ਮਿਲਣ 'ਤੇ ਬਾਘਾ ਪੁਰਾਣਾ ਪੁਲਸ ਦੇ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਹਾਲਾਤ ਦਾ ਜਾਇਜ਼ਾ ਲੈਂਦੇ ਹੋਏ ਲੋਕਾਂ ਤੋਂ ਪੁੱਛਗਿੱਛ ਕੀਤੀ। ਇਸ ਮਾਮਲੇ ਦੀ ਜਾਂਚ ਸਹਾਇਕ ਥਾਣੇਦਾਰ ਅਮਰਜੀਤ ਸਿੰਘ ਵੱਲੋਂ ਕੀਤੀ ਜਾ ਰਹੀ ਹੈ। ਇਸ ਸਬੰਧੀ ਥਾਣਾ ਮੁਖੀ ਇੰਸਪੈਕਟਰ ਜਤਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਭਰਾ ਹਰਜਿੰਦਰ ਸਿੰਘ ਨਿਵਾਸੀ ਹਾਕਮ ਸਿੰਘ ਵਾਲਾ ਦੇ ਬਿਆਨਾਂ ਦੇ ਆਧਾਰ 'ਤੇ ਪਿਕਅਪ ਚਾਲਕ ਗੁਰਦੀਪ ਸਿੰਘ ਪੱਪੀ ਨਿਵਾਸੀ ਪਿੰਡ ਕੋਟਲਾ ਰਾਇਕਾ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਕਥਿਤ ਮੁਲਜ਼ਮ ਚਾਲਕ ਨੂੰ ਗੱਡੀ ਸਮੇਤ ਕਬਜ਼ੇ ਵਿੱਚ ਲੈ ਲਿਆ ਗਿਆ ਹੈ ਅਤੇ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਵਾਰਿਸਾਂ ਦੇ ਹਵਾਲੇ ਕੀਤਾ ਜਾਵੇਗਾ। ਹਾਦਸੇ ਤੋਂ ਗੁੱਸੇ ਵਿੱਚ ਆਏ ਪਿੰਡ ਵਾਸੀਆਂ, ਕਿਸਾਨ ਯੂਨੀਅਨ ਕਾਦੀਆਂ ਦੇ ਆਗੂਆਂ ਅਤੇ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੇ ਬਹਾਦਰ ਸਿੰਘ ਦੀ ਲਾਸ਼ ਨੂੰ ਗੱਡੀ ਵਿੱਚ ਰੱਖ ਕੇ ਥਾਣੇ ਅੱਗੇ ਚੌਂਕ ਵਿੱਚ ਧਰਨਾ ਲਗਾ ਦਿੱਤਾ। ਇਸ ਕਾਰਨ ਨਿਹਾਲ ਸਿੰਘ ਵਾਲਾ, ਮੁੱਦਕੀ ਰੋਡ, ਮੋਗਾ ਰੋਡ ਅਤੇ ਕੋਟਕਪੂਰਾ ਰੋਡ 'ਤੇ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗ ਗਈਆਂ ਅਤੇ ਟਰੈਫਿਕ ਜਾਮ ਹੋ ਗਿਆ। ਕਿਸਾਨ ਆਗੂਆਂ ਨੇ ਪੁਲਸ ਦੀ ਕਾਰਵਾਈ 'ਤੇ ਨਾਰਾਜ਼ਗੀ ਜਤਾਉਂਦਿਆਂ ਕਿਹਾ ਕਿ ਮਾਮਲੇ ਵਿੱਚ ਲਗਾਈਆਂ ਗਈਆਂ ਧਾਰਾਵਾਂ ਠੀਕ ਨਹੀਂ ਹਨ। ਉਨ੍ਹਾਂ ਮੰਗ ਕੀਤੀ ਕਿ ਮਾਮਲੇ ਵਿੱਚ ਧਾਰਾ 106/2 ਲਗਾਈ ਜਾਵੇ।




ਉਨ੍ਹਾਂ ਦੋਸ਼ ਲਗਾਇਆ ਕਿ ਪੁਲਸ ਨੇ ਮਾਮਲਾ ਦਰਜ ਕਰਦੇ ਸਮੇਂ ਗੱਡੀ ਦਾ ਨੰਬਰ ਵੀ ਗਲਤ ਦਰਜ ਕੀਤਾ ਹੈ ਅਤੇ ਕਥਿਤ ਚਾਲਕ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਕਿਸਾਨ ਆਗੂਆਂ ਅਤੇ ਪਰਿਵਾਰਕ ਮੈਂਬਰਾਂ ਨੇ ਸਪੱਸ਼ਟ ਕੀਤਾ ਕਿ ਜਦ ਤੱਕ ਉਨ੍ਹਾਂ ਨੂੰ ਇਨਸਾਫ਼ ਨਹੀਂ ਮਿਲਦਾ, ਉਹ ਆਪਣਾ ਧਰਨਾ ਜਾਰੀ ਰੱਖਣਗੇ। ਇਸ ਘਟਨਾ ਨਾਲ ਇਲਾਕੇ ਵਿੱਚ ਗਹਿਰਾ ਦੁੱਖ ਅਤੇ ਰੋਸ ਦਾ ਮਾਹੌਲ ਬਣਿਆ ਹੋਇਆ ਹੈ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹੁਣ ਤੱਕ 77823 ਵਿਅਕਤੀਆਂ ਦੀ ਹੋਈ ਰਜਿਸਟ੍ਰੇਸ਼ਨ : ਡਿਪਟੀ ਕਮਿਸ਼ਨਰ



ਬਰਨਾਲਾ, 29 ਮਾਰਚ (ਬਘੇਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਵੱਲੋਂ ਪ੍ਰਤੀ ਪਰਿਵਾਰ 10 ਲੱਖ ਤੱਕ ਦੇ ਨਕਦੀ ਰਹਿਤ ਇਲਾਜ ਦੀ ਸਹੂਲਤ ਦੇਣ ਲਈ ਚਲਾਈ ਜਾ ਰਹੀ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਜ਼ਿਲ੍ਹਾ ਬਰਨਾਲਾ ਵਿੱਚ ਰਜਿਸਟ੍ਰੇਸ਼ਨ ਜਾਰੀ ਹੈ। ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਜ਼ਿਲ੍ਹਾ ਬਰਨਾਲਾ ਵਿੱਚ 8 ਜਨਵਰੀ ਤੋਂ ਹੁਣ ਤੱਕ 77823 ਵਿਅਕਤੀਆਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਹੈ। ਇਸ ਸਕੀਮ ਤਹਿਤ ਕਾਮਨ ਸਰਵਿਸ ਸੈਂਟਰਾਂ ਤੋਂ ਇਲਾਵਾ ਜ਼ਿਲ੍ਹੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਰੋਜ਼ਾਨਾ ਕੈਂਪ ਲਗਾ ਨੇ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ। ਪੰਜਾਬ ਸਰਕਾਰ ਵਲੋਂ ਇਸ ਯੋਜਨਾ ਤਹਿਤ ਸਰਕਾਰੀ ਹਸਪਤਾਲਾਂ ਵਿੱਚ ਸਿਵਲ ਹਸਪਤਾਲ ਬਰਨਾਲਾ, ਸਬ-ਡਵਿਜ਼ਨਲ ਹਸਪਤਾਲ ਤਪਾ, ਸੀ.ਐਚ.ਸੀ ਧਨੌਲਾ, ਸੀ.ਐਚ.ਸੀ ਮਹਿਲ ਕਲਾਂ, ਸੀ.ਐਚ.ਸੀ ਭਦੌੜ, ਸੀ.ਐਚ.ਸੀ ਚੰਨਣਵਾਲ ਤੋਂ ਇਲਾਵਾ 10 ਪ੍ਰਾਈਵੇਟ ਹਸਪਤਾਲ ਸੂਚੀਬੱਧ ਕੀਤੇ ਗਏ ਹਨ, ਜਿਨ੍ਹਾਂ ਵਿਚ ਤੱਥਗੁਰੂ ਹਸਪਤਾਲ, ਡਾ. ਪਰਦੀਪ ਸ਼ਰਮਾ ਹਸਪਤਾਲ, ਡਾ. ਨਰੇਸ਼ ਹਸਪਤਾਲ ਅਤੇ ਹਾਰਟ ਸੈਂਟਰ, ਪੰਜਾਬ ਆਈ ਹਸਪਤਾਲ, ਤ੍ਰਿਲੋਕੀ ਆਈ ਹਸਪਤਾਲ ਅਤੇ ਰੈਟੀਨਾ ਸੈਂਟਰ, ਲਾਈਫਲਾਈਨ ਮਲਟੀ ਸਪੈਸ਼ਲਿਟੀ ਹਸਪਤਾਲ, ਗੁਰੂ ਨਾਨਕ ਡਾਇਲਸਿਸ ਸੈਂਟਰ, ਹਰੀਓਮ ਹਸਪਤਾਲ, ਭੀਮ ਨਰਸਿੰਗ ਹੋਮ ਅਤੇ ਸਿੰਗਲਾ ਹਸਪਤਾਲ ਸ਼ਾਮਲ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਸਕੀਮ ਤਹਿਤ ਰਜਿਸਟ੍ਰੇਸ਼ਨ ਲਈ ਪਰਿਵਾਰ ਦੇ ਸਾਰੇ ਮੈਂਬਰ ਆਪਣਾ ਆਧਾਰ ਕਾਰਡ, ਵੋਟਰ ਕਾਰਡ ਅਤੇ ਨਾਬਾਲਗ ਦੀ ਰਜਿਸਟ੍ਰੇਸ਼ਨ ਲਈ ਜਨਮ ਸਰਟੀਫਿਕੇਟ ਨਾਲ ਜ਼ਰੂਰ ਲਿਜਾਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਇਸ ਵੇਲੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਰਨਾਲਾ, ਐੱਸ ਡੀ ਐੱਮ ਦਫ਼ਤਰ ਤਪਾ, ਐੱਸ ਡੀ ਐੱਮ ਦਫ਼ਤਰ ਮਹਿਲ ਕਲਾਂ ਦੇ ਵਿਸ਼ੇਸ਼ ਕੈਂਪਾਂ ਤੋਂ ਇਲਾਵਾ 21 ਪਿੰਡਾਂ/ਵਾਰਡਾਂ ਵਿਚ ਕੈਂਪ ਲਗਾਤਾਰ ਜਾਰੀ ਹਨ। ਇਸ ਤੋਂ ਇਲਾਵਾ ਕਾਮਨ ਸਰਵਿਸ ਸੈਂਟਰਾਂ ਵਿਚ ਵੀ ਕਾਰਡ ਬਣਾਉਣ ਦੀ ਸਹੂਲਤ ਹੈ।

# ਆਦਰਸ਼ ਸਕੂਲ ਦੇ ਮੁਲਾਜ਼ਮਾਂ ਵੱਲੋਂ ਤਨਖ਼ਾਹਾਂ 'ਚ ਵਾਧੇ ਦੀ ਮੰਗ



ਸੰਗਰੂਰ, 29 ਮਾਰਚ (ਹਰਕੰਵਲ ਸਿੰਘ ਹੈਪੀ): ਆਦਰਸ਼ ਸਕੂਲ ਟੀਚਿੰਗ ਨਾਨ ਟੀਚਿੰਗ ਮੁਲਾਜ਼ਮ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਜਸਵੀਰ ਸਿੰਘ ਗਲੋਟੀ ਅਤੇ ਸੂਬਾ ਸਕੱਤਰ ਸੁਖਦੀਪ ਕੌਰ ਸਰਾਂ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਦੀ ਕੈਬਨਿਟ ਸਬ ਕਮੇਟੀ ਅਤੇ ਡਿਪਾਰਟਮੈਂਟ ਵੱਲੋਂ ਜੋ ਤਨਖਾਹਾਂ 'ਤੇ ਸਹਿਮਤੀ ਬਣਾਈ ਗਈ। ਉਹਨਾਂ ਤਨਖਾਹਾਂ ਨੂੰ ਹੀ ਜਥੇਬੰਦੀ ਵੱਲੋਂ ਸਵੀਕਾਰਿਆ ਗਿਆ, ਪਰ ਹਾਲੇ ਤੱਕ ਆਦਰਸ਼ ਸਕੂਲ ਮੁਲਾਜ਼ਮਾਂ ਦੇ ਹੱਥ ਖਾਲੀ ਦੇ ਖਾਲੀ। ਇਸ ਮੌਕੇ ਜਥੇਬੰਦੀ ਦੇ ਸੂਬਾਈ ਆਗੂਆਂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਕਈ ਤਰੀਕਾਂ ਦਿੱਤੀਆਂ ਗਈਆਂ, ਜਿਸ ਵਿੱਚ ਭਰੋਸਾ ਦਵਾਇਆ ਗਿਆ ਕਿ ਜਲਦੀ ਆਦਰਸ਼ ਸਕੂਲਾਂ ਦਾ ਮਸਲਾ ਸਰਕਾਰ ਵੱਲੋਂ ਹੱਲ ਕੀਤਾ ਜਾਣਾ ਹੈ, ਪਰ ਆਦਰਸ਼ ਸਕੂਲਾਂ ਦਾ ਪਰਨਾਲਾ ਉੱਥੇ ਦਾ ਉੱਥੇ, ਅਫਸੋਸ ਹੈ ਕੇ ਸਿੱਖਿਆ ਮੰਤਰੀ ਸਾਹਿਬ ਦੇ ਕਹਿਣ ਤੋਂ ਬਾਅਦ ਵੀ ਮੁਲਾਜ਼ਮਾਂ ਦੀਆਂ ਤਨਖਾਹਾਂ ਵਿੱਚ ਕੋਈ ਵਾਧਾ ਜਾਂ ਕੋਈ ਇੰਕਰੀਮੈਂਟ ਨਹੀਂ ਲੱਗਾ। ਜੇਕਰ ਉਹਨਾਂ ਦੀਆਂ 2 ਅਪ੍ਰੈਲ ਨੂੰ ਹੱਕੀ ਤੇ ਜਾਇਜ਼ ਮੰਗਾਂ ਨਾ ਮੰਨੀਆਂ ਗਈਆਂ, ਤਾਂ ਜਥੇਬੰਦੀ ਵੱਲੋਂ ਸੂਬਾ ਪੱਧਰ 'ਤੇ ਤਿੱਖਾ ਸੰਘਰਸ਼ ਕਰਦੇ ਹੋਏ ਪੰਜਾਬ ਸਰਕਾਰ ਦੇ ਹਰ ਇੱਕ ਜ਼ਿਲ੍ਹੇ ਵਿੱਚ ਪੱਕਾ ਮੋਰਚਾ ਲਾ ਕੇ ਤੇ ਆਦਰਸ਼ ਸਕੂਲਾਂ ਵਿੱਚ ਕਲਮ ਛੋੜ ਹੜਤਾਲਾਂ ਕੀਤੀਆਂ ਜਾਣਗੀਆਂ। ਇਸ ਦੌਰਾਨ ਮੈਡਮ ਮੀਨੂੰ ਬਾਲਾ ਮੀਤ ਪ੍ਰਧਾਨ, ਮੈਡਮ ਓਮਾ ਮਾਧਵੀ, ਹਰਪ੍ਰੀਤ ਕੌਰ, ਪਵਨ ਕੁਮਾਰ, ਗੁਰਚਰਨ ਸਿੰਘ, ਗੁਰਿੰਦਰ ਸਿੰਘ, ਹਰਦੀਪ ਕੌਰ, ਜਸਵੀਰ ਕੌਰ, ਅਮਰਜੋਤ ਜੋਸ਼ੀ, ਸੁਰਿੰਦਰ ਕੌਰ, ਅਮਨ ਸ਼ਾਸਤਰੀ, ਕੁੰਜਨ ਅਰੋੜਾ, ਭੁਪਿੰਦਰ ਕੌਰ, ਅਮਨਦੀਪ ਕੌਰ, ਰਸ਼ਪਾਲ ਸਿੰਘ, ਸਲੀਮ ਮਹੁੰਮਦ, ਭਗਤ ਸਿੰਘ ਮਾਨਸਾ ਆਦਿ ਹਾਜ਼ਰ ਸਨ।

# ਧਾਰਮਿਕ ਅਸਥਾਨ 'ਤੇ ਹਥਿਆਰਬੰਦ ਲੁਟੇਰਿਆਂ ਨੇ ਬੋਲਿਆ ਧਾਵਾ, ਕੀਤੀ ਲੁੱਟ

## ਇਲਾਕੇ ਵਿੱਚ ਡਰ ਅਤੇ ਦਹਿਸ਼ਤ ਦਾ ਮਾਹੌਲ ਬਣਿਆ



ਤਪਾ ਮੰਡੀ, 29 ਮਾਰਚ (ਭੂਸ਼ਨ ਘੜੈਲਾ/ਰਾਜੂ ਮਹਿਰਾ) : ਇੱਥੋਂ 9 ਕਿਲੋਮੀਟਰ ਦੂਰ ਪਿੰਡ ਧਿੰਗੜ ਸਥਿਤ ਡੇਰਾ ਬਾਬਾ ਪੰਜਾਬ ਦਾਸ ਅਤੇ ਤਪੱਸਵੀ ਪੂਰਨ ਦਾਸ ਵਿਖੇ ਮੱਧ ਰਾਤਰੀ ਸਮੇਂ ਹਥਿਆਰਬੰਦ ਲੁਟੇਰਿਆਂ ਵੱਲੋਂ ਧਾਵਾ ਬੋਲਣ ਦੀ ਘਟਨਾ ਸਾਹਮਣੇ ਆਈ ਹੈ।ਇਸ ਘਟਨਾ ਨਾਲ ਇਲਾਕੇ ਦੇ ਸੇਵਾਦਾਰਾਂ ਅਤੇ ਡੇਰਿਆਂ ਦੇ ਵਿੱਚ ਰਹਿਣ ਵਾਲਿਆਂ 'ਚ ਡਰ ਅਤੇ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ।ਇਸ ਸਬੰਧੀ ਡੇਰੇ ਮੁੱਖੀ ਬਾਬਾ ਈਸਰ ਦਾਸ ਦੇ ਸੇਵਾਦਾਰਾਂ ਦੀਪਕ ਬਾਂਸਲ, ਡਾ.ਰਾਮ ਕੁਮਾਰ, ਪ੍ਰਲਾਦਿ ਕੁਮਾਰ, ਮਨੋਹਰ ਲਾਲ, ਮੁਨੀਸ਼ ਬਹਾਵਲਪੁਰੀਆ, ਹਰਸ਼ ਕੁਮਾਰ ਗਰਗ, ਵਿਨੋਦ ਬਦਰਾ, ਵਿਨੋਦ ਬਾਂਸਲ ਵਾਸੀਆਨ ਤਪਾ ਆਦਿ ਨੇ ਦੱਸਿਆ ਕਿ ਤਿੰਨ ਨਕਾਬਪੋਸ਼ ਲੁਟੇਰੇ, ਜਿਨ੍ਹਾਂ ਕੋਲ ਨੰਗੀਆਂ ਤਲਵਾਰਾਂ ਅਤੇ ਪਿਸਤੌਲ ਸਨ, ਡੇਰੇ ਦੀਆਂ ਕੰਧਾਂ ਟੱਪ ਕੇ ਅੰਦਰ ਦਾਖਲ ਹੋਏ।ਲੁਟੇਰਿਆਂ ਨੇ ਪਹਿਲਾਂ ਡੇਰੇ ਵਿੱਚ ਸੁੱਤੇ ਪਏ ਸੇਵਾਦਾਰਾਂ ਦੇ ਕਮਰਿਆਂ ਨੂੰ ਬਾਹਰੋਂ ਬੰਦ ਕਰ ਦਿੱਤਾ ਅਤੇ ਫਿਰ ਬਾਬਾ ਜੀ ਦੇ ਆਸ਼ਰਮ ਵੱਲ ਰੁਖ ਕੀਤਾ।ਉਨ੍ਹਾਂ ਨੇ ਆਸ਼ਰਮ ਦੇ ਕਮਰੇ ਨੂੰ ਬਾਹਰੋਂ ਲੱਗੇ ਜਿੰਦਰੇ ਦੀ ਭੰਨ੍ਹਤੋੜ ਕਰਕੇ ਅੰਦਰ ਸੁੱਤੇ ਬਾਬਾ ਜੀ ਨੂੰ ਡਰਾ-ਧਮਕਾ ਕੇ ਨਕਦੀ,3 ਚਾਂਦੀ ਦੀਆਂ ਮੂਰਤੀਆਂ,2 ਗੋਲਕਾਂ ਅਤੇ ਮੋਬਾਇਲ ਫੋਨ ਅਤੇ ਆਸ਼ਰਮ 'ਚ ਪਏ ਸਮਾਨ ਦੀ ਫਰੋਲਾ ਫਰਾਲੀ ਕਰਕੇ ਅੰਦਰ ਪਿਆ ਸਮਾਨ ਲੈ ਕੇ ਫੁਰਰ ਹੋ ਗਏ। ਲਾਚਾਰ ਬਾਬਾ ਜੀ ਨੇ ਆਪਣੀ ਜਾਨ ਬਚਾਉਣ ਲਈ ਲੁਟੇਰਿਆਂ ਨੂੰ ਕਿਹਾ ਕਿ ਜੋ ਕੁਝ ਵੀ ਹੈ,ਉਹ ਲੈ ਜਾਣ।ਸਵੇਰੇ ਸਮੇਂ ਇੱਕ ਸੇਵਾਦਾਰ ਨੇ ਦਰਵਾਜ਼ਾ ਭੰਨ੍ਹਕੇ ਜਦ ਦਰਵਾਜਾ ਖੋਲ੍ਹਿਆਂ ਤਾਂ ਖੋਲ੍ਹ ਕੇ ਆਸ਼ਰਮ ਵਿੱਚ ਜਾ ਕੇ ਵੇਖਿਆ ਤਾਂ ਸਾਰਾ ਸਮਾਨ ਖਿਲਰਾ ਹੋਇਆ ਸੀ ਅਤੇ ਲੁੱਟ ਦੀ ਪੁਸ਼ਟੀ ਹੋ ਗਈ। ਇਸ ਤੋਂ ਬਾਅਦ ਪਿੰਡ ਵਾਸੀਆਂ ਅਤੇ ਹੋਰ ਸੇਵਾਦਾਰਾਂ ਨੂੰ ਸੂਚਿਤ ਕੀਤਾ ਗਿਆ,ਜੋ ਵੱਡੀ ਗਿਣਤੀ ਵਿੱਚ ਡੇਰੇ ਵਿੱਚ ਪਹੁੰਚੇ। ਘਟਨਾ ਦੀ ਜਾਣਕਾਰੀ ਤੁਰੰਤ ਥਾਣਾ ਫੂਲ (ਬਠਿੰਡਾ) ਪੁਲਿਸ ਨੂੰ ਦਿੱਤੀ ਗਈ।ਪੁਲਿਸ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਅਤੇ ਜਾਂਚ ਸ਼ੁਰੂ ਕਰ ਦਿੱਤੀ। ਫੋਰੈਂਸਿਕ ਟੀਮਾਂ ਨੂੰ ਵੀ ਬੁਲਾਇਆ ਗਿਆ ਹੈ ਅਤੇ ਇਲਾਕੇ ਵਿੱਚ ਲੱਗੇ ਸੀ.ਸੀ.ਟੀ.ਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ।ਪ੍ਰਾਰੰਭਿਕ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਲੁਟੇਰੇ ਇੱਕ ਕਾਰ ਅਤੇ ਇੱਕ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਸਨ।ਲੁੱਟੀਆਂ ਗਈਆਂ ਗੋਲਕਾਂ ਕੁਝ ਦੂਰੀ 'ਤੇ ਖਾਲੀ ਹਾਲਤ ਵਿੱਚ ਮਿਲੀਆਂ ਹਨ।ਪੁਲਿਸ ਵੱਲੋਂ ਦੋਸ਼ੀਆਂ ਦੀ ਪਛਾਣ ਅਤੇ ਗ੍ਰਿਫ਼ਤਾਰੀ ਲਈ ਕਾਰਵਾਈ ਜਾਰੀ ਹੈ। ਇਸ ਘਟਨਾ ਤੋਂ ਬਾਅਦ ਸੇਵਾਦਾਰਾਂ ਨੇ ਧਾਰਮਿਕ ਅਸਥਾਨ ਦੀ ਸੁਰੱਖਿਆ 'ਤੇ ਚਿੰਤਾ ਜਤਾਈ ਹੈ ਅਤੇ ਪ੍ਰਸ਼ਾਸਨ ਤੋਂ ਸਖ਼ਤ ਕਦਮ ਚੁੱਕਣ ਦੀ ਮੰਗ ਕੀਤੀ ਹੈ। ਇਲਾਕੇ ਵਿੱਚ ਅਜੇ ਵੀ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ।

# 'ਵਰਤਮਾਨ ਦੌਰ : ਤੀਜੀ ਸੰਸਾਰ ਜੰਗ ਵੱਲ' ਵਿਸ਼ੇ 'ਤੇ ਰਾਸ਼ਟਰੀ ਸੈਮੀਨਾਰ



ਬਰਨਾਲਾ, 29 ਮਾਰਚ ( ਚਮਕੌਰ ਸਿੰਘ ਗੱਗੀ) : ਐੱਸ. ਡੀ. ਕਾਲਜ ਦੀ 70ਵੀਂ ਵਰ੍ਹੇਗੰਢ ਨੂੰ ਸਮਰਪਿਤ ਕਾਲਜ ਦੇ ਪੰਜਾਬੀ ਵਿਭਾਗ ਅਤੇ ਅਦਾਰਾ ਸਪਤਾਹਿਕ 'ਸਮਾਜ ਤੇ ਪੱਤਰਕਾਰ' ਵੱਲੋਂ ਪਿੱਛਲੇ ਦਿਨੀਂ 'ਵਰਤਮਾਨ ਦੌਰ: ਤੀਜੀ ਸੰਸਾਰ ਜੰਗ ਵੱਲ' ਵਿਸ਼ੇ 'ਤੇ ਰਾਸ਼ਟਰੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਕਾਲਜ ਦੇ ਪੀ.ਆਰ.ਓ. ਪ੍ਰੋ. ਸ਼ੋਇਬ ਜ਼ਫ਼ਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੈਮੀਨਾਰ ਦੇ ਪ੍ਰਮੁੱਖ ਬੁਲਾਰੇ ਡਾ. ਕੁਲਦੀਪ ਸਿੰਘ ਦੀਪ ਜਨਰਲ ਸਕੱਤਰ, ਪ੍ਰਗਤੀਸ਼ੀਲ ਲੇਖਕ ਸੰਘ, ਪੰਜਾਬ ਨੇ ਆਪਣੇ ਭਾਸ਼ਣ ਵਿਚ ਪ੍ਰਾਚੀਨ ਕਾਲ ਤੋਂ ਚੱਲੀਆਂ ਆ ਰਹੀਆਂ ਜੰਗਾਂ ਬਾਰੇ ਵਿਸਥਾਰ ਸਹਿਤ ਚਾਨਣਾ ਪਾਉਂਦਿਆਂ, ਮਨੁੱਖਤਾ 'ਤੇ ਜੰਗ ਦੇ ਮਾਰੂ ਪ੍ਰਭਾਵਾਂ ਬਾਰੇ ਚਰਚਾ ਕੀਤੀ। ਡਾ. ਸੁਖਦੇਵ ਸਿੰਘ ਸਿਰਸਾ ਪ੍ਰਧਾਨ, ਸਰਵ-ਭਾਰਤੀ ਪ੍ਰਗਤੀਸ਼ੀਲ ਲੇਖਕ ਸੰਘ ਨੇ ਆਪਣੇ ਕੁੰਜੀਵਤ ਭਾਸ਼ਣ ਵਿਚ ਸਰਮਾਏਦਾਰਾ ਸਿਸਟਮ ਦੇ ਜੰਗ ਪੱਖੀ ਰੋਲ ਬਾਰੇ ਚਰਚਾ ਕਰਦਿਆਂ ਕਿਹਾ ਕਿ ਵਰਤਮਾਨ ਯੁੱਗ ਵਿਚ ਸਰਮਾਏਦਾਰਾ ਪ੍ਰਣਾਲੀ ਹੀ ਮਨੁੱਖਤਾ ਨੂੰ ਤੀਜੀ ਸੰਸਾਰ ਜੰਗ ਵੱਲ ਧਕੇਲ ਰਹੀ ਹੈ। ਉਹਨਾਂ ਮੌਜੂਦਾ ਮੱਧ-ਏਸ਼ੀਆ ਦੇ ਸੰਕਟ ਬਾਰੇ ਵਿਸਥਾਰ ਵਿਚ ਚਾਨਣਾ ਪਾਇਆ। ਇਸ ਸਮਾਗਮ ਦੇ ਮੁੱਖ ਮਹਿਮਾਨ ਸ਼੍ਰੀ ਜਤਿੰਦਰ ਨਾਥ ਸ਼ਰਮਾ ਜਨਰਲ ਸਕੱਤਰ, ਐੱਸ. ਡੀ. ਕਾਲਜ ਵਿੱਦਿਅਕ ਸੰਸਥਾਵਾਂ, ਬਰਨਾਲਾ ਨੇ ਦੋਹਾਂ ਬੁਲਾਰਿਆਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਵਰਤਮਾਨ ਦੌਰ ਵਿਚ ਅਜਿਹੇ ਚਿੰਤਕਾਂ ਦੀ ਲੋੜ ਹੈ ਜਿਹੜੇ ਦੁਨੀਆਵੀ ਸੰਕਟਾਂ ਨੂੰ ਸਮਝਣ ਤੇ ਮਨੁੱਖਤਾ ਨੂੰ ਜੰਗ ਦੇ ਮਾਰੂ ਪ੍ਰਭਾਵਾਂ ਤੋਂ ਬਚਣ ਦੇ ਰਾਹ ਕੱਢ ਸਕਣ। ਅਖ਼ੀਰ ਵਿਚ ਸ਼੍ਰੀ ਹਰਦਿਆਲ ਸਿੰਘ ਅੱਤਰੀ ਡਾਇਰੈਕਟਰ, ਐੱਸ. ਡੀ. ਕਾਲਜ ਵਿੱਦਿਅਕ ਸੰਸਥਾਵਾਂ, ਬਰਨਾਲਾ ਨੇ ਆਏ ਬੁਲਾਰਿਆਂ ਅਤੇ ਸ਼ਹਿਰ ਦੇ ਆਏ ਸਾਹਿਤਕਾਰਾਂ ਤੇ ਵਿਦਵਾਨਾਂ ਦਾ ਧੰਨਵਾਦ ਕੀਤਾ। ਇਸ ਸਮਾਗਮ ਦੀ ਪ੍ਰਧਾਨਗੀ ਸ਼੍ਰੀ ਨਰੇਸ਼ ਸਿੰਗਲਾ ਪ੍ਰਧਾਨ, ਐੱਸ ਡੀ ਕਾਲਜ ਵਿੱਦਅਕ ਸੰਸਥਾਵਾਂ ਨੇ ਕੀਤੀ। ਇਸ ਪ੍ਰੋਗਰਾਮ ਦਾ ਮੰਚ ਸੰਚਾਲਨ ਡਾ. ਤਰਸਪਾਲ ਕੌਰ ਮੁਖੀ, ਪੰਜਾਬੀ ਵਿਭਾਗ ਨੇ ਕੀਤਾ। ਸਮਾਗਮ ਵਿਚ ਗ਼ਦਰੀ ਸ਼ਹੀਦ ਰਹਿਮਤ ਅਲੀ ਵਜੀਦਕੇ ਨੂੰ ਸਮਰਪਿਤ ਇੱਕ ਯਾਦਗਾਰ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ। ਇਸ ਮੌਕੇ ਪ੍ਰਿੰਸੀਪਲ ਡਾ. ਰਮਾ ਸ਼ਰਮਾ, ਪ੍ਰੋ. ਕੁਲਭੂਸ਼ਨ ਰਾਣਾ ਇੰਚਾਰਜ ਆਈ.ਕਿਊ.ਏ.ਸੀ, ਵੱਖ-ਵੱਖ ਵਿਭਾਗਾਂ ਦੇ ਪ੍ਰੋਫੈਸਰ ਸਾਹਿਬਾਨ, ਪ੍ਰਿੰਸੀਪਲ ਡਾ. ਤਪਨ ਕੁਮਾਰ ਸਾਹੂ, ਪ੍ਰਿੰਸੀਪਲ ਡਾ. ਵਿਜੈ ਬਾਂਸਲ, ਪ੍ਰਿੰਸੀਪਲ ਕਸ਼ਮੀਰ ਸਿੰਘ, ਡਾ. ਤੇਜਾ ਸਿੰਘ ਤਿਲਕ, ਮਾਸਟਰ ਰਾਮ ਸਰੂਪ ਸ਼ਰਮਾ, ਮੇਜਰ ਸਿੰਘ ਸਹੌਰ, ਲਛਮਣ ਦਾਸ ਮੁਸਾਫਿਰ, ਡਾ. ਹਰਭਗਵਾਨ, ਭੋਲਾ ਸਿੰਘ ਸੰਘੇੜਾ, ਰਾਜਿੰਦਰ ਸੌਂਕੀ, ਸੁਦਰਸ਼ਨ ਗੁੱਡੂ, ਤਰਸੇਮ, ਡਾ. ਸੁਰਿੰਦਰ ਭੱਠਲ, ਸੁਰਿੰਦਰਪਾਲ ਸਿੰਘ, ਇਕਬਾਲ ਕੌਰ ਉਦਾਸੀ, ਸਮੁੱਚੇ ਪੰਜਾਬੀ ਵਿਭਾਗ ਤੋਂ ਇਲਾਵਾ, ਅਦਾਰਾ 'ਸਮਾਜ ਤੇ ਪੱਤਰਕਾਰ' ਦੀ ਪੂਰੀ ਟੀਮ ਆਦਿ ਹਾਜ਼ਰ ਸਨ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਟੂ ਵਿਖੇ ਮਾਪੇ-ਅਧਿਆਪਕ ਮਿਲਣੀ




ਬਰਨਾਲਾ, 29 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬ ਸਰਕਾਰ ਵੱਲੋਂ ਪ੍ਰਾਪਤ ਹਦਾਇਤਾਂ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਟੂ ਵਿਖੇ ਮੈਗਾ ਪੀਟੀਐਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਪੀਟੀਐਮ ਵਿੱਚ ਪਿੰਡ ਦੇ ਕਈ ਪਤਵੰਤੇ ਸੱਜਣਾਂ ਨੇ ਵੀ ਭਾਗ ਲਿਆ ਅਤੇ ਸਭ ਨੇ ਮਿਲ ਕੇ ਸਕੂਲ ਦੀ ਬੇਹਤਰੀ ਲਈ, ਦਾਖਲੇ ਵਧਾਉਣ ਲਈ ਅਤੇ ਵਿਦਿਆਰਥੀਆਂ ਦੀ ਭਲਾਈ ਲਈ ਭਵਿੱਖ ਵਿੱਚ ਕੀਤੇ ਜਾਣ ਵਾਲੇ ਉਪਰਾਲਿਆਂ ਸਬੰਧੀ ਵਿਚਾਰ ਚਰਚਾ ਕੀਤੀ।ਇਸ ਸਮੇਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮੈਡਮ ਜਸਪਾਲ ਕੌਰ ਨੇ ਕਿਹਾ ਕਿ ਸਾਨੂੰ ਆਪਣੀਆਂ ਗਲਤੀਆਂ ਤੋਂ ਸਬਕ ਸਿੱਖ ਕੇ ਭਵਿੱਖ ਦੀ ਤਿਆਰੀ ਕਰਨੀ ਚਾਹੀਦੀ ਹੈ। ਇਸ ਸਮੇਂ ਸਰਦਾਰ ਦਲਵਿੰਦਰ ਸਿੰਘ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਬਿਜਨਸ ਬਲਾਸਟਰ ਸਬੰਧੀ ਜਾਣਕਾਰੀ ਦਿੱਤੀ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਰੁਪਿੰਦਰ ਸਿੰਘ ਨੇ ਸਾਰੇ ਮਾਪਿਆਂ ਅਤੇ ਪਤਵੰਤੇ ਸੱਜਣਾਂ ਦਾ ਧੰਨਵਾਦ ਕਰਦੇ ਹੋਏ ਵਿਦਿਆਰਥੀਆਂ ਨੂੰ ਚੰਗੇ ਨਤੀਜੇ ਲਈ ਵਧਾਈ ਦਿੱਤੀ। ਮੰਚ ਸੰਚਾਲਨ ਲਖਵੀਰ ਸਿੰਘ ਧਨੇਸਰ ਨੇ ਕੀਤਾ। ਇਸ ਮੌਕੇ ਉੱਘੇ ਸਮਾਜ ਸੇਵੀ ਪ੍ਰੇਮ ਕੁਮਾਰ, ਮੁਹੰਮਦ ਸਾਹਿਬਦੀਨ, ਚੇਅਰਮੈਨ ਐਸਐਮਸੀ, ਸਰਦਾਰ ਮਲਕੀਤ ਸਿੰਘ, ਮੈਂਬਰ ਐਸਐਮਸੀ ਅਤੇ ਪਿੰਡ ਦੇ ਹੋਰ ਪਤਵੰਤੇ ਸੱਜਣਾਂ ਤੋਂ ਇਲਾਵਾ ਸਮੂਹ ਸਟਾਫ਼ ਹਾਜ਼ਰ ਸੀ।

# ਅੱਜ ਬਰਨਾਲਾ ਦੇ ਕਈ ਇਲਾਕਿਆਂ ਵਿੱਚ 11 ਕੇ.ਵੀ. ਫੀਡਰ ਦੀ ਮੁਰੰਮਤ ਕਾਰਨ ਬਿਜਲੀ ਰਹੇਗੀ ਬੰਦ

ਬਰਨਾਲਾ, 29 ਮਾਰਚ (ਬਘੇਲ ਸਿੰਘ ਧਾਲੀਵਾਲ): ਸ਼ਹਿਰ ਨਿਵਾਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮਿਤੀ 30 ਮਾਰਚ 2026 ਦਿਨ ਸੋਮਵਾਰ ਨੂੰ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ 11 ਕੇ.ਵੀ. ਫੀਡਰ ਬਾਜਾਖਾਨਾ ਰੋਡ ਦੀ ਬਾਈਫਰਕੇਸ਼ਨ ਦੇ ਕੰਮ ਕਾਰਨ ਬਿਜਲੀ ਸਪਲਾਈ ਬੰਦ ਰਹੇਗੀ। ਇਸ ਕਾਰਨ ਇਸ ਇਲਾਕੇ ਦੇ ਵਸਨੀਕਾਂ ਨੂੰ ਦਿਨ ਭਰ ਬਿਜਲੀ ਸਪਲਾਈ ਵਿੱਚ ਵਿਘਨ ਦਾ ਸਾਹਮਣਾ ਕਰਨਾ ਪਵੇਗਾ। ਪਾਵਰਕਾਮ ਦੇ ਅਧਿਕਾਰੀਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲਾਂ ਇਹ ਸਪਲਾਈ 29 ਮਾਰਚ ਨੂੰ ਬੰਦ ਹੋਣੀ ਸੀ, ਪਰੰਤੂ ਕੁਝ ਤਕਨੀਕੀ ਕਾਰਨਾਂ ਕਰਕੇ ਇਹ ਕੰਮ ਉਸ ਦਿਨ ਨਹੀਂ ਹੋ ਸਕਿਆ। ਹੁਣ ਇਹ ਕੰਮ 30 ਮਾਰਚ ਨੂੰ ਕੀਤਾ ਜਾਵੇਗਾ।

ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਬਿਜਲੀ ਬੰਦ ਰਹਿਣ ਦੇ ਸਮੇਂ ਦੌਰਾਨ ਜ਼ਰੂਰੀ ਪ੍ਰਬੰਧ ਪਹਿਲਾਂ ਹੀ ਕਰ ਲੈਣ ਅਤੇ ਪਾਵਰਕਾਮ ਦੇ ਕੰਮ ਵਿੱਚ ਸਹਿਯੋਗ ਦੇਣ। ਢੱਲਾ ਨਗਰ, ਸਕਤੀ ਨਗਰ ਗਲੀ ਨੰ. 1, 2, 3, ਵੇਸਟ ਸਿਟੀ, ਭੈਣੀ ਬਸਤੀ ਇਲਾਕਿਆਂ ਵਿੱਚ ਬਿਜਲੀ ਬੰਦ ਰਹੇਗੀ।

ਇਹ ਜਾਣਕਾਰੀ ਸਹਾਇਕ ਕਾਰਜਕਾਰੀ ਇੰਜੀਨੀਅਰ, ਵੰਡ ਉਪ ਮੰਡਲ ਬਰਨਾਲਾ ਵੱਲੋਂ ਜਾਰੀ ਕੀਤੀ ਗਈ ਹੈ।

# ਹਿਮਾਂਸ਼ੂ ਦਾਨੀਆ ਯਾਦਗਾਰੀ ਸਿਲਾਈ ਸੈਂਟਰ ਦੇ 20ਵੇਂ ਸੈਸ਼ਨ ਦਾ ਉਦਘਾਟਨ



ਬਰਨਾਲਾ, 29 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਸੂਰਿਆਵੰਸੀ ਖੱਤਰੀ ਸਭਾ (ਰਜਿ:) ਬਰਨਾਲਾ ਵੱਲੋਂ ਚਲਾਏ ਜਾ ਰਹੇ ਹਿਮਾਂਸ਼ੂ ਦਾਨੀਆ ਯਾਦਗਾਰੀ ਸਲਾਈ ਸੈਂਟਰ ਦੇ 20ਵੇਂ ਬੈਚ ਦਾ ਉਦਘਾਟਨ ਗੁਰਦੁਆਰਾ ਗੁਰੂ ਰਵਿਦਾਸ ਜੀ ਰਾਹੀਂ ਬਸਤੀ ਬਰਨਾਲਾ ਵਿਖੇ ਚਿੱਤਰਕੋਟ ਤੋਂ ਪਹੁੰਚੇ ਸੰਤ ਅਚਾਰੀਆ ਵੈਂਕਟੇਸ਼ ਜੀ ਅਤੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਪਾਲ ਇੰਦਰ ਸਿੰਘ ਰਾਹੀ ਨੇ ਕੀਤਾ। ਇਸ ਮੌਕੇ ਬੋਲਦਿਆਂ ਸਭਾ ਦੇ ਸਰਪ੍ਰਸਤ ਸੁਖਵਿੰਦਰ ਸਿੰਘ ਭੰਡਾਰੀ ਨੇ ਕਿਹਾ ਕਿ ਸਿਲਾਈ ਸੈਂਟਰ ਸੂਰਿਆਵੰਸੀ ਖੱਤਰੀ ਸਭਾ ਬਰਨਾਲਾ ਵੱਲੋਂ ਚਲਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਇਸ ਮੌਕੇ ਸੋਸਾਇਟੀ ਵੱਲੋਂ ਚਲਾਏ ਜਾ ਰਹੇ ਹੋਰ ਸਮਾਜਿਕ ਕੰਮਾਂ ਬਾਰੇ ਵੀ ਚਾਨਣਾ ਪਾਇਆ। ਉਹਨਾਂ ਦੱਸਿਆ ਕਿ ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਐਂਡ ਸਿਵਲ ਸੁਸਾਇਟੀ ਵੱਲੋਂ ਇਸ ਸਿਲਾਈ ਸੈਂਟਰ ਦੇ ਵਧੀਆ ਸੰਚਾਲਨ ਦੇ ਲਈ ਯੋਗਦਾਨ ਦਿੱਤਾ ਜਾ ਰਿਹਾ ਹੈ। ਮਿਤੀ 1 ਅਪ੍ਰੈਲ 2026 ਤੋਂ 31 ਮਾਰਚ 2027 ਤੱਕ ਇਹ ਸੈਸ਼ਨ ਚੱਲੇਗਾ। ਹੁਣ ਤੱਕ ਸਿਲਾਈ ਸੈਂਟਰ ਚ 30 ਲੜਕੀਆਂ ਦਾਖ਼ਲ ਹੋ ਚੁੱਕੀਆਂ ਹਨ ਅਤੇ ਸਿਲਾਈ ਟੀਚਰ ਹਰਜਿੰਦਰ ਕੌਰ ਕਾਤਰੋਂ ਵੱਲੋਂ ਇਹਨਾਂ ਲੜਕੀਆਂ ਨੂੰ ਬਹੁਤ ਹੀ ਵਧੀਆ ਢੰਗ ਨਾਲ ਸਿਲਾਈ ਦੀ ਟ੍ਰੇਨਿੰਗ ਦਿੱਤੀ ਜਾਂਦੀ ਹੈ। ਸਿਲਾਈ ਸੈਂਟਰ ਦੇ ਇੰਚਾਰਜ ਨੀਰਜ ਬਾਲਾ ਦਾਨੀਆ ਨੇ ਕਿਹਾ ਕਿ ਸਿਲਾਈ ਸੈਂਟਰ ਬਿਲਕੁਲ ਮੁਫ਼ਤ ਚਲਾਇਆ ਜਾ ਰਿਹਾ ਹੈ। ਕਿਸੇ ਵੀ ਲੜਕੀ ਤੋਂ ਕਿਸੇ ਵੀ ਪ੍ਰਕਾਰ ਦੀ ਕੋਈ ਫ਼ੀਸ ਵਗੈਰਾ ਨਹੀਂ ਲਈ ਜਾਂਦੀ ਉਹਨਾਂ ਅੱਗੇ ਕਿਹਾ ਕਿ ਇਸ ਸਿਲਾਈ ਸਿੱਖਣ ਚ ਜਿਹੜੀਆਂ ਲੜਕੀਆਂ ਪਹਿਲੀਆਂ ਤਿੰਨ ਪੁਜੀਸ਼ਨ 'ਤੇ ਆਉਣਗੀਆਂ ਉਹਨਾਂ ਨੂੰ ਸਿਲਾਈ ਮਸ਼ੀਨਾਂ ਭੇਂਟ ਕਰਕੇ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਜੀਤ ਸਿੰਘ, ਸ਼ੋਮਾ ਭੰਡਾਰੀ, ਜਸਵਿੰਦਰ ਕੌਰ ਜਟਾਣਾ, ਮੋਨਿਕਾ ਗਰਗ, ਅਸ਼ਵਨੀ ਕੁਮਾਰ ਸ਼ਰਮਾ , ਪੀ ਡੀ ਸ਼ਰਮਾ, ਕੇਵਲ ਕ੍ਰਿਸ਼ਨ ਗਰਗ, ਦੀਪ ਚੰਦ ਬਾਂਸਲ, ਮਹਿੰਦਰ ਪਾਲ ਗਰਗ, ਮੋਨਿਕਾ ਗਰਗ, ਹਰਮਨਜੀਤ ਸਿੰਘ ਰੁਪਾਲ, ਰਾਕੇਸ਼ ਗਰਗ, ਰਾਕੇਸ਼ ਜਿੰਦਲ, ਜਗਸੀਰ ਸਿੰਘ ਮਾਛੀਕੇ, ਬਬੀਤਾ ਜਿੰਦਲ, ਸਿਲਾਈ ਸੈਂਟਰ ਦੀ ਟੀਚਰ ਹਰਜਿੰਦਰ ਕੌਰ ਕਾਤਰੋਂ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# 'ਬੋਲ ਨਾ ਉੱਚੇ ਬੋਲ' ਅਤੇ 'ਇਸ਼ਕ ਦੇ ਵਣਜਾਰੇ' ਪੁਸਤਕਾਂ ਲੋਕ ਅਰਪਣ



ਬਰਨਾਲਾ, 29 ਮਾਰਚ (ਬਘੇਲ ਸਿੰਘ ਧਾਲੀਵਾਲ) : ਪੰਜਾਬੀ ਸਾਹਿਤ ਸਭਾ ਰਜਿ.ਬਰਨਾਲਾ ਵੱਲੋਂ ਸਕੂਲ ਆਫ ਐਮੀਨੈਂਸ ਬਰਨਾਲਾ ਵਿਖੇ ਪ੍ਰਸਿੱਧ ਖੋਜੀ ਵਿਦਵਾਨ ਜਰਨੈਲ ਸਿੰਘ ਅੱਚਰਵਾਲ ਦੇ ਕਾਵਿ ਸੰਗ੍ਰਹਿ *ਬੋਲ ਨਾ ਉੱਚੇ ਬੋਲ* ਅਤੇ ਡਾ.ਜਵਾਲਾ ਸਿੰਘ ਮੌੜ ਦੀ ਪੁਸਤਕ ਇਸ਼ਕ ਦੇ ਵਣਜਾਰੇ* ਦਾ ਲੋਕ ਅਰਪਣ ਕੀਤਾ ਗਿਆ। ਜਰਨੈਲ ਸਿੰਘ ਅੱਚਰਵਾਲ ਦੇ ਕਾਵਿ ਸੰਗ੍ਰਹਿ ਵਿਚ ਬਾਰੇ ਬੋਲਦਿਆਂ ਡਾਕਟਰ ਸੰਪੂਰਨ ਸਿੰਘ ਟੱਲੇਵਾਲੀਆ ਨੇ ਕਿਹਾ ਜਰਨੈਲ ਸਿੰਘ ਅਚਰਵਾਲ ਜਿੱਥੇ ਇਤਿਹਾਸ ਦਾ ਖੋਜੀ ਵਿਦਵਾਨ ਹੈ ਉਥੇ ਉਸ ਦੀ ਕਵਿਤਾ ਲੋਕ ਹਿੱਤਾਂ ਦੀ ਗੱਲ ਕਰਦੀ ਯਥਾਰਥ ਦੇ ਨੇੜੇ ਹੈ ਜਵਾਲਾ ਸਿੰਘ ਮੌੜ ਦੇ ਕਿੱਸਾ ਕਾਵਿ ਇਸ਼ਕ ਦੇ ਵਣਜਾਰੇ ਬਾਰੇ ਬੋਲਦਿਆਂ ਸਾਹਿਤ ਸਭਾ ਦੇ ਪ੍ਰਧਾਨ ਤੇਜਾ ਸਿੰਘ ਤਿਲਕ ਨੇ ਕਿਹਾ ਕਿ ਇਸ ਸੰਗ੍ਰਹਿ ਵਿਚ ਇਸ਼ਕ ਦੇ ਹਕੀਕੀ ਤੇ ਮਿਜਾਜੀ ਸਰੂਪ ਨੂੰ ਬਾਖੂਬੀ ਚਿਤਰਿਆ ਹੈ। ਉਪਰੰਤ ਹੋਏ ਕਵੀ ਦਰਬਾਰ ਵਿੱਚ ਰਾਮ ਸਰੂਪ ਸ਼ਰਮਾਂ, ਡਾ.ਸੰਪੂਰਨ ਸਿੰਘ ਟੱਲਵਾਲੀਆ ਡਾ ਭੁਪਿੰਦਰ ਸਿੰਘ ਬੇਦੀ, ਡਾ ਸੁਰਿੰਦਰ ਭੱਠਲ, ਕੈਪਟਨ ਦਰਬਾਰਾ ਸਿੰਘ ਪੱਖੋਕੇ ਚਮਕੌਰ ਸਿੰਘ ਸੇਖੋਂ, ਤੇਜਿੰਦਰ ਚੰਡਿਹੋਕ, ਸਰੂਪ ਚੰਦ ਹਰੀਗੜ, ਮਹਿੰਦਰ ਸਿੰਘ ਰਾਹੀ, ਮੇਜਰ ਸਿੰਘ ਸਹੌਰ, ਹਾਕਮ ਸਿੰਘ ਰੂੜੇਕੇ, ਜਗਤਾਰ ਸਿੰਘ ਜਜ਼ੀਰਾ, ਡਾ.ਅਮਨਦੀਪ ਸਿੰਘ ਟੱਲੇਵਾਲੀਆ ਗੁਰਚਰਨ ਸਿੰਘ ਦਾਨਗੜ ਗੁਰਪ੍ਰੀਤ ਸਿੰਘ ਮੌੜ ਜਸਕਰਨ ਸਿੰਘ ਮੌੜ ਗੁਰਲਾਲ ਸਿੰਘ ਮੌੜ ਚਰਨ ਸਿੰਘ ਭੋਲਾ ਜਾਗਲ, ਸੁਦਰਸ਼ਨ ਗੁਡੂ, ਰਘਬੀਰ ਸਿੰਘ ਗਿੱਲ ਕੱਟੂ ਨੇ ਆਪਣੇ ਗੀਤ ਅਤੇ ਕਵਿਤਾਵਾਂ ਪੇਸ਼ ਕੀਤੀਆਂ। ਸਮੁੱਚੇ ਸਮਾਗਮ ਦਾ ਮੰਚ ਸੰਚਾਲਨ ਸਭਾ ਦੇ ਪ੍ਰਧਾਨ ਤੇਜਾ ਸਿੰਘ ਤਿਲਕ ਨੇ ਬਾਖੂਬੀ ਨਿਭਾਇਆ।

# ਸਿੱਖਿਆਤਮਕ ਯਾਤਰਾ ਰਾਹੀਂ ਵਾਈਐਸ ਕਾਲਜ ਵੱਲੋਂ ਸਰਵਾਂਗੀਣ ਸਿੱਖਿਆ ਨੂੰ ਪ੍ਰੋਤਸਾਹਨ



ਬਰਨਾਲਾ, 29 ਮਾਰਚ (ਹਮੀਰ ਸਿੰਘ) : ਵਾਈ.ਐਸ ਕਾਲਜ, ਜਿਸ ਨੂੰ ਸਾਲ ਦਾ ਸਭ ਤੋਂ ਉਭਰਦਾ ਉੱਚ ਸਿੱਖਿਆ ਸੰਸਥਾਨ ਵਜੋਂ ਸਨਮਾਨਿਤ ਕੀਤਾ ਗਿਆ ਹੈ। ਕਲਾਸਰੂਮ ਸਿੱਖਿਆ ਤੋਂ ਇਲਾਵਾ ਵਿਦਿਆਰਥੀਆਂ ਨੂੰ ਅਨੁਭਵੀ ਸਿੱਖਣ ਦੇ ਮੌਕੇ ਪ੍ਰਦਾਨ ਕਰਦਾ ਹੋਇਆ ਅਕਾਦਮਿਕ ਅਤੇ ਸੱਭਿਆਚਾਰਕ ਵਿਕਾਸ ਲਈ ਲਗਾਤਾਰ ਯਤਨਸ਼ੀਲ ਹੈ। 28 ਮਾਰਚ ਨੂੰ ਸੰਸਥਾ ਦੀ ਮਨਾਲੀ ਅਤੇ ਮਣਕੀਰਨ ਸਾਹਿਬ ਲਈ ਆਯੋਜਿਤ ਬਹੁਪ੍ਰਤੀਕਸ਼ਿਤ ਸਿੱਖਿਆਤਮਕ ਅਤੇ ਆਧਿਆਤਮਿਕ ਯਾਤਰਾ ਦੇ ਪਹਿਲੇ ਦਿਨ ਦੀ ਸ਼ੁਰੂਆਤ ਹੋਈ, ਜਿਸ ਦਾ ਉਦੇਸ਼ ਸੱਭਿਆਚਾਰਕ ਜਾਗਰੂਕਤਾ, ਆਧਿਆਤਮਿਕ ਸਿੱਖਿਆ ਅਤੇ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਨੂੰ ਪ੍ਰੋਤਸਾਹਿਤ ਕਰਨਾ ਸੀ। 50 ਵਿਦਿਆਰਥੀਆਂ ਦਾ ਜਥਾ ਬਹੁਤ ਉਤਸ਼ਾਹ ਅਤੇ ਖੁਸ਼ੀ ਨਾਲ ਕਾਲਜ ਕੈਂਪਸ ਤੋਂ ਰਵਾਨਾ ਹੋਇਆ। ਇਸ ਯਾਤਰਾ ਦੌਰਾਨ ਜਸਦੀਪ ਕੌਰ (ਕਲਚਰਲ ਕੋਆਰਡੀਨੇਟਰ), ਹਰਮਨਪ੍ਰੀਤ ਕੌਰ, ਗੁਰਦੀਪ ਸਿੰਘ ਅਤੇ ਇੰਟਰਨ ਫੈਕਲਟੀ ਮੋਹਿਤ ਨੇ ਵਿਦਿਆਰਥੀਆਂ ਦੀ ਰਹਿਨੁਮਾਈ ਕਰਦੇ ਹੋਏ ਪੂਰੀ ਯਾਤਰਾ ਦੌਰਾਨ ਅਨੁਸ਼ਾਸਨ ਅਤੇ ਸੁਰੱਖਿਆ ਨੂੰ ਯਕੀਨੀ ਬਣਾਇਆ। ਯਾਤਰਾ ਦੌਰਾਨ ਜਥੇ ਨੇ ਇਤਿਹਾਸਕ ਅਤੇ ਧਾਰਮਿਕ ਮਹੱਤਤਾ ਵਾਲੇ ਸਿੱਖ ਤੀਰਥ ਸਥਾਨ ਅਨੰਦਪੁਰ ਸਾਹਿਬ ਵਿਖੇ ਨਤਮਸਤਕ ਹੋ ਕੇ ਦਰਸ਼ਨ ਕੀਤੇ। ਰਿਵਾਲਸਰ ਇੱਕ ਪਵਿੱਤਰ ਧਾਰਮਿਕ ਸਥਾਨ ਹੈ, ਜਿਸ ਨੂੰ ਹਿੰਦੂ, ਸਿੱਖ ਅਤੇ ਬੌਧ ਧਰਮਾਂ ਦੇ ਮਾਨਣ ਵਾਲੇ ਸਮਾਨ ਆਦਰ ਨਾਲ ਮੰਨਦੇ ਹਨ, ਜੋ ਧਾਰਮਿਕ ਏਕਤਾ ਅਤੇ ਸਾਂਝੀ ਸੱਭਿਆਚਾਰਕ ਵਿਰਾਸਤ ਦਾ ਪ੍ਰਤੀਕ ਹੈ। ਡਾਇਰੈਕਟਰ ਵਰੁਣ ਭਾਰਤੀ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਸਿੱਖਿਆਤਮਕ ਯਾਤਰਾਵਾਂ ਵਿਦਿਆਰਥੀਆਂ ਦੇ ਵਿਅਕਤਿਤਵ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ, ਕਿਉਂਕਿ ਇਹ ਵਿਦਿਆਰਥੀਆਂ ਨੂੰ ਅਸਲੀ ਜੀਵਨ ਅਨੁਭਵਾਂ ਨਾਲ ਜੋੜਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਇਤਿਹਾਸਕ ਅਤੇ ਧਾਰਮਿਕ ਸਥਾਨਾਂ ਦੇ ਦੌਰੇ ਨਾਲ ਇਕਤਾ, ਸਹਿਣਸ਼ੀਲਤਾ ਅਤੇ ਸੱਭਿਆਚਾਰਕ ਸਨਮਾਨ ਦੀ ਭਾਵਨਾ ਵਿਕਸਿਤ ਹੁੰਦੀ ਹੈ। ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ ਨੇ ਦੱਸਿਆ ਕਿ ਵਾਈਐਸ ਕਾਲਜ ਸਰਵਾਂਗੀਣ ਸਿੱਖਿਆ ਪ੍ਰਣਾਲੀ ਨੂੰ ਪ੍ਰਮੋਟ ਕਰਨ ਲਈ ਵਚਨਬੱਧ ਹੈ। ਵਾਈਸ ਪ੍ਰਿੰਸੀਪਲ ਵੀ.ਪੀ. ਸਿੰਗਲਾ ਨੇ ਵਿਦਿਆਰਥੀਆਂ ਦੇ ਉਤਸ਼ਾਹ ਅਤੇ ਫੈਕਲਟੀ ਦੀ ਸਮਰਪਿਤ ਭੂਮਿਕਾ ਦੀ ਪ੍ਰਸ਼ੰਸਾ ਕੀਤੀ। ਇਹ ਯਾਤਰਾ ਵਾਈਐਸ ਕਾਲਜ ਦੀ ਮੁੱਲ-ਅਧਾਰਿਤ ਸਿੱਖਿਆ ਅਤੇ ਭਾਰਤ ਦੀ ਵਿਭਿੰਨ ਸੱਭਿਆਚਾਰਕ ਪਰੰਪਰਾਵਾਂ ਨਾਲ ਵਿਦਿਆਰਥੀਆਂ ਨੂੰ ਜੋੜਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਆਉਣ ਵਾਲੇ ਦਿਨਾਂ ਵਿੱਚ ਜਥਾ ਮਨਾਲੀ ਅਤੇ ਮਣਿਕਰਨ ਸਾਹਿਬ ਵੱਲ ਅੱਗੇ ਵਧੇਗਾ, ਜਿੱਥੇ ਵਿਦਿਆਰਥੀਆਂ ਨੂੰ ਹੋਰ ਵੀ ਮਹੱਤਵਪੂਰਨ ਅਨੁਭਵ ਪ੍ਰਾਪਤ ਹੋਣਗੇ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾ ਸਾਲਾਨਾ ਨਤੀਜਾ 100 ਫ਼ੀਸਦੀ ਰਿਹਾ



ਭਦੌੜ, 29 ਮਾਰਚ (ਸੁਖਵਿੰਦਰ ਪਲਾਹਾ) : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਭਦੌੜ ਦਾ ਸਲਾਨਾ ਨਤੀਜਾ 100% ਰਿਹਾ ਅਤੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਦੌੜ ਸਿੱਖਿਆ ਦੇ ਉੱਚੇ ਮਿਆਰ ਵਾਲੇ ਮੋਹਰੀ ਸਕੂਲਾਂ ਦੀ ਲਿਸਟ ਵਿੱਚ ਸ਼ਾਮਿਲ ਹੋ ਗਿਆ ਹੈ। ਸਕੂਲ ਦੇ ਪ੍ਰਿੰਸੀਪਲ ਮੇਜਰ ਸਿੰਘ ਨੇ ਕਿਹਾ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਦੌੜ ਦੇ ਆਏ ਸ਼ਾਨਦਾਰ ਨਤੀਜੇ ਅਧਿਆਪਕ ਅਤੇ ਬੱਚਿਆਂ ਦੇ ਆਪਸੀ ਤਾਲਮੇਲ ਅਤੇ ਵਧੀਆ ਕਰਕੇ ਸਕੂਲ ਦੇ ਨਤੀਜੇ 100% ਆਏ ਹਨ। ਉਹਨਾਂ ਕਿਹਾ ਕਿ ਅੱਜ ਜਿਹੜੇ ਬੱਚਿਆਂ ਨੇ ਵਧੀਆ ਪੁਜੀਸ਼ਨਾਂ ਹਾਸਿਲ ਕੀਤੀਆਂ ਹਨ, ਉਹਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਹੈ ਅਤੇ ਉਹਨਾਂ ਬੱਚਿਆਂ ਦੇ ਮਾਂ ਪਿਓ ਨੂੰ ਵੀ ਸਕੂਲ ਵਿੱਚ ਬੁਲਾਇਆ ਗਿਆ ਤਾਂ ਕਿ ਉਹਨਾਂ ਦੇ ਬੱਚਿਆਂ ਪ੍ਰਤੀ ਕੀ ਫਰਜ਼ ਹਨ, ਉਸ ਸਬੰਧੀ ਮਾਪਿਆਂ ਨੂੰ ਜਾਗਰੂਕ ਕੀਤਾ ਜਾ ਸਕੇ ਅਤੇ ਬੱਚੇ ਹਰ ਇੱਕ ਫੀਲਡ ਵਿੱਚ ਕਿਸ ਤਰ੍ਹਾਂ ਅੱਗੇ ਜਾ ਸਕਦੇ ਹਨ। ਉਹਨਾਂ ਬਾਰੇ ਜਾਣਕਾਰੀ ਵੀ ਦਿੱਤੀ ਗਈ। ਪ੍ਰਿੰਸੀਪਲ ਮੇਜਰ ਸਿੰਘ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਡੇ ਸਕੂਲ ਦੇ ਅਧਿਆਪਕ ਪੂਰੀ ਮਿਹਨਤ ਅਤੇ ਲਗਨ ਨਾਲ ਬੱਚਿਆਂ ਦੀ ਪੜ੍ਹਾਈ ਕਰਵਾਉਂਦੇ ਹਨ ਅਤੇ ਅਨੁਸ਼ਾਸਨ ਨੂੰ ਕਾਇਮ ਰੱਖ ਕੇ ਬੱਚਿਆਂ ਨਾਲ ਦੋਸਤਾਨਾ ਮਾਹੌਲ ਪੈਦਾ ਕਰਕੇ ਉਹਨਾਂ ਨੂੰ ਅੱਗੇ ਵਧਣ ਦੀ ਪ੍ਰੇਰਨਾ ਦਿੰਦੇ ਰਹਿੰਦੇ ਹਨ। ਉਹਨਾਂ ਕਿਹਾ ਕਿ ਬਾਰਵੀਂ ਤੋਂ ਬਾਅਦ ਬੱਚੇ ਕਿਸ ਫੀਲਡ ਵਿੱਚ ਅੱਗੇ ਜਾ ਸਕਦੇ ਨੇ ਉਹਨਾਂ ਬਾਰੇ ਬੱਚਿਆਂ ਨੂੰ ਜਾਣਕਾਰੀ ਦੇਣ ਲਈ ਸਮੇਂ-ਸਮੇਂ ਸਿਰ ਸਕੂਲ ਅੰਦਰ ਸਮਾਗਮ ਕਰਵਾਏ ਜਾਂਦੇ ਹਨ ਤਾਂ ਕਿ ਸਰਕਾਰੀ ਸਕੂਲ ਦੇ ਬੱਚੇ ਮਹਿੰਗੀਆਂ ਫੀਸਾਂ ਵਾਲੇ ਇੰਗਲਿਸ਼ ਮੀਡੀਅਮ ਵਾਲੇ ਸਕੂਲਾਂ ਤੋਂ ਅੱਗੇ ਹੋ ਕੇ ਆਪਣੇ ਮਾਂ ਪਿਓ ਅਤੇ ਸਕੂਲ ਦਾ ਨਾਮ ਉੱਚਾ ਕਰ ਸਕਣ। ਇਸ ਮੌਕੇ ਹੇਮ ਰਾਜ ਸ਼ਰਮਾ, ਮਾਸਟਰ ਬਲਵਿੰਦਰ ਸਿੰਘ, ਚੇਅਰਮੈਨ ਮੋਨੂ ਸ਼ਰਮਾ, ਮੈਂਬਰ ਰਾਜਿੰਦਰ ਸਿੰਘ ਆਦਿ ਤੋਂ ਇਲਾਵਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਦੌੜ ਦਾ ਸਮੂਹ ਸਟਾਫ ਵੀ ਮੌਜੂਦ ਸੀ।

# ਪੁਰਾਣੀ ਬਿਲਡਿੰਗ 'ਚ ਹੋਇਆ ਆਯੂਸ਼ਮਾਨ ਅਰੋਗਿਆ ਕੇਂਦਰ ਭਦੌੜ ਦਾ ਉਦਘਾਟਨ




ਭਦੌੜ, 29 ਮਾਰਚ (ਸੁਖਵਿੰਦਰ ਪਲਾਹਾ): ਸਰਕਾਰੀ ਹਸਪਤਾਲ ਭਦੌੜ ਵਿਖੇ ਨਵੇਂ ਖੁੱਲ੍ਹੇ ਆਯੁਸ਼ਮਾਨ ਅਰੋਗਿਆ ਕੇਂਦਰ ਭਦੌੜ ਦਾ ਉਦਘਾਟਨ ਆਨਲਾਈਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੀਤਾ ਗਿਆ ਹੈ।ਜਿਸ ਵਿੱਚ ਡਾ ਬੰਕੇ ਬਿਹਾਰੀ ਗੋਇਲ, ਡਾ. ਹਰਪ੍ਰੀਤ ਕੌਰ, ਅੰਮ੍ਰਿਤ ਸਿੰਘ ਢਿਲਵਾਂ ਚੇਅਰਮੈਨ ਮਾਰਕੀਟ ਕਮੇਟੀ ਭਦੌੜ, ਜਗਦੀਪ ਸਿੰਘ ਜੱਗੀ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਆਗੂ ਮੌਜੂਦ ਸਨ। ਇੱਥੇ ਜ਼ਿਕਰਯੋਗ ਹੈ ਕਿ ਜਿਸ ਬਿਲਡਿੰਗ ਵਿੱਚ ਆਯੁਸ਼ਮਾਨ ਅਰੋਗਿਆ ਕੇਂਦਰ ਦਾ ਉਦਘਾਟਨ ਕੀਤਾ ਗਿਆ ਹੈ। ਇਹ ਬਿਲਡਿੰਗ ਸਰਕਾਰੀ ਹਸਪਤਾਲ ਭਦੌੜ ਦੇ ਪਿਛਲੇ ਪਾਸੇ ਬਣੇ ਹੋਏ ਸਟਾਫ਼ ਦੇ ਲਈ ਰਿਹਾਇਸ਼ੀ ਦੋ ਕੁਆਰਟਰਾਂ ਨੂੰ ਤੁੱਥ-ਮੁੱਥ ਕਰਕੇ ਉਸ ਵਿੱਚ ਇਸ ਸੈਂਟਰ ਦਾ ਉਦਘਾਟਨ ਕੀਤਾ ਗਿਆ ਹੈ। ਇੱਥੇ ਆਮ ਲੋਕਾਂ ਨੂੰ ਇਹ ਵੀ ਦੱਸਣਾ ਬਣਦਾ ਹੈ ਕਿ ਪਿਛਲੇ ਸਮੇਂ ਵਿੱਚ ਬਾਰਿਸ਼ਾਂ ਦੇ ਦਿਨਾਂ ਵਿੱਚ ਇਹਨਾਂ ਕੁਆਰਟਰਾਂ ਵਿੱਚ ਪੰਜ-ਪੰਜ ਫੁੱਟ ਪਾਣੀ ਭਰ ਗਿਆ ਸੀ, ਪਰ ਅਗਰ ਆਉਣ ਵਾਲੇ ਸਮੇਂ ਵਿੱਚ ਇਹ ਸਥਿਤੀ ਦੁਬਾਰਾ ਬਣਦੀ ਹੈ, ਤਾਂ ਇਹ ਆਯੂਸ਼ਮਾਨ ਅਰੋਗਿਆ ਕੇਂਦਰ ਉੱਪਰ ਲਗਾਇਆ ਗਿਆ ਲੱਖਾਂ ਰੁਪਿਆ ਸਭ ਬਰਬਾਦ ਹੋ ਜਾਵੇਗਾ ਅਤੇ ਸਰਕਾਰ ਨੂੰ ਲੱਖਾਂ ਰੁਪਏ ਦਾ ਚੂਨਾ ਲੱਗ ਜਾਵੇਗਾ। ਜਦੋਂ ਇਸ ਸਬੰਧੀ ਪਹੁੰਚੇ ਆਮ ਆਦਮੀ ਪਾਰਟੀ ਦੇ ਆਗੂਆਂ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਪੁਰਾਣੀ ਬਿਲਡਿੰਗ ਦੇ ਟੈਂਡਰ ਹੋ ਚੁੱਕੇ ਹਨ ਉਸ ਨੂੰ ਢਾਹ ਕੇ ਨਵੇਂ ਹਸਪਤਾਲ ਦੀ ਉਸਾਰੀ ਜਲਦੀ ਹੋਵੇਗੀ ਪਰ ਅੱਜ ਆਯੂਸ਼ਮਾਨ ਅਰੋਗਿਆ ਕੇਂਦਰ ਦਾ ਉਦਘਾਟਨ ਭਦੌੜ ਵਿਖੇ ਚਰਚਾ ਵਿੱਚ ਰਿਹਾ, ਕਿਉਂਕਿ ਭਦੌੜ ਦੇ ਲੋਕਾਂ ਦੀ ਮੰਗ ਸੀ ਕਿ ਸਰਕਾਰੀ ਹਸਪਤਾਲ ਨੂੰ ਤਕਰੀਬਨ 25-26 ਪਿੰਡ ਲੱਗਦੇ ਹਨ । ਸਰਕਾਰੀ ਹਸਪਤਾਲ ਭਦੌੜ ਵਿਖੇ ਡਾਕਟਰਾਂ ਦੀਆਂ ਖਾਲੀ ਪਈਆਂ ਅਸਾਮੀਆਂ ਭਰੀਆਂ ਜਾਣ ਅਤੇ ਹਸਪਤਾਲ 24 ਘੰਟੇ ਖੁੱਲ੍ਹਾ ਰਹਿਣ ਚਾਹੀਦਾ ਹੈ।ਦੱਸਣਯੋਗ ਹੈ ਕਿ ਸਿਹਤ ਸਹੂਲਤਾਂ ਪੱਖੋਂ ਪੱਛੜੇ ਹੋਏ ਸ਼ਹਿਰ ਦੇ ਲੋਕ ਬਹੁਤ ਹੀ ਲੰਮੇ ਸਮੇਂ ਤੋਂ ਮੰਗ ਕਰ ਰਹੇ ਹਨ ਕਿ ਭਦੌੜ ਵਿਖੇ ਡਾਕਟਰੀ ਸਟਾਫ ਪੂਰਾ ਕੀਤਾ ਜਾਵੇ, ਅਗਰ ਰਾਤ ਸਮੇਂ ਜੇਕਰ ਕੋਈ ਘਟਨਾ ਵਾਪਰਦੀ ਹੈ ਤਾਂ ਗਰੀਬ ਲੋਕਾਂ ਨੂੰ ਬਰਨਾਲਾ, ਤਪਾ ਜਾ ਕਿਸੇ ਹੋਰ ਸ਼ਹਿਰ ਵੱਲ ਜਾਣਾ ਪੈਂਦਾ ਹੈ, ਇਸ ਲਈ ਅੱਜ ਲੋੜ ਹੈ ਇਸ ਆਯੂਸ਼ਮਾਨ ਅਰੋਗਿਆ ਕੇਂਦਰ ਦੀ ਨਹੀਂ ਬਲਕਿ ਸਰਕਾਰੀ ਹਸਪਤਾਲ ਵਿੱਚ ਡਾਕਟਰਾਂ ਦੀ ਘਾਟ ਪੂਰਾ ਕਰਨਾ ਅਤੇ ਐਮਰਜੈਂਸੀ 24 ਘੰਟੇ ਹਸਪਤਾਲ ਖੁੱਲ੍ਹਾ ਰੱਖਣ ਦੀ ਸੀ। ਜਦੋਂ ਇਸ ਸਬੰਧੀ ਸੀਨੀਅਰ ਕਾਂਗਰਸੀ ਆਗੂ ਸੁਖਵਿੰਦਰ ਸਿੰਘ ਧਾਲੀਵਾਲ ਸੂਬਾ ਸੈਕਟਰੀ ਕਿਸਾਨ ਸੈੱਲ ਕਾਂਗਰਸ ਹਲਕਾ ਭਦੌੜ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਸਪੱਸ਼ਟ ਕਿਹਾ ਕਿ ਇਹ ਕੇਂਦਰ ਸਰਕਾਰ ਦੀਆਂ ਸਕੀਮਾਂ ਨੂੰ ਪੰਜਾਬ ਸਰਕਾਰ ਪੁਰਾਣੀਆਂ ਬਿਲਡਿੰਗਾਂ ਉੱਪਰ ਰੰਗ ਰੋਗਨ ਕਰਕੇ 25-25 ਲੱਖ ਰੁਪਏ ਦੇ ਖਰਚੇ ਦਿਖਾ ਕੇ ਪੰਜਾਬ ਦੇ ਭੋਲ਼ੇ-ਭਾਲੇ ਲੋਕਾਂ ਨੂੰ ਗੁੰਮਰਾਹ ਕਰਨ ਦੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਚਾਰ ਸਾਲਾਂ ਦੇ ਸਮੇਂ ਵਿੱਚ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਸਰਕਾਰੀ ਹਸਪਤਾਲ ਭਦੌੜ ਨੂੰ ਅਪਗ੍ਰੇਡ ਕਰਨ ਦੀ ਅਤੇ ਡਾਕਟਰ ਅਤੇ ਹੋਰ ਸਟਾਫ ਨੂੰ ਪੂਰਾ ਕਰਨ ਦੀ ਤਾਂਕਿ ਇਸ ਪੱਛੜੇ ਖੇਤਰ ਵਿੱਚ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦਿੱਤੀਆਂ ਜਾ ਸਕਣ।

# ਫਰਵਾਹੀ ਵਿੱਚ ਮਕਾਨ ਡਿੱਗਣ ਨਾਲ ਤਿੰਨ ਨੌਜਵਾਨਾਂ ਦੀ ਦਰਦਨਾਕ ਮੌਤ, ਇੱਕ ਲਾਪਤਾ



ਬਰਨਾਲਾ, 29 ਮਾਰਚ (ਬਘੇਲ ਸਿੰਘ ਧਾਲੀਵਾਲ) : ਅੱਜ ਪਿੰਡ ਫਰਵਾਹੀ ਵਿਖੇ ਇਕ ਦਰਦਨਾਕ ਹਾਦਸਾ ਵਾਪਰ ਗਿਆ, ਜਿੱਥੇ ਵਿਸਾਲ ਪੁੱਤਰ ਜੀਵਨ ਕੁਮਾਰ ਵਾਸੀ ਫਰਵਾਹੀ ਦਾ ਮਕਾਨ, ਜੋ ਪਹਿਲਾਂ ਹੀ ਸੀਵਰੇਜ ਦੇ ਪਾਣੀ ਕੰਧਾਂ ਵਿੱਚ ਵੜਨ ਕਰਕੇ ਇੱਕ ਪਾਸੇ ਤੋਂ ਬੈਠ ਗਿਆ ਸੀ, ਦੀ ਰਿਪੇਅਰ ਦਾ ਕੰਮ ਚੱਲ ਰਿਹਾ ਸੀ। ਇਹ ਕੰਮ ਰਣਜੀਤ ਠੇਕੇਦਾਰ ਵਾਸੀ ਮੋਗਾ ਵੱਲੋਂ ਮਕਾਨ ਨੂੰ ਉੱਪਰ ਚੁੱਕ ਕੇ ਠੀਕ ਕਰਨ ਲਈ ਕੀਤਾ ਜਾ ਰਿਹਾ ਸੀ। ਮਿਲੀ ਜਾਣਕਾਰੀ ਅਨੁਸਾਰ, ਰਾਤ ਸਮੇਂ ਚਾਰ ਨੌਜਵਾਨ—ਬੌਬੀ ਸਿੰਘ, ਪ੍ਰਿੰਸ, ਗੁਰਜੀਤ ਸਿੰਘ ਅਤੇ ਇੱਕ ਅਣਪਛਾਤਾ ਨੌਜਵਾਨ, ਜੋ ਮੋਗਾ ਦੇ ਵਸਨੀਕ ਦੱਸੇ ਜਾ ਰਹੇ ਹਨ—ਮਕਾਨ ਦੇ ਅੰਦਰ ਹੀ ਸੁੱਤੇ ਹੋਏ ਸਨ। ਅੱਜ ਸਵੇਰੇ ਅਚਾਨਕ ਮਕਾਨ ਦੀ ਇੱਕ ਪਾਸੇ ਦੀ ਕੰਧ ਝੁਕਣ ਨਾਲ ਪੂਰਾ ਮਕਾਨ ਢਹਿ ਗਿਆ। ਇਸ ਹਾਦਸੇ ਵਿੱਚ ਤਿੰਨ ਨੌਜਵਾਨ ਮਲਬੇ ਹੇਠਾਂ ਦੱਬ ਗਏ ਅਤੇ ਉਨ੍ਹਾਂ ਦੀ ਮੌਕੇ 'ਤੇ ਹੀ ਦਰਦਨਾਕ ਮੌਤ ਹੋ ਗਈ। ਉਨ੍ਹਾਂ ਦੀਆਂ ਲਾਸ਼ਾਂ ਨੂੰ ਕੱਢ ਕੇ ਸਿਵਲ ਹਸਪਤਾਲ ਬਰਨਾਲਾ ਵਿੱਚ ਰੱਖਵਾਇਆ ਗਿਆ ਹੈ। ਜਦਕਿ ਚੌਥੇ ਨੌਜਵਾਨ ਦੀ ਭਾਲ ਲਈ ਰਾਹਤ ਅਤੇ ਬਚਾਅ ਟੀਮਾਂ ਵੱਲੋਂ ਮੁਹਿੰਮ ਜਾਰੀ ਹੈ। ਸੂਚਨਾ ਮਿਲਦੇ ਹੀ ਸਥਾਨਕ ਪੁਲਿਸ ਅਤੇ ਪ੍ਰਸ਼ਾਸਨ ਮੌਕੇ 'ਤੇ ਪਹੁੰਚ ਗਏ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪਿੰਡ ਵਾਸੀਆਂ ਵਿੱਚ ਇਸ ਹਾਦਸੇ ਕਾਰਨ ਗਹਿਰਾ ਸੋਗ ਪਾਇਆ ਜਾ ਰਿਹਾ ਹੈ। ਪ੍ਰਸ਼ਾਸਨ ਵੱਲੋਂ ਮਲਬਾ ਹਟਾਉਣ ਦਾ ਕੰਮ ਜਾਰੀ ਹੈ ਅਤੇ ਮਕਾਨ ਡਿੱਗਣ ਦੇ ਅਸਲ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

## ਡੀ.ਡੀ. ਅਕੈਡਮੀ ਵੱਲੋਂ ਬੱਲ੍ਹੋ ਦੇ ਬੇਬੇ ਬਾਪੂ ਸਕੂਲ ਚਲਾਉਣ ਵਾਲੀ ਸੰਸਥਾ ਦਾ ਕੀਤਾ ਗਿਆ ਵਿਸ਼ੇਸ਼ ਸਨਮਾਨ




ਬਠਿੰਡਾ, 29 ਮਾਰਚ (ਜਗਸੀਰ ਭੁੱਲਰ): ਰਾਮਪੁਰਾ ਫੂਲ: ਸਿੱਖਿਆ ਦੇ ਖੇਤਰ ਵਿੱਚ ਨਿਵੇਕਲੀਆਂ ਪੈੜਾਂ ਪਾ ਰਹੀ ਸੰਸਥਾ ਡੀ.ਡੀ. ਅਕੈਡਮੀ ਵੱਲੋਂ ਬਠਿੰਡਾ ਵਿੱਚ ਕੀਤੇ ਗਏ ਸਮਾਗਮ ਦੌਰਾਨ ਪਿੰਡ ਬੱਲ੍ਹੋ ਤਰਨਜੋਤ ਵੈਲਫੇਅਰ ਸੁਸਾਇਟੀ ਤਰਫੋ ਬੇਬੇ ਬਾਪੂ ਦੇ ਚਲਾਏ ਜਾ ਰਹੇ ਸਕੂਲ ਦੀ ਅਧਿਆਪਕਾ ਰਾਜਵਿੰਦਰ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਕਿਉਂਕਿ ਤਰਨਜੋਤ ਵੈਲਫੇਅਰ ਸੁਸਾਇਟੀ ਬੱਲ੍ਹੋ ਨੇਬੇਬੇ ਬਾਪੂ ਸਕੂਲ ਰਾਹੀਂ ਅਨਪੜ ਬਜ਼ੁਰਗਾਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਅਤੇ ਸਮਾਜਿਕ ਕੁਰੀਤੀਆਂ ਖ਼ਿਲਾਫ਼ ਮਹਿਮ ਵਿੱਢੀ ਹੋਈ ਹੈ ।ਸਨਮਾਨ ਸਮਾਰੋਹ ਦੌਰਾਨ ਅਕੈਡਮੀ ਦੇ ਆਗੂ ਕੇਸਰ ਸਿੰਘ ਨੇ ਬੋਲਦਿਆਂ ਕਿਹਾ ਕਿ ਤਰਨਜੋਤ ਵੈਲਫੇਅਰ ਸੋਸਾਇਟੀ ਵਿੱਚ ਕੰਮ ਕਰਨ ਵਾਲੀ ਰਾਜਵਿੰਦਰ ਕੌਰ ਵਰ੍ਹਗੀਆਂ ਸ਼ਖਸੀਅਤਾਂ ਸਮਾਜ ਲਈ ਚਾਨਣ ਮੁਨਾਰਾ ਹਨ। ਉਨ੍ਹਾਂ ਕਿਹਾ ਕਿ ਜਿਸ ਨਿਰਸਵਾਰਥ ਭਾਵਨਾ ਨਾਲ ਬੇਬੇ ਬਾਪੂ ਸਕੂਲ'ਚ ਅਨਪੜ੍ਹਾਂ ਨੂੰ ਦਸਖ਼ਤ ਕਰਨੇ ਸਿਖਾਏ ਜਾਂਦੇ ਨੇ ਅਤੇ ਮਾਣ ਭੇਟਾ ਦੇ ਤੌਰ 'ਤੇ 100 ਰੁਪਏ ਦਿੱਤੇ ਜਾਂਦੇ ਹਨ, ਜੋ ਕਿ ਬੇਮਿਸਾਲ ਹੈ। ਅਕੈਡਮੀ ਵੱਲੋਂ ਰਾਜਵਿੰਦਰ ਕੌਰ ਨੂੰ ਯਾਦਗਾਰੀ ਚਿੰਨ੍ਹ ਅਤੇ ਸਨਮਾਨ ਪੱਤਰ ਭੇਂਟ ਕਰਕੇ ਉਨ੍ਹਾਂ ਦੇ ਹੌਸਲੇ ਦੀ ਦਾਦ ਦਿੱਤੀ ਗਈ।ਇਸ ਮੌਕੇ ਤਰਨਜੋਤ ਵੈਲਫੇਅਰ ਸੁਸਾਇਟੀ ਦੇ ਸਲਾਹਕਾਰ ਭੁਪਿੰਦਰ ਸਿੰਘ ਜਟਾਣਾ ਨੇ ਡੀ.ਡੀ. ਅਕੈਡਮੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਨਮਾਨ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਂਦੇ ਹਨ ਅਤੇ ਹੋਰ ਬਿਹਤਰ ਕੰਮ ਕਰਨ ਲਈ ਉਤਸ਼ਾਹਿਤ ਕਰਦੇ ਹਨ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦਾ ਮਕਸਦ ਹੈ ਕੀ ਪਿੰਡ ਵਿੱਚ ਕੋਈ ਵੀ ਅੰਗੂਠਾ ਸਾਫ ਨਾ ਰਹੇ ਤੇ ਹਰੇਕ ਮਰਦ ਔਰਤ ਦਸਖ਼ਤ ਕਰਦਾ ਹੋਵੇ।

## ਕਾਮਰੇਡ ਭੀਮ ਦੀ ਯਾਦ ਵਿੱਚ ਲਗਾਇਆ ਗਿਆ ਖ਼ੂਨਦਾਨ ਅਤੇ ਡਾਕਟਰੀ ਜਾਂਚ ਕੈਂਪ




ਦਿੜ੍ਹਬਾ ਮੰਡੀ, 29 ਮਾਰਚ (ਸੁਖਵਿੰਦਰ ਸਿੰਘ ਵਿਰਕ): ਇਲਾਕੇ ਦੇ ਸਮਾਜ ਸੇਵੀ ਕਾਮਰੇਡ ਭੀਮ ਸਿੰਘ ਦੀ ਯਾਦ ਵਿੱਚ ਉਹਨਾਂ ਦੀ ਸੱਤਵੀਂ ਬਰਸੀ ਨੂੰ ਸਮਰਪਿਤ ਦਿੜ੍ਹਬਾ ਵਿਖੇ ਇਲਾਕੇ ਦੀ ਸੰਗਤ ਵੱਲੋਂ ਇੱਕ ਖੂਨਦਾਨ ਕੈਂਪ ਅਤੇ ਮੈਡੀਕਲ ਚੈੱਕ ਅਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਸਾਬਕਾ ਵਿਧਾਇਕ ਸੁਰਜੀਤ ਸਿੰਘ ਧੀਮਾਨ, ਚੇਅਰਪਰਸਨ ਮਾਰਕੀਟ ਕਮੇਟੀ ਦਿੜ੍ਹਬਾ ਜਸਵੀਰ ਕੌਰ ਸ਼ੇਰਗਿੱਲ ਅਤੇ ਅਤੇ ਐਮਡੀਬੀ ਗਰੁੱਪ ਦੇ ਡਾਇਰੈਕਟਰ ਪੰਕਜ ਬਾਂਸਲ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਿਲ ਹੋਏ। ਇਸ ਕੈਂਪ ਵਿੱਚ ਪੰਜਾਹ ਦੇ ਕਰੀਬ ਖੂਨਦਾਨੀਆਂ ਨੇ ਖੂਨ ਦਾਨ ਕੀਤਾ ਅਤੇ ਇਕ ਹਜ਼ਾਰ ਦੇ ਕਰੀਬ ਮਰੀਜ਼ਾਂ ਦਾ ਮੈਡੀਕਲ ਚੈੱਕ ਅਪ ਕਰਕੇ ਉਹਨਾਂ ਨੂੰ ਦਵਾਈਆਂ ਮੁਫਤ ਦਿੱਤੀਆਂ ਗਈਆਂ। ਐਮਡੀਬੀ ਗਰੁੱਪ ਵੱਲੋਂ ਹਰ ਇੱਕ ਖੂਨਦਾਨੀ ਨੂੰ ਇੱਕ ਅਮਰੂਦ ਦਾ ਬੂਟਾ ਦੇ ਕੇ ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਦਾ ਸੁਨੇਹਾ ਦਿੱਤਾ। ਸਾਬਕਾ ਵਿਧਾਇਕ ਸੁਰਜੀਤ ਸਿੰਘ ਧੀਮਾਨ, ਚੇਅਰਪਰਸਨ ਜਸਵੀਰ ਕੌਰ ਸ਼ੇਰਗਿਲ ਅਤੇ ਐਮਡੀਬੀ ਗਰੁੱਪ ਦੇ ਡਾਇਰੈਕਟਰ ਪੰਕਜ ਬਾਂਸਲ ਨੇ ਕਿਹਾ ਕਿ ਕਾਮਰੇਡ ਭੀਮ ਸਾਡੇ ਇਲਾਕੇ ਦੀ ਉਹ ਸਖਸ਼ੀਅਤ ਸਨ ਜਿਨਾਂ ਨੇ ਸਰੀਰਕ ਤੌਰ ਤੇ ਅਪਾਹਜ ਹੁੰਦੇ ਹੋਏ ਤੰਦਰੁਸਤ ਲੋਕਾਂ ਦੇ ਲਈ ਜ਼ਿਕਰਯੋਗ ਕੰਮ ਕੀਤੇ ਹਨ। ਹਮੇਸ਼ਾ ਹੀ ਸਾਰੀ ਜ਼ਿੰਦਗੀ ਮਜ਼ਲੂਮਾਂ ਤੇ ਮਜ਼ਦੂਰਾਂ ਦੇ ਲਈ ਸੰਘਰਸ਼ ਦੇ ਲੇਖੇ ਲਾ ਦਿੱਤੀ, ਇਸ ਦੇ ਨਾਲ ਹੀ ਸਾਹਿਤ ਦੇ ਖੇਤਰ ਵਿੱਚ ਇੱਕ ਵਡਮੁੱਲਾ ਯੋਗਦਾਨ ਪਾਉਂਦੇ ਹੋਏ ਦਿੜ੍ਹਬਾ ਸ਼ਹਿਰ ਅੰਦਰ ਇੱਕ ਸਾਹਿਤਕ ਮੰਚ ਦਾ ਗਠਨ ਕੀਤਾ ਗਿਆ, ਜੋ ਅਜੇ ਤੱਕ ਲੋਕਾਂ ਨੂੰ ਸਾਹਿਤਕ ਚੇਟਕ ਦੇ ਰਿਹਾ ਹੈ। ਇਸ ਦੇ ਨਾਲ ਹੀ ਇੱਕ ਸ਼ਾਨਦਾਰ ਚੈਰੀਟੇਬਲ ਹਸਪਤਾਲ ਬਣਾਇਆ, ਜਿੱਥੇ ਕਿ ਮਰੀਜ਼ਾਂ ਦਾ ਇਲਾਜ ਬਹੁਤ ਹੀ ਸਸਤੇ ਰੇਟਾਂ ਤੇ ਹੁੰਦਾ ਹੈ। ਸਭ ਤੋਂ ਵੱਡੀ ਗੱਲ ਉਹਨਾਂ ਕੀਤੀ ਕਿ ਆਪਣੀ ਸਾਰੀ ਜ਼ਿੰਦਗੀ ਦੀ ਕਮਾਈ ਨੂੰ ਸਰਕਾਰੀ ਸਕੂਲ ਅੰਦਰ ਦੋ ਵੱਡੀਆਂ ਇਮਾਰਤਾਂ ਬਣਾਉਣ 'ਤੇ ਖਰਚ ਕਰ ਦਿੱਤਾ 55 ਲੱਖ ਦੇ ਕਰੀਬ ਖਰਚ ਕੇ ਦੋ ਸ਼ਾਨਦਾਰ ਇਮਾਰਤਾਂ ਖੜ੍ਹੀਆਂ ਕੀਤੀਆਂ ਹਨ । ਇਸੇ ਕਰਕੇ ਇਸ ਸਕੂਲ ਦਾ ਨਾਂ ਕਾਮਰੇਡ ਭੀਮ ਸਿੰਘ ਸਕੂਲ ਆਫ ਐਮੀਨੈਂਸ ਬਣ ਗਿਆ ਹੈ ਜੋ ਕਿ ਹਮੇਸ਼ਾ ਹੀ ਲੋਕਾਂ ਲਈ ਪ੍ਰੇਰਨਾ ਸਰੋਤ ਰਹੇਗਾ। ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਖ਼ੂਨਦਾਨ ਅਤੇ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ, ਜਿੱਥੇ ਲੋਕਾਂ ਨੇ ਕਾਮਰੇਡ ਭੀਮ ਸਿੰਘ ਨੂੰ ਸ਼ਰਧਾਂਜਲੀ ਭੇਂਟ ਕੀਤੀ ਉੱਥੇ ਆਪਣੀ ਸਿਹਤ ਦਾ ਮੁਫਤ ਇਲਾਜ ਵੀ ਕਰਵਾਇਆ। ਇਸ ਮੌਕੇ ਸਾਹਿਤ ਤੇ ਸੱਭਆਚਾਰ ਮੰਚ ਦੇ ਪ੍ਰਧਾਨ ਗੁਰਮੀਤ ਸਿੰਘ ਖੇਤਲਾ, ਨਾਇਬ ਸਿੰਘ ਰਟੋਲਾਂ ,ਗੁਰਜੰਟ ਸਿੰਘ ਘੁਮਾਣ, ਸੁਖਵਿੰਦਰ ਸਿੰਘ ਭਿੰਦਾ, ਰਾਮ ਸਿੰਘ ਮਾਨ, ਰਾਜ ਕੁਮਾਰ ਰਾਮਾ, ਹਰਮੇਸ਼ ਸਿੰਘ ਮੇਸ਼ੀ, ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਦਰਸ਼ਨ ਸਿੰਘ, ਨਗਰ ਪੰਚਾਇਤ ਦਿੜ੍ਹਬਾ ਦੇ ਪ੍ਰਧਾਨ ਮਨਿੰਦਰ ਸਿੰਘ ਘੁਮਾਣ, ਕੁਲਭੂਸ਼ਨ ਗੋਇਲ, ਆਜ਼ਾਦ ਪ੍ਰੈਸ ਕਲੱਬ ਦੇ ਪ੍ਰਧਾਨ ਹਰਬੰਸ ਸਿੰਘ ਛਾਜਲੀ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਡੀ.ਐਸ.ਪੀ. ਗੁਰਪ੍ਰੀਤ ਸਿੰਘ ਵੱਲੋਂ ਖੇਡ ਪ੍ਰੇਮੀਆਂ ਨਾਲ ਇੱਕ ਵਿਸ਼ੇਸ਼ ਮੁਲਾਕਾਤ



ਭਗਤਾ ਭਾਈ ਕਾ, 29 ਮਾਰਚ (ਸਵਰਨ ਸਿੰਘ ਭਗਤਾ) :ਸਥਾਨਕ ਸ਼ਹਿਰ ਵਿਖੇ ਅੱਜ ਡੀਐਸਪੀ ਗੁਰਪ੍ਰੀਤ ਸਿੰਘ ਵੱਲੋਂ ਖੇਡ ਪ੍ਰੇਮੀਆਂ ਨਾਲ ਇੱਕ ਵਿਸ਼ੇਸ਼ ਮੁਲਾਕਾਤ ਕੀਤੀ ਗਈ, ਜਿਸ ਦੌਰਾਨ ਉਨ੍ਹਾਂ ਨੇ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡੀਐਸਪੀ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਹਰ ਵਿਅਕਤੀ ਲਈ ਆਪਣੀ ਸਿਹਤ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਸਾਨੂੰ ਆਪਣੇ ਆਪ ਨਾਲ ਪਿਆਰ ਕਰਨਾ ਚਾਹੀਦਾ ਹੈ ਅਤੇ ਸਰੀਰਕ ਤੇ ਮਾਨਸਿਕ ਤੰਦਰੁਸਤੀ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਖਾਸ ਤੌਰ 'ਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਖੇਡਾਂ ਨਾਲ ਜੁੜ ਕੇ ਹੀ ਜੀਵਨ ਵਿੱਚ ਸਫਲਤਾ ਹਾਸਲ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨਾ ਸਿਰਫ ਸਰੀਰ ਨੂੰ ਤੰਦਰੁਸਤ ਰੱਖਦੀਆਂ ਹਨ, ਸਗੋਂ ਮਨੁੱਖ ਵਿੱਚ ਅਨੁਸ਼ਾਸਨ ਅਤੇ ਆਤਮ-ਵਿਸ਼ਵਾਸ ਵੀ ਪੈਦਾ ਕਰਦੀਆਂ ਹਨ। ਇਸ ਮੌਕੇ ਜੀਵਨ ਗਰਗ, ਖੇੜੀ ਸਪਲੀਮੈਂਟ ਸਟੋਰ ਦੇ ਸੁਖਵਿੰਦਰ ਸਿੰਘ ਮੱਲਾ, ਥਾਣਾ ਮੁਖੀ ਪਰਬਤ ਸਿੰਘ, ਜਗਜੀਤ ਸਿੰਘ ਜੈਕੀ ਅਤੇ ਹਰਜਿੰਦਰ ਸਿੰਘ ਖੇੜੀ, ਰਮਨ ਗਿੱਲ, ਗੁਰਜੀਤ ਸਿੰਘ ਜੇਈ, ਠਾਣਾ ਸਿੰਘ ਪੰਨੂ, ਲਖਵਿੰਦਰ ਸਿੰਘ, ਜਗਸੀਰ ਸਿੰਘ, ਗੁਰਪ੍ਰੀਤ ਸਿੰਘ, ਹੁਸਨਦੀਪ ਸਿੰਘ, ਅਰਸ਼ਦੀਪ ਸਿੰਘ ਆਦਿ ਹਾਜ਼ਰ ਸਨ।

## ਪੂਰਾ ਮੁਹੱਲਾ ਸੀਲ ਕਰਕੇ ਚੋਰੀ ਨੂੰ ਦਿੱਤਾ ਅੰਜ਼ਾਮ

ਬਠਿੰਡਾ, 29 ਮਾਰਚ (ਦੀਪਕ ਸ਼ਰਮਾ): ਕੀ ਤੁਸੀਂ ਕਦੇ ਸੋਚਿਆ ਹੈ ਕਿ ਚੋਰ ਚੋਰੀ ਕਰਨ ਤੋਂ ਪਹਿਲਾਂ ਪੂਰੇ ਮੁਹੱਲੇ ਨੂੰ ਬੰਦੀ ਬਣਾ ਸਕਦੇ ਹਨ ? ਬਠਿੰਡਾ ਦੇ ਬੱਲਾਰਾਮ ਨਗਰ ਵਿੱਚ ਵਾਪਰੀ ਇੱਕ ਹੈਰਾਨੀਜਨਕ ਘਟਨਾ ਨੇ ਸੁਰੱਖਿਆ ਪ੍ਰਬੰਧਾਂ 'ਤੇ ਸਵਾਲੀਆ ਨਿਸ਼ਾਨ ਲਾ ਦਿੱਤੇ ਹਨ। ਇੱਥੇ ਚੋਰਾਂ ਨੇ ਕਿਸੇ ਪੇਸ਼ੇਵਰ ਗੈਂਗ ਵਾਂਗ ਪਹਿਲਾਂ ਗਲੀ ਦੇ ਘਰਾਂ ਨੂੰ ਬਾਹਰੋਂ ਜਿੰਦਰੇ ਅਤੇ ਰੱਸੀਆਂ ਮਾਰ ਕੇ ' ਸੀਲ ' ਕੀਤਾ ਤਾਂ ਜੋ ਕੋਈ ਬਾਹਰ ਨਾ ਆ ਸਕੇ ਅਤੇ ਫਿਰ ਇੱਕ ਬੰਦ ਪਏ ਮਕਾਨ ਨੂੰ ਨਿਸ਼ਾਨਾ ਬਣਾ ਕੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ। ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਚੋਰ ਕਈ ਦਿਨਾਂ ਤੋਂ ਇਸ ਮਕਾਨ ਦੀ ਰੈਕੀ ਕਰ ਰਹੇ ਸਨ। ਇੱਥੇ ਦੱਸਣਾ ਬਣਦਾ ਹੈ ਕਿ ਚੋਰਾਂ ਦੀ ਇਹ ਹਰਕਤ ਗਲੀ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ। ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਣ ਕਰਕੇ ਸ਼ਹਿਰ ਵਾਸੀਆਂ ਵਿੱਚ ਪੁਲਿਸ ਵੱਲੋਂ ਕੀਤੇ ਜਾ ਰਹੇ ਸੁਰੱਖਿਆ ਦੇ ਦਾਅਵਿਆਂ 'ਤੇ ਚਰਚਾ ਛੇੜ ਦਿੱਤੀ ਹੈ।ਜਾਣਕਾਰੀ ਅਨੁਸਾਰ ਸ਼ਹਿਰ ਦੇ ਬੱਲਾਰਾਮ ਨਗਰ ਦੀ ਗਲੀ ਨੰਬਰ 10/21 ਵਿੱਚ ਰਾਤ ਦੇ ਸੰਨਾਟੇ ਦਾ ਫਾਇਦਾ ਉਠਾਉਂਦੇ ਹੋਏ ਤਿੰਨ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਇਸ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ। ਚੋਰਾਂ ਦੀ ਹਿੰਮਤ ਅਤੇ ਪਲੈਨਿੰਗ ਇੰਨੀ ਜ਼ਬਰਦਸਤ ਸੀ ਕਿ ਉਨ੍ਹਾਂ ਨੇ ਸਭ ਤੋਂ ਪਹਿਲਾਂ ਗੁਆਂਢੀ ਘਰਾਂ ਦੇ ਬਾਹਰਲੇ ਦਰਵਾਜ਼ਿਆਂ 'ਤੇ ਰੱਸੀਆਂ ਬੰਨ੍ਹ ਦਿੱਤੀਆਂ ਅਤੇ ਕਈਆਂ ਵਿੱਚ ਪੇਚਕਸ ਫਸਾ ਦਿੱਤੇ। ਬਿਲਕੁਲ ਇੱਕ ਫੌਜੀ ਅਪਰੇਸ਼ਨ ਦੀ ਤਰ੍ਹਾਂ। ਜਿਸ ਤਰ੍ਹਾਂ ਫੌਜ ਕਿਸੇ ਮੁਹਿੰਮ 'ਤੇ ਜਾਣ ਤੋਂ ਪਹਿਲਾਂ ਉਕਤ ਇਲਾਕੇ ਚੰਗੀ ਤਰ੍ਹਾਂ ਸੀਲ ਕਰ ਦਿੰਦੀ ਹੈ।ਕਥਿਤ ਚੋਰਾਂ ਦਾ ਮਕਸਦ ਸਾਫ਼ ਸੀ ਕਿ ਜੇਕਰ ਅੰਦਰ ਚੋਰੀ ਕਰਦੇ ਸਮੇਂ ਕੋਈ ਆਵਾਜ਼ ਹੋਵੇ ਤਾਂ ਗੁਆਂਢੀ ਆਪਣੇ ਘਰਾਂ ਵਿੱਚ ਹੀ ਕੈਦ ਰਹਿਣ ਅਤੇ ਉਹ ਆਰਾਮ ਨਾਲ ਫ਼ਰਾਰ ਹੋ ਸਕਣ।ਇਸ ਤੋਂ ਬਾਅਦ ਚੋਰਾਂ ਨੇ ਇੱਕ ਬੰਦ ਪਏ ਘਰ ਨੂੰ ਨਿਸ਼ਾਨਾ ਬਣਾਇਆ, ਜਿਸ ਦੇ ਮਾਲਕ ਕੁਝ ਦਿਨਾਂ ਤੋਂ ਸ਼ਹਿਰ ਤੋਂ ਬਾਹਰ ਗਏ ਹੋਏ ਹਨ। ਚੋਰਾਂ ਨੇ ਮੁੱਖ ਗੇਟ ਦਾ ਤਾਲਾ ਪੱਟ ਕੇ ਅੰਦਰ ਪ੍ਰਵੇਸ਼ ਕੀਤਾ ਅਤੇ ਅਲਮਾਰੀਆਂ ਦੇ ਜਿੰਦੇ ਤੋੜ ਕੇ ਸਾਰਾ ਸਾਮਾਨ ਬੈੱਡਾਂ 'ਤੇ ਖਿਲਾਰ ਦਿੱਤਾ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਕਥਿਤ ਚੋਰ ਮੌਕੇ ਤੋਂ ਫਰਾਰ ਹੋ ਗਏ।ਦੂਜੇ ਪਾਸੇ ਸਵੇਰੇ ਜਦੋਂ ਗੁਆਂਢੀਆਂ ਨੇ ਦਰਵਾਜ਼ੇ ਖੋਲ੍ਹਣ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਨੂੰ ਅਹਿਸਾਸ ਹੋਇਆ ਕਿ ਉਹ ਆਪਣੇ ਹੀ ਘਰਾਂ ਵਿੱਚ ਬੰਦ ਹਨ। ਜਿਸ ਤੋਂ ਬਾਅਦ ਘਰਾਂ ਵਿੱਚ ਕੈਦ ਕੀਤੇ ਗਏ ਲੋਕਾਂ ਨੇ ਫੋਨ ਦੇ ਰਾਹੀਂ ਆਂਢ ਗੁਆਂਢ ਅਤੇ ਦੋਸਤਾਂ ਮਿੱਤਰਾਂ ਨਾਲ ਸੰਪਰਕ ਕੀਤਾ ਤੇ ਆਪਣੇ ਘਰਾਂ ਨੂੰ ਖੁਲਵਾਇਆ।ਪਹਿਲਾਂ ਤਾਂ ਸਭ ਇਸ ਨੂੰ ਮਜ਼ਾਕ ਸਮਝ ਰਹੇ ਸਨ। ਪਰ ਜਦ ਮੁਹੱਲੇ ਵਾਲਿਆਂ ਦੀ ਕਈ ਦਿਨਾਂ ਤੋਂ ਬੰਦ ਪਏ ਇੱਕ ਘਰ 'ਤੇ ਨਿਗ੍ਹਾ ਪਈ ਤਾਂ ਉਸ ਦੇ ਜਿੰਦਰੇ ਟੁੱਟੇ ਪਏ ਸਨ। ਜਿਸ ਤੋਂ ਬਾਅਦ ਇਸ ਮੰਜ਼ਰ ਦੀ ਸੱਚਾਈ ਸਾਹਮਣੇ ਆਈ ਅਤੇ ਪੁਲਿਸ ਨੂੰ ਸੂਚਿਤ ਕੀਤਾ ਗਿਆ।ਮੌਕੇ 'ਤੇ ਪਹੁੰਚੀ ਪੁਲਿਸ ਨੇ ਸੀਸੀਟੀਵੀ ਫੁਟੇਜ ਕਬਜ਼ੇ ਵਿੱਚ ਲੈ ਲਈ ਹੈ, ਜਿਸ ਵਿੱਚ ਸ਼ੱਕੀ ਨੌਜਵਾਨ ਮੋਟਰਸਾਈਕਲ 'ਤੇ ਘੁੰਮਦੇ ਦਿਖਾਈ ਦੇ ਰਹੇ ਹਨ। ਇਲਾਕਾ ਨਿਵਾਸੀਆਂ ਵਿੱਚ ਇਸ ਅਨੋਖੀ ਵਾਰਦਾਤ ਤੋਂ ਬਾਅਦ ਭਾਰੀ ਸਹਿਮ ਪਾਇਆ ਜਾ ਰਿਹਾ ਹੈ।

## ਨੌਜਵਾਨ ਪੀੜ੍ਹੀ ਨੂੰ ਸ਼ਹੀਦਾਂ ਦੀ ਕੁਰਬਾਨੀ ਤੋਂ ਸੇਧ ਲੈਣ ਲਈ ਪ੍ਰੇਰਿਆ



ਭਗਤਾ ਭਾਈ ਕਾ, 29 ਮਾਰਚ (ਸਵਰਨ ਸਿੰਘ ਭਗਤਾ): ਸਥਾਨਕ ਇਲਾਕੇ ਦੀ ਉੱਘੀ ਸਾਹਿਤਕ ਸੰਸਥਾ ਸਾਹਿਤਕ ਮੰਚ ਭਗਤਾ ਵੱਲੋਂ ਪਿਛਲੇ ਦਿਨੀਂ ਸ਼ਹੀਦ -ਏ ਆਜ਼ਮ ਸ੍ਰ. ਭਗਤ ਸਿੰਘ, ਰਾਜਗੁਰੂ, ਅਤੇ ਸੁਖਦੇਵ ਦੀ ਸ਼ਹੀਦੀ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਮੰਚ ਦੇ ਵਿੱਤ ਸਕੱਤਰ ਰੰਗਕਰਮੀ ਸੁਖਵਿੰਦਰ ਚੀਦਾ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਕਹਿਣ ਦੇ ਨਾਲ਼ ਭਗਤ ਸਿੰਘ ਦੇ ਜੀਵਨ 'ਤੇ ਚਾਨਣਾ ਪਾਇਆ। ਮੰਚ ਦੇ ਪ੍ਰਧਾਨ ਸੁਖਮੰਦਰ ਬਰਾੜ ਗੁੰਮਟੀ ਨੇ ਕਿਹਾ ਕਿ ਕ੍ਰਾਂਤੀਕਾਰੀਆਂ ਦੀ ਸ਼ਹੀਦੀ ਦੇ ਸਦਕਾ ਹੀ ਸਮਾਜਿਕ ਚੇਤਨਾ ਉਤਪੰਨ ਹੁੰਦੀ ਹੈ। ਸਾਹਿਤਕ ਮੰਚ ਦੇ ਸਰਪ੍ਰਸਤ ਨਛੱਤਰ ਸਿੰਘ ਸਿੱਧੂ, ਸਲਾਹਕਾਰ ਡਾ. ਬਲਵਿੰਦਰ ਸਿੰਘ ਸੋਢੀ, ਤਰਲੋਚਨ ਸਿੰਘ ਗੰਗਾ , ਆਤਮਾ ਤੇਜ ਰਾਮ ਸ਼ਰਮਾ ਨੇ ਸਮਾਗਮ ਦੌਰਾਨ ਸਾਂਝੇ ਤੌਰ 'ਤੇ ਸ਼ਹੀਦਾਂ ਦੀ ਕੁਰਬਾਨੀ ਤੋਂ ਨੌਜਵਾਨ ਪੀੜ੍ਹੀ ਨੂੰ ਸੇਧ ਲੈਣ ਲਈ ਪ੍ਰੇਰਿਤ ਕੀਤਾ। ਮੰਚ ਦੇ ਮੀਤ ਪ੍ਰਧਾਨ ਹਰਜੀਤ ਸਿੰਘ ਗੰਗਾ ਨੇ ਭਗਤ ਸਿੰਘ ਦੇ ਇਤਿਹਾਸਿਕ ਪਿਛੋਕੜ 'ਤੇ ਚਾਨਣਾ ਪਾਇਆ। ਮੰਚ ਦੇ ਜਨਰਲ ਸਕੱਤਰ ਅੰਮ੍ਰਿਤਪਾਲ ਕਲੇਰ ਨੇ ਸ਼ਹੀਦ -ਏ ਆਜ਼ਮ ਭਗਤ ਸਿੰਘ ਦੇ ਵਿਚਾਰਾਂ ਦੀ ਸਾਰਥਕਤਾ ਬਾਰੇ ਵਿਚਾਰ ਪੇਸ਼ ਕਰਦੇ ਹੋਏ ਕਿਹਾ ਕਿ ਵਿਚਾਰਧਾਰਾ ਹਮੇਸ਼ਾ ਜ਼ਿੰਦਾ ਰਹਿੰਦੀ ਹੈ। ਸੁਰਜੀਤ ਸਿੰਘ ਬੱਜੋਆਣੀਆ, ਸ਼ਮਸ਼ੇਰ ਸਿੰਘ ਮੱਲ੍ਹੀ, ਗੁਰਵਿੰਦਰ ਮਾਨ ਕੋਠਾ ਗੁਰੂ, ਸੀਰਾ ਰੌਂਤਾ ਗਰੇਵਾਲ, ਸੁਖਦਰਸ਼ਨ ਸਿੰਘ ਅਤੇ ਪ੍ਰਗਟ ਢਿੱਲੋਂ ਸਮਾਧ ਭਾਈ ਨੇ ਇਨਕਲਾਬੀ ਕਵਿਤਾਵਾਂ ਪੇਸ਼ ਕੀਤੀਆਂ। ਇਸ ਮੌਕੇ ਨਰੇਸ਼ ਕੁਮਾਰ ਭਗਤਾ, ਸਿਕੰਦਰਦੀਪ ਸਿੰਘ ਰੂਬਲ, ਲੋਕ ਗਾਇਕ ਜਗਰੂਪ ਸਿੰਘ, ਨਿਵਾਜ਼ਦੀਪ, ਸੁੰਦਰੀ, ਕੋਮਲ, ਨਿਰਭੈ ਸਿੰਘ, ਜਗਰੂਪ ਸਿੰਘ, ਰਘਵੀਰ ਸਿੰਘ, ਜਸਵੀਰ ਸਿੰਘ ਆਦਿ ਹਾਜ਼ਰ ਸਨ।

## ਬਠਿੰਡਾ ਨੇੜੇ ਵਾਪਰੇ ਦਰਦਨਾਕ ਹਾਦਸੇ ਨੇ ਬੁਝਾਏ ਤਿੰਨ ਘਰਾਂ ਦੇ ਚਿਰਾਗ, ਸੋਗ ਪਸਰਿਆ



ਬਠਿੰਡਾ, 29 ਮਾਰਚ (ਦੀਪਕ ਸ਼ਰਮਾ): ਬਠਿੰਡਾ-ਡੱਬਵਾਲੀ ਹਾਈਵੇਅ 'ਤੇ ਸ਼ਨੀਵਾਰ ਦੀ ਰਾਤ ਉਸ ਵੇਲੇ ਕਹਿਰ ਬਣ ਕੇ ਟੁੱਟੀ, ਜਦੋਂ ਇੱਕ ਭਿਆਨਕ ਸੜਕ ਹਾਦਸੇ ਨੇ ਤਿੰਨ ਹੱਸਦੇ-ਖੇਡਦੇ ਪਰਿਵਾਰਾਂ ਦੀਆਂ ਖੁਸ਼ੀਆਂ ਮਿੱਟੀ ਵਿੱਚ ਮਿਲਾ ਦਿੱਤੀਆਂ। ਇਸ ਦਰਦਨਾਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਤਿੰਨ ਨੌਜਵਾਨਾਂ ਦੀ ਮੌਤ ਹੋ ਗਈ ਹੈ। ਇਹ ਹਾਦਸਾ ਇੰਨਾ ਭਿਆਨਕ ਸੀ ਕਿ ਟੱਕਰ ਤੋਂ ਬਾਅਦ ਚਾਰੇ ਪਾਸੇ ਚੀਕ-ਚਿਹਾੜਾ ਮਚ ਗਿਆ ਅਤੇ ਵੇਖਦਿਆਂ ਹੀ ਵੇਖਦਿਆਂ ਤਿੰਨ ਘਰਾਂ ਦੇ ਚਿਰਾਗ ਹਮੇਸ਼ਾ ਲਈ ਗੁੱਲ ਹੋ ਗਏ। ਜਾਣਕਾਰੀ ਅਨੁਸਾਰ ਹਾਦਸੇ ਦੀ ਸੂਚਨਾ ਮਿਲਦੇ ਹੀ ਥਾਣਾ ਸੰਗਤ ਦੇ ਪੁਲਿਸ ਕਰਮੀਆਂ ਤੇ ਸਮਾਜ ਸੇਵੀ ਸੰਸਥਾਵਾਂ ਦੇ ਮੈਂਬਰ ਮੌਕੇ 'ਤੇ ਪਹੁੰਚ ਗਏ, ਜਿਨਾਂ ਨੇ ਜ਼ਖਮੀਆਂ ਨੂੰ ਬਠਿੰਡਾ ਦੇ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਵਾਇਆ। ਪਰ ਹਾਲਤ ਗੰਭੀਰ ਹੋਣ ਕਾਰਨ ਉਹਨਾਂ ਨੂੰ ਏਮਜ ਹਸਪਤਾਲ ਬਠਿੰਡਾ ਵਿਖੇ ਰੈਫਰ ਕਰ ਦਿੱਤਾ ਗਿਆ।ਪ੍ਰਾਪਤ ਜਾਣਕਾਰੀ ਅਨੁਸਾਰ ਇਹ ਦੁਖਦਾਈ ਘਟਨਾ ਸ਼ਨੀਵਾਰ ਰਾਤ ਕਰੀਬ 10 ਵਜੇ ਥਾਣਾ ਸੰਗਤ ਦੇ ਅਧੀਨ ਆਉਂਦੇ ਪਿੰਡ ਮੱਛਾਣਾ ਦੇ ਕੋਲ ਵਾਪਰੀ। ਪਿੰਡ ਮੱਲਵਾਲਾ ਦੇ ਰਹਿਣ ਵਾਲੇ ਸ਼ਰਨਦੀਪ ਸਿੰਘ (22) ਪੁੱਤਰ ਜਸਵੀਰ ਸਿੰਘ, ਵਿੱਕੀ ਸਿੰਘ (25) ਅਤੇ ਪਿੰਡ ਸੈਣੇਵਾਲਾ ਦੇ ਰਹਿਣ ਵਾਲੇ ਪ੍ਰੇਮ ਸਿੰਘ (23) ਪੁੱਤਰ ਪ੍ਰਕਾਸ਼ ਸਿੰਘ ਇੱਕ ਮੋਟਰਸਾਈਕਲ 'ਤੇ ਸਵਾਰ ਹੋ ਕੇ ਬਠਿੰਡਾ ਤੋਂ ਪਿੰਡ ਗੁਰਥੜੀ ਵੱਲ ਜਾ ਰਹੇ ਸਨ। ਇਸੇ ਦੌਰਾਨ ਹਾਈਵੇਅ 'ਤੇ ਸਾਹਮਣੇ ਤੋਂ ਆ ਰਹੀ ਇੱਕ ਤੇਜ਼ ਰਫ਼ਤਾਰ ਕਾਰ ਨਾਲ ਮੋਟਰਸਾਈਕਲ ਦੀ ਜ਼ੋਰਦਾਰ ਟੱਕਰ ਹੋ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਮੋਟਰਸਾਈਕਲ ਦੇ ਪਰਖੱਚੇ ਉੱਡ ਗਏ ਅਤੇ ਤਿੰਨੇ ਨੌਜਵਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ।ਹਾਦਸੇ ਦੀ ਸੂਚਨਾ ਮਿਲਦੇ ਹੀ ਥਾਣਾ ਸੰਗਤ ਦੀ ਪੁਲਿਸ ਅਤੇ ਸਥਾਨਕ ਸਮਾਜ ਸੇਵੀ ਸੰਸਥਾ ਦੇ ਮੈਂਬਰ ਮੌਕੇ 'ਤੇ ਪਹੁੰਚੇ ਅਤੇ ਜ਼ਖ਼ਮੀਆਂ ਨੂੰ ਤੁਰੰਤ ਇਲਾਜ ਲਈ ਬਠਿੰਡਾ ਦੇ ਐਮਸ ਹਸਪਤਾਲ ਪਹੁੰਚਾਇਆ। ਹਸਪਤਾਲ ਵਿੱਚ ਇਲਾਜ ਦੌਰਾਨ ਸ਼ਰਨਦੀਪ ਸਿੰਘ ਅਤੇ ਪ੍ਰੇਮ ਸਿੰਘ ਨੇ ਦਮ ਤੋੜ ਦਿੱਤਾ ਸੀ, ਜਦਕਿ ਤੀਜੇ ਸਾਥੀ ਵਿੱਕੀ ਸਿੰਘ ਦੀ ਹਾਲਤ ਨਾਜ਼ੁਕ ਬਣੀ ਹੋਈ ਸੀ। ਮਾਮਲੇ ਦੀ ਜਾਂਚ ਕਰ ਰਹੇ ਏ.ਐਸ.ਆਈ. ਕਸ਼ਮੀਰ ਸਿੰਘ ਨੇ ਦੱਸਿਆ ਕਿ ਕੁਝ ਸਮੇਂ ਬਾਅਦ ਹੀ ਜ਼ੇਰੇ ਇਲਾਜ ਤੀਜੇ ਨੌਜਵਾਨ ਵਿੱਕੀ ਸਿੰਘ ਦੀ ਵੀ ਮੌਤ ਹੋ ਗਈ ਹੈ।ਦੂਜੇ ਪਾਸੇ ਕਾਰ ਵਿੱਚ ਸਵਾਰ ਤਿੰਨ ਔਰਤਾਂ ਵੀ ਇਸ ਹਾਦਸੇ ਵਿੱਚ ਜ਼ਖ਼ਮੀ ਹੋਈਆਂ ਹਨ, ਜਿਨ੍ਹਾਂ ਨੂੰ ਇਲਾਜ ਲਈ ਸਿਰਸਾ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਪੁਲਿਸ ਅਨੁਸਾਰ ਕਾਰ ਸਵਾਰ ਸਿਰਸਾ ਜ਼ਿਲ੍ਹੇ ਦੇ ਪਿੰਡ ਰਾਈਆਂ ਦੇ ਰਹਿਣ ਵਾਲੇ ਹਨ। ਹਾਦਸੇ ਤੋਂ ਬਾਅਦ ਪੁਲਿਸ ਨੇ ਮ੍ਰਿਤਕਾਂ ਦੀਆਂ ਦੇਹਾਂ ਨੂੰ ਪੋਸਟਮਾਰਟਮ ਲਈ ਮੋਰਚਰੀ ਵਿੱਚ ਰਖਵਾ ਦਿੱਤਾ ਹੈ ਅਤੇ ਵਾਰਿਸਾਂ ਦੇ ਬਿਆਨਾਂ ਦੇ ਆਧਾਰ 'ਤੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਇੱਕੋ ਵਾਰ ਵਾਪਰੀਆਂ ਤਿੰਨ ਮੌਤਾਂ ਕਾਰਨ ਇਲਾਕੇ ਵਿੱਚ ਗਮਗੀਨ ਮਾਹੌਲ ਬਣਿਆ ਹੋਇਆ ਹੈ।

## ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਹਾਈਕਿੰਗ ਤੇ ਟਰੈਕਿੰਗ ਕੈਂਪ ਵਿੱਚ ਸ਼ਮੂਲੀਅਤ ਕੀਤੀ



ਭਗਤਾ ਭਾਈ ਕਾ, 29 ਮਾਰਚ (ਸਵਰਨ ਸਿੰਘ ਭਗਤਾ): ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਭਗਤਾ ਭਾਈਕਾ ਦੇ ਵਿਦਿਆਰਥੀਆਂ ਵੱਲੋਂ 5 ਰੋਜ਼ਾ ਹਾਈਕਿੰਗ ਅਤੇ ਟਰੈਕਿੰਗ ਕੈਂਪ ਵਿੱਚ ਸ਼ਮੂਲੀਅਤ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਗਿਆ। ਇਹ ਕੈਂਪ ਰੈੱਡ ਰਿਬਨ ਕਲੱਬ ਵੱਲੋਂ ਪਲਾਨਪੁਰ, ਮੋਹਾਲੀ ਵਿੱਚ ਆਯੋਜਿਤ ਕੀਤਾ ਗਿਆ ਸੀ।ਇਸ ਕੈਂਪ ਵਿੱਚ ਕਾਲਜ ਦੇ 15 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਨੇ ਵੱਖ-ਵੱਖ ਸਿੱਖਣਯੋਗ ਅਤੇ ਰੋਮਾਂਚਕ ਗਤੀਵਿਧੀਆਂ ਵਿੱਚ ਸਰਗਰਮ ਹਿੱਸਾ ਲਿਆ। ਕੈਂਪ ਦੌਰਾਨ ਵਿਦਿਆਰਥੀਆਂ ਨੂੰ ਟਰੈਕਿੰਗ ਦੇ ਬੁਨਿਆਦੀ ਨਿਯਮਾਂ, ਸੁਰੱਖਿਆ ਮਾਪਦੰਡਾਂ, ਫਸਟ ਏਡ ਅਤੇ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਤੋਂ ਇਲਾਵਾ, ਵਿਦਿਆਰਥੀਆਂ ਨੂੰ ਕੁਦਰਤੀ ਵਾਤਾਵਰਣ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ ਅਤੇ ਉਨ੍ਹਾਂ ਨੂੰ ਪਰਿਆਵਰਣ ਸੁਰੱਖਿਆ ਲਈ ਪ੍ਰੇਰਿਤ ਕੀਤਾ ਗਿਆ। ਕੈਂਪ ਵਿੱਚ ਨੇਚਰ ਸਟੱਡੀ, ਟੀਮ ਬਿਲਡਿੰਗ ਐਕਸਰਸਾਈਜ਼, ਲੀਡਰਸ਼ਿਪ ਡਿਵੈਲਪਮੈਂਟ ਅਤੇ ਸਮਾਜਿਕ ਜ਼ਿੰਮੇਵਾਰੀ ਨਾਲ ਜੁੜੀਆਂ ਗੁਤੀਵਿਧੀਆਂ ਵੀ ਕਰਵਾਈਆਂ ਗਈਆਂ।ਕੈਂਪ ਦੌਰਾਨ ਸਵੇਰੇ ਯੋਗਾ ਅਤੇ ਫਿਟਨੈੱਸ ਸੈਸ਼ਨ ਕਰਵਾਏ ਗਏ।ਇਸ ਨਾਲ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ, ਅਨੁਸ਼ਾਸਨ ਅਤੇ ਸਹਿਯੋਗ ਦੀ ਭਾਵਨਾ ਨੂੰ ਵਧਾਵਾ ਮਿਲਿਆ।ਕਾਲਜ ਪ੍ਰਿੰਸੀਪਲ ਡਾ.ਸਤਿੰਦਰ ਕੌਰ ਮਾਨ ਨੇ ਵਿਦਿਆਰਥੀਆਂ ਦੀ ਇਸ ਉਪਲੱਬਧੀ 'ਤੇ ਖ਼ੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਹੁੰਦੇ ਹਨ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਪ੍ਰੈਕਟੀਕਲ ਅਨੁਭਵ ਵੀ ਮਿਲਣਾ ਚਾਹੀਦਾ ਹੈ।ਰੈੱਡ ਰਿਬਨ ਕਲੱਬ ਦੇ ਨੋਡਲ ਅਫਸਰ ਪ੍ਰੋਫੈਸਰ ਲਖਵੀਰ ਕੌਰ ਨੇ ਵੀ ਵਿਦਿਆਰਥੀਆਂ ਦੀ ਭਾਗੀਦਾਰੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਨੌਜਵਾਨਾਂ ਵਿੱਚ ਜਾਗਰੂਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਮਜ਼ਬੂਤ ਕਰਦੇ ਹਨ।ਕੈਂਪ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਦਿੱਤੇ ਗਏ ਅਤੇ ਉਨ੍ਹਾਂ ਪ੍ਰਦਰਸ਼ਨਸ਼ੀਲਤਾ ਦੀ ਪ੍ਰਸ਼ੰਸਾ ਕੀਤੀ ਗਈ। ਵਿਦਿਆਰਥੀਆਂ ਨੇ ਆਪਣੇ ਅਨੁਭਵ ਸਾਂਝੇ ਕਰਦਿਆਂ ਕਿਹਾ ਕਿ ਇਹ ਕੈਂਪ ਉਨ੍ਹਾਂ ਲਈ ਜੀਵਨ ਭਰ ਯਾਦ ਰਹਿਣ ਵਾਲਾ ਅਨੁਭਵ ਸਾਬਤ ਹੋਇਆ, ਜਿਸ ਨਾਲ ਉਨ੍ਹਾਂ ਵਿੱਚ ਨਵੇਂ ਹੁਨਰ, ਲੀਡਰਸ਼ਿਪ ਗੁਣ ਅਤੇ ਸਕਾਰਾਤਮਕ ਸੋਚ ਦਾ ਵਿਕਾਸ ਹੋਇਆ। ਇਸ ਵਿੱਚ ਪ੍ਰੋਫੈਸਰ ਸੁਸ਼ਮਾ ਰਾਣੀ ਨੇ ਵੀ ਭਰਪੂਰ ਸਹਿਯੋਗ ਦਿੱਤਾ।

## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਡੀ.ਸੀ. ਦ.ਫਤਰ ਅੱਗੇ ਧਰਨਾ ਅੱਜ



ਸੰਗਰੂਰ, 29 ਮਾਰਚ (ਹਰਕੰਵਲ ਸਿੰਘ ਹੈਪੀ): ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਸਰਬ ਧਰਮ ਗ੍ਰੰਥਾਂ ਦੀ ਰਾਖੀ ਨੂੰ ਯਕੀਨੀ ਬਣਾਉਣ ਲਈ ਪਾਰਟੀ ਵੱਲੋਂ 30 ਮਾਰਚ ਦਿਨ ਸੋਮਵਾਰ ਸਵੇਰੇ 10 ਵਜੇ ਡਿਪਟੀ ਕਮਿਸ਼ਨਰ ਸੰਗਰੂਰ ਦੇ ਦਫ਼ਤਰ ਸਾਹਮਣੇ ਦਿੱਤੇ ਜਾ ਰਹੇ ਧਰਨੇ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ।ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਜ਼ਿਲ੍ਹਾ ਪ੍ਰਧਾਨ (ਦਿਹਾਤੀ) ਰਾਮਪਾਲ ਸਿੰਘ ਬਹਿਣੀਵਾਲ ਤੇ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਰਿਪਦੁਮਨ ਸਿੰਘ ਢਿੱਲੋਂ ਨੇ ਸਾਂਝੇ ਬਿਆਨ ਰਾਹੀਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਤੇ ਸਰੂਪਾਂ ਦੇ ਲਾਪਤਾ ਹੋਣ ਦੀਆਂ ਘਟਨਾਵਾਂ ਨੂੰ ਕਈ ਸਾਲ ਬੀਤਣ 'ਤੇ ਵੀ ਸਰਕਾਰਾਂ ਨੇ ਨਾ ਕੋਈ ਕਾਰਵਾਈ ਤੇ ਨਾ ਕਿਸੇ ਨੂੰ ਸਜ਼ਾ ਦਿਵਾਈ ਹੈ। ਪੂਰੇ ਸਿੱਖ ਜਗਤ ਅੰਦਰ ਇਸ ਸਬੰਧੀ ਨਿਰਾਸ਼ਾ ਤੇ ਰੋਹ ਫੈਲਿਆ ਹੋਇਆ ਹੈ।ਉਕਤ ਅਕਾਲੀ ਆਗੂਆਂ ਨੇ ਕਿਹਾ ਕਿ ਸੰਗਤ ਦੀਆਂ ਭਾਵਨਾਵਾਂ ਨੂੰ ਆਵਾਜ਼ ਦੇਣ ਲਈ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਸੰਘਰਸ਼ ਸ਼ੁਰੂ ਕੀਤਾ ਹੈ, ਉਹਨਾਂ ਉਮੀਦ ਪ੍ਰਗਟ ਕਰਦਿਆਂ ਕਿਹਾ ਕਿ 30 ਮਾਰਚ ਦਾ ਧਰਨਾ ਸਫਲ ਹੋਵੇਗਾ, ਤੇ ਇਸ ਸੰਘਰਸ਼ ਨੂੰ ਨਵੀਂ ਦਿਸ਼ਾ ਦੇਣ ਵਿੱਚ ਕਾਮਯਾਬ ਹੋਵੇਗਾ।ਇਸ ਸੰਘਰਸ਼ ਨੂੰ ਨਵੀਂ ਦਿਸ਼ਾ ਦੇਣ ਵਿੱਚ ਕਾਮਯਾਬ ਹੋਵੇਗਾ।

## ਸ਼੍ਰੀ ਬਾਲਾ ਜੀ ਯਾਤਰਾ ਸੰਘ ਵੱਲੋਂ ਜਾਗਰਣ ਤਿਆਰੀ ਦੀ ਸ਼ੁਰੂਆਤ,




ਬੁਢਲਾਡਾ, 29 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ): ਅੱਜ ਸਥਾਨਕ ਸ਼੍ਰੀ ਬਾਲਾ ਜੀ ਯਾਤਰਾ ਸੰਘ ਦੇ ਸਮੂਹ ਮੈਂਬਰਾਂ ਵੱਲੋਂ 13 ਸਤੰਬਰ 2026 ਦਿਨ ਐਤਵਾਰ ਨੂੰ ਸ਼੍ਰੀ ਮੇਹਦੀਪੁਰ ਬਾਲਾ ਜੀ (ਰਾਜਸਥਾਨ) ਵਿੱਚ ਵਿਸ਼ਾਲ ਜਾਗਰਣ ਅਤੇ ਭੰਡਾਰੇ ਕਰਵਾਉਣ ਲਈ ਫੈਸਲਾ ਲਿਆ ਗਿਆ ਅਤੇ ਸ਼੍ਰੀ ਬਾਲਾ ਜੀ ਦੇ ਜਾਗਰਣ ਅਤੇ ਭੰਡਾਰੇ ਨੂੰ ਸਮਰਪਿਤ ਹੋਕੇ ਅਰਦਾਸ ਵਿੱਚ ਨਮਾਨ ਹੋਕੇ ਜਾਗਰਣ ਅਤੇ ਭੰਡਾਰੇ ਦੀਆਂ ਤਿਆਰੀਆਂ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਪ੍ਰਧਾਨ ਰਾਜੇਸ਼ ਬਾਂਸਲ ਨੇ ਦੱਸਿਆ ਕਿ ਸ਼੍ਰੀ ਮੇਹਦੀਪੁਰ ਬਾਲਾ ਜੀ ਦੀ ਕਿਰਪਾ ਅਤੇ ਅਸੀਸਾਂ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੰਜਾਬ, ਹਰਿਆਣਾ ਅਤੇ ਦਿੱਲੀ ਦੀਆਂ ਸੰਗਤਾਂ ਦੇ ਸਹਿਯੋਗ ਨਾਲ 14ਵਾਂ ਸ਼੍ਰੀ ਬਾਲਾ ਜੀ ਦਾ ਜਾਗਰਣ ਅਤੇ ਭੰਡਾਰਾ ਕਰਵਾਇਆ ਜਾਵੇਗਾ। ਜਿਸ ਵਿੱਚ ਵੱਖ-ਵੱਖ ਭਜਨ ਗਾਇਕ ਲੋਕਾਂ ਨੂੰ ਭਜਨਾਂ ਦੀ ਰੰਗਤ ਵਿੱਚ ਭਗਤੀ ਭਾਵ ਨਾਲ ਨਿਵਾਜਣਗੇ।ਉਨ੍ਹਾਂ ਨੇ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਵੱਧ ਚੜ੍ਹ ਕੇ ਇਸ ਧਾਰਮਿਕ ਸਮਾਗਮ ਵਿੱਚ ਹਾਜ਼ਰੀ ਲਗਾ ਕੇ ਆਪਣਾ ਜੀਵਨ ਧੰਨ ਬਣਾਉਣ। ਇਸ ਦੇ ਨਾਲ ਹੀ ਸ਼੍ਰੀ ਬਾਲਾ ਜੀ ਯਾਤਰਾ ਸੰਘ ਵੱਲੋਂ ਭਗਤਾਂ ਲਈ ਸ਼੍ਰੀ ਮੇਹਦੀਪੁਰ ਧਾਮ ਵਿੱਚ ਲੰਗਰ ਅਤੇ ਰਹਿਣ ਦੀ ਵਿਸ਼ੇਸ਼ ਵਿਵਸਥਾ ਵੀ ਕੀਤੀ ਜਾਂਦੀ ਹੈ, ਤਾਂ ਜੋ ਦੂਰ-ਦੂਰ ਤੋਂ ਆਉਣ ਵਾਲੀ ਸੰਗਤ ਨੂੰ ਕਿਸੇ ਤਰ੍ਹਾਂ ਦੀ ਅਸੁਵਿਧਾ ਨਾ ਹੋਵੇ। ਸੰਘ ਦੇ ਮੈਂਬਰਾਂ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵੱਡੀ ਗਿਣਤੀ ਵਿੱਚ ਭਗਤ ਜਾਗਰਣ ਵਿੱਚ ਸ਼ਾਮਲ ਹੋਣ ਦੀ ਉਮੀਦ ਹੈ ਅਤੇ ਸਮਾਗਮ ਨੂੰ ਸਫਲ ਬਣਾਉਣ ਲਈ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਜਾਰੀ ਹਨ। ਇਸ ਮੌਕੇਂ ਸੰਜੇ ਬਾਂਸਲ, ਸੰਕਰ ਬਾਂਸਲ, ਰਤਨ ਗੋਇਲ, ਸੈਮੀ ਬਾਂਸਲ, ਵਿਕਰਮ ਸਿੰਗਲਾ, ਨਨਾ ਬਾਂਸਲ ,ਕ੍ਰਿਸ਼ਨ ਸਿੰਗਲਾ ,ਟਿੰਕਲ ਬਾਂਸਲ, ਗਿਆਨ ਚੰਦ, ਸਤੀਸ਼ ਗੋਇਲ, ਨਿਸ਼ਾਂਤ ਗੋਇਲ, ਕੇਸਵ ਬਾਂਸਲ, ਅਮਿਤ ਜਿੰਦਲ, ਸ਼ਿਵ ਕਾਸਲ, ਬੋਬੀ ਬਾਂਸਲ, ਜਤਿਨ ਬਾਂਸਲ, ਹੈੱਪੀ ਮਹਿਤਾ, ਬੰਟੀ, ਗੋਲਡੀ ਬੇਦੀ, ਦੀਪੂ ਘੰਡ, ਰਾਜੇਸ਼ ਗਰਗ, ਦੀਪਕ ਜੈਨ, ਜਗਦੀਸ਼ ਖਿਪਲ, ਅਸ਼ੋਕ ਕੁਮਾਰ ਪਾਲਾ ,ਸੁਭਾਸ਼ ਗੋਇਲ, ਮਨੋਜ ਮੈਡੀਕਲ, ਰਾਮ ਕੁਮਾਰ, ਵਿਨੋਦ ਕੁਮਾਰ, ਨਰੇਸ਼ ਕੁਮਾਰ ਕਾਲਾ, ਕਮਲ ਠੇਕੇਦਾਰ ,ਰਾਜੀਵ ਕੁਮਾਰ, ਪੰਡਿਤ ਰਾਮਦੇਵ ਆਦਿ ਮੌਜੂਦ ਸਨ।

## ਚੋਰੀ ਦੇ ਦੋਸ਼ ਵਿੱਚੋਂ ਬਾਇੱਜ਼ਤ ਬਰੀ

ਮਲੋਟ, 29 ਮਾਰਚ (ਅਮਨਦੀਪ ਸਿੰਘ ਮਹਿਰਾ):ਅੱਜ ਮਿਤੀ 25.03.2026 ਨੂੰ ਮਾਣਯੋਗ ਸ੍ਰੀਮਤੀ , ਸਬ ਡਿਵਿਜ਼ਨਲ ਜੂਡੀਸ਼ੀਅਲ ਮੈਜਿਸਟ੍ਰੇਟ, ਮਲੋਟ ਦੀ ਅਦਾਲਤ ਵੱਲੋਂ ਇੱਕ ਮਹੱਤਵਪੂਰਨ ਫੈਸਲਾ ਸੁਣਾਇਆ ਗਿਆ। ਅਦਾਲਤ ਨੇ ਮੋਨੀ ਕਬਾੜੀਆ ਪੁੱਤਰ ਦੇਸ ਰਾਜ, ਨਿਵਾਸੀ ਏਕਤਾ ਨਗਰ, ਮਲੋਟ ਨੂੰ ਲਗੇ ਦੋਸ਼ਾਂ ਤੋਂ ਬਰੀ ਕਰ ਦਿੱਤਾ।ਇਹ ਮਾਮਲਾ 69 ਨੰਬਰ 108 ਸਾਲ 2021, ਥਾਣਾ ਸਿਟੀ ਮਲੋਟ ਵਿੱਚ ਧਾਰਾ 379 ਅਤੇ 411 ਭਾਰਤੀ ਦੰਡ ਸੰਹਿਤਾ (IPC) ਅਧੀਨ ਦਰਜ ਕੀਤਾ ਗਿਆ ਸੀ। ਕੇਸ ਵਿੱਚ ਕੁੱਲ 4 ਦੋਸ਼ੀ ਸ਼ਾਮਲ ਸਨ ਅਤੇ ਅਦਾਲਤ ਵੱਲੋਂ ਸਾਰੇ ਦੋਸ਼ੀਆਂ ਨੂੰ ਬਰੀ ਕਰ ਦਿੱਤਾ ਗਿਆ।ਇਹ ਕੇਸ ਕਾਫੀ ਸਮੇਂ ਤੋਂ ਅਦਾਲਤ ਵਿੱਚ ਚੱਲ ਰਿਹਾ ਸੀ। ਮਾਣਯੋਗ ਅਦਾਲਤ ਨੇ ਸਾਰੇ ਸਬੂਤਾਂ ਅਤੇ ਗਵਾਹੀਆਂ ਦੀ ਵਿਸਥਾਰ ਨਾਲ ਜਾਂਚ ਕਰਨ ਤੋਂ ਬਾਅਦ ਇਹ ਨਤੀਜਾ ਕੱਢਿਆ ਕਿ ਦੋਸ਼ ਸਾਬਤ ਨਹੀਂ ਹੁੰਦੇ, ਜਿਸ ਦੇ ਆਧਾਰ 'ਤੇ ਮੋਨੀ ਕਬਾੜੀਆ ਸਮੇਤ ਸਾਰੇ ਦੋਸ਼ੀਆਂ ਨੂੰ ਬੇਦੋਸ਼ ਕਰਾਰ ਦਿੱਤਾ ਗਿਆ।ਇਸ ਕੇਸ ਵਿੱਚ ਮੋਨੀ ਕਬਾੜੀਆ ਦੀ ਪੇਸ਼ੀ ਐਡਵੋਕੇਟ ਅਮਨ ਨਾਇਕ, ਮਲੋਟ ਵੱਲੋਂ ਕੀਤੀ ਗਈ। ਉਨ੍ਹਾਂ ਵੱਲੋਂ ਕੀਤੀ ਗਈ ਮਜ਼ਬੂਤ ਵਕਾਲਤ ਦੇ ਨਤੀਜੇ ਵਜੋਂ ਅਦਾਲਤ ਨੇ ਇਨਸਾਫ ਕਰਦਿਆਂ ਬਰੀ ਕਰਨ ਦਾ ਫੈਸਲਾ ਸੁਣਾਇਆ।ਇਹ ਫੈਸਲਾ ਨਿਆਂ ਪ੍ਰਣਾਲੀ ਤੇ ਲੋਕਾਂ ਦੇ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦਾ ਹੈ

## ਕੈਬਨਿਟ ਮੰਤਰੀ ਖੁੱਡੀਆਂ ਵੱਲੋਂ ਸਰਾਵਾਂ ਬੋਦਲਾਂ ਸੀ.ਐਚ.ਸੀ ਵਿੱਚ ਡਾਕਟਰੀ ਕੈਂਪ ਅਤੇ ਲੈਬ ਦਾ ਉਦਘਾਟਨ

### ਸਰਾਵਾਂ ਬੋਦਲਾਂ ਹਸਪਤਾਲ ਵਿੱਚ ਨਵੀਂ ਐਕਸ-ਰੇ ਮਸ਼ੀਨ ਸਮੇਤ ਸਿਹਤ ਸਹੂਲਤਾਂ ਦਾ ਵਿਸਥਾਰ-



ਮਲੋਟ, 29 ਮਾਰਚ (ਅਮਨਦੀਪ ਸਿੰਘ ਮਹਿਰਾ):ਲੰਬੀ ਹਲਕੇ ਦੇ ਪਿੰਡ ਸਰਾਵਾਂ ਬੋਦਲਾਂ ਵਿਖੇ ਸਥਿਤ ਸੀ.ਐਚ.ਸੀ. ਹਸਪਤਾਲ ਵਿੱਚ ਅੱਜ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਗਿਆ। ਇਸ ਮੌਕੇ 'ਤੇ ਕੈਬਿਨੇਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਮੈਡੀਕਲ ਕੈਂਪ ਅਤੇ ਨਵੀਂ ਲੈਬ ਦਾ ਉਦਘਾਟਨ ਕੀਤਾ ਗਿਆ।ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਹਸਪਤਾਲ ਵਿੱਚ ਨਵੀਂ ਐਕਸ-ਰੇ ਮਸ਼ੀਨ ਵੀ ਲਿਆਂਦੀ ਗਈ ਹੈ, ਜਿਸ ਨਾਲ ਮਰੀਜ਼ਾਂ ਨੂੰ ਤੁਰੰਤ ਅਤੇ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ। ਉਨ੍ਹਾਂ ਕਿਹਾ ਕਿ ਇਹ ਹਸਪਤਾਲ 25 ਬਿਸਤਰਿਆਂ ਦੀ ਸਮਰੱਥਾ ਵਾਲਾ ਹੈ, ਜੋ ਇਲਾਕੇ ਦੇ ਲੋਕਾਂ ਨੂੰ ਉੱਚ ਦਰਜੇ ਦੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾ ਰਿਹਾ ਹੈ।ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸਿਹਤ ਅਤੇ ਸਿੱਖਿਆ ਖੇਤਰ ਵਿੱਚ ਸੁਧਾਰ ਲਿਆਉਣਾ ਹੈ। ਇਸਦੇ ਨਾਲ-ਨਾਲ ਸਰਕਾਰ ਵੱਲੋਂ ਹੋਰ ਖੇਤਰਾਂ ਵਿੱਚ ਵੀ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਗਏ ਹਨ। ਸੜਕਾਂ ਦੀ ਨਿਰਮਾਣ ਕਾਰਜ ਤੇਜ਼ੀ ਨਾਲ ਜਾਰੀ ਹੈ ਅਤੇ ਸੜਕ ਸੁਰੱਖਿਆ ਫੋਰਸ ਦੀ ਸਥਾਪਨਾ ਕੀਤੀ ਗਈ ਹੈ।ਇਸ ਤੋਂ ਇਲਾਵਾ ਸ. ਖੁੱਡੀਆਂ ਨੇ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਮਹਿਲਾਵਾਂ ਲਈ ਆਰਥਿਕ ਸਹਾਇਤਾ ਯੋਜਨਾ ਦੇ ਤਹਿਤ ਜਰਨਲ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਅਤੇ ਐਸ.ਸੀ. ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਦੇਣ ਦਾ ਵਾਅਦਾ ਪੂਰਾ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਾਲੇ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਬਣਾਏ ਜਾ ਰਹੇ ਹਨ।ਅੰਤ ਵਿੱਚ, ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਤਰੱਕੀ ਜਾਰੀ ਰਹੇਗੀ।ਇਸ ਮੌਕੇ ਡਾ. ਸੁਨੀਲ ਬਾਂਸਲ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ, ਡਾ. ਸਿੰਪਲ ਕੁਮਾਰ ਐਸ.ਐਮ.ਓ ਆਲਮਵਾਲਾ, ਡਾ. ਅੰਮ੍ਰਿਤਪਾਲ ਕੌਰ ਐਸ.ਐਮ.ਓ ਸਰਾਂਵਾ ਬੋਦਲਾਂ, ਡਾ. ਰਾਜਿੰਦਰ ਕੁਮਾਰ ਐਸ.ਐਮ.ਓ ਮਲੋਟ, ਕਰਮਜੀਤ ਸਰਾਵਾਂ, ਸੋਨੂ ਸੰਧੂ ਸਰਾਵਾਂ, ਸੁੱਖਾ ਗੁਰੂਸਰ, ਪਾਲਾ ਬੁਰਜਾਂ, ਮੋਹਨ ਸਿੰਘ ਕੱਟਿਆਂਵਾਲੀ,ਬਲਜਿੰਦਰ ਕੱਟਿਆਂਵਾਲੀ, ਅਨੋਖ ਸਿੰਘ ਸਰਪੰਚ ਕਬਰਵਾਲਾ,ਨਿਰਮਲ ਸਿੰਘ ਕਬਰਵਾਲਾ,ਰਸ਼ਪਾਲ ਸਰਪੰਚ ਗੁਰੂਸਰ, ਸਤਨਾਮ ਸਰਪੰਚ ਸਰਾਵਾਂ ਬੋਦਲਾ, ਸਤਪਾਲ ਸਰਾਵਾਂ ਬੋਦਲਾਂ, ਗੁਰਜੀਤ ਜੀਤੂ ਰਾਣੀ ਵਾਲਾ, ਡਾ. ਏਕਤਾ ਸਿਆਲ, ਡਾ. ਵਿਕਾਸ ਕੁਮਾਰ, ਡਾ. ਰਮਿਤੀ, ਡਾ. ਮਨਜੋਤ ਭੌਰਾ, ਡਾ. ਪਰਿਕਸ਼ਾ,ਬਲਕਾਰ ਸਿੰਘ, ਜਰਨੈਲ ਸਿੰਘ ਢਿੱਲੋਂ, ਸਮੂਹ ਫੀਲਡ ਸਟਾਫ ਸੀ.ਐਚ.ਸੀ ਆਲਮਵਾਲਾ ਅਤੇ ਸਰਾਵਾਂ ਬੋਦਲਾਂ, ਪੀਏ ਗੁਰਬਾਜ ਖੁੱਡੀਆਂ, ਮੀਡੀਆ ਐਡਵਾਈਜ਼ਰ ਮੋਹਿਤ ਸੋਨੀ ਸਰਪੰਚ ਗੁਰੂਸਰ, ਸਤਨਾਮ ਸਰਪੰਚ ਸਰਾਵਾਂ ਬੋਦਲਾ, ਸਤਪਾਲ ਸਰਾਵਾਂ ਬੋਦਲਾਂ, ਗੁਰਜੀਤ ਜੀਤੂ ਰਾਣੀ ਵਾਲਾ, ਡਾ. ਏਕਤਾ ਸਿਆਲ, ਡਾ. ਵਿਕਾਸ ਕੁਮਾਰ, ਡਾ. ਰਮਿਤੀ, ਡਾ. ਮਨਜੋਤ ਭੌਰਾ, ਡਾ. ਪਰਿਕਸ਼ਾ, ਬਲਕਾਰ ਸਿੰਘ, ਜਰਨੈਲ ਸਿੰਘ ਢਿੱਲੋਂ, ਸਮੂਹ ਫੀਲਡ ਸਟਾਫ ਸੀ.ਐਚ.ਸੀ ਆਲਮਵਾਲਾ ਅਤੇ ਸਰਾਵਾਂ ਬੋਦਲਾਂ, ਪੀਏ ਗੁਰਬਾਜ ਖੁੱਡੀਆਂ ਤੋਂ ਇਲਾਵਾ ਪਤਵੰਤੇ ਹਾਜ਼ਰ ਸਨ।

## ਪਿੰਡ ਜਲਾਲ ਤੋਂ ਬਜ਼ੁਰਗਾਂ ਦੀ ਤੀਰਥ ਯਾਤਰਾ ਲਈ ਬੱਸ ਨੂੰ ਝੰਡੀ ਦੇ ਕੇ ਰਵਾਨਾ, ਸਰਕਾਰ ਦੇ ਉਪਰਾਲੇ ਦੀ ਸਰਾਹਨਾ



ਰਾਮਪੁਰਾ ਫੂਲ, 29 ਮਾਰਚ (ਮਨਪ੍ਰੀਤ ਮਿੰਟੂ): ਪੰਜਾਬ ਸਰਕਾਰ ਦੀ ਲੋਕ-ਹਿਤੈਸ਼ੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਪਿੰਡ ਜਲਾਲ ਤੋਂ ਬਜ਼ੁਰਗਾਂ ਦੀ ਬੱਸ ਨੂੰ ਤੀਰਥ ਯਾਤਰਾ ਲਈ ਵਿਧਿਵਤ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਅਸੀਂ ਕਾਨੂੰਨਗੋ ਉਪਜਿੰਦਰ ਸਿੰਘ ਬਰਾੜ ਵੱਲੋਂ ਬੱਸ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਯਾਤਰਾ ਦੌਰਾਨ ਬਜ਼ੁਰਗ ਸ਼੍ਰੀ ਅੰਮ੍ਰਿਤਸਰ ਸਾਹਿਬ, ਦੁਰਗਿਆਨਾ ਮੰਦਰ, ਜਲਿਆਂਵਾਲਾ ਬਾਗ਼ ਅਤੇ ਬਾਘਾ ਬਾਰਡਰ ਸਮੇਤ ਕਈ ਪਵਿੱਤਰ ਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਨਗੇ।ਪਿੰਡ ਵਿੱਚ ਇਸ ਮੌਕੇ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਸੀ ਅਤੇ ਇਲਾਕਾ ਨਿਵਾਸੀਆਂ ਵੱਲੋਂ ਸਰਕਾਰ ਦੇ ਇਸ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ ਗਈ।ਇਸ ਸੰਬੰਧੀ ਹਲਕਾ ਵਿਧਾਇਕ ਬਲਕਾਰ ਸਿੱਧੂ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੀ ਸੇਵਾ ਅਤੇ ਸਨਮਾਨ ਲਈ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਬਹੁਤ ਹੀ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਸਾਡੇ ਵੱਡੇ ਸਾਡੇ ਸਮਾਜ ਦੀਆਂ ਜੜ੍ਹਾਂ ਹਨ ਅਤੇ ਉਨ੍ਹਾਂ ਦੀਆਂ ਆਤਮਿਕ ਇੱਛਾਵਾਂ ਪੂਰੀਆਂ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਲੋਕ-ਭਲਾਈ ਸਕੀਮਾਂ ਨਾਲ ਬਜ਼ੁਰਗਾਂ ਨੂੰ ਆਤਮਿਕ ਸ਼ਾਂਤੀ ਅਤੇ ਖੁਸ਼ੀ ਮਿਲਦੀ ਹੈ ਅਤੇ ਸਰਕਾਰ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਉਪਰਾਲੇ ਜਾਰੀ ਰੱਖੇਗੀ।ਇਸ ਮੌਕੇ ਕਾਨੂੰਨਗੋ ਉਪਜਿੰਦਰ ਸਿੰਘ ਬਰਾੜ ਅਤੇ ਮਾਸਟਰ ਜਰਨੈਲ ਸਿੰਘ ਨੇ ਬੋਲਦਿਆਂ ਇਸ ਯੋਜਨਾ ਦੀ ਸਰਾਹਨਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ।ਇਸ ਮੌਕੇ ਗੁਲਜਾਰ ਸਿੰਘ, ਜੀਤ ਸਿੰਘ, ਲਾਭ ਸਿੰਘ, ਸੋਹਣ ਸਿੰਘ, ਗੁਰਪ੍ਰੀਤ ਸਿੰਘ (ਕਬੱਡੀ ਖਿਡਾਰੀ) ਅਤੇ ਜੀਵਨ ਸਿੰਘ ਸਮੇਤ ਪਿੰਡ ਦੇ ਨੌਜਵਾਨ ਵੀ ਹਾਜ਼ਰ ਸਨ।ਇਸ ਤਰ੍ਹਾਂ ਪਿੰਡ ਜਲਾਲ ਤੋਂ ਬਜ਼ੁਰਗਾਂ ਦੀ ਬੱਸ ਨੂੰ ਤੀਰਥ ਯਾਤਰਾ ਲਈ ਰਵਾਨਾ ਕੀਤਾ ਗਿਆ, ਜਿਸ ਨਾਲ ਪਿੰਡ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ।



ਰੋਜ਼ਾਨਾ ਚੜ੍ਹਦੀਕਲਾ

## ਸਿਹਤ ਖ਼ਬਰਨਾਮਾ



# ਇਹ 10 ਸਬਜ਼ੀਆਂ ਬਣਨਗੀਆਂ ਤੁਹਾਡਾ ਸੁਰੱਖਿਆ ਕਵਚ

ਅੱਜ ਦੀ ਭੱਜ-ਦੌੜ ਭਰੀ ਜ਼ਿੰਦਗੀ ਅਤੇ ਗਲਤ ਖਾਣ-ਪੀਣ ਕਾਰਨ ਦਿਲ ਦੀਆਂ ਬਿਮਾਰੀਆਂ ਦਾ ਖ਼ਤਰਾ ਤੇਜ਼ੀ ਨਾਲ ਵੱਧ ਰਿਹਾ ਹੈ। ਪਰ ਮਾਹਿਰਾਂ ਅਨੁਸਾਰ, ਨਾਈਟ੍ਰੇਟ ਨਾਲ ਭਰਪੂਰ ਸਬਜ਼ੀਆਂ ਨੂੰ ਆਪਣੀ ਖੁਰਾਕ ਦਾ ਹਿੱਸਾ ਬਣਾ ਕੇ ਦਿਲ ਦੀ ਸਿਹਤ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ।ਜਦੋਂ ਅਸੀਂ ਨਾਈਟ੍ਰੇਟ ਯੁਕਤ ਭੋਜਨ ਖਾਂਦੇ ਹਾਂ, ਤਾਂ ਸਰੀਰ ਇਸਨੂੰ ਨਾਈਟ੍ਰਿਕ



ਆਕਸਾਈਡ ਵਿੱਚ ਬਦਲ ਦਿੰਦਾ ਹੈ। ਇਹ ਤੱਤ ਖੂਨ ਦੀਆਂ ਨਾੜੀਆਂ ਨੂੰ ਫੈਲਾਉਣ ਵਿੱਚ ਮਦਦ ਕਰਦਾ ਹੈ, ਜਿਸ ਨਾਲ ਖੂਨ ਦਾ ਪ੍ਰਵਾਹ ਬਿਹਤਰ ਹੁੰਦਾ ਹੈ ਅਤੇ ਦਿਲ 'ਤੇ ਦਬਾਅ ਘਟਦਾ ਹੈ। ਇਹ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ ਅਤੇ ਧਮਨੀਆਂ ਵਿੱਚ ਜੰਮੇ ਫੈਟ ਨੂੰ ਘਟਾਉਣ ਵਿੱਚ ਵੀ ਸਹਾਇਕ ਹੈ।

**ਪਾਲਕ:** ਆਇਰਨ ਅਤੇ ਵਿਟਾਮਿਨਾਂ ਦੇ ਨਾਲ-ਨਾਲ ਪਾਲਕ ਨਾਈਟ੍ਰੇਟ ਦਾ ਵੱਡਾ ਸਰੋਤ ਹੈ, ਜੋ ਬੀਪੀ ਕੰਟਰੋਲ ਕਰਦਾ ਹੈ।

**ਚੁਕੰਦਰ:** ਇਸ ਦਾ ਜੂਸ ਨਾਈਟ੍ਰੇਟ ਨਾਲ ਭਰਪੂਰ ਹੁੰਦਾ ਹੈ, ਜੋ ਸਰੀਰ ਦਾ ਸਟੈਮਿਨਾ ਵਧਾਉਂਦਾ ਹੈ ਅਤੇ ਦਿਲ ਦੀ ਕਾਰਜਕੁਸ਼ਲਤਾ ਸੁਧਾਰਦਾ ਹੈ।

**ਸਲਾਦ ਪੱਤਾ** : ਹਰੇ ਪੱਤੇਦਾਰ ਸਲਾਦ ਰੋਜ਼ਾਨਾ ਖਾਣ ਨਾਲ ਦਿਲ ਦੀ ਸਿਹਤ ਨੂੰ ਫਾਇਦਾ ਮਿਲਦਾ ਹੈ।

**ਮੇਥੀ:** ਫਾਈਬਰ ਅਤੇ ਮਿਨਰਲਸ ਨਾਲ ਭਰਪੂਰ ਮੇਥੀ ਸ਼ੂਗਰ ਕੰਟਰੋਲ ਕਰਨ ਦੇ ਨਾਲ ਦਿਲ ਨੂੰ ਵੀ ਸੁਰੱਖਿਅਤ ਰੱਖਦੀ ਹੈ।

**ਬਥੂਆ:** ਇਹ ਖੂਨ ਨੂੰ ਸਾਫ਼ ਕਰਨ ਅਤੇ ਦਿਲ ਨੂੰ ਸਿਹਤਮੰਦ ਰੱਖਣ ਵਿੱਚ ਮਦਦਗਾਰ ਹੈ।

**ਮੂਲੀ ਅਤੇ ਇਸ ਦੇ ਪੱਤੇ:** ਇਹ ਖੂਨ ਦੇ ਪ੍ਰਵਾਹ ਨੂੰ ਸੁਧਾਰਨ ਅਤੇ ਨਾੜੀਆਂ ਨੂੰ ਲਚਕੀਲਾ ਬਣਾਉਣ ਵਿੱਚ ਸਹਾਇਕ ਹਨ।

**ਸ਼ਲਗਮ:** ਇਹ ਸਰੀਰ ਵਿੱਚ ਨਾਈਟ੍ਰਿਕ ਆਕਸਾਈਡ ਦਾ ਪੱਧਰ ਵਧਾ ਕੇ ਦਿਲ ਦੀ ਰੱਖਿਆ ਕਰਦਾ ਹੈ।

**ਗੋਭੀ:** ਫਾਈਬਰ ਅਤੇ ਨਾਈਟ੍ਰੇਟ ਨਾਲ ਭਰਪੂਰ ਗੋਭੀ ਧਮਨੀਆਂ ਵਿੱਚ ਚਰਬੀ ਨੂੰ ਜੰਮਣ ਤੋਂ ਰੋਕਦੀ ਹੈ।

# ਰੱਖਿਆ ਮੰਤਰੀ ਵੱਲੋਂ ਪੱਛਮੀ ਏਸ਼ੀਆ ਦੀ ਸਥਿਤੀ ਅਤੇ ਭਾਰਤ 'ਤੇ ਇਸ ਦੇ ਪ੍ਰਭਾਵ ਦੀ ਸਮੀਖਿਆ ਲਈ ਆਈ.ਜੀ.ਓ.ਐਮ. ਦੀ ਪਹਿਲੀ ਮੀਟਿੰਗ ਦੀ ਪ੍ਰਧਾਨਗੀ

ਨਵੀਂ ਦਿੱਲੀ, 29 ਮਾਰਚ (ਅੰਮ੍ਰਿਤਪਾਲ ਸਿੰਘ) : ਰੱਖਿਆ ਮੰਤਰੀ ਸ਼੍ਰੀ ਰਾਜਨਾਥ ਸਿੰਘ ਨੇ ਗੈਰ-ਰਸਮੀ ਮੰਤਰੀ ਸਮੂਹ ਆਈ.ਜੀ.ਓ.ਐਮ. ਦੀ ਪਹਿਲੀ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜੋ ਪੱਛਮੀ ਏਸ਼ੀਆ ਵਿੱਚ ਵਿਕਸਤ ਹੋ ਰਹੀ ਸਥਿਤੀ ਦੀ ਨਿਗਰਾਨੀ ਕਰਨ ਅਤੇ ਉੱਥੋਂ ਦੇ ਵਿਕਾਸ ਦੇ ਜਵਾਬ ਵਿੱਚ ਸਰਗਰਮ ਉਪਾਵਾਂ ਦੀ ਸਿਫਾਰਸ਼ ਕਰਨ ਲਈ ਗਠਿਤ ਕੀਤੀ ਗਈ ਸੀ। ਨਵੀਂ ਦਿੱਲੀ ਦੇ ਕਾਰਤਵਯ ਭਵਨ-2 ਵਿਖੇ ਹੋਈ ਇਸ ਮੀਟਿੰਗ ਵਿੱਚ ਵਿੱਤ ਅਤੇ ਕਾਰਪੋਰੇਟ ਮਾਮਲਿਆਂ ਬਾਰੇ ਮੰਤਰੀ ਸ਼੍ਰੀਮਤੀ ਨਿਰਮਲਾ ਸੀਤਾਰਮਨ, ਸੰਸਦੀ ਮਾਮਲਿਆਂ ਬਾਰੇ ਮੰਤਰੀ ਸ਼੍ਰੀ ਕਿਰੇਨ ਰਿਜੀਜੂ; ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਸ਼੍ਰੀ ਹਰਦੀਪ ਸਿੰਘ ਪੁਰੀ; ਬਿਜਲੀ ਮੰਤਰੀ ਸ਼੍ਰੀ ਮਨੋਹਰ ਲਾਲ; ਰਸਾਇਣ ਅਤੇ ਖਾਦ ਮੰਤਰੀ ਸ਼੍ਰੀ ਜਗਤ ਪ੍ਰਕਾਸ਼ ਨੱਡਾ; ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ ਸ਼੍ਰੀ ਪ੍ਰਹਿਲਾਦ ਜੋਸ਼ੀ; ਸ਼ਹਿਰੀ ਹਵਾਬਾਜ਼ੀ ਮੰਤਰੀ ਸ਼੍ਰੀ ਕਿੰਜਾਰਾਪੂ ਰਾਮਮੋਹਨ ਨਾਇਡੂ; ਅਤੇ ਵਿਗਿਆਨ ਅਤੇ ਤਕਨਾਲੋਜੀ



ਰਾਜ ਮੰਤਰੀ (ਸੁਤੰਤਰ ਚਾਰਜ), ਡਾ. ਜਿਤੇਂਦਰ ਸਿੰਘ ਨੇ ਹਿੱਸਾ ਲਿਆ।

ਆਈ.ਜੀ.ਓ.ਐਮ. ਨੇ ਭਾਰਤ ਵਿੱਚ ਵਿਕਸਤ ਹੋ ਰਹੀ ਸਥਿਤੀ ਅਤੇ ਵੱਖ-ਵੱਖ ਖੇਤਰਾਂ 'ਤੇ ਇਸਦੇ ਪ੍ਰਭਾਵ ਦੀ ਵਿਆਪਕ ਸਮੀਖਿਆ ਕੀਤੀ। ਰੱਖਿਆ ਮੰਤਰੀ ਨੇ ਇੱਕ ਸਰਗਰਮ, ਤਾਲਮੇਲ ਅਤੇ ਅਗਾਂਹਵਧੂ ਪਹੁੰਚ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਅਤੇ ਬਦਲਦੇ ਦ੍ਰਿਸ਼ਟੀਕੋਣ ਦੇ ਸਾਹਮਣੇ ਚੌਕਸ ਰਹਿਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਮੀਟਿੰਗ ਦੇ ਹਿੱਸੇ ਵਜੋਂ, ਸੱਤ ਅਧਿਕਾਰ ਪ੍ਰਾਪਤ ਸਕੱਤਰਾਂ ਦੇ ਸਮੂਹਾਂ ਨੇ ਪੇਸ਼ਕਾਰੀਆਂ ਦਿੱਤੀਆਂ, ਜਿਨ੍ਹਾਂ ਵਿੱਚ ਪਛਾਣੇ ਗਏ ਮੁੱਖ ਖੇਤਰੀ ਮੁੱਦਿਆਂ ਅਤੇ ਸਥਿਤੀ ਨੂੰ ਹੱਲ ਕਰਨ ਲਈ ਪਹਿਲਾਂ ਹੀ ਲਾਗੂ ਕੀਤੇ ਗਏ ਨੀਤੀਗਤ ਉਪਾਵਾਂ ਦੀ ਰੂਪਰੇਖਾ ਦਿੱਤੀ ਗਈ।

ਸ਼੍ਰੀ ਰਾਜਨਾਥ ਸਿੰਘ ਨੇ EGoS ਨੂੰ ਸਥਿਤੀ ਦੀ ਨੇੜਿਓਂ ਨਿਗਰਾਨੀ ਜਾਰੀ ਰੱਖਣ, ਮੱਧਮ ਤੋਂ ਲੰਬੀ ਮਿਆਦ ਦੀ ਤਿਆਰੀ ਪਹੁੰਚ ਅਪਣਾਉਣ, ਉੱਚ-ਪੱਧਰੀ ਤਾਲਮੇਲ ਬਣਾਈ ਰੱਖਣ ਅਤੇ ਤੁਰੰਤ ਫੈਸਲਾ ਲੈਣ ਨੂੰ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਾਰੇ ਨੀਤੀਗਤ ਯਤਨਾਂ ਦਾ ਤਾਲਮੇਲ ਅਤੇ ਸਮਾਂ ਸੀਮਾ ਦੇ ਅੰਦਰ ਲਾਗੂ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਸਾਰੇ ਸਬੰਧਤ ਮੰਤਰੀਆਂ ਤੋਂ ਉਸਾਰੂ ਸੁਝਾਅ ਵੀ ਮੰਗੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਭਾਰਤ ਮਜ਼ਬੂਤ ਅਤੇ ਤਿਆਰ ਰਹੇ।

ਆਈ.ਜੀ.ਓ.ਐਮ. ਨੇ ਰਾਜ ਅਤੇ ਜ਼ਿਲ੍ਹਾ ਪ੍ਰਸ਼ਾਸਨਾਂ ਨਾਲ ਨਜ਼ਦੀਕੀ ਤਾਲਮੇਲ ਦੀ ਮਹੱਤਤਾ ਨੂੰ ਦੁਹਰਾਇਆ, ਅਤੇ ਮੁੱਖ ਨੀਤੀਗਤ ਪਹਿਲਕਦਮੀਆਂ ਬਾਰੇ ਜਾਣਕਾਰੀ ਜਨਤਾ ਤੱਕ ਸਮੇਂ ਸਿਰ ਪਹੁੰਚਾਉਣ 'ਤੇ ਜ਼ੋਰ ਦਿੱਤਾ। ਮੌਜੂਦਾ ਸਥਿਤੀ ਦੇ ਵੱਖ-ਵੱਖ ਉਦਯੋਗਾਂ 'ਤੇ ਪ੍ਰਭਾਵ ਦਾ ਮੁਲਾਂਕਣ ਕਰਨ ਦੀ ਜ਼ਰੂਰਤ 'ਤੇ ਵੀ ਚਰਚਾ ਕੀਤੀ ਗਈ। ਇਹ ਵੀ ਨਿਰਦੇਸ਼ ਦਿੱਤਾ ਗਿਆ ਕਿ ਸਾਰੇ ਮੰਤਰਾਲੇ ਅਤੇ ਵਿਭਾਗ ਮੌਜੂਦਾ ਸਥਿਤੀ ਨਾਲ ਸਬੰਧਤ ਸੰਬੰਧਿਤ ਜਾਣਕਾਰੀ, ਨਵੇਂ ਵਿਕਾਸ ਅਤੇ ਸਲਾਹਾਂ ਨੂੰ MIB WhatsApp ਚੈਨਲ ਰਾਹੀਂ ਸਾਂਝਾ ਕਰਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਹੀ ਜਾਣਕਾਰੀ ਨਾਗਰਿਕਾਂ ਤੱਕ ਪਹੁੰਚੇ ਅਤੇ ਅਫਵਾਹਾਂ, ਗਲਤ ਜਾਣਕਾਰੀ ਅਤੇ ਜਾਅਲੀ ਖ਼ਬਰਾਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕੀਤਾ ਜਾ ਸਕੇ।

ਮੀਟਿੰਗ ਤੋਂ ਬਾਅਦ X 'ਤੇ ਇੱਕ ਪੋਸਟ ਵਿੱਚ, ਰੱਖਿਆ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਭਾਰਤੀ ਲੋਕਾਂ ਨੂੰ ਟਕਰਾਅ ਦੇ ਕਿਸੇ ਵੀ ਪ੍ਰਭਾਵ ਤੋਂ ਸੁਰੱਖਿਅਤ ਰੱਖਣ ਲਈ ਵਚਨਬੱਧ ਹੈ।

# ਖ਼ਾਲਸਾ ਪੰਥ ਸਾਜਨਾ ਦਿਵਸ ਨੂੰ ਸਮਰਪਿਤ ਸਜਾਏ ਨਗਰ ਕੀਰਤਨ ਮੌਕੇ ਖਾਲਸਾਈ ਰੰਗ 'ਚ ਰੰਗਿਆਂ ਬਰੇਸ਼ੀਆ





ਮਿਲਾਨ, 29 ਮਾਰਚ (ਦਲਜੀਤ ਮੱਕੜ) : ਇਟਲੀ ਦੇ ਸ਼ਹਿਰ ਬਰੇਸ਼ੀਆ ਵਿਖੇ ਸਥਾਪਿਤ ਗੁਰਦੁਆਰਾ ਸੱਚਖੰਡ ਈਸ਼ਰ ਦਰਬਾਰ ਬਰੇਸ਼ੀਆ ਦੀ ਪ੍ਰਬੰਧਕ ਕਮੇਟੀ ਵੱਲੋ ਸਥਾਨਿਕ ਸੰਗਤਾਂ ਦੇ ਸਹਿਯੋਗ ਨਾਲ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਸਜਾਏ ਨਗਰ ਕੀਰਤਨ ਮੌਕੇ ਇਟਲੀ ਦਾ ਸ਼ਹਿਰ ਬਰੇਸ਼ੀਆਂ ਖਾਲਸਾਈ ਰੰਗ ਵਿੱਚ ਰੰਗਿਆ ਗਿਆ। ਜਿਸ ਵਿਚ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਹਾਜਰੀ ਭਰੀ।ਨਗਰ ਕੀਰਤਨ ਦੀ ਆਰੰਭਤਾ ਵੀਆ ਕੋਰਸੀਕਾ ਤੋਂ ਪੰਜ ਪਿਆਰਿਆਂ ਅਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਵਿੱਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਬਹੁਤ ਹੀ ਸੁਚੱਜੇ ਤਰੀਕੇ ਦੇ ਨਾਲ਼ ਹੋਈ। ਨਗਰ ਕੀਰਤਨ ਦੌਰਾਨ ਵੱਖ ਵੱਖ ਰਾਗੀ ਸਿੰਘਾਂ ਦੁਆਰਾ ਇਤਿਹਾਸ ਸਰਵਣ ਕਰਵਾਇਆ ਗਿਆ।ਸਾਰੇ ਰਸਤੇ ਵਿਚ ਸੰਗਤਾਂ ਦੁਆਰਾ ਸਤਿਨਾਮ ਵਾਹਿਗੁਰੂ ਦਾ ਜਾਪ ਕੀਤਾ ਗਿਆ ਅਤੇ ਬੋਲੇ ਸੋ ਨਿਹਾਲ ਦੇ ਜੈਕਾਰੇ ਲਗਾਏ। ਜਿਸਦੇ ਚਲਦਿਆਂ ਇਟਲੀ ਦਾ ਸ਼ਹਿਰ ਬਰੇਸ਼ੀਆਂ ਖਾਲਸਾਈ ਰੰਗ ਵਿੱਚ ਰੰਗਿਆ ਗਿਆ। ਇਸ ਮੌਕੇ ਬਾਬਾ ਅਜੀਤ ਸਿੰਘ ਬਾਬਾ ਜੁਝਾਰ ਸਿੰਘ ਗੱਤਕਾ ਅਕੈਡਮੀ ਬਨਿਓਲੋ ਮੇਲਾ ਵੱਲੋਂ ਗੱਤਕੇ ਦੇ ਜੌਹਰ ਵੀ ਦਿਖਾਏ ਗਏ । ਇਟਲੀ ਦੇ ਵੱਖ ਵੱਖ ਇਲਾਕਿਆ ਦੇ ਹੋਰਨਾਂ ਗੁਰੂਦੁਆਰਾ ਸਾਹਿਬ, ਵੱਖ ਵੱਖ ਸੰਸਥਾਵਾਂ ਅਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਇਸ ਨਗਰ ਕੀਰਤਨ ਦੌਰਾਨ ਵੱਖ - ਵੱਖ ਤਰ੍ਹਾਂ ਦੇ ਗੁਰੂ ਕੇ ਲੰਗਰ ਲਗਾਏ ਗਏ।ਨਗਰ ਕੀਰਤਨ ਦਾ ਗੁਰਦੁਆਰਾ ਸਾਹਿਬ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ ਗਿਆ। ਸ਼ਾਮ ਨੂੰ ਵੱਖ ਵੱਖ ਸਥਾਨਾਂ ਤੋਂ ਹੁੰਦਾ ਹੋਇਆ ਬਰੇਸ਼ੀਆਂ ਦੀ ਪਰਿਕਰਮਾ ਕਰਦਿਆਂ ਨਗਰ ਕੀਰਤਨ ਦੀ ਸਮਾਪਤੀ ਈਵੇਕੋ ਦੀ ਪਾਰਕ ਵਿਖੇ ਹੋਈ। ਸਮਾਪਤੀ ਤੇ ਹੈਲੀਕਾਪਟਰ ਦੁਆਰਾ ਨਗਰ ਕੀਰਤਨ, ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਅਤੇ ਸੰਗਤਾਂ ਤੇ ਫੁੱਲਾਂ ਦੀ ਵਰਖਾ ਕੀਤੀ ਗਈ।ਇਸ ਨਗਰ ਕੀਰਤਨ ਮੌਕੇ ਵੱਖ-ਵੱਖ ਸੇਵਾਵਾਂ ਲਈ ਗੁਰਦਆਰਾ ਪ੍ਰਬੰਧਕ ਕਮੇਟੀ ਵਲੋਂ ਵੱਖ ਵੱਖ ਗੁਰੂਦੁਆਰਾ ਸਾਹਿਬ ਦੀ ਪ੍ਰਬੰਧਕੀ ਕਮੇਟੀ, ਇਲਾਕੇ ਦੀ ਸੰਗਤਾਂ ਅਤੇ ਸੇਵਾਦਾਰਾਂ ਦਾ ਮਾਨ ਸਨਮਾਨ ਕੀਤਾ ਗਿਆ। ਨਗਰ ਕੀਰਤਨ ਵਿੱਚ ਬਰੇਸ਼ੀਆ ਕਈ ਪ੍ਰਸ਼ਾਸ਼ਨਿਕ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋ ਆਏ ਹੋਏ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।

### 243ਵੇਂ ਦਿੱਲੀ ਫ਼ਤਿਹ ਦਿਵਸ ਦੀ ਸ਼ਾਨਦਾਰ ਸ਼ੁਰੂਆਤ

# ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਲੀ ਦੇ ਨਵੇਂ ਬਣੇ ਉਪਰਾਜਪਾਲ ਤਰਨਜੀਤ ਸਿੰਘ ਸੰਧੂ ਸਨਮਾਨਿਤ

ਨਵੀਂ ਦਿੱਲੀ, 29 ਮਾਰਚ (ਅੰਮ੍ਰਿਤਪਾਲ ਸਿੰਘ) : ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਭਰਪੂਰ ਸਹਿਯੋਗ ਨਾਲ ਮਨਾਏ ਜਾ ਰਹੇ 243ਵੇਂ ਦਿੱਲੀ ਫਤਿਹ ਦਿਵਸ ਦੇ ਪਵਿੱਤਰ ਮੌਕੇ ਤੇ ਪਹਿਲੇ ਦਿਨ ਦੇ ਗੁਰਮਤਿ ਸਮਾਗਮ ਲਾਲ ਕਿਲ੍ਹਾ ਮੈਦਾਨ ਵਿਖੇ ਬਹੁਤ ਧੂਮਧਾਮ ਅਤੇ ਗੁਰਬਾਣੀ ਦੇ ਆਤਮਿਕ ਰੰਗਾਂ ਦੇ ਮਾਹੌਲ ਵਿੱਚ ਆਰੰਭ ਹੋ ਗਏ।

ਉਨ੍ਹਾਂ ਦੱਸਿਆ ਕਿ ਇਸ ਇਤਿਹਾਸਕ ਸਮਾਗਮ ਦੇ ਪਹਿਲੇ ਦਿਨ ਦਿੱਲੀ ਅਤੇ ਆਲੇ-ਦੁਆਲੇ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਰਧਾ, ਉਤਸ਼ਾਹ ਅਤੇ ਚੜ੍ਹਦੀ ਕਲਾ ਦੇ ਜਜ਼ਬੇ ਨਾਲ ਭਰਪੂਰ ਹਾਜ਼ਰੀ ਲਗਵਾ ਕੇ ਗੁਰੂ ਘਰ ਨਾਲ ਆਪਣੀ ਅਟੱਲ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸੰਗਤਾਂ ਦੀ ਵਿਸ਼ਾਲ ਭਾਗੀਦਾਰੀ ਨੇ ਸਮਾਗਮ ਨੂੰ ਵਿਲੱਖਣ ਰੂਪ ਬਖ਼ਸ਼ਿਆ ਅਤੇ ਪੂਰਾ ਮਾਹੌਲ ਗੁਰਬਾਣੀ ਦੇ ਰਸ ਨਾਲ ਗੂੰਜ ਉਠਿਆ।



ਹਰਮੀਤ ਸਿੰਘ ਕਾਲਕਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫਤਿਹ ਦਿਵਸ ਦੇ ਪਹਿਲੇ ਦਿਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਲੀ ਦੇ ਨਵੇਂ ਬਣੇ ਉਪਰਾਜਪਾਲ ਸ. ਤਰਨਜੀਤ ਸਿੰਘ ਸੰਧੂ ਸਮੇਤ ਮਹਾਂਪੁਰਖਾਂ, ਸਮੂਹ ਸਿੱਖ ਜਥੇਬੰਦੀਆਂ, ਨਿਹੰਗ ਸਿੰਘ ਜੱਥੇਬੰਦੀਆਂ ਅਤੇ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਤੇ ਸਤਿਕਾਰਯੋਗ ਸ਼ਖ਼ਸੀਅਤਾਂ ਨੂੰ ਸਨਮਾਨਿਤ ਕਰਕੇ ਉਨ੍ਹਾਂ ਦੇ ਦੇਸ਼ ਲਈ ਵਡਮੁੱਲੇ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ ਗਈ।

ਉਨ੍ਹਾਂ ਕਿਹਾ ਕਿ ਦਿੱਲੀ ਫਤਿਹ ਦਿਵਸ ਸਿਰਫ਼ ਇਕ ਇਤਿਹਾਸਕ ਯਾਦਗਾਰ ਨਹੀਂ, ਸਗੋਂ ਸਿੱਖ ਕੌਮ ਦੀ ਬਹਾਦਰੀ, ਆਤਮਿਕਤਾ ਅਤੇ ਕੁਰਬਾਨੀ ਦੀ ਮਹਾਨ ਵਿਰਾਸਤ ਦਾ ਪ੍ਰਤੀਕ ਹੈ, ਜਿਸਨੂੰ ਮਨਾਉਣਾ ਹਰ ਸਿੱਖ ਲਈ ਮਾਣ ਅਤੇ ਪ੍ਰੇਰਣਾ ਦਾ ਸਰੋਤ ਹੈ। ਇਹ ਸਮਾਗਮ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਕਬਜ਼ੇ ਸ਼ਾਨਦਾਰ ਇਤਿਹਾਸ ਨਾਲ ਜੋੜਨ ਦਾ ਇਕ ਅਹਿਮ ਮਾਧਿਅਮ ਵੀ ਹੈ।

# ਰੋਮ ਵਿੱਚ 3 ਲੱਖਾਂ ਤੋਂ ਵੱਧ ਲੋਕਾਂ ਨੇ ਸੜਕਾਂ 'ਤੇ ਉੱਤਰ ਕੇ ਮਲੇਨੀ ਤੇ ਟਰੰਪ ਖਿਲਾਫ਼ ਕੀਤੀ ਨਾਅਰੇਬਾਜ਼ੀ





ਰੋਮ 29 ਮਾਰਚ (ਗੁਰਸ਼ਰਨ ਸਿੰਘ ਸੋਨੀ)ਆਪਣੀ ਹਾਂਕੜਬਾਜੀ ਤੇ ਇਰਖਾਲੂ ਰਾਜਨੀਤੀ ਦੇ ਕਾਰਨ ਇੱਕ ਪਾਸੇ ਦੁਨੀਆਂ ਦੀਆਂ ਹਾਕਮਧਿਰਾਂ ਲੋਕਾਂ ਦੇ ਵਿਨਾਸ਼ ਦਾ ਫਰਮਾਨ ਤੀਜੇ ਵਿਸ਼ਵ ਯੁੱਧ ਲਈ ਜੰਗੀ ਪੱਧਰ ਤੇ ਤਿਆਰੀ ਕਰੀ ਬੈਠੀਆਂ ਹਨ ਤੇ ਦੂਜੇ ਪਾਸੇ ਦੁਨੀਆਂ ਭਰ ਵਿੱਚ ਇਨਸਾਫ਼ ਤੇ ਸ਼ਾਂਤੀ ਪਸੰਦ ਲੋਕ ਹਾਕਮਰਾਨਾਂ ਦੀਆਂ ਧੱਕੇਸ਼ਾਹੀਆਂ ਤੇ ਤਾਨਾਸ਼ਾਹੀ ਨੀਤੀਆਂ ਖਿਲਾਫ਼ ਲਾਮਬੰਦ ਹੋਕੇ ਆਪਣੇ ਰੋਹ ਦਾ ਪ੍ਰਗਟਾਵਾ ਕਰਨ ਲਈ ਸੜਕਾਂ ਉੱਪਰ ਉੱਤਰੇ ਨਜ਼ਰੀ ਆ ਰਹੇ ਹਨ ਜਿਸ ਦਾ ਨਜ਼ਾਰਾ ਇਟਲੀ ਦੀ ਰਾਜਧਾਨੀ ਰੋਮ ਵਿੱਚ ਵੀ ਦੇਖਣ ਨੂੰ ਮਿਲਿਆ ਜਿੱਥੇ 3 ਲੱਖ ਤੋਂ ਉੱਪਰ ਲੋਕਾਂ ਨੇ ਵਿਸ਼ਵ ਸ਼ਾਂਤੀ ਲਈ ਨਾਆਰੇਬਾਜੀ ਕਰਦਿਆਂ ਕਿਹਾ ਕਿ ਦੁਨੀਆਂ ਦਾ ਕੋਈ ਰਾਜਾ ਨਹੀਂ,ਇਟਲੀ ਦਾ ਕੋਈ ਰਾਜਾ ਨਹੀਂ ਇਹ ਲੋਕਾਂ ਦਾ ਵਿਸ਼ਾਲ ਇੱਕਠ ਵਿਸ਼ਾਲ ਰੋਸ ਮੁਜਾਹਰਾ ਜਿਹੜਾ ਕਿ ਦੁਨੀਆਂ ਭਰ ਵਿੱਚੋਂ ਇੱਕੋ ਸਮੇਂ ਕੱਢਿਆ ਜਾ ਰਿਹਾ ਹੈ ਇਹ ਇਟਲੀ ਸਰਕਾਰ ਤੇ ਉਹਨਾਂ ਤਮਾਮ ਤਾਕਤਾਂ ਵਿਰੁੱਧ ਸੀ ਜਿਹੜੇ ਕਿ ਵਿਸ਼ਵ ਦਾ ਵਿਨਾਸ਼ ਕਰਨਾ ਚਾਹੁੰਦੇ ਹਨ।ਅਮਰੀਕਾ,ਇਜ਼ਰਾਈਲ ਜਾਣਬੁੱਝ ਕੇ ਇਰਾਨ ਨੂੰ ਤਬਾਹ ਕਰਨ ਤੇ ਤੁਰਿਆ ਹੋਇਆ ਹੈ ਜਿਸ ਕਾਰਨ ਪੂਰੀ ਦੁਨੀਆਂ ਵਿੱਚ ਲੋਕਾਂ ਨੂੰ ਆਪਣੀ ਆਵਾਜ ਬੁਲੰਦ ਕਰਨੀ ਪੈ ਰਹੀ ਹੈ।ਇਸ ਰੈਲੀ ਵਿੱਚ ਇਟਲੀ ਦੀ ਮੌਜੂਦਾ ਪ੍ਰਧਾਨ ਮੰਤਰੀ ਮੈਡਮ ਜੌਰਜੀਆ ਮਲੇਨੀ ਸਮੇਤ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਵਿਰੁੱਧ ਜੰਮਕੇ ਨਾਰੇਬਾਜੀ ਵੀ ਕੀਤੀ ਗਈ।ਇਹ ਵਿਸ਼ਾਲ ਰੋਸ ਮੁਜਾਹਰਾ ਰਾਜਧਾਨੀ ਰੋਮ ਦੇ ਚੌਂਕ ਦੇਲਾ ਰਿਪਬਲਿਕਾ ਤੋਂ ਚੌਂਕ ਸਨਜਿਓਵਾਨੀ ਤੱਕ ਕੱਢਿਆ ਗਿਆ ਜਿਸ ਵਿੱਚ ਆਮ ਲੋਕਾਂ ਦੇ ਨਾਲ ਇਟਲੀ ਭਰ ਦੀਆਂ ਜਨਤਕ ਜੱਥੇਬੰਦੀਆਂ ਤੇ ਵਿਦੇਸ਼ੀਆਂ ਨੇ ਵੱਧ ਚੜ੍ਹਕੇ ਹਿੱਸਾ ਲਿਆ।ਇਹ ਮਾਰਚ ਰਾਜਿਆਂ ਅਤੇ ਉਹਨਾਂ ਦੇ ਯੁੱਧਾਂ ਦੇ ਵਿਰੁੱਧ ਸੀ ਜਿਸ ਵਿੱਚ ਤਾਨਾਸ਼ਾਹੀ ਨੂੰ ਨਾਂਹ,ਯੁੱਧ ਨੂੰ ਨਾਂਹ,ਮੁੜ ਹਥਿਆਰਬੰਦੀ ਨੂੰ ਨਾਂਹ,ਨਸਲਕੁਸ਼ੀ ਨੂੰ ਨਾਂਹ,ਦਮਨ ਨੂੰ ਨਾਂਹ ਅਤੇ ਸ਼ਾਂਤੀ ਵਿਰੁੱਧ ਲੜਨ ਵਾਲੀਆਂ ਸਰਕਾਰਾਂ ਨੂੰ ਨਾਂਹ ਲਈ ਬਹੁਤ ਹੀ ਗਰਮਜੋਸ਼ੀ ਨਾਲ ਕੱਢਿਆ ਗਿਆ।

# ਰੋਮਾਂਚਕ ਮੁਕਾਬਲੇ 'ਚ ਕੇ.ਕੇ.ਆਰ. ਨੇ ਮੁੰਬਈ ਨੂੰ ਦਿੱਤਾ 221 ਦੌੜਾਂ ਦਾ ਟੀਚਾ

ਮੁੰਬਈ, 29 ਮਾਰਚ (ਚ.ਨ.ਸ.) : ਇੰਡੀਅਨ ਪ੍ਰੀਮੀਅਰ ਲੀਗ 2026 ਦੇ ਦੂਜੇ ਮੈਚ ਚ ਅੱਜ ਐਤਵਾਰ, 29 ਮਾਰਚ ਨੂੰ ਮੁੰਬਈ ਇੰਡੀਅਨਜ਼ ਅਤੇ ਕੋਲਕਾਤਾ ਨਾਈਟ ਰਾਈਡਰਜ਼ ਦੀਆਂ ਟੀਮਾਂ ਆਹਮੋ-ਸਾਹਮਣੇ ਹਨ। ਇਹ ਮੁਕਾਬਲਾ ਮੁੰਬਈ ਦੇ ਇਤਿਹਾਸਕ ਵਾਨਖੇੜੇ ਸਟੇਡੀਅਮ ਵਿਚ ਖੇਡਿਆ ਜਾ ਰਿਹਾ ਹੈ। ਆਈਪੀਐੱਲ 2026 ਸੀਜ਼ਨ ਦੇ ਇਸ ਮੁਕਾਬਲੇ ਵਿਚ ਮੁੰਬਈ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ, ਜਿਸ ਦੇ ਜਵਾਬ ਚ ਮੁੰਬਈ ਮੂਹਰੇ 221 ਦੌੜਾਂ ਦਾ ਟੀਚਾ ਰੱਖਿਆ।

ਵਾਨਖੇੜੇ ਦੀ ਲਾਲ ਮਿੱਟੀ ਵਾਲੀ ਪਿੱਚ ਬੱਲੇਬਾਜ਼ਾਂ ਲਈ ਆਦਰਸ਼ ਮੰਨੀ ਜਾਂਦੀ ਹੈ, ਜਿੱਥੇ ਚੰਗੀ ਬਾਊਂਸ ਤੇ ਤੇਜ਼ ਆਊਟਫੀਲਡ ਕਾਰਨ ਚੌਕੇ-ਛੱਕਿਆਂ ਦੀ ਬਾਰਿਸ਼ ਹੋਣ ਦੀ ਉਮੀਦ ਹੈ। ਸ਼ਾਮ ਦੇ ਸਮੇਂ ਤਾਪਮਾਨ 20 ਡਿਗਰੀ ਸੈਲਸੀਅਸ ਦੇ ਕਰੀਬ ਰਹੇਗਾ ਅਤੇ ਮੀਂਹ ਦੀ ਸੰਭਾਵਨਾ ਸਿਰਫ਼ 1% ਹੈ। ਰਾਤ ਦੇ 14-15ਵੇਂ ਓਵਰ ਚ ਤ੍ਰੇਲ ਦਾ ਅਸਰ ਦਿਖਾਈ ਦੇ ਸਕਦਾ ਹੈ, ਜੋ ਸਪਿਨਰਾਂ ਲਈ ਚੁਣੌਤੀ ਬਣ ਸਕਦਾ ਹੈ। ਇਸ ਲਈ ਟਾਸ ਜਿੱਤਣ ਵਾਲੀ ਟੀਮ ਪਹਿਲਾਂ ਗੇਂਦਬਾਜ਼ੀ ਕਰਨ ਦਾ ਫ਼ੈਸਲਾ ਲੈ ਸਕਦੀ ਹੈ। ਜ਼ਿਕਰਯੋਗ ਹੈ ਕਿ ਟੂਰਨਾਮੈਂਟ ਦੇ ਪਹਿਲੇ ਮੁਕਾਬਲੇ ਵਿੱਚ ਰਾਇਲ ਚੈਲੰਜਰਜ਼ ਬੈਂਗਲੁਰੂ (RCB) ਨੇ ਹੈਦਰਾਬਾਦ (SRH) ਨੂੰ 6 ਵਿਕਟਾਂ ਨਾਲ ਹਰਾ ਕੇ ਧਮਾਕੇਦਾਰ ਸ਼ੁਰੂਆਤ ਕੀਤੀ ਹੈ।

# ਡਾ. ਸੁਰਿੰਦਰ ਸਿੰਘ ਗਿੱਲ ਗਲੋਬਲ ਬੁਰਜ ਐਵਾਰਡ ਨਾਲ ਸਨਮਾਨਿਤ

ਵਾਸ਼ਿੰਗਟਨ, 29 ਮਾਰਚ (ਚ.ਨ.ਸ.) : ਪੰਜਾਬੀ ਜਿਥੇ ਵੀ ਹੋਣ ਪੂਰੀ ਦੁਨੀਆ ਚ ਆਪਣੀ ਵੱਖਰੀ ਪਹਿਚਾਣ ਬਣਾਉਂਦੇ ਹਨ ਇਸੇ ਤਰਾਂ ਦੁਨੀਆ ਭਰ ਦੇ ਸਿੱਖ ਭਾਈਚਾਰੇ ਲਈ ਮਾਣ ਵਾਲੀ ਗੱਲ ਹੈ। ਡਾ. ਸੁਰਿੰਦਰ ਸਿੰਘ ਗਿੱਲ ਇੰਟਰਨੈਸ਼ਨਲ ਫੋਰਮ ਯੂਐਸਏ ਦੇ ਚੇਅਰਮੈਨ ਨੂੰ ਸ਼ਾਂਤੀ ਅਤੇ ਸਤਿਕਾਰ ਦੇ ਖੇਤਰ ਵਿੱਚ ਗਲੋਬਲ ਬੁਰਜ ਅਵਾਰਡ 2026 ਨਾਲ ਸਨਮਾਨਿਤ ਕੀਤਾ ਗਿਆ। ਗਲੋਬਲ ਸਦਭਾਵਨਾ, ਅੰਤਰ-ਧਰਮ ਸੰਵਾਦ ਅਤੇ ਭਾਈਚਾਰਕ ਸੇਵਾ ਨੂੰ ਉਤਸ਼ਾਹਿਤ ਕਰਨ ਵਿੱਚ ਉਨ੍ਹਾਂ ਦੇ ਨਿਰੰਤਰ ਯਤਨਾਂ ਦੀ ਹਾਜ਼ਰੀਨ ਅਤੇ ਪ੍ਰਬੰਧਕਾਂ ਦੁਆਰਾ ਬਹੁਤ ਪ੍ਰਸ਼ੰਸਾ ਕੀਤੀ ਗਈ।





# ਦੁਨੀਆਂ ਭਰ 'ਚ 'ਨੋ ਕਿੰਗਜ਼ ਰੈਲੀਆਂ ਦੀ ਗੂੰਜ ਟਰੰਪ ਖ਼ਿਲਾਫ਼ ਸੜਕਾਂ 'ਤੇ ਉਤਰੇ ਲੱਖਾਂ ਲੋਕ

ਸੇਂਟ ਪੌਲ (ਅਮਰੀਕਾ) , 29 ਮਾਰਚ (ਚ.ਨ.ਸ.) : ਅਮਰੀਕਾ ਅਤੇ ਯੂਰਪ ਦੇ ਕਈ ਹਿੱਸਿਆਂ ਵਿੱਚ ਸ਼ਨੀਵਾਰ ਨੂੰ ਨੋ ਕਿੰਗਜ਼ ਰੈਲੀਆਂ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ। ਇਹ ਪ੍ਰਦਰਸ਼ਨ ਮੁੱਖ ਤੌਰ 'ਤੇ ਈਰਾਨ ਨਾਲ ਜਾਰੀ ਜੰਗ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀਆਂ ਕਾਰਵਾਈਆਂ ਦੇ ਵਿਰੁੱਧ ਕੀਤੇ ਗਏ।ਅਮਰੀਕਾ ਦਾ ਮਿਨੇਸੋਟਾ ਸੂਬਾ ਇਸ ਵਿਰੋਧ ਪ੍ਰਦਰਸ਼ਨ ਦਾ ਮੁੱਖ ਕੇਂਦਰ ਬਣ ਕੇ ਉੱਭਰਿਆ ਹੈ। ਸੇਂਟ ਪੌਲ ਵਿਖੇ ਹੋਈ ਵਿਸ਼ਾਲ ਰੈਲੀ ਵਿੱਚ ਹਜ਼ਾਰਾਂ ਲੋਕਾਂ ਨੇ ਇਕਜੁੱਟਤਾ ਦਿਖਾਉਂਦੇ ਹੋਏ ਟਰੰਪ ਦੀਆਂ ਸਖ਼ਤ ਇਮੀਗ੍ਰੇਸ਼ਨ ਨੀਤੀਆਂ ਦੇ ਖਿਲਾਫ ਆਵਾਜ਼ ਬੁਲੰਦ ਕੀਤੀ। ਇਸ ਰੈਲੀ ਵਿੱਚ ਮਸ਼ਹੂਰ ਗਾਇਕ ਬ੍ਰੂਸ ਸਪ੍ਰਿੰਗਸਟੀਨ ਨੇ ਵੀ ਹਿੱਸਾ ਲਿਆ। ਉਨ੍ਹਾਂ ਨੇ ਸੰਘੀ ਏਜੰਟਾਂ ਦੀ ਗੋਲੀਬਾਰੀ ਵਿੱਚ ਮਾਰੇ ਗਏ ਰਿਨੀ ਗੁੱਡ ਅਤੇ ਐਲੈਕਸ ਪ੍ਰੈੱਟੀ ਦੀ ਮੌਤ 'ਤੇ ਦੁੱਖ ਪ੍ਰਗਟ ਕਰਦਿਆਂ ਆਪਣਾ ਗੀਤ ਸਟ੍ਰੀਟਸ ਆਫ ਮਿਨੀਆਪੋਲਿਸ ਪੇਸ਼ ਕੀਤਾ। ਸਪ੍ਰਿੰਗਸਟੀਨ ਨੇ ਲੋਕਾਂ ਦੇ ਜਜ਼ਬੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ





ਇਹ ਵਿਰੋਧ ਪੂਰੇ ਦੇਸ਼ ਲਈ ਉਮੀਦ ਦੀ ਕਿਰਨ ਹੈ।ਇਹ ਅੰਦੋਲਨ ਸਿਰਫ਼ ਵੱਡੇ ਸ਼ਹਿਰਾਂ ਤੱਕ ਹੀ ਸੀਮਤ ਨਹੀਂ ਰਿਹਾ, ਬਲਕਿ 85 ਲੱਖ ਦੀ ਆਬਾਦੀ ਵਾਲੇ ਨਿਊਯਾਰਕ ਤੋਂ ਲੈ ਕੇ ਦੋ ਹਜ਼ਾਰ ਤੋਂ ਵੀ ਘੱਟ ਆਬਾਦੀ ਵਾਲੇ ਡ੍ਰਿਗਸ ਕਸਬੇ ਤੱਕ ਲੋਕ ਸੜਕਾਂ 'ਤੇ ਉਤਰ ਆਏ। ਅਮਰੀਕਾ ਤੋਂ ਇਲਾਵਾ ਯੂਰਪ, ਲਾਤੀਨੀ ਅਮਰੀਕਾ ਅਤੇ ਆਸਟ੍ਰੇਲੀਆ ਸਮੇਤ ਦੁਨੀਆ ਦੇ ਲਗਭਗ 12 ਦੇਸ਼ਾਂ ਵਿੱਚ ਵਿਰੋਧ ਪ੍ਰਦਰਸ਼ਨ ਹੋਏ। ਇੰਡੀਵਿਜ਼ੀਬਲ ਸੰਗਠਨ ਦੇ ਅਨੁਸਾਰ, ਲੋਕਤੰਤਰੀ ਦੇਸ਼ਾਂ ਵਿੱਚ ਇਨ੍ਹਾਂ ਪ੍ਰਦਰਸ਼ਨਾਂ ਨੂੰ ਨੋ ਟਾਇਰੈਂਟਸ (ਕੋਈ ਤਾਨਾਸ਼ਾਹ ਨਹੀਂ) ਵਜੋਂ ਵੀ ਜਾਣਿਆ ਜਾ ਰਿਹਾ ਹੈ।

# ਨੋਵਾਕ ਜੋਕੋਵਿਚ ਨੇ ਮੋਂਟੇਕਾਰਲੋ ਮਾਸਟਰਜ਼ ਤੋਂ ਨਾਂ ਵਾਪਸ ਲਿਆ

ਮੋਨਾਕੋ, 29 ਮਾਰਚ (ਚ.ਨ.ਸ.) : ਨੋਵਾਕ ਜੋਕੋਵਿਚ ਨੇ ਸੱਜੇ ਮੋਢੇ ਦੀ ਸੱਟ ਕਾਰਨ ਮਿਆਮੀ ਓਪਨ 'ਚ ਹਿੱਸਾ ਨਾ ਲੈਣ ਤੋਂ ਬਾਅਦ ਮੌਂਟੇਕਾਰਲੋ ਮਾਸਟਰਜ਼ ਟੈਨਿਸ ਟੂਰਨਾਮੈਂਟ ਤੋਂ ਵੀ ਨਾਂ ਵਾਪਸ ਲੈ ਲਿਆ ਹੈ।



ਇਸ ਕਲੇਅ ਕੋਰਟ ਟੂਰਨਾਮੈਂਟ ਦੇ ਪ੍ਰਬੰਧਕਾਂ ਨੇ ਸ਼ੁੱਕਰਵਾਰ ਨੂੰ ਇੰਸਟਾਗ੍ਰਾਮ 'ਤੇ ਜੋਕੋਵਿਚ ਦੇ ਟੂਰਨਾਮੈਂਟ ਤੋਂ ਹਟਣ ਦਾ ਐਲਾਨ ਕਰਦੇ ਹੋਏ ਲਿਖਿਆ, ''ਅਸੀਂ ਉਸ ਨੂੰ ਸ਼ੁਭਕਾਮਨਾਵਾਂ ਦਿੰਦੇ ਹਾਂ ਤੇ ਉਮੀਦ ਕਰਦੇ ਹਾਂ ਕਿ ਉਹ ਜਲਦ ਹੀ ਕੋਰਟ 'ਤੇ ਵਾਪਸੀ ਕਰੇਗਾ''ਇਸ ਪੋਸਟ 'ਚ 38 ਸਾਲਾ ਜੋਕੋਵਿਚ ਦੇ ਟੂਰਨਾਮੈਂਟ ਤੋਂ ਹਟਣ ਦਾ ਕਾਰਨ ਸਪੱਸ਼ਟ ਨਹੀਂ ਕੀਤਾ ਗਿਆ ਹੈ ਪਰ 24 ਵਾਰ ਦੇ ਗ੍ਰੈਂਡ ਸਲੈਮ ਚੈਂਪੀਅਨ ਨੇ 2 ਹਫਤੇ ਪਹਿਲਾਂ ਬੀ. ਐੱਨ. ਪੀ. ਪਾਰਿਬਾਸ ਓਪਨ ਦੇ ਚੌਥੇ ਦੌਰ 'ਚ ਜੈਕ ਡ੍ਰੇਪਰ ਤੋਂ 3 ਸੈੱਟਾਂ 'ਚ ਹਾਰਨ ਤੋਂ ਬਾਅਦ ਤੋਂ ਕੋਈ ਮੈਚ ਨਹੀਂ ਖੇਡਿਆ ਹੈ। ਇਕ ਸਾਲ ਪਹਿਲਾਂ ਮੌਂਟੇਕਾਰਲੋ 'ਚ ਜੋਕੋਵਿਚ ਦੂਜੇ ਦੌਰ 'ਚ ਅਲੇਜਾਂਦਰੋ ਤਬਿਲੋ ਹੱਥੋਂ ਹਾਰ ਗਿਆ ਸੀ। ਦੁਨੀਆ ਦੇ ਤੀਜੇ ਨੰਬਰ ਦੇ ਖਿਡਾਰੀ ਜੋਕੋਵਿਚ ਨੇ ਵੀ ਟੂਰਨਾਮੈਂਟ ਤੋਂ ਨਾਂ ਵਾਪਸ ਲੈਣ ਬਾਰੇ ਕੋਈ ਟਿੱਪਣੀ ਨਹੀਂ ਕੀਤੀ ਹੈ।

# ਲੇਬਨਾਨ 'ਚ ਇਜ਼ਰਾਈਲੀ ਹਵਾਈ ਹਮਲੇ ਦੌਰਾਨ 3 ਪੱਤਰਕਾਰਾਂ ਤੇ ਪੈਰਾਮੈਡਿਕ ਦੀ ਦਰਦਨਾਕ ਮੌਤ

ਬੇਰੂਤ, 29 ਮਾਰਚ (ਚ.ਨ.ਸ.) : ਦੱਖਣੀ ਲੇਬਨਾਨ ਦੇ ਜੇਜ਼ੀਨ ਰੋਡ 'ਤੇ ਇਜ਼ਰਾਈਲ ਵੱਲੋਂ ਕੀਤੇ ਗਏ ਇੱਕ ਹਵਾਈ ਹਮਲੇ 'ਚ ਤਿੰਨ ਪੱਤਰਕਾਰਾਂ ਤੇ ਇੱਕ ਪੈਰਾਮੈਡਿਕ ਦੀ ਮੌਤ ਹੋ ਜਾਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ, ਇਹ ਹਮਲਾ ਇੱਕ ਸਪੱਸ਼ਟ ਤੌਰ 'ਤੇ ਨਿਸ਼ਾਨਬੱਧ ਪ੍ਰੈੱਸ ਵਾਹਨ 'ਤੇ ਕੀਤਾ ਗਿਆ ਸੀ, ਜਿਸ ਨੂੰ ਚਾਰ ਸਟੀਕ ਮਿਜ਼ਾਈਲਾਂ ਨਾਲ ਨਿਸ਼ਾਨਾ ਬਣਾਇਆ ਗਿਆ। ਇਸ ਹਮਲੇ 'ਚ ਮਰਨ ਵਾਲਿਆਂ 'ਚ ਅਲ ਮਾਇਆਦੀਨ ਦੀ ਪੱਤਰਕਾਰ ਫਾਤਿਮਾ ਫਤੌਨੀ, ਉਸਦਾ ਭਰਾ ਤੇ ਸਹਿਕਰਮੀ ਮੁਹੰਮਦ ਫਤੌਨੀ ਅਤੇ ਅਲ-ਮਨਾਰ ਦਾ ਅਲੀ ਸ਼ੁਆਇਬ ਸ਼ਾਮਲ ਹਨ। ਰਿਪੋਰਟਾਂ ਅਨੁਸਾਰ, ਜਦੋਂ ਘਟਨਾ ਸਥਾਨ 'ਤੇ ਐਂਬੂਲੈਂਸ ਪਹੁੰਚੀ, ਤਾਂ



ਪੈਰਾਮੈਡਿਕਸ ਨੂੰ ਵੀ ਨਿਸ਼ਾਨਾ ਬਣਾਇਆ ਗਿਆ, ਜਿਸ ਵਿੱਚ ਇੱਕ ਹੋਰ ਜਾਨ ਚਲੀ ਗਈ।ਇਜ਼ਰਾਈਲੀ ਫੌਜ ਨੇ ਇਸ ਹਮਲੇ ਦੀ ਪੁਸ਼ਟੀ ਕਰਦਿਆਂ ਦੋਸ਼ ਲਾਇਆ ਹੈ ਕਿ ਅਲੀ ਸ਼ੁਆਇਬ ਹਿਜ਼ਬੁੱਲਾ ਦੀ ਖੁਫੀਆ ਇਕਾਈ ਨਾਲ ਜੁੜਿਆ ਹੋਇਆ ਸੀ ਅਤੇ ਸਰਹੱਦ 'ਤੇ ਇਜ਼ਰਾਈਲੀ ਫੌਜ ਦੀਆਂ ਗਤੀਵਿਧੀਆਂ ਦੀ ਜਾਸੂਸੀ ਕਰ ਰਿਹਾ ਸੀ। ਦੂਜੇ ਪਾਸੇ, ਅਲ-ਮਨਾਰ ਨੇ ਇਨ੍ਹਾਂ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਕਿਹਾ ਕਿ ਸ਼ੁਆਇਬ ਇੱਕ ਪੇਸ਼ੇਵਰ ਜੰਗੀ ਪੱਤਰਕਾਰ ਸੀ ਜੋ ਦਹਾਕਿਆਂ ਤੋਂ ਖੇਤਰ ਵਿੱਚ ਰਿਪੋਰਟਿੰਗ ਕਰ ਰਿਹਾ ਸੀ। ਸਰੋਤਾਂ ਅਨੁਸਾਰ, ਇਜ਼ਰਾਈਲ ਪਹਿਲਾਂ ਵੀ ਗਾਜ਼ਾ ਵਿੱਚ 270 ਤੋਂ ਵੱਧ ਪੱਤਰਕਾਰਾਂ ਦੀ ਮੌਤ ਲਈ ਅਜਿਹੇ ਹੀ ਦਾਅਵੇ ਕਰ ਚੁੱਕਾ ਹੈ, ਜਿਨ੍ਹਾਂ ਦਾ ਕੋਈ ਪੁਖਤਾ ਸਬੂਤ ਨਹੀਂ ਮਿਲਿਆ।

# ਜ਼ੇਲੈਂਸਕੀ ਵੱਲੋਂ ਰਣਨੀਤਕ ਸਬੰਧ ਬਣਾਉਣ ਲਈ ਖਾੜੀ ਅਰਬ ਦੇਸ਼ਾਂ ਦਾ ਦੌਰਾ

ਕੀਵ, 29 ਮਾਰਚ (ਚ.ਨ.ਸ.) : ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਨੇ ਸ਼ਨੀਵਾਰ ਨੂੰ ਸੰਯੁਕਤ ਅਰਬ ਅਮੀਰਾਤ (ਯੂਏਈ) ਅਤੇ ਕਤਰ ਦਾ ਦੌਰਾ ਕੀਤਾ ਤਾਂ ਜੋ ਡਰੋਨ ਰੱਖਿਆ ਅਤੇ ਰਣਨੀਤਕ ਸਬੰਧਾਂ ਨੂੰ ਬਣਾਉਣ ਬਾਰੇ ਚਰਚਾ ਕੀਤੀ ਜਾ ਸਕੇ।ਜ਼ੇਲੇਂਸਕੀ ਨੇ ਕਿਹਾ ਕਿ ਯੂਕਰੇਨ ਪਹਿਲਾਂ ਹੀ ਸਾਊਦੀ ਅਰਬ ਅਤੇ ਕਤਰ ਨਾਲ 10 ਸਾਲਾਂ ਦੇ ਸੁਰੱਖਿਆ ਸਮਝੌਤੇ 'ਤੇ ਹਸਤਾਖਰ ਕਰ ਚੁੱਕਾ ਹੈ, ਅਤੇ ਜਲਦੀ ਹੀ ਯੂਏਈ ਨਾਲ ਵੀ ਇਸੇ ਤਰ੍ਹਾਂ ਦੇ ਸਮਝੌਤੇ ਨੂੰ ਅੰਤਿਮ ਰੂਪ ਦੇਣ ਦੀ ਉਮੀਦ ਕਰਦਾ ਹੈ।ਜ਼ੇਲੇਂਸਕੀ ਨੇ ਪਿਛਲੇ ਹਫ਼ਤੇ ਕਿਹਾ ਸੀ ਕਿ ਯੂਕਰੇਨ ਇਸ ਗੱਲ 'ਤੇ ਵਿਚਾਰ ਕਰ ਰਿਹਾ ਹੈ ਕਿ ਕੀ ਉਹ ਹੋਰਮੁਜ਼ ਜਲਡਮਰੂ ਵਿੱਚ ਸੁਰੱਖਿਆ ਬਹਾਲ ਕਰਨ ਵਿੱਚ ਭੂਮਿਕਾ ਨਿਭਾ ਸਕਦਾ ਹੈ।ਜ਼ੇਲੇਂਸਕੀ ਅਤੇ ਉਸਦੇ ਯੂਏਈ ਹਮਰੁਤਬਾ, ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ, ਖੇਤਰੀ ਸੁਰੱਖਿਆ ਬਾਰੇ ਚਰਚਾ ਕਰਨ ਲਈ ਮਿਲੇ ਸਨ।ਜ਼ੇਲੇਂਸਕੀ ਨੇ ਬਾਅਦ ਵਿੱਚ ਐਕਸ 'ਤੇ ਇੱਕ ਪੋਸਟ ਵਿੱਚ ਕਿਹਾ ਕਿ ਉਹ ਕਤਰ ਪਹੁੰਚੇ ਸਨ। ਉਸਨੇ ਕਿਹਾ, ਅਸਲੀ ਸੁਰੱਖਿਆ ਭਾਈਵਾਲੀ 'ਤੇ ਅਧਾਰਤ ਹੈ, ਅਤੇ ਅਸੀਂ ਉਨ੍ਹਾਂ ਸਾਰਿਆਂ ਦਾ ਸਤਿਕਾਰ ਕਰਦੇ ਹਾਂ ਅਤੇ ਇਸ ਟੀਚੇ ਵੱਲ ਇਕੱਠੇ ਕੰਮ ਕਰਨ ਦੇ ਇੱਛੁਕ ਲੋਕਾਂ ਦਾ ਸਮਰਥਨ ਕਰਨ ਲਈ ਤਿਆਰ ਹਾਂ।



# ਪਟਿਆਲਾ-ਆਸ/ਪਾਸ



## ਮਾਨ ਸਰਕਾਰ ਨੇ ਨਵੀਂ ਉਦਯੋਗਿਕ ਨੀਤੀ 'ਚ ਫੂਡ ਪ੍ਰੋਸੈਸਿੰਗ ਖੇਤਰ ਨੂੰ ਉਤਸ਼ਾਹਿਤ ਕਰਨ 'ਤੇ ਜ਼ੋਰ ਦਿੱਤਾ : ਸੰਜੀਵ ਅਰੋੜਾ

### ➢ਉਦਯੋਗ ਮੰਤਰੀ ਅਰੋੜਾ ਵੱਲੋਂ ਘਨੌਰ ਨੇੜੇ ਬੈਕਟਰਜ਼ ਫੂਡ ਪ੍ਰੋਸੈਸਿੰਗ ਪਲਾਂਟ ਦਾ ਦੌਰਾ

ਘਨੌਰ, 29 ਮਾਰਚ (ਮਦਨ ਲਾਲ/ ਰਾਜਿੰਦਰ ਸਿੰਘ ਕੰਬੋਜ) : ਪੰਜਾਬ ਦੇ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਤੇ ਸਥਾਨਕ ਸਰਕਾਰਾਂ ਬਾਰੇ ਵਿਭਾਗਾਂ ਦੇ ਮੰਤਰੀ ਸੰਜੀਵ ਅਰੋੜਾ ਨੇ ਘਨੌਰ ਨੇੜਲੇ ਪਿੰਡ ਗੋਬਿੰਦਗੜ੍ਹ, ਕਾਮੀ ਕਲਾਂ ਵਿਖੇ ਬੈਕਟਰਜ ਫੂਡ ਸਪੈਸ਼ਲਿਸਟੀਜ਼ ਲਿਮਟਿਡ (ਕ੍ਰੀਮਿਕਾ ਫੂਡ ਪ੍ਰੋਸੈਸਿੰਗ) ਪਲਾਂਟ ਦਾ ਦੌਰਾ ਕੀਤਾ।ਉਦਯੋਗ ਮੰਤਰੀ ਸੰਜੀਵ ਅਰੋੜਾ ਨੇ ਇਸ ਪਲਾਂਟ ਵਿਖੇ ਰੱਖ ਰਖਾਉ ਤੇ ਸਾਫ ਸਫਾਈ ਸਮੇਤ ਫੂਡ ਪ੍ਰੋਸੈਸਿੰਗ ਪ੍ਰਕਿਰਿਆ ਦਾ ਜਾਇਜ਼ਾ ਲਿਆ ਅਤੇ ਇਸ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਫੂਡ ਪ੍ਰੋਸੈਸਿੰਗ ਦੇ ਸਟੇਟ ਆਫ਼ ਦੀ ਆਰਟ ਪਲਾਂਟ ਹੋਣਾ ਮਾਣ ਵਾਲੀ ਗੱਲ ਹੈ।ਸੰਜੀਵ ਅਰੋੜਾ ਨੇ ਦੱਸਿਆ ਕਿ ਪੰਜਾਬ ਵਿੱਚ ਫੂਡ ਪ੍ਰੋਸੈਸਿੰਗ ਸਨਅਤ ਲਈ ਬਹੁਤ ਚੰਗਾ ਮਾਹੌਲ ਹੈ ਅਤੇ ਸੰਭਾਵਨਾ ਹਨ, ਜਿਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨਵੀਂ ਉਦਯੋਗਿਕ ਨੀਤੀ 'ਚ ਫੂਡ ਪ੍ਰੋਸੈਸਿੰਗ ਖੇਤਰ ਨੂੰ ਉਤਸ਼ਾਹਿਤ ਕਰਨ 'ਤੇ ਜ਼ੋਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਸਰਕਾਰ ਦੀਆਂ ਉਦਯੋਗ ਪੱਖੀ ਨੀਤੀਆਂ ਸਦਕਾ ਪੰਜਾਬ ਨਿਵੇਸ਼ਕਾਂ ਲਈ ਪਸੰਦੀਦਾ ਸਥਾਨ ਬਣ ਕੇ ਉੱਭਰਿਆ ਹੈ।ਇਸ ਮੌਕੇ ਬੈਕਟਰਜ ਫੂਡ ਸਪੈਸ਼ਲਿਸਟੀਜ਼ ਲਿਮਟਿਡ ਦੇ ਐਮਡੀ ਅਨੂਪ ਬੈਕਟਰ ਤੇ ਪ੍ਰਬੰਧਕਾਂ ਨੇ ਕੈਬਨਿਟ ਮੰਤਰੀ ਨੂੰ ਪਲਾਂਟ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਲਿਆਂਦੀ ਗਈ ਉਦਯੋਗਿਕ ਨੀਤੀ ਸਨਅਤਾਂ ਨੂੰ ਹੋਰ ਉਤਸ਼ਾਹਤ ਕਰਨ ਵਾਲੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹਾਲ ਹੀ ਦੌਰਾਨ ਕਰਵਾਏ ਗਏ ਨਿਸ਼ੇਵਕ ਸੰਮੇਲਨ ਵਿੱਚ 350 ਕਰੋੜ ਰੁਪਏ ਦਾ ਹੋਰ ਨਿਵੇਸ਼ ਕਰਨ ਦਾ ਵਾਅਦਾ ਕੀਤਾ ਹੈ, ਜਿਸ ਲਈ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅਨੂਪ ਬੈਕਟਰ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਅਨੂਪ ਖੁਦ ਚੰਗੇ ਉਦਮੀ ਹੋਣ ਕਾਰਨ ਪੰਜਾਬ ਵਿੱਚ ਹੋਰ ਨਿਵੇਸ਼ ਕਰ ਰਹੇ ਹਨ ਅਤੇ ਸੂਬੇ ਵਿੱਚ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਚੰਗਾ ਕੰਮ ਕਰ ਰਹੇ ਹਨ। ਇਸ ਮੌਕੇ ਪੀਆਰਟੀਸੀ ਦੇ ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ ਵੀ ਮੌਜੂਦ ਸਨ।



## ਮੇਅਰ ਵੱਲੋਂ ਅਗਰਸੈਨ ਹਸਪਤਾਲ ਵਿਖੇ ਫਰੀ ਮੈਗਾ ਮੈਡੀਕਲ ਚੈਕਅਪ ਕੈਂਪ ਦਾ ਉਦਘਾਟਨ

ਪਟਿਆਲਾ, 29 ਮਾਰਚ (ਰੁਪਾਣਾ) : ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਨੇ ਇੱਥੇ ਅਗਰਸੈਨ ਹਸਪਤਾਲ ਵਿਖੇ ਸਵਰਗੀ ਸ੍ਰੀਮਤੀ ਰਸ਼ਮੀ ਗੁਪਤਾ ਤੇ ਮਾਸਟਰ ਆਸ਼ੂ ਗੁਪਤਾ ਦੀ ਯਾਦ ਵਿੱਚ ਲਗਾਏ ਗਏ ਫਰੀ ਮੈਗਾ ਮੈਡੀਕਲ ਚੈਕਅਪ ਕੈਂਪ ਦਾ ਉਦਘਾਟਨ ਕੀਤਾ। ਕੁੰਦਨ ਗੋਗੀਆ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਅਗਰਸੈਨ ਹਸਪਤਾਲ ਨੂੰ ਵੀ ਲਿਆਂਦਾ ਜਾਵੇਗਾ ਅਤੇ ਇੱਥੇ ਵੀ ਮਰੀਜਾਂ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੁਹਈਆ ਕਰਵਾਈ ਜਾਵੇਗੀ। ਇਸ ਕੈਂਪ ਦੌਰਾਨ ਐਡਵੋਕੇਟ ਵਿਜੇ ਮੋਹਨ ਪ੍ਰਧਾਨ ਅਤੇ ਮੇਬਰ ਐਸ ਡੀ ਕੁਮਾਰ ਸਭਾ ਨੇ ਦੱਸਿਆ ਕਿ ਇਹ ਕੈਂਪ ਡਾ. ਸੁਰੇਸ਼ ਗੁਪਤਾ ਅਤੇ ਉਨ੍ਹਾਂ ਦੇ ਬੱਚਿਆਂ ਗੀਮਾ, ਗੀਤੂ, ਸ਼ੈਲੀ ਤੇ ਸੂਰਜ ਗੁਪਤਾ ਵੱਲੋਂ ਲਗਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਪਲਾਸਟਿਕ ਸਰਜਰੀ ਦੇ ਮਾਹਰ ਡਾ. ਕੁਲਦੀਪ ਗਰਗ, ਹੱਡੀਆਂ ਦੇ ਮਾਹਰ ਡਾ. ਜੇ.ਪੀ ਐਸ ਵਾਲੀਆ, ਸਰਜਰੀ ਦੇ ਡਾ. ਵਿਸ਼ਾਲ ਖਰਬੰਦਾ, ਬੱਚਿਆਂ ਦੇ ਮਾਹਰ ਡਾ. ਪਰਵੀਨ ਮਿੱਤਲ, ਅੱਖਾਂ ਦੇ ਮਾਹਰ ਡਾ. ਵਰਿੰਦਰ ਗਰਗ, ਮੈਡੀਸਨ ਦੇ ਮਾਹਰ ਡਾ. ਹਰਚਰਨ ਸਿੰਘ, ਦੰਦਾਂ ਦੇ ਡਾ. ਮਨਮੀਤ ਕੌਰ, ਈਐਨਟੀ ਦੇ ਡਾ. ਬੀਐਸ ਸੋਹਲ, ਪੈਥੋਲੋਜਿਸਟ ਡਾ ਵਿਕਾਸ ਟੰਡਨ ਦੀ ਟੀਮ ਨੇ 440 ਮਰੀਜਾਂ ਦਾ ਚੈਕਅਪ, 10 ਈਸੀਜ, 88 ਲੈਬਾਰਟਰੀ ਟੈਸਟ ਤੇ 100 ਮਰੀਜਾਂ ਦੇ ਐਕਸਰੇ ਕੀਤੇ।



## ਹਰ ਵਰਗ ਤੱਕ ਮੁਫ਼ਤ ਸਿਹਤ ਸਹੂਲਤਾਂ ਪਹੁੰਚਾਉਣ ਲਈ ਸਰਕਾਰ ਵਚਨਬੱਧ: ਕੋਹਲੀ

### ਵਿਧਾਇਕ ਕੋਹਲੀ ਵੱਲੋਂ ਮੰਦਰ ਸ੍ਰੀ ਕਾਲੀ ਦੇਵੀ ਵਿਖੇ ਆਮ ਆਦਮੀ ਕਲੀਨਿਕ ਦਾ ਉਦਘਾਟਨ

ਪਟਿਆਲਾ, 29 ਮਾਰਚ (ਰੁਪਾਣਾ): ਪਟਿਆਲਾ ਦੇ ਪ੍ਰਸਿੱਧ ਅਤੇ ਇਤਿਹਾਸਿਕ ਮੰਦਿਰ ਸ੍ਰੀ ਕਾਲੀ ਦੇਵੀ ਵਿਖੇ ਵਿਧਾਇਕ ਸ਼੍ਰੀ ਅਜੀਤਪਾਲ ਸਿੰਘ ਕੋਹਲੀ ਵੱਲੋਂ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਵਿਧਾਇਕ ਸ਼੍ਰੀ ਅਜੀਤਪਾਲ ਸਿੰਘ ਕੋਹਲੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਘਰ-ਘਰ ਤੱਕ ਬਿਹਤਰ ਸਿਹਤ ਸੇਵਾਵਾਂ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਆਮ ਆਦਮੀ ਕਲੀਨਿਕ ਇਲਾਕੇ ਦੇ ਲੋਕਾਂ ਲਈ ਬਹੁਤ ਹੀ ਲਾਭਦਾਇਕ ਸਾਬਤ ਹੋਵੇਗਾ, ਜਿੱਥੇ ਮਰੀਜ਼ਾਂ ਨੂੰ ਮੁਫ਼ਤ ਇਲਾਜ, ਦਵਾਈਆਂ ਅਤੇ ਲੈਬ ਟੈਸਟਾਂ ਦੀ ਸਹੂਲਤ ਮਿਲੇਗੀ। ਉਨ੍ਹਾਂ ਨੇ ਇਹ ਵੀ ਕਿਹਾ ਕਿ ਮੰਦਰ ਵਿੱਚ ਆਉਣ ਵਾਲੇ ਸ਼ਰਧਾਲੂਆਂ ਲਈ ਵੀ ਇਹ ਕੇਂਦਰ ਇੱਕ ਵੱਡੀ ਸਹੂਲਤ ਹੋਵੇਗਾ, ਜਿਸ ਨਾਲ ਉਨ੍ਹਾਂ ਨੂੰ ਜ਼ਰੂਰਤ ਪੈਣ 'ਤੇ ਤੁਰੰਤ ਮੈਡੀਕਲ ਸਹਾਇਤਾ ਮਿਲ ਸਕੇਗੀ। ਵਿਧਾਇਕ ਨੇ ਸਿਹਤ ਵਿਭਾਗ ਦੀ ਟੀਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਲੋਕਾਂ ਦੀ ਸੇਵਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ।ਇਸ ਮੌਕੇ ਐਸ ਐਮ ਓ ਡਾ. ਲਵਕੇਸ਼ ਕੁਮਾਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਆਮ ਆਦਮੀ ਕਲੀਨਿਕ ਵਿੱਚ ਆਮ ਜਨਤਾ ਅਤੇ ਮੰਦਰ ਵਿੱਚ ਆਉਣ ਵਾਲੇ ਸ਼ਰਧਾਲੂਆਂ ਲਈ ਮੁਫ਼ਤ ਮੈਡੀਕਲ ਸਹੂਲਤਾਂ ਉਪਲੱਬਧ ਕਰਵਾਈਆਂ ਜਾਣਗੀਆਂ। ਇੱਥੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦੇ ਨਾਲ-ਨਾਲ 46 ਤਰ੍ਹਾਂ ਦੇ ਲੈਬ ਟੈਸਟਾਂ ਦੀ ਸਹੂਲਤ ਵੀ ਪ੍ਰਦਾਨ ਕੀਤੀ ਜਾਵੇਗੀ।ਉਦਘਾਟਨ ਸਮਾਗਮ ਦੌਰਾਨ ਵਾਰਡ ਨੰ 48 ਤੋਂ ਰਾਜੇਸ਼ ਕੁਮਾਰ ਸਾਹਨੀ, ਨਰੇਸ਼ ਕੁਮਾਰ ਕਾਕਾ, ਯੋਗੇਸ਼ ਟੰਡਨ , ਕੌਸ਼ਲ ਚੋਪੜਾ , ਸਿਵਿਲ ਸਰਜਨ ਪਟਿਆਲਾ ਡਾ. ਰਚਨਾ, ਐਸਐਮਓ ਡਾ. ਲਵਕੇਸ਼ ਕੁਮਾਰ, ਡਾ. ਸੰਦੀਪ ਕੰਡਾਰਾ, ਡਾ. ਕਿਰਨਪ੍ਰੀਤ ਕੌਰ, ਡਾ. ਸ਼ਿਵਾਲੀ ਸਮੇਤ ਪੈਰਾਮੈਡੀਕਲ ਸਟਾਫ, ਮੀਡੀਆ ਵਿੰਗ ਦਾ ਸਟਾਫ ਅਤੇ ਆਸ਼ਾ ਵਰਕਰ ਵੀ ਮੌਜੂਦ ਸਨ।



## ਗੁਰਤੇਜ ਸਿੰਘ ਘੁਮਾਣ ਨੂੰ ਸਰਕਲ ਕਰਹਾਲੀ ਸਾਹਿਬ ਦਾ ਪ੍ਰਧਾਨ ਥਾਪਿਆ

ਦੇਵੀਗੜ੍ਹ , 29 ਮਾਰਚ (ਗੁਰਜੀਤ ਸਿੰਘ ਢੋਟ ) : ਪੰਜਾਬ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਸਮਾਣਾ ਤੇ ਜ਼ਿਲ੍ਹਾ ਪ੍ਰਧਾਨ ਸ. ਜਗਮੀਤ ਸਿੰਘ ਹਰਿਆਊ ਨੇ ਆਪਣੀ ਜ਼ਿਲ੍ਹੇ ਦੀ ਜਥੇਬੰਦੀ ਗਠਿਤ ਕਰਦਿਆਂ ਸਰਕਲ ਕਰਹਾਲੀ ਸਾਹਿਬ ਤੋਂ ਗੁਰਤੇਜ ਸਿੰਘ ਘੁਮਾਣ ਨੂੰ ਸਰਕਲ ਪ੍ਰਧਾਨ ਥਾਪਿਆ। ਸ. ਜਗਮੀਤ ਸਿੰਘ ਹਰਿਆਊ ਦੇ ਇਸ ਫੈਸਲੇ ਦੀ ਪੂਰੇ ਸਰਕਲ ਦੇ ਪਿੰਡਾਂ ਵਿੱਚ ਸ਼ਲਾਘਾ ਕੀਤੀ ਜਾ ਰਹੀ ਹੈ, ਜਦੋਂ ਇਸ ਸਬੰਧੀ ਅਸੀਂ ਨਵਨਿਯੁਕਤ ਸਰਕਲ ਪ੍ਰਧਾਨ ਗੁਰਤੇਜ ਸਿੰਘ ਘੁਮਾਣ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਮੈਂ ਮੇਰੀ ਮਾਂ ਪਾਰਟੀ ਸ਼੍ਰੋਮਣੀ ਅਕਾਲੀ ਦਲ ਅਤੇ ਸ. ਜਗਮੀਤ ਸਿੰਘ ਹਰਿਆਊ ਅਤੇ ਸਮੁੱਚੀ ਲੀਡਰਸ਼ਿਪ ਵੱਲੋਂ ਸੌਂਪੀ ਇਸ ਵੱਡੀ ਜਿੰਮੇਵਾਰੀ ਤੇ ਪਾਰਟੀ ਹਾਈ ਕਮਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕਰਦਾ ਹਾਂ, ਅਤੇ ਵਿਸ਼ਵਾਸ ਦਿਵਾਉਂਦਾ ਹਾਂ ਕਿ ਇਸ ਜਿੰਮੇਵਾਰੀ ਨੂੰ ਤਨੋ-ਮਨੋ ਨਿਭਾਵਾਂਗਾ ਅਤੇ ਮੇਰੇ ਸਰਕਲ ਦੀ ਸਾਰੀ ਟੀਮ ਸ. ਹਰਜਿੰਦਰ ਸਿੰਘ ਨੰਬਰਦਾਰ, ਦਲਵੀਰ ਸਿੰਘ ਬੱਬੀ ਨੰਬਰਦਾਰ, ਬਰਿੰਦਰ ਸਿੰਘ ਖੇੜਕੀ, ਗੁਰਜਿੰਦਰ ਸਿੰਘ ਚਤੈਹਿਰਾ ਯੂਥ ਪ੍ਰਧਾਨ, ਸਰਦਾਰ ਧਰਮ ਸਿੰਘ ਬਠੋਈ ਖੁਰਦ, ਸਰਦਾਰ ਸੁੱਚਾ ਸਿੰਘ, ਹਰਜੀਤ ਸਿੰਘ ਸਰਪੰਚ ਬਠੋਈ ਕਲਾਂ, ਗੁਰਸੇਵਕ ਸਿੰਘ ਚਹੂੜਪੁਰ ਜੱਟਾਂ, ਜਥੇਦਾਰ ਕੇਸਰ ਸਿੰਘ ਚੂਹੜ ਪੁਰ, ਗੁਰਜੰਟ ਸਿੰਘ ਮਵੀ ਸੱਪਾਂ, ਵਰਿੰਦਰ ਸਿੰਘ, ਗੁਰਪਿਆਰ ਸਿੰਘ ਤੇ ਮੁਖਤਿਆਰ ਸਿੰਘ ਖੇੜਕੀ, ਸੰਮਤੀ ਮੈਂਬਰ ਰਾਜੂ ਕਰਹਾਲੀ ਆਈ ਟੀ ਵਿੰਗ ਸਭ ਨੂੰ ਨਾਲ ਲੈ ਕੇ ਚੱਲਾਂਗਾ। ਇਸ ਮੌਕੇ ਸਰਕਲ ਪ੍ਰਧਾਨ ਕਰਹਾਲੀ ਸਾਹਿਬ ਨੇ ਕਿਹਾ ਕਿ ਜਗਮੀਤ ਸਿੰਘ ਹਰਿਆਊ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਲ ਦੇ ਪੁਰਾਣੇ ਟਕਸਾਲੀ ਅਕਾਲੀ ਆਗੂਆਂ ਦਾ ਬਣਦਾ ਮਾਨ ਸਨਮਾਨ ਬਰਕਰਾਰ ਰੱਖਾਂਗਾ। ਇਸ ਮੌਕੇ ਸ. ਹਰਮਨ ਸਿੰਘ ਬੱਲ,ਗੁਰਪ੍ਰੀਤ ਸਿੰਘ ਬੜੈਚ,ਰੇਸ਼ਮ ਸਿੰਘ ਚੱਠਾ, ਨਸੀਬ ਸਿੰਘ ਸਰਪੰਚ ਸ਼ੈਪੀ ਖੋਖਰ ਉਚੇਚੇ ਤੌਰ 'ਤੇ ਮੌਜੂਦ ਸਨ।



## ਗੁਰਦੁਆਰਾ ਟਿੱਬੀ ਸਾਹਿਬ ਪ੍ਰਬੰਧਕ ਕਮੇਟੀ ਨਾਭਾ ਵੱਲੋਂ ਉੱਘੇ ਸਮਾਜ ਸੇਵੀ ਅਮਨ ਗੁਪਤਾ ਦਾ ਸਨਮਾਨ



ਨਾਭਾ, 29 ਮਾਰਚ (ਬਲਜਿੰਦਰ ਮਾਨ) : ਰਿਆਸਤੀ ਸ਼ਹਿਰ ਨਾਭਾ ਵਿਖੇ ਸੁਸ਼ੋਭਿਤ ਸੱਚਖੰਡ ਵਾਸੀ ਸ੍ਰੀਮਾਨ ਸੰਤ ਬਾਬਾ ਜੱਸਾ ਸਿੰਘ ਜੀ ਦੇ ਪਾਵਨ ਤੱਪ ਅਸਥਾਨ ਗੁਰਦੁਆਰਾ ਟਿੱਬੀ ਸਾਹਿਬ ਵਿਖੇ ਦਸਵੀਂ ਦੇ ਪਾਵਨ ਮੁਕੱਦਸ ਦਿਹਾੜੇ ਮੌਕੇ ਨਾਭਾ ਦੀ ਮਾਣਮਤੀ ਸ਼ਖ਼ਸੀਅਤ ਉੱਘੇ ਸਮਾਜ ਸੇਵੀ ਸ੍ਰੀ ਅਮਨ ਕੁਮਾਰ ਗੁਪਤਾ ਜੀ ਦਾ ਵਿਸ਼ੇਸ਼ ਤੌਰ 'ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਜਤਿੰਦਰ ਸਿੰਘ ਨੇ ਸ੍ਰੀ ਅਮਨ ਗੁਪਤਾ ਜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਿ ਸੰਗਤਾਂ ਦੀ ਬੜੇ ਲੰਮੇ ਸਮੇਂ ਤੋਂ ਭਾਵਨਾ ਸੀ ਕਿ ਗੁ: ਸਾਹਿਬ ਦੇ ਮੁੱਖ ਦੁਆਰ ਵੱਲ ਆਉਣ ਵਾਲੇ ਰਸਤੇ ਨੂੰ ਇੰਟਰਲੋਕ ਟਾਈਲ ਲਗਾ ਕੇ ਪੱਕਾ ਕੀਤਾ ਜਾਵੇ । ਇਸ ਕਾਰਜ ਨੂੰ ਨੇਪਰੇ ਚਾੜਨ ਲਈ ਨਾਭਾ ਉੱਘੇ ਸਿਆਸਤਦਾਨ ਗੁਰਦਿਆਲ ਇੰਦਰ ਸਿੰਘ ਬਿੱਲੂ ਸਾਬਕਾ ਚੇਅਰਮੈਨ ਰਾਹੀਂ ਅਮਨ ਗੁਪਤਾ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਬੇਨਤੀ ਨੂੰ ਖਿੜੇ ਮੱਥੇ ਪ੍ਰਵਾਨ ਕਰਦਿਆਂ ਹੋਇਆਂ ਸੜਕ ਬਣਾਉਣ ਦੀ ਸੇਵਾ ਦਾ ਵਾਅਦਾ ਕੀਤਾ ਜੋ ਕਿ ਕੁਝ ਦਿਨਾਂ ਬਾਅਦ ਹੀ ਗੁਰੂ ਘਰ ਨੂੰ ਆਉਣ ਵਾਲੀ ਸੜਕ ਇੰਟਰਲੋਕ ਟਾਈਲ ਲਾ ਕੇ ਤਿਆਰ ਕਰ ਗੁਰੂ ਪਾਸੋਂ ਅਸੀਂ ਇਸ ਪ੍ਰਾਪਤ ਕੀਤੀ। ਇਸ ਮੌਕੇ ਸਨਮਾਨ ਪ੍ਰਾਪਤ ਕਰਨ ਉਪਰੰਤ ਅਮਨ ਗੁਪਤਾ ਨੇ ਕਿਹਾ ਕਿ ਗੁਰੂ ਸਾਹਿਬ ਨੇ ਮੇਰੇ 'ਤੇ ਤਰਸ ਕਰਕੇ ਮੈਥੋਂ ਇਹ ਸੇਵਾ ਲਈ ਹੈ ਅਤੇ ਮੈਨੂੰ ਜੋ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਵੱਲੋਂ ਇੰਨਾ ਵੱਡਾ ਸਨਮਾਨ ਬਖਸ਼ਿਆ ਗਿਆ ਹੈ, ਜਿਸ ਲਈ ਮੈਂ ਸਦਾ ਹੀ ਰਿਣੀ ਰਹਾਂਗਾ ਇਸ ਮੌਕੇ ਹੈਡ ਗ੍ਰੰਥੀ ਭਾਈ ਜਸਵਿੰਦਰ ਸਿੰਘ,ਭਾਈ ਅੰਮ੍ਰਿਤਪਾਲ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਬੁਲਾਰੇ ਗੁਰਤੇਜ ਸਿੰਘ ਕੌਲ, ਗੁਰਚਰਨ ਸਿੰਘ ਘਮਰੌਦਾ ਸਾਬਕਾ ਚੇਅਰਮੈਨ, ਸੁਰੇਸ਼ ਕੁਮਾਰ, ਅੰਕੁਰ ਸਿੰਗਲਾ,ਹਰਦਿਆਲ ਸਿੰਘ ਚੇਅਰਮੈਨ,ਬਲਜਿੰਦਰ ਸਿੰਘ ਮਾਨ, ਗੁਰਮੁਖ ਸਿੰਘ ਭੋਜੋ ਮਾਜਰੀ, ਜਗਜੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਮਾਡਲ ਟਾਊਨ ਸਕੂਲ ਦਾ ਨਾਨ-ਬੋਰਡ ਜਮਾਤਾਂ ਦਾ ਨਤੀਜਾ ਐਲਾਨਿਆ

ਪਟਿਆਲਾ, 29 ਮਾਰਚ (ਚ.ਨ.ਸ.) : ਸਿੱਖਿਆ ਵਿਭਾਗ ਪੰਜਾਬ ਸਰਕਾਰ ਦੇ ਵਿਭਾਗੀ ਹੁਕਮਾਂ ਤਹਿਤ ਸਰਕਾਰੀ ਸੀਨੀਅਰ ਸੰਕੈਡਰੀ ਸਮਾਰਟ ਸਕੂਲ ਮਾਡਲ ਟਾਊਨ ਪਟਿਆਲਾ ਦੀਆਂ ਨਾਨ ਬੋਰਡ ਜਮਾਤਾਂ ਦੇ ਨਤੀਜੇ ਦਾ ਐਲਾਨ ਕੀਤਾ ਗਿਆ। ਸਕੂਲ ਪ੍ਰਿੰਸੀਪਲ ਸ. ਭਗਵੰਤ ਸਿੰਘ ਵੱਲੋਂ 100 ਫੀਸਦੀ ਨਤੀਜੇ ਦਾ ਐਲਾਨ ਸਮੇਂ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਤਾ ਪਿਤਾ ਨੂੰ ਮੁਬਾਰਕ ਦਿੰਦਿਆਂ ਪੰਜਾਬ ਸਰਕਾਰ ਵੱਲੋਂ ਸਿੱਖਿਆ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਤੋਂ ਜਾਣੂੰ ਕਰਵਾਇਆ! ਉਨ੍ਹਾਂ ਵੱਖ-ਵੱਖ ਜਮਾਤਾਂ ਵਿੱਚੋਂ ਪਹਿਲੇ,ਦੂਸਰੇ, ਤੀਸਰੇ ਅਤੇ ਵੱਖ -ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਉਚੇਚੇ ਤੌਰ 'ਤੇ ਮੈਰਿਟ ਸਰਟੀਫਿਕੇਟ ਅਤੇ ਮੈਡਲ ਪਹਿਨਾ ਕੇ ਸਨਮਾਨਿਤ ਕੀਤਾ। ਇਸ ਮੌਕੇ 'ਤੇ ਵੱਖ-ਵੱਖ ਕਲਾਸਾਂ ਤੇ ਇੰਚਾਰਜ ਸਾਹਿਬਾਨ ਤੋਂ ਬਿਨਾਂ ਸਕੂਲ ਮੈਨੇਜਮੈਂਟ ਕਮੇਟੀ, ਸਮੂਹ ਸਟਾਫ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੇ ਭਰਵੀਂ ਸ਼ਮੂਲੀਅਤ ਕੀਤੀ।



## ਅਮਰਗੜ੍ਹ ਵਿਖੇ ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ

### ➢ਆਮ ਆਦਮੀ ਕਲੀਨਿਕਾਂ ਦਾ ਵੱਧ ਤੋਂ ਵੱਧ ਲਾਭ ਲੈਣ ਲੋਕ : ਪ੍ਰੋ. ਗੱਜਣਮਾਜਰਾ

ਅਮਰਗੜ੍ਹ/ਅਹਿਮਦਗੜ੍ਹ, 29 ਮਾਰਚ (ਗੁਰਮੀਤ ਮੰਨਵੀਂ/ਲਵਦੀਪ ਸਿੰਘ ਮੰਨਵੀਂ) ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਘਰ ਦੇ ਨਜ਼ਦੀਕ ਮਿਆਰੀ ਅਤੇ ਮੁਫ਼ਤ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਤਹਿਤ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਸੂਬੇ ਭਰ ਵਿੱਚ 109 ਨਵੇਂ ਆਮ ਆਦਮੀ ਕਲੀਨਿਕ ਲੋਕ ਅਰਪਿਤ ਕੀਤੇ ਗਏ, ਜਿਨ੍ਹਾਂ ਵਿੱਚੋਂ 5 ਆਮ ਆਦਮੀ ਕਲੀਨਿਕ ਜ਼ਿਲ੍ਹਾ ਮਾਲੇਰਕੋਟਲਾ ਵਿੱਚ ਵੀ ਸ਼ੁਰੂ ਕੀਤੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਪ੍ਰਦੀਪ ਕੁਮਾਰ ਨੇ ਦੱਸਿਆ ਕਿ ਮਾਲੇਰਕੋਟਲਾ ਦੇ ਕਿਲ੍ਹਾ ਰਹਿਮਤਗੜ੍ਹ ਅਤੇ 786 ਚੌਕ, ਅਹਿਮਦਗੜ੍ਹ ਦੇ ਪੁਰਾਣੀ ਤਹਿਸੀਲ ਅਤੇ ਬਜਰੰਗ ਅਖਾੜਾ ਅਤੇ ਪੁਰਾਣੀ ਤਹਿਸੀਲ ਅਮਰਗੜ੍ਹ ਵਿਖੇ ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚੋਂ 2 ਕਲੀਨਿਕ ਮਾਲੇਰਕੋਟਲਾ, 2 ਅਹਿਮਦਗੜ੍ਹ ਅਤੇ 1 ਅਮਰਗੜ੍ਹ ਵਿੱਚ ਖੋਲ੍ਹੇ ਗਏ ਹਨ। ਸਿਵਲ ਸਰਜਨ ਨੇ ਦੱਸਿਆ ਕਿ ਇਨ੍ਹਾਂ 5 ਨਵੇਂ ਕਲੀਨਿਕਾਂ ਦੇ ਸ਼ੁਰੂ ਹੋਣ ਨਾਲ ਹੁਣ ਜ਼ਿਲ੍ਹੇ ਵਿੱਚ ਕੁੱਲ 14 ਆਮ ਆਦਮੀ ਕਲੀਨਿਕ ਕਾਰਜਸ਼ੀਲ ਹੋ ਗਏ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕਲੀਨਿਕਾਂ ਵਿੱਚ ਮਰੀਜ਼ਾਂ ਨੂੰ 42 ਤਰ੍ਹਾਂ ਦੇ ਲੈਬ ਟੈਸਟ ਅਤੇ 90 ਕਿਸਮ ਦੀਆਂ ਦਵਾਈਆਂ ਮੁਫ਼ਤ ਮੁਹੱਈਆ ਕਰਵਾਈਆਂ ਜਾਂਦੀਆਂ ਹਨ, ਜਦਕਿ ਇੱਥੇ ਇਲਾਜ ਲਈ ਕੋਈ ਪਰਚੀ ਫੀਸ ਵੀ ਨਹੀਂ ਲੱਗਦੀ।ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਦੇ ਖੁਲਣ ਨਾਲ ਲੋਕਾਂ ਨੂੰ ਛੋਟੀਆਂ ਬਿਮਾਰੀਆਂ ਲਈ ਦੂਰ ਦਰਾਜ਼ ਹਸਪਤਾਲਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ ਅਤੇ ਉਹ ਆਪਣੇ ਘਰ ਦੇ ਨੇੜੇ ਹੀ ਮਿਆਰੀ ਸਿਹਤ ਸੇਵਾਵਾਂ ਹਾਸਲ ਕਰ ਸਕਣਗੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਮ ਆਦਮੀ ਕਲੀਨਿਕਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਮੁਫ਼ਤ ਸਿਹਤ ਸਹੂਲਤਾਂ ਪ੍ਰਾਪਤ ਕਰਕੇ ਆਪਣੀ ਸਿਹਤ ਦੀ ਸੰਭਾਲ ਕਰਨ। ਅਹਿਮਦਗੜ੍ਹ ਵਿਖੇ ਆਮ ਆਦਮੀ ਲੋਕ ਅਰਪਿਤ ਕਰਦਿਆ ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਦੇ ਭਰਾ ਕੁਲਵੰਤ ਸਿੰਘ ਗੱਜਣਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨਾਲ ਕੀਤੇ ਵਾਅਦੇ ਲਗਾਤਾਰ ਪੂਰੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕ ਖੁਲਣ ਨਾਲ ਆਮ ਲੋਕਾਂ ਨੂੰ ਬਿਹਤਰ ਅਤੇ ਮੁਫ਼ਤ ਸਿਹਤ ਸਹੂਲਤਾਂ ਘਰ ਦੇ ਨਜ਼ਦੀਕ ਉਪਲਬਧ ਹੋ ਰਹੀਆਂ ਹਨ ਅਤੇ ਭਵਿੱਖ ਵਿੱਚ ਸਿਹਤ ਖੇਤਰ ਨੂੰ ਹੋਰ ਮਜ਼ਬੂਤ ਕਰਨ ਲਈ ਹੋਰ ਵੀ ਕਦਮ ਚੁੱਕੇ ਜਾਣਗੇ। ਇਸ ਮੌਕੇ ਸਾਬਕਾ ਸਰਪੰਚ ਸਰਬਜੀਤ ਸਿੰਘ ਅਮਰਗੜ੍ਹ ,ਗੋਗੀ, ਰਾਜੀਵ ਕੁਮਾਰ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਸੀਮਾ ਜੱਸਲ, ਸਰਪੰਚ ਮਨੀ ਨੰਗਲ, ਸੀਨੀਅਰ ਮੈਡੀਕਲ ਅਫ਼ਸਰ ਡਾ. ਅਮਨਦੀਪ ਕੌਰ ਅਤੇ ਡਾ. ਸੁਖਵਿੰਦਰ ਸਿੰਘ, ਡਾ. ਅਨਮਦੀਪ ਸਿੰਘ, ਸੁਪਰਵਾਈਜ਼ਰ ਗੁਲਜ਼ਾਰ ਖਾਨ, ਬੀ.ਈ.ਈ ਰਣਬੀਰ ਸਿੰਘ ਢੰਡੇ ਅਤੇ ਜਗਸੀਰ ਸਿੰਘ, ਜ਼ਿਲ੍ਹਾ ਕਮਿਊਨਿਟੀ ਮੋਬਿਲਾਈਜ਼ਰ ਸਮੇਤ ਪੈਰਾ ਮੈਡੀਕਲ ਸਟਾਫ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।



## ਪ੍ਰਿਥਵੀ ਸਿੰਘ ਚਹਿਲ ਦੇ ਐਸ.ਪੀ. ਬਣਨ ਤੋਂ ਬਾਅਦ ਆਪਣੇ ਪਿੰਡ ਪਹੁੰਚਣ 'ਤੇ ਭਰਵਾਂ ਸਵਾਗਤ

ਸਮਾਣਾ, 29 ਮਾਰਚ (ਸੁਖਜਿੰਦਰ ਕੁਲਾਰਾਂ): ਵਿਸ਼ਵ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਵਰੈਸਟ ਵਿਜੇਤਾ ਵਿਸ਼ਵ ਰਿਕਾਰਡਧਾਰੀ, ਅੰਤਰਰਾਸ਼ਟਰੀ ਨਿਸ਼ਾਨੇਬਾਜ਼ ਪ੍ਰਿਥਵੀ ਸਿੰਘ ਚਹਿਲ ਐਸ ਪੀ ਬਨਣ ਤੋਂ ਬਾਅਦ ਆਪਣੇ ਜੱਦੀ ਪਿੰਡ ਗੋਬਿੰਦਪੁਰਾ ਉਰਫ਼ ਸੁਨਿਆਰਹੇੜੀ ਵਿਖੇ ਪਹੁੰਚੇ ।ਉਹਨਾਂ ਦੇ ਨਾਲ ਪਿਤਾ ਉੱਘੇ ਸਮਾਜ ਸੇਵੀ ਸੰਜੇਇੰਦਰ ਸਿੰਘ ਬੰਨੀ ਚੈਹਿਲ, ਉਹਨਾਂ ਦੀ ਪਤਨੀ ਗੁਰਨੂਰ ਕੌਰ ਚਹਿਲ ਵੀ ਹਾਜ਼ਰ ਸਨ। ਪ੍ਰਿਥਵੀ ਸਿੰਘ ਚਹਿਲ ਦੇ ਐਸ ਪੀ ਬਨਣ ਤੇ ਪਿੰਡ ਦੀ ਪੰਚਾਇਤ ਅਤੇ ਸਮੂਹ ਪਿੰਡ ਵਾਸੀਆਂ ਵੱਲੋਂ ਸਰਪੰਚ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਉਹਨਾਂ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ , ਸੁਖਵਿੰਦਰ ਸਿੰਘ ਸਾਬਕਾ ਸਰਪੰਚ ਗੀਠਖੇੜੀ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਉੱਘੇ ਉਦਯੋਗਪਤੀ ਅਸ਼ਵਨੀ ਸਿੰਗਲਾ ਦਿਆਲਗੜ੍ਹ ਜੇਜੀਆ,ਸੁਖਬੀਰਪਾਲ ਸਿੰਘ ਸੇਖੋਂ, ਹਰਵਿੰਦਰ ਸਿੰਘ ਚਲੈਲਾ, ਜੋਗਿੰਦਰ ਸਿੰਘ ਪੰਚ, ਗੱਜਣ ਸਿੰਘ, ਬਿਕਰ ਸਿੰਘ, ਵਜ਼ੀਰ ਸਿੰਘ, ਜਰਨੈਲ ਸਿੰਘ, ਮਨਜੀਤ ਸਿੰਘ, ਭੁਪਿੰਦਰ ਸਿੰਘ ਵੀ ਹਾਜ਼ਰ ਸਨ।ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਪਟਿਆਲਾ ਵਾਸੀਆਂ ਲਈ ਮਾਣ ਦੀ ਗੱਲ ਹੈ ਕਿ ਪ੍ਰਿਥਵੀ ਸਿੰਘ ਚਹਿਲ ਪਟਿਆਲਾ ਵਾਸੀ ਹਨ, ਉਹਨਾਂ ਜਿੱਥੇ ਵਿਸ਼ਵ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਵਰੈਸਟ ਨੂੰ ਸਭ ਤੋਂ ਛੋਟੀ ਉਮਰ ਦੀ ਸਕੂਲੀ ਟੀਮ ਦੀ ਅਗਵਾਈ ਕਰਦਿਆਂ ਵਿਸ਼ਵ ਰਿਕਾਰਡ ਬਣਾਇਆ ਸੀ।ਉਸ ਤੋਂ ਇਲਾਵਾ ਉਹੋ ਅੰਤਰਰਾਸ਼ਟਰੀ ਨਿਸ਼ਾਨੇਬਾਜ਼ ਹਨ ਅਤੇ ਉਹਨਾਂ ਨਿਸ਼ਾਨੇਬਾਜ਼ੀ ਵਿੱਚ ਅਨੇਕਾਂ ਅੰਤਰਰਾਸ਼ਟਰੀ ਮੈਡਲ ਹਾਸਲ ਕਰਕੇ ਪਟਿਆਲਾ ਵਾਸੀਆਂ ਅਤੇ ਪੰਜਾਬ ਪੁਲਿਸ ਦਾ ਮਾਣ ਪੂਰੇ ਵਿਸ਼ਵ ਵਿੱਚ ਵਧਾਇਆ ਹੈ।



## ਮਾਈ ਸਟੋਨ ਸਕੂਲ ਦੀ ਵਿਦਿਆਰਥਣ ਨੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ

ਘਨੌਰ, 29 ਮਾਰਚ (ਮਦਨ ਲਾਲ) : ਮਾਈ ਸਟੋਨ ਸਕੂਲ ਘਨੌਰ ਦੀ ਵਿਦਿਆਰਥਣ ਬਵਯਾ ਸ਼ਰਮਾ ਨੇ ਨੌਵੀਂ ਕਲਾਸ ਵਿੱਚ ਫਸਟ ਡਿਵੀਜ਼ਨ ਹਾਸਲ ਕਰਕੇ ਆਪਣੇ ਮਾਪਿਆਂ ਦਾ ਅਤੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ।ਇਸ ਦੌਰਾਨ ਬਵਯਾ ਸ਼ਰਮਾ ਦੇ ਮਾਤਾ ਸ਼ਾਲੂ ਸ਼ਰਮਾ ਅਤੇ ਪਿਤਾ ਰਾਹੁਲ ਸ਼ਰਮਾ ਨੇ ਆਪਣੀ ਬੇਟੀ 'ਤੇ ਮਾਣ ਕਰਦਿਆਂ ਕਿਹਾ ਕਿ ਮੇਰੀ ਬੇਟੀ ਨੇ ਆਪਣੇ ਸਕੂਲ ਦੀ ਨੌਵੀਂ ਕਲਾਸ ਵਿੱਚ ਫਸਟ ਡਵੀਜ਼ਨ ਹਾਸਲ ਕਰਕੇ ਮੇਰੇ ਪਰਿਵਾਰ ਦਾ ਅਤੇ ਆਪਣੇ ਸਕੂਲ ਦਾ ਮਾਣ ਵਧਾਇਆ ਹੈ ਮੇਰਾ ਸਿਰ ਗਰਵ ਨਾਲ ਉੱਚਾ ਹੋ ਗਿਆ ਹੈ। ਮੈਂ ਆਪਣੀ ਧੀ ਦੀ ਹਰ ਖਵਾਹਿਸ਼ ਪੂਰੀ ਕਰਾਂਗਾ ਉਹ ਜਿੱਥੇ ਤੱਕ ਪੜਨਾ ਚਾਹੇ ਮੈਂ ਪੜਾਵਾਂਗਾ ਉਸ ਨੂੰ ਉੱਚੇ ਤੋਂ ਉੱਚੇ ਅਹੁਦੇ ਤੱਕ ਪਹੁੰਚਾਵਾਂਗਾ। ਇਸ ਮੌਕੇ ਮਾਈ ਸਟੋਨ ਸਕੂਲ ਦੇ ਡਾਇਰੈਕਟਰ ਸਾਬਕਾ ਡਿਪਟੀ ਕਮਿਸ਼ਨਰ ਹਰਕੇਸ਼ ਸਿੰਘ ਸਿੱਧੂ ਨੇ ਆਪਣੇ ਸਕੂਲ ਦੇ ਨਤੀਜਿਆਂ ਬਾਰੇ ਦੱਸਦਿਆਂ ਕਿਹਾ ਕਿ ਮਾਈ ਸਟੋਨ ਸਕੂਲ ਘਨੌਰ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ ਹੈ। ਇਸ ਦੌਰਾਨ ਸਵਰਗਵਾਸੀ ਆਜ਼ਾਦੀ ਘੁਲਾਟੀਆਂ ਡਾਕਟਰ ਰਵੀ ਸ਼ਰਮਾ ਦੇ ਸਪੁੱਤਰ ਸਮਾਜ ਸੇਵੀ ਡਾਕਟਰ ਸੁਦੇਸ਼ ਕੁਮਾਰ ਸ਼ਰਮਾ ਅਤੇ ਦਾਦੀ ਪੁਸ਼ਪਾ ਰਾਣੀ ਨੇ ਕਿਹਾ ਕਿ ਮੇਰੀ ਪੋਤਰੀ ਬਵਯਾ ਸ਼ਰਮਾ ਨੇ ਸਾਡੇ ਘਰ ਅਤੇ ਸਕੂਲ ਦਾ ਬਹੁਤ ਮਾਣ ਵਧਾਇਆ ਹੈ ਸਾਨੂੰ ਆਪਣੀ ਬੇਟੀ 'ਤੇ ਬਹੁਤ ਮਾਣ ਹੈ ।



## ਸ੍ਰੀ ਖਾਟੂ ਸ਼ਾਮ ਜੀ ਦੇ ਦਰਸ਼ਨਾਂ ਲਈ ਪਹਿਲੀ ਬੱਸ ਯਾਤਰਾ ਰਾਹੀਂ 58 ਭਗਤਾਂ ਦਾ ਜਥਾ ਰਵਾਨਾ

ਨਾਭਾ, 29 ਮਾਰਚ (ਗੁਰਚਰਨ ਸਿੰਘ ਚੌਧਰੀਮਾਜਰਾ) : ਸ੍ਰੀ ਖਾਟੂ ਸ਼ਿਆਮ ਮੰਦਿਰ ਬੱਸ ਸਟੈਂਡ ਨਾਭਾ ਤੋਂ ਗੀਤੂ ਮੋਦਗਿਲ ਦੀ ਅਗਵਾਈ ਵਿੱਚ 58 ਮੈਂਬਰਾਂ ਦਾ ਜਥਾ ਸ੍ਰੀ ਖਾਟੂ ਸ਼ਾਮ ਜੀ, ਸ੍ਰੀ ਸਾਲਾਸਰ ਬਾਲਾ ਜੀ ਦੇ ਦਰਸ਼ਨਾਂ ਲਈ ਰਵਾਨਾ ਹੋਇਆ, ਬੱਸ ਨੂੰ ਝੰਡੀ ਦੇਣ ਦੀ ਰਸਮ ਧਾਰਮਿਕ ਕੰਮਾਂ ਵਿੱਚ ਹਮੇਸ਼ਾ ਮੋਹਰੀ ਰਹਿਣ ਵਾਲੇ ਐਮ.ਐਲ.ਏ ਨਾਭਾ ਗੁਰਦੇਵ ਸਿੰਘ ਦੇਵ ਮਾਨ ਅਤੇ ਖੂਨ ਦਾਨ ਖੇਤਰ ਵਿੱਚ ਮੋਹਰੀ ਖੂਨਦਾਨੀ ਸਟੇਟ ਅਵਾਰਡੀ ਹਰਸ਼ ਬਲੱਡ ਡੋਨਰ ਸੋਸਾਇਟੀ ਦੇ ਪ੍ਰਧਾਨ ਭੁਵੇਸ਼ ਬਾਂਸਲ ਭਾਸ਼ੀ ਨੇ ਸਾਂਝੇ ਤੌਰ 'ਤੇ ਅਦਾ ਕੀਤੀ,ਯਾਤਰਾ ਦੌਰਾਨ ਵੱਡਮੁੱਲਾ ਯੋਗਦਾਨ ਦੇਣ ਦੇ ਲਈ ਸਮਾਜ ਸੇਵਾਵਾਂ ਵਿੱਚ ਹਮੇਸ਼ਾ ਮੋਹਰੀ ਰਹਿਣ ਵਾਲੇ ਕਪਿਲ ਮਾਨ, ਭੁਪਿੰਦਰ ਸਿੰਘ ਕੱਲਰਮਾਜਰੀ ਕੋਰਡੀਨੇਟਰ ਅਤੇ ਅਨਮੋਲ ਅਹੂਜਾ ਦਾ ਵਿਸ਼ੇਸ ਸਨਮਾਨ ਕੀਤਾ ਗਿਆ ਨਾਲ ਹੀ ਬੋਲਦੇ ਹੋਏ ਦੇਵ ਮਾਨ ਨੇ ਕਿਹਾ ਕਿ ਗੀਤੂ ਮੋਦਗਿਲ ਦੀ ਸਾਰੀ ਟੀਮ ਦਾ ਹਮੇਸ਼ਾ ਧਾਰਮਿਕ ਕੰਮਾਂ ਵਿੱਚ ਹਿੱਸਾ ਲੈਣਾ ਬਹੁਤ ਚੰਗਾ ਕਦਮ ਹੈ। ਇਹਨਾਂ ਦੀ ਟੀਮ ਹਮੇਸ਼ਾ ਲੋੜਵੰਦ ਵਿਅਕਤੀ ਨਾਲ ਵੀ ਹਰ ਜਗਾ ਧਰਮ ਦੇ ਕਾਰਜ ਕਰਨ ਦੇ ਨਾਲ-ਨਾਲ ਖੜਦੀ ਆਈ ਹੈ ਇਹ ਜਦੋਂ ਕੀਤੇ ਸਾਡੀ ਵੀ ਡਿਊਟੀ ਜਿਥੇ ਜਿਵੇ ਲਗਾਉਂਦੇ ਹਨ ਅਸੀਂ ਹਾਜ਼ਰ ਹੁੰਦੇ ਹਾਂ, ਰੇਣੂ ਮਹਿਰਾ ਅਤੇ ਕੋਮਲ ਰਾਣੀ ਆਂਗਣਵਾੜੀ ਵੱਲੋ ਸਾਰੇ ਆਏ ਮਹਿਮਾਨਾਂ ਦਾ ਸਨਮਾਨ ਵੀ ਕੀਤਾ ਗਿਆ। ਦੇਵ ਮਾਨ ਵੱਲੋ ਭਗਤਾਂ ਲਈ ਚਾਹ ਪਾਣੀ ਦੇ ਲਈ ਸੇਵਾ ਵੀ ਦਿੱਤੀ ਗਈ । ਭਗਤਾਂ ਲਈ ਪਾਣੀ ਦੀ ਸੇਵਾ ਗੋਪਾਲ ਕੁਮਾਰ ਨਿਊ ਰਾਧਾ ਰਾਣੀ ਪ੍ਰਭਾਤ ਫੇਰੀ ਵੱਲੋ ਨਿਭਾਈ ਗਈ ਉਸ ਮੌਕੇ ਮੋਦਗਿਲ ਗਰੁੱਪ ਤੋਂ ਇਲਾਵਾ ਸਾਰੇ ਭਗਤ ਹਾਜ਼ਰ ਰਹੇ।



## 8 ਗ੍ਰਾਮ ਹੈਰੋਇਨ ਬ੍ਰਾਮਦ

ਪਟਿਆਲਾ, 29 ਮਾਰਚ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਮੁਕੇਸ਼ ਪੁੱਤਰ ਸਾਧੂ ਰਾਮ ਵਾਸੀ ਗਲੀ ਨੰ. 01 ਰੋਜ ਕਲੋਨੀ ਵਿਰੁੱਧ ਧਾਰਾ 21, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਹਰਪਾਲ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਪੋਲੀਟੈਕਨੀਕਲ ਕਾਲਜ ਪਟਿਆਲਾ ਕੋਲ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 8 ਗ੍ਰਾਮ ਹੈਰੋਇਨ ਬ੍ਰਾਮਦ ਹੋਈ।

## ਪਰਿਵਾਰਕ ਪ੍ਰੇਸ਼ਾਨੀ ਦੇ ਚਲਦਿਆਂ ਬਜ਼ੁਰਗ ਔਰਤ ਨੇ ਲਿਆ ਫਾਹਾ

ਸਮਾਣਾ, 29 ਮਾਰਚ (ਵਿਜੇ ਕੁਮਾਰ) : ਪਰਿਵਾਰਕ ਪ੍ਰੇਸ਼ਾਨੀ ਦੇ ਚਲਦਿਆਂ ਬਜ਼ੁਰਗ ਔਰਤ ਵੱਲੋਂ ਫਾਹਾ ਲੈ ਕੇ ਆਤਮਹੱਤਿਆ ਕਰ ਲਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਸੂਚਨਾ ਮਿਲਣ 'ਤੇ ਮਵੀ ਕਲਾਂ ਪੁਲਿਸ ਵੱਲੋਂ ਮ੍ਰਿਤਕਾ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਮਾਮਲੇ ਦੇ ਜਾਂਚ ਅਧਿਕਾਰੀ ਮਵੀਕਲਾਂ ਪੁਲਸ ਚੌਂਕੀ ਦੇ ਏ. ਐਸ.ਆਈ ਪਰਮਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕਾ ਅਮਰਜੀਤ ਕੌਰ (65) ਦੇ ਪੁੱਤਰ ਹਰਚਰਨ ਸਿੰਘ ਨਿਵਾਸੀ ਪਿੰਡ ਕਕਰਾਲਾ ਭਾਈਕਾ ਵੱਲੋਂ ਪੁਲਿਸ ਨੂੰ ਦਰਜ ਕਰਵਾਏ ਬਿਆਨਾਂ ਅਨੁਸਾਰ ਉਸ ਦੀ ਮਾਤਾ ਪਰਿਵਾਰਕ ਪ੍ਰੇਸ਼ਾਨੀ ਕਰਕੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਅਤੇ ਦੁਖੀ ਰਹਿੰਦੀ ਸੀ। 27 ਮਾਰਚ ਦੀ ਸ਼ਾਮ ਉਸਨੇ ਘਰ ਵਿੱਚ ਪਈ ਚਾਰਪਾਈ ਨੂੰ ਖੜਾ ਕਰਕੇ ਉਸ ਨਾਲ ਫਾਹਾ ਲੈ ਕੇ ਆਪਣੀ ਜੀਵਨ ਲੀਲਾ ਖਤਮ ਕਰ ਲਈ। ਅਧਿਕਾਰੀ ਅਨੁਸਾਰ ਪੁੱਤਰ ਵੱਲੋਂ ਦਰਜ ਕਰਵਾਏ ਬਿਆਨ ਦੇ ਆਧਾਰ 'ਤੇ ਪੁਲਿਸ ਨੇ ਭਾਰਤੀ ਨਿਆ ਸੰਹਿਤਾ ਦੀ ਧਾਰਾ 194 ਤਹਿਤ ਪੋਸਟਮਾਰਟਮ ਉਪਰੰਤ ਮ੍ਰਿਤਕਾ ਦੀ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ।

## ਪਿੰਡ ਦਸੌਂਦਾ ਸਿੰਘ ਵਾਲਾ 'ਚ ਮਾਡਲ ਪਲੇਅ ਗਰਾਊਂਡ ਦੇ ਨਿਰਮਾਣ ਦੀ ਰਸਮੀ ਸ਼ੁਰੂਆਤ

ਮਲੇਰਕੋਟਲਾ, 29 ਮਾਰਚ :(ਬਲਜੀਤ ਸਿੰਘ ਟਿੱਬਾ) : ਚੇਅਰਮੈਨ ਬਲਾਕ ਸੰਮਤੀ ਮਾਲੇਰਕੋਟਲਾ ਸੰਤੋਖ ਸਿੰਘ ਦਸੌਂਦਾ ਸਿੰਘ ਵਾਲਾ ਵੱਲੋਂ ਪਿੰਡ ਦਸੌਂਦਾ ਸਿੰਘ ਵਾਲਾ ਵਿਖੇ ਸੰਮਤੀ ਮੈਂਬਰਾਂ ਦੇ ਸਹਿਯੋਗ ਨਾਲ ਮਾਡਲ ਪਲੇਅ ਗਰਾਊਂਡ ਦੇ ਨਿਰਮਾਣ ਕਾਰਜਾਂ ਦੀ ਰਸਮੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਜੂਨੀਅਰ ਇੰਜੀਨੀਅਰ ਪੰਚਾਇਤੀ ਰਾਜ ਇੰਜ.ਸਤਨਾਮ ਸਿੰਘ, ਪੰਚ ਚਮਕੌਰ ਸਿੰਘ, ਜੋਗਾ ਸਿੰਘ ਬਲਦੀਪ ਸਿੰਘ, ਬਲਜੀਤ ਸਿੰਘ, ਹਰਫੂਲ ਸਿੰਘ, ਸੁਰਜੀਤ ਸਿੰਘ,ਰਾਜਦੀਪ ਸਿੰਘ, ਦਰਸ਼ਨ ਸਿੰਘ ਅਤੇ ਨੰਬਰਦਾਰ ਚਰਨਜੀਤ ਸਿੰਘ ਤੋਂ ਇਲਾਵਾ ਪਿੰਡ ਨਿਵਾਸੀ ਮੌਜੂਦ ਸਨ । ਚੇਅਰਮੈਨ ਸੰਤੋਖ ਸਿੰਘ ਪੰਜਾਬ ਸਰਕਾਰ ਵੱਲੋਂ ਪਿੰਡ ਪੱਧਰ ʼʼ ਖੇਡ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਵੱਡੇ ਪੱਧਰ 'ਤੇ ਮਹੱਤਵਪੂਰਨ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਮਾਲੇਰਕੋਟਲਾ ਵਿੱਚ ਕਰੀਬ 16 ਕਰੋੜ 2 ਲੱਖ 51 ਹਜ਼ਾਰ ਰੁਪਏ ਦੀ ਲਾਗਤ ਨਾਲ 57 ਮਾਡਲ ਪਲੇਅ ਗਰਾਊਂਡ ਤਿਆਰ ਕੀਤੇ ਜਾ ਰਹੇ ਹਨ। ਇਨ੍ਹਾਂ ਵਿੱਚੋਂ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਵਿੱਚ ਲਗਭਗ 30 ਮੈਦਾਨ 6 ਕਰੋੜ 89 ਲੱਖ 29 ਹਜ਼ਾਰ ਰੁਪਏ ਦੀ ਲਾਗਤ ਨਾਲ ਅਤੇ ਬਾਕੀ ਹਲਕਾ ਅਮਰਗੜ੍ਹ ਵਿੱਚ 27 ਮੈਦਾਨ ਕਰੀਬ 9 ਕਰੋੜ 13 ਲੱਖ 22 ਹਜ਼ਾਰ ਰੁਪਏ ਦੀ ਲਾਗਤ ਨਾਲ ਬਣਾਏ ਜਾ ਰਹੇ ਹਨ। ਚੇਅਰਮੈਨ ਸੰਤੋਖ ਸਿੰਘ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਵਿਧਾਇਕ ਮਾਲੇਰਕੋਟਲਾ ਡਾ. ਜਮੀਲ-ਉਰ-ਰਹਿਮਾਨ ਦਾ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਉਪਰਾਲਾ ਪਿੰਡਾਂ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਵੱਲ ਪ੍ਰੇਰਿਤ ਕਰਨ ਵਿੱਚ ਮਦਦਗਾਰ ਸਾਬਤ ਹੋਵੇਗਾ। ਉਨ੍ਹਾਂ ਪਿੰਡ ਵਾਸੀਆਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਖੇਡ ਸਹੂਲਤਾਂ ਦਾ ਪੂਰਾ ਲਾਭ ਲੈਣ ਅਤੇ ਆਪਣੇ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ, ਤਾਂ ਜੋ ਉਹ ਸਿਹਤਮੰਦ ਅਤੇ ਅਨੁਸ਼ਾਸਿਤ ਜੀਵਨ ਜੀ ਸਕਣ।



## ਪ੍ਰੀਮੀਅਰ ਪਬਲਿਕ ਸਕੂਲ ਸਮਾਣਾ ਦਾ ਨਤੀਜਾ ਸ਼ਾਨਦਾਰ ਰਿਹਾ

ਸਮਾਣਾ, 29 ਮਾਰਚ (ਜਵੰਦਾ) : ਪ੍ਰੀਮੀਅਰ ਪਬਲਿਕ ਸਕੂਲ ਸਮਾਣਾ ਦਾ ਇਸ ਸਾਲ ਦਾ ਨਤੀਜਾ ਬੇਹੱਦ ਸ਼ਾਨਦਾਰ ਰਿਹਾ, ਜਿਸ ਨਾਲ ਸਕੂਲ ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਚੰਗੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਇਸ ਮੌਕੇ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਮਾਪਿਆਂ ਨੇ ਸਕੂਲ ਦੀ ਉੱਚ ਪੱਧਰੀ ਪੜ੍ਹਾਈ ਅਤੇ ਅਨੁਸ਼ਾਸਨ ਪ੍ਰਣਾਲੀ 'ਤੇ ਪੂਰੀ ਸੰਤੁਸ਼ਟੀ ਜਤਾਈ ਅਤੇ ਸਕੂਲ ਦੇ ਉਪਰਾਲਿਆਂ ਦੀ ਖੂਬ ਸਰਾਹਨਾ ਕੀਤੀ।ਸਕੂਲ ਚੇਅਰਮੈਨ ਮੈਡਮ ਤਨਵੀ ਜਿੰਦਲ ਅਤੇ ਪ੍ਰਿੰਸੀਪਲ ਵਿਸ਼ਵਰੁਚੀ ਡੋ ਨੇ ਦੱਸਿਆ ਕਿ ਬੱਚਿਆਂ ਨੂੰ ਸਮੇਂ ਦੇ ਨਾਲ ਕਦਮ ਮਿਲਾ ਕੇ ਅੱਗੇ ਵਧਾਉਣ ਲਈ ਨਵੀਂ ਟੈਕਨੋਲੋਜੀ ਨਾਲ ਜੋੜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਆਰਟੀਫ਼ਿਸ਼ਲ ਇੰਟੈਲੀਜੈਂਸ ਅਤੇ ਵੱਖ-ਵੱਖ ਵਿਗਿਆਨਕ ਵਿਸ਼ਿਆਂ ਨਾਲ ਸੰਬੰਧਿਤ ਸਿੱਖਿਆ ਵੀ ਮੁਫ਼ਤ ਦਿੱਤੀ ਜਾ ਰਹੀ ਹੈ।ਉਨ੍ਹਾਂ ਹੋਰ ਕਿਹਾ ਕਿ ਸਕੂਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਨਾਲ ਲੈਸ ਕਰਕੇ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨਾ ਹੈ, ਤਾਂ ਜੋ ਉਹ ਹਰ ਖੇਤਰ ਵਿੱਚ ਕਾਮਯਾਬੀ ਹਾਸਲ ਕਰ ਸਕਣ।



## ਮਾਨ ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ 'ਸੰਵਾਦ' ਮੁਹਿੰਮ ਤਹਿਤ ਪਿੰਡ ਫਤਿਹਗੜ੍ਹ ਛੰਨਾ ਵਿਖੇ ਜਨ ਸੰਪਰਕ ਮੀਟਿੰਗ

ਸਮਾਣਾ, 29 ਮਾਰਚ (ਜਵੰਦਾ/ਵਿਜੇ ਕੁਮਾਰ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਮਾਨ ਸਰਕਾਰ ਦੇ 4 ਸਾਲ ਪੂਰੇ ਹੋਣ ਦੇ ਮੌਕੇ 'ਤੇ ਸਰਕਾਰ ਵੱਲੋਂ ਚਲਾਈ ਜਾ ਰਹੀ ਜਨ ਸੰਪਰਕ ਮੁਹਿੰਮ 'ਸੰਵਾਦ' ਤਹਿਤ ਅੱਜ ਹਲਕਾ ਸਮਾਣਾ ਵਿਧਾਇਕ ਸ ਚੇਤਨ ਸਿੰਘ ਜੌੜਾਮਾਜਰਾ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ ਵੱਲੋਂ ਪਿੰਡ ਫਤਿਹਗੜ੍ਹ ਛੰਨਾ ਵਿੱਚ ਲੋਕਾਂ ਨਾਲ ਰੂਬਰੂ ਹੋ ਕੇ ਗੱਲਬਾਤ ਕੀਤੀ ਗਈ। ਇਸ ਦੌਰਾਨ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ ਵੱਲੋਂ ਪਿੰਡ ਵਾਸੀਆਂ ਨੂੰ ਮਾਨ ਸਰਕਾਰ ਦੇ ਪਿਛਲੇ 4 ਸਾਲਾਂ ਦੇ ਸਫ਼ਰ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਸਰਕਾਰ ਵੱਲੋਂ ਕੀਤੇ ਗਏ ਵਿਕਾਸੀ ਕੰਮਾਂ, ਵੱਖ-ਵੱਖ ਭਲਾਈ ਯੋਜਨਾਵਾਂ ਅਤੇ ਆਮ ਲੋਕਾਂ ਲਈ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਇਸ ਮੌਕੇ ਸ੍ਰੀ ਟਿਵਾਣਾ ਅਤੇ ਪਿੰਡ ਦੇ ਸਰਪੰਚ ਗੁਰਨੈਬ ਸਿੰਘ ਨੇ ਕਿਹਾ ਕਿ ਮਾਨ ਸਰਕਾਰ ਲੋਕਾਂ ਦੀ ਭਲਾਈ, ਸੁਖ-ਸਹੂਲਤਾਂ ਅਤੇ ਰਾਜ ਦੀ ਤਰੱਕੀ ਲਈ ਲਗਾਤਾਰ ਵਚਨਬੱਧ ਹੈ। ਉਨ੍ਹਾਂ ਨੇ ਲੋਕਾਂ ਨੂੰ ਸਰਕਾਰ ਦੀਆਂ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਵੀ ਕੀਤੀ।



### ਦੋ ਨੌਜਵਾਨਾਂ ਦੀ ਮੌਤ ਦਾ ਮਾਮਲਾ

## ਤਿੰਨ ਡਾਕਟਰਾਂ ਦੇ ਪੈਨਲ ਵੱਲੋਂ ਪੋਸਟਮਾਰਟਮ

ਸਮਾਣਾ, 29 ਮਾਰਚ (ਵਿਜੇ ਕੁਮਾਰ) : ਬੀਤੀ ਦਿਨੀ ਸ਼ਹਿਰ ਦੇ ਗੰਦੇ ਨਾਲੇ ਦੀ ਪਟਰੀ ਤੋਂ ਬਰਾਮਦ ਹੋਏ ਦੋ ਨੌਜਵਾਨਾਂ ਦੀਆਂ ਲਾਸ਼ਾਂ ਦਾ ਪੋਸਟਮਾਰਟਮ ਸਥਾਨਕ ਸਿਵਲ ਹਸਪਤਾਲ ਵਿਚ ਡਾਕਟਰਾਂ ਦੇ ਤਿੰਨ ਮੈਂਬਰੀ ਪੈਨਲ ਵੱਲੋਂ ਕੀਤਾ ਗਿਆ। ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਸ ਮੁੱਖੀ ਸਬ-ਇੰਸਪੈਕਟਰ ਬਲਜੀਤ ਸਿੰਘ ਨੇ ਦੱਸਿਆ ਕਿ ਦੋਵੇਂ ਨੌਜਵਾਨਾਂ ਦੀ ਸ਼ੱਕੀ ਹਲਾਤਾਂ ਵਿਚ ਹੋਈ ਮੌਤ ਕਾਰਨ ਹਸਪਤਾਲ ਦੇ ਡਾ: ਗੁਰਪ੍ਰੀਤ ਸਿੰਘ, ਡਾ: ਜਸਪ੍ਰੀਤ ਕੌਰ ਅਤੇ ਡਾ. ਦੀਪਕ ਮੌਂਗਾ, ਤਿੰਨ ਮੈਂਬਰੀ ਬੋਰਡ ਬਣਾ ਕੇ ਮ੍ਰਿਤਕਾਂ ਦੀਆਂ ਲਾਸ਼ਾਂ ਦਾ ਪੋਸਟਮਾਰਟਮ ਕਰਵਾਇਆ ਗਿਆ। ਅਧਿਕਾਰੀ ਅਨੁਸਾਰ ਪੁਲਸ ਨੇ ਸ਼ਿਕਾਇਤ ਦੇ ਅਧਾਰ 'ਤੇ ਅਣ-ਪਛਾਤੇ ਵਾਹਨ ਦੇ ਖਿਲਾਫ ਮਾਮਲਾ ਦਰਜ ਕਰਕੇ ਮਾਮਲੇ ਦੀ ਗਹਿਰਾਈ ਨਾਲ ਜਾਂਚ ਸ਼ੁਰੂ ਕਰ ਦਿੱਤੀ ਹੈ, ਜਦੋਂਕਿ ਮ੍ਰਿਤਕਾਂ ਦੀਆਂ ਲਾਸ਼ਾ ਦੇ ਵਿਸਰੇ ਜਾਂਚ ਲਈ ਲੈਬ ਭੇਜ ਦਿੱਤੇ ਗਏ ਹਨ।



# ਪਟਿਆਲਾ-ਆਸ/ਪਾਸ



## ਸਾਬਕਾ ਮੰਤਰੀ ਲਾਲ ਸਿੰਘ ਨੂੰ ਅੰਤਿਮ ਸਸਕਾਰ ਮੌਕੇ ਸੇਜਲ ਅੱਖਾਂ ਨਾਲ ਵਿਦਾਈ

*➢ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ, ਮੁੱਖ ਮੰਤਰੀ ਵੱਲੋਂ ਏ.ਡੀ.ਸੀ. ਨੇ ਮ੍ਰਿਤਕ ਦੇਹ 'ਤੇ ਗੀਥ ਰੱਖੀ*



ਪਟਿਆਲਾ, 29 ਮਾਰਚ (ਰੁਪਾਣਾ/ਅਮਰਜੀਤ): ਸਾਬਕਾ ਮੰਤਰੀ ਸਰਵਗੀ ਸ. ਲਾਲ (84), ਜਿਨ੍ਹਾਂ ਦਾ ਬੀਤੇ ਦਿਨ ਦੇਹਾਂਤ ਹੋ ਗਿਆ ਸੀ, ਨੂੰ ਅੱਜ ਸੇਜਲ ਅੱਖਾਂ ਨਾਲ ਅੰਤਮ ਵਿਦਾਈ ਦਿੱਤੀ ਗਈ। ਉਨ੍ਹਾਂ ਦੀ ਮ੍ਰਿਤਕ ਦੇਹ ਦਾ ਅੰਤਿਮ ਸਸਕਾਰ ਇੱਥੇ ਰਾਜਪੁਰਾ ਰੋਡ 'ਤੇ ਸਥਿਤ ਬੀਰ ਜੀ ਦੇ ਸਮਸ਼ਾਨਘਾਟ ਵਿਖੇ ਪੂਰੀਆਂ ਧਾਰਮਿਕ ਰਹੁ ਰੀਤਾਂ ਮੁਤਾਬਕ ਅਤੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ। ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਤੇ ਸਾਬਕਾ ਵਿਧਾਇਕ ਰਜਿੰਦਰ ਸਿੰਘ ਨੇ ਦਿਖਾਈ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਤਰਫ਼ੋਂ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਨੇ ਮ੍ਰਿਤਕ ਦੇਹ 'ਤੇ ਰੀਥ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ, ਜਦੋਂਕਿ ਪੰਜਾਬ ਸਰਕਾਰ ਵੱਲੋਂ ਵਿਧਾਇਕ ਪਟਿਆਲਾ ਸ਼ਹਿਰੀ ਅਜੀਤਪਾਲ ਸਿੰਘ ਕੋਹਲੀ ਅਤੇ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਸਮੇਤ ਆਮ ਆਦਮੀ ਪਾਰਟੀ ਦੀ ਤਰਫ਼ੋਂ ਹਲਕਾ ਸਨੌਰ ਦੇ ਇੰਚਾਰਜ ਤੇ ਸਾਬਕਾ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਰੀਥਾਂ ਰੱਖਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਪਟਿਆਲਾ ਪੁਲਿਸ ਦੀ ਟੁਕੜੀ ਨੇ ਮਾਤਮੀ ਧੁਨ ਵਜਾਈ ਅਤੇ ਜਵਾਨਾਂ ਨੇ ਹਥਿਆਰ ਉਲਟੇ ਕਰਕੇ ਗਾਰਡ ਆਫ਼ ਆਨਰ ਦਿੰਦਿਆਂ ਫ਼ਾਇਰ ਕਰਕੇ ਸਲਾਮੀ ਦਿੱਤੀ। ਇਸ ਦੌਰਾਨ ਲੋਕ ਸਭਾ ਮੈਂਬਰ ਡਾ. ਧਰਮਵੀਰ ਗਾਂਧੀ, ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ, ਕਨਵੇਅਰ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ, ਹਿੰਦੂ ਤਖ਼ਤ ਵੱਲੋਂ ਸਵਾਮੀ ਬ੍ਰਹਮਾਨੰਦ ਗਿਰੀ, ਗਿਆਨੀ ਸੁਖਦੇਵ ਸਿੰਘ ਸਮੇਤ ਵੱਡੀ ਗਿਣਤੀ ਮੌਜੂਦਾ ਤੇ ਸਾਬਕਾ ਸੰਸਦ ਮੈਂਬਰਾਂ, ਸਾਬਕਾ ਮੰਤਰੀਆਂ, ਸਾਬਕਾ ਤੇ ਮੌਜੂਦਾ ਵਿਧਾਇਕਾਂ ਤੇ ਹੋਰ ਪਾਰਟੀਆਂ ਦੇ ਆਗੂਆਂ ਅਤੇ ਪਟਿਆਲਾ ਦੇ ਕੌਂਸਲਰਾਂ ਨੇ ਵੀ ਮ੍ਰਿਤਕ ਦੇਹ 'ਤੇ ਫੁੱਲ ਮਾਲਾਵਾਂ ਰੱਖਕੇ ਆਪਣੀ ਸ਼ਰਧਾਂਜਲੀ ਭੇਟ ਕੀਤੀ। ਪਰਿਵਾਰਕ ਸੂਤਰਾਂ ਮੁਤਾਬਕ ਸਵਰਗੀ ਸ. ਲਾਲ ਸਿੰਘ ਦੇ ਫੁੱਲ ਚੁਗਣ ਦੀ ਰਸਮ ਦਿਨ ਮੰਗਲਵਾਰ ਮਿਤੀ 31 ਮਾਰਚ ਨੂੰ ਸਵੇਰੇ 8 ਵਜੇ ਬੀਰ ਜੀ ਦੇ ਸਮਸ਼ਾਨਘਾਟ ਵਿਖੇ ਨਿਭਾਈ ਜਾਵੇਗੀ ਅਤੇ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਰੋਹ ਦਿਨ ਸ਼ੁੱਕਰਵਾਰ ਮਿਤੀ 10 ਅਪ੍ਰੈਲ ਨੂੰ ਬਾਅਦ ਦੁਪਹਿਰ 12.30 ਵਜੇ ਤੋਂ 2 ਵਜੇ ਤੱਕ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ 9ਵੀਂ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਹੋਵੇਗੀ।

## 12ਵਾਂ ਪੰਜ-ਰੋਜ਼ਾ ਪੰਜਾਬੀ ਯੂਨੀਵਰਸਿਟੀ ਪੁਸਤਕ ਮੇਲਾ ਅਤੇ ਸਾਹਿਤ ਉਤਸਵ ਦਾ ਉਦਘਾਟਨ ਅੱਜ

ਪਟਿਆਲਾ, 29 ਮਾਰਚ (ਚ.ਨ.ਸ.): ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ '12ਵਾਂ ਪੰਜ-ਰੋਜ਼ਾ ਪੰਜਾਬੀ ਯੂਨੀਵਰਸਿਟੀ ਪੁਸਤਕ ਮੇਲਾ ਅਤੇ ਸਾਹਿਤ ਉਤਸਵ-2026' ਅੱਜ 30 ਮਾਰਚ ਤੋਂ ਆਰੰਭ ਹੋ ਰਿਹਾ ਹੈ। ਇਹ ਸੂਚਨਾ ਦਿੰਦੇ ਹੋਏ ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਜਵੰਤ ਕੌਰ ਪੰਜਾਬੀ ਨੇ ਦੱਸਿਆ ਕਿ ਯੂਨੀਵਰਸਿਟੀ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਦੇ ਪਿੱਛੇ ਵਾਲੇ ਮੈਦਾਨ ਵਿਚ ਇਸ ਵਿਸ਼ਾਲ ਸਮਾਗਮ ਦਾ ਆਰੰਭ 30 ਮਾਰਚ, 2026 ਨੂੰ ਸਵੇਰੇ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਕਮਲਜੀਤ ਸਿੰਘ ਵੱਲੋਂ ਗੁਰਬਾਣੀ ਕੀਰਤਨ ਨਾਲ ਹੋਵੇਗਾ। ਇਸ ਸਾਹਿਤ ਉਤਸਵ ਦਾ ਉਦਘਾਟਨੀ ਸਮਾਰੋਹ ਸਵੇਰੇ 11: 30 ਵਜੇ ਸ਼ਮ੍ਹਾ ਰੌਸ਼ਨ ਨਾਲ ਹੋਵੇਗਾ ਜਿਸ ਦੀ ਪ੍ਰਧਾਨਗੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਕਰਨਗੇ ਇਸ ਉਦਘਾਟਨੀ ਸਮਾਰੋਹ ਵਿਚ ਪ੍ਰਸਿੱਧ ਲੇਖਕ ਤੇ ਅਨੁਵਾਦਕ ਜੰਗ ਬਹਾਦਰ ਗੋਇਲ ਮੁਖ ਭਾਸ਼ਣ ਦੇਣਗੇ ਜਦੋਂਕਿ ਸਾਹਿਤ ਅਕਾਦਮੀ ਐਵਾਰਡੀ ਪ੍ਰੋ. ਵਰਿਆਮ ਸਿੰਘ ਸੰਧੂ ਮੁੱਖ ਮਹਿਮਾਨ ਅਤੇ ਡਾ. ਰਘਬੀਰ ਸਿੰਘ ਸਿਰਜਣਾ ਵਿਸ਼ੇਸ਼ ਮਹਿਮਾਨ ਹੋਣਗੇ। ਇਸ ਦੌਰਾਨ ਸਰਦਾਰ ਪੰਛੀ, ਓਮ ਪ੍ਰਕਾਸ਼ ਗਾਸੋ, ਕਿਰਪਾਲ ਸਿੰਘ ਪੰਨੂੰ, ਕਾਨਾ ਸਿੰਘ ਅਤੇ ਡਾ. ਕਮਲੇਸ਼ ਉੱਪਲ ਦਾ ਸਨਮਾਨ ਕੀਤਾ ਜਾਵੇਗਾ। ਬਾਅਦ ਦੁਪਹਿਰ 2 ਵਜੇ ਕਵੀ ਦਰਬਾਰ ਦਾ ਆਯੋਜਨ ਕੀਤਾ ਜਾਵੇਗਾ ਜਿਸ ਵਿਚ ਪ੍ਰਧਾਨਗੀ ਅਤੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕ੍ਰਮਵਾਰ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਸਾਬਕਾ ਪ੍ਰਧਾਨ ਪ੍ਰੋ. ਗੁਰਭਜਨ ਸਿੰਘ ਗਿੱਲ ਅਤੇ ਡਾ. ਲਖਵਿੰਦਰ ਸਿੰਘ ਜੌਹਲ ਕਰਨਗੇ। ਇਸ ਕਵੀ ਦਰਬਾਰ ਵਿਚ ਗੁਰਦਿਆਲ ਰੌਸ਼ਨ, ਦਰਸ਼ਨ ਬੁੱਟਰ, ਗੁਰਚਰਨ ਕੌਰ ਕੋਚਰ, ਤ੍ਰੈਲੋਚਨ ਲੋਚੀ, ਪਾਲ ਗੁਰਦਾਸਪੁਰੀ, ਮਨਜਿੰਦਰ ਧਨੋਆ, ਭੁਪਿੰਦਰ ਕੌਰ ਪ੍ਰੀਤ, ਮੋਹਨ ਤਿਆਗੀ, ਸਿਮਰਤ ਸੁਮੈਰਾ ਅਤੇ ਗੁਰਸੇਵਕ ਲੰਬੀ ਸ਼ਾਮਿਲ ਹੋਣਗੇ। ਮੰਚ ਸੰਚਾਲਨ ਡਾ. ਰਾਜਵੰਤ ਕੌਰ ਪੰਜਾਬੀ ਕਰਨਗੇ। ਬਾਅਦ ਦੁਪਹਿਰ 3:30 ਵਜੇ ਦੂਜੀ ਬੈਠਕ ਵਿਚ ਪ੍ਰਸਿੱਧ ਗਲਪਕਾਰ ਡਾ. ਬਲਵਿੰਦਰ ਕੌਰ ਬਰਾੜ ਨਾਲ ਡਾ. ਚਰਨਜੀਤ ਕੌਰ ਵੱਲੋਂ ਸੰਵਾਦ ਰਚਾਇਆ ਜਾਵੇਗਾ। ਸਭਿਆਚਾਰਕ ਸ਼ਾਮ ਦੀ ਪ੍ਰਧਾਨਗੀ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਭੀਮ ਇੰਦਰ ਸਿੰਘ ਕਰਨਗੇ ਅਤੇ ਮੁੱਖ ਮਹਿਮਾਨ ਡਾ. ਅਜੈ ਕੁਮਾਰ ਹੋਣਗੇ। ਇਸ ਸਮਾਗਮ ਵਿਚ ਗੀਤ, ਲੋਕਗੀਤ, ਮਿਮਿਕਰੀ, ਕਲੀ ਗਾਇਨ ਅਤੇ ਭੰਡ ਆਦਿ ਦੀਆਂ ਪੇਸ਼ਕਾਰੀਆਂ ਕੀਤੀਆਂ ਜਾਣਗੀਆਂ।

## ਅੱਜ ਦੁੱਧਨਸਾਧਾਂ ਵਿਖੇ ਹੋਵੇਗੀ ਮੁੱਖ ਮੰਤਰੀ ਮਾਨ ਦੀ ਇਤਿਹਾਸਕ ਰੈਲੀ, ਹਲਕੇ 'ਚ ਭਾਰੀ ਉਤਸ਼ਾਹ

**➢ਹਲਕੇ ਦਾ ਇਕੱਠ ਪਿਛਲੇ ਸਾਰੇ ਰਿਕਾਰਡ ਤੋੜੇਗਾ : ਹਡਾਣਾ**



ਦੁੱਧਨਸਾਧਾਂ, 29 ਮਾਰਚ (ਗੁਰਜੀਤ ਸਿੰਘ ਚੌਟ) : ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅੱਜ ਹਲਕਾ ਸਨੌਰ ਦੇ ਇਤਿਹਾਸਕ ਕਸਬੇ ਦੁੱਧਨ ਸਾਧਾਂ ਵਿਖੇ ਇੱਕ ਵਿਸ਼ਾਲ ਜਨ ਸਭਾ ਨੂੰ ਸੰਬੋਧਨ ਕਰਨਗੇ। ਇਸ ਇਤਿਹਾਸਕ ਰੈਲੀ ਨੂੰ ਲੈ ਕੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਰੈਲੀ ਨੂੰ ਲੈ ਕੇ ਪੂਰੇ ਹਲਕੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਅਤੇ ਮੰਨਿਆ ਜਾ ਰਿਹਾ ਹੈ ਕਿ ਇਹ ਇਕੱਠ ਪਿਛਲੇ ਸਾਰੇ ਰਿਕਾਰਡ ਤੋੜ ਦੇਵੇਗਾ। ਮੀਡੀਆ ਨਾਲ ਗੱਲਬਾਤ ਕਰਦਿਆਂ ਸ. ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਮੁੱਖ ਮੰਤਰੀ ਜੀ ਦੀ ਇਹ ਫੇਰੀ ਹਲਕਾ ਸਨੌਰ ਲਈ ਬਹੁਤ ਮਹੱਤਵਪੂਰਨ ਸਾਬਤ ਹੋਵੇਗੀ। ਉਨ੍ਹਾਂ ਸੰਕੇਤ ਦਿੱਤਾ ਕਿ ਮੁੱਖ ਮੰਤਰੀ ਜੀ ਹਲਕੇ ਦੇ ਸਰਵਪੱਖੀ ਵਿਕਾਸ ਲਈ ਕਈ ਨਵੇਂ ਵੱਡੇ ਪ੍ਰੋਜੈਕਟਾਂ ਦਾ ਐਲਾਨ ਕਰ ਸਕਦੇ ਹਨ। ਹਡਾਣਾ ਨੇ ਕਿਹਾ ਕਿ ਮਾਨ ਸਰਕਾਰ ਨੇ ਆਪਣੇ '4 ਸਾਲ ਬੇਮਿਸਾਲ' ਕਾਰਜਕਾਲ ਦੌਰਾਨ ਹਮੇਸ਼ਾ ਆਮ ਲੋਕਾਂ ਦੀਆਂ ਲੋੜਾਂ ਨੂੰ ਪਹਿਲ ਦਿੱਤੀ ਹੈ ਅਤੇ ਦੁੱਧਣ ਸਾਧਾਂ ਰੈਲੀ ਦੌਰਾਨ ਵੀ ਹਲਕੇ ਦੀ ਨੁਹਾਰ ਬਦਲਣ ਲਈ ਵੱਡੇ ਤੇ ਅਹਿਮ ਪ੍ਰੋਜੈਕਟ ਮਿਲਣ ਦੀ ਵੀ ਆਸ ਹੈ। ਰਣਜੋਧ ਸਿੰਘ ਹਡਾਣਾ ਨੇ ਸਮੂਹ ਹਲਕਾ ਨਿਵਾਸੀਆਂ, ਨੌਜਵਾਨਾਂ, ਮਾਵਾਂ ਅਤੇ ਭੈਣਾਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਉਹ ਭਲਕੇ ਵੱਧ ਤੋਂ ਵੱਧ ਗਿਣਤੀ ਵਿੱਚ ਦੁੱਧਣ ਸਾਧਾਂ ਵਿਖੇ ਪਹੁੰਚ ਕੇ ਆਪਣੇ ਹਰਮਨ ਪਿਆਰੇ ਮੁੱਖ ਮੰਤਰੀ ਦੇ ਵਿਚਾਰ ਸੁਣਨ। ਇਸ ਮੌਕੇ ਉਨ੍ਹਾਂ ਦੇ ਨਾਲ ਚੇਅਰਮੈਨ ਬਲਦੇਵ ਸਿੰਘ ਦੇਵੀਗੜ੍ਹ, ਹੈਪੀ ਪਹਾੜੀਪੁਰ, ਸਿਮਰਜੀਤ ਸੋਹਲ, ਹਰਪ੍ਰੀਤ ਸਿੰਘ ਘੁਮਾਣ, ਹਰਪਿੰਦਰ ਚੀਮਾ, ਦਵਿੰਦਰ ਸਿੰਘ ਮਾੜੂ, ਗੁਰਪ੍ਰੀਤ ਸਿੰਘ ਗੋਪੀ ਸਰਪੰਚ, ਰਾਮ ਇੰਦਰ ਸਿੰਘ ਜਮਨਾ ਅਤੇ ਹੋਰ ਸੀਨੀਅਰ ਆਗੂ ਵੀ ਮੌਜੂਦ ਸਨ, ਜਿਨ੍ਹਾਂ ਨੇ ਰੈਲੀ ਦੀ ਸਫ਼ਲਤਾ ਲਈ ਆਪਣੀ ਵਚਨਬੱਧਤਾ ਦੁਹਰਾਈ।

## ਚਿੱਟਾ ਪੀ ਰਿਹਾ ਨੌਜਵਾਨ ਪੁਲਿਸ ਅੜਿੱਕੇ

ਸਮਾਣਾ, 29 ਮਾਰਚ (ਵਿਜੇ ਕੁਮਾਰ): ਸਿਟੀ ਪੁਲਿਸ ਨੇ ਚਿੱਟਾ/ਹੈਰੋਇਨ ਦਾ ਨਸ਼ਾ ਕਰਦੇ ਇੱਕ ਨੌਜਵਾਨ ਨੂੰ ਲਾਈਟਰ, ਪੇਪਰ ਪਾਈਪ ਅਤੇ ਫੋਇਲ ਪੇਪਰ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਨੌਜਵਾਨ ਦੀ ਪਛਾਣ ਰਾਜ ਕੁਮਾਰ ਪੁੱਤਰ ਹੀਰਾ ਲਾਲ ਵਾਸੀ ਮੁਹੱਲਾ ਅਮਾਮਗੜ੍ਹ ਸਮਾਣਾ ਵਜੋਂ ਹੋਈ ਹੈ। ਸਿਟੀ ਪੁਲਿਸ ਇੰਚਾਰਜ ਸਬ-ਇੰਸਪੈਕਟਰ ਬਲਜੀਤ ਸਿੰਘ ਨੇ ਦੱਸਿਆ ਕਿ ਏ.ਐਸ.ਆਈ. ਗੁਰਪ੍ਰੀਤ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਬੜੈਚਾਂ ਰੋਡ 'ਤੇ ਮੌਜੂਦ ਸਨ। ਉਨ੍ਹਾਂ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਨੌਜਵਾਨ ਨਵਾਂ ਨੂਰਪੁਰਾ, ਸਮਾਣਾ ਕੋਲ ਚਿੱਟਾ ਪੀ ਰਿਹਾ ਹੈ। ਛਾਪੇਮਾਰੀ ਦੌਰਾਨ ਉਸ ਕੋਲੋਂ ਇੱਕ ਲਾਈਟਰ, ਇੱਕ ਫੋਇਲ ਪੇਪਰ ਪਾਈਪ ਅਤੇ ਪੰਨੀ ਬਰਾਮਦ ਹੋਣ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਅਧਿਕਾਰੀ ਅਨੁਸਾਰ ਮਾਨਯੋਗ ਅਦਾਲਤ ਦੇ ਹੁਕਮਾਂ 'ਤੇ ਮੁਲਜ਼ਮ ਨੂੰ ਨਸ਼ਾ ਛੁਡਾਊ ਕੇਂਦਰ ਭੇਜ ਦਿੱਤਾ ਗਿਆ ਹੈ।

## ਲਾਇਨਜ਼ ਕਲੱਬ ਸਮਾਣਾ ਰੋਜ਼ ਦੀ ਮੀਟਿੰਗ ਦੌਰਾਨ ਕਮਲ ਵਰਮਾ ਨਵੇਂ ਮੈਂਬਰ ਵਜੋਂ ਸ਼ਾਮਲ ਕੀਤੇ



ਸਮਾਣਾ, 29 ਮਾਰਚ (ਜਵੰਦਾ) : ਲਾਈਨਜ਼ ਕਲੱਬ ਸਮਾਣਾ ਰੋਜ਼ ਦੀ ਰੋਜ਼ਾਨਾ ਗਤੀਵਿਧੀਆਂ ਤਹਿਤ ਇੱਕ ਵਿਸ਼ੇਸ਼ ਮੀਟਿੰਗ ਪ੍ਰਧਾਨ ਅੰਸ਼ੁਲ ਢੀਂਗੜਾ ਦੀ ਅਗਵਾਈ ਵਿੱਚ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਕਲੱਬ ਵੱਲੋਂ ਕੀਤੇ ਜਾ ਰਹੇ ਵੱਖ-ਵੱਖ ਸਮਾਜ ਸੇਵੀ ਕਾਰਜਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਭਵਿੱਖ ਦੀਆਂ ਯੋਜਨਾਵਾਂ 'ਤੇ ਵੀ ਚਰਚਾ ਹੋਈ।ਇਸ ਮੌਕੇ ਕਲੱਬ ਦੇ ਮੈਂਬਰਾਂ ਨੇ ਸਮਾਜ ਵਿੱਚ ਸੇਵਾ ਕਾਰਜਾਂ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੇ ਸੁਝਾਅ ਪੇਸ਼ ਕੀਤੇ। ਮੀਟਿੰਗ ਦੌਰਾਨ ਕਮਲ ਵਰਮਾ ਨੂੰ ਨਵੇਂ ਮੈਂਬਰ ਵਜੋਂ ਕਲੱਬ ਵਿੱਚ ਸ਼ਾਮਿਲ ਕੀਤਾ ਗਿਆ, ਜਿਸ ਦਾ ਸਾਰੇ ਮੈਂਬਰਾਂ ਵੱਲੋਂ ਸਵਾਗਤ ਕੀਤਾ ਗਿਆ। ਪ੍ਰਧਾਨ ਅੰਸ਼ੁਲ ਢੀਂਗੜਾ ਨੇ ਕਿਹਾ ਕਿ ਕਲੱਬ ਸਮਾਜ ਸੇਵਾ ਲਈ ਹਮੇਸ਼ਾ ਵਚਨਬੱਧ ਹੈ।ਇਸ ਮੌਕੇ ਸੈਕਟਰੀ ਵਿਕਾਸ ਸਿੰਗਲਾ, ਖਜ਼ਾਨਚੀ ਵਿਨੋਦ ਗਰਗ, ਪੰਕਜ ਗਰਗ, ਸੁਮੇਰ ਸਿੰਘ, ਸੋਨੂੰ ਸ਼ਾਹ, ਵਰੁਣ ਬਾਂਸਲ, ਰਿਸ਼ੂ ਚੋਪੜਾ, ਰਾਜੂ ਬਤਰਾ, ਦੀਪਕ ਸਿੰਗਲਾ,ਸੁਮੇਰ ਸਿੰਘ, ਜੀਵਨ ਬਗਰੋਲ ਅਤੇ ਤਜਿੰਦਰ ਕੋਚਰ (ਬੱਬੂ) ਆਦਿ ਵੀ ਹਾਜ਼ਰ ਸਨ।

## ਗੌਰਮਿੰਟ ਸਟੇਟ ਕਾਲਜ ਵਿਖੇ ਪੰਜਾਬ ਦੇ ਰਿਵਾਇਤੀ ਰੁੱਖ ਵਿਸ਼ੇ 'ਤੇ ਲੈਕਚਰ



ਪਟਿਆਲਾ, 29 ਮਾਰਚ (ਚ.ਨ.ਸ.) : ਸਥਾਨਕ ਗੌਰਮਿੰਟ (ਸਟੇਟ) ਕਾਲਜ ਆਫ਼ ਐਜੂਕੇਸ਼ਨ, ਵਿਖੇ ਪ੍ਰਿੰਸੀਪਲ ਪ੍ਰੋ. (ਡਾ.) ਵਨੀਤਾ ਰਾਣੀ ਦੀ ਅਗਵਾਈ ਹੇਠ ਈਕੋ ਕਲੱਬ, ਯੂਥ ਸਰਵੀਸਿਜ਼ ਅਤੇ ਐਨ.ਐਸ.ਐਸ ਵਿਭਾਗ ਵਲੋਂ ਰਾਊਂਡ ਗਲਾਸ ਐਸੋਸੀਏਸ਼ਨ ਦੇ ਸਹਿਯੋਗ ਨਾਲ ਪੰਜਾਬ ਦੇ ਰਿਵਾਇਤੀ ਰੁੱਖ ਵਿਸ਼ੇ 'ਤੇ ਬੀਜ ਪ੍ਰਦਰਸ਼ਨੀ ਅਤੇ ਐਕਸਟੈਨਸ਼ਨ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਡਾ. ਰਜਨੀਸ਼ ਵਰਮਾ ਪ੍ਰੋਜੈਕਟ ਮੈਨੇਜਰ, ਪਲਾਂਟੇਸ਼ਨ ਅਤੇ ਸੋਲਿਡ ਵੇਸਟ ਮੈਨੇਜਮੈਂਟ, ਰੋਮਨਪ੍ਰੀਤ ਸਿੰਘ ਡਿਪਟੀ ਲੀਡ ਨਰਸਰੀ ਡਿਪਾਰਟਮੈਂਟ, ਸ. ਭਰਪੂਰ ਸਿੰਘ ਜ਼ਿਲ੍ਹਾ ਕੋਆਰਡੀਨੇਟਰ ਰਾਊਂਡ ਗਲਾਸ ਫਾਊਂਡੇਸ਼ਨ, ਸ. ਮਲਕੀਤ ਸਿੰਘ ਮਾਨ, ਅਸਿਸਟੈਂਟ ਡਾਇਰੈਕਟਰ ਯੂਥ ਸਰਵੀਸਿਜ਼ ਪੰਜਾਬ, ਸ. ਅਮਰਿੰਦਰ ਸਿੰਘ ਫੋਰੈਸਟ ਗਾਰਡ, ਸੁਰਿੰਦਰ ਸਿੰਘ, ਬੀ.ਡੀ.ਪੀ.ਓ. ਦਫਤਰ ਤੋਂ ਆਏ ਮਨਰੇਗਾ ਸੈਕਟਰੀ, ਰਣਜੀਤ ਸਿੰਘ ਸਮਾਜ ਸੇਵੀ ਅਤੇ ਵੱਖ-ਵੱਖ ਪਿੰਡਾਂ (ਲਲੀਨਾ, ਬੋਲੜ, ਬੋਲੜੀ, ਹਸਨਪੁਰ, ਰਾਏਪੁਰ ਮੰਡਲਾਂ, ਬਰਸਟ, ਲੰਗ, ਬਿਰਧਨੋਂ ਅਤੇ ਕਲਿਆਣ ਆਦਿ) ਤੋਂ ਆਏ ਸਰਪੰਚ ਸਹਿਬਾਨ, ਆਈ.ਟੀ.ਆਈ, ਪਟਿਆਲਾ, ਨਿਊ ਪਾਵਰ ਹਾਊਸ ਸਕੂਲ ਦੇ ਵਿਦਿਆਰਥੀ ਅਤੇ ਅਧਿਆਪਕ ਮੌਜੂਦ ਰਹੇ। ਇਸ ਦੌਰਾਨ ਕਾਲਜ ਦੇ ਈਕੋ ਕਲੱਬ ਦੇ ਇੰਚਾਰਜ ਡਾ. ਯੋਗਿਤਾ ਸਾਰਵਾਲ ਅਤੇ ਡਾ. ਚੇਤਨ ਸ਼ਰਮਾ, ਯੂਥ ਸਰਵੀਸਿਜ਼ ਦੇ ਇੰਚਾਰਜ ਅਸਿ. ਪ੍ਰੋ. ਨਵਨੀਤ ਕੌਰ ਜੇਜੀ, ਐਨ.ਐਸ. ਵਿਭਾਗ ਦੇ ਪ੍ਰੋਗਰਾਮ ਕੋਆਰਡੀਨੇਟਰ ਅਸਿ. ਪ੍ਰੋ. ਜਗਦੇਵ ਸਿੰਘ ਅਤੇ ਅਸਿ. ਪ੍ਰੋ. ਮੂਰਤੀ ਕੌਰ ਦੁਆਰਾ ਇਸ ਪ੍ਰੋਗਰਾਮ ਦੀ ਸ਼ਲਾਘਾ ਕੀਤੀ ਗਈ। ਇਸ ਪ੍ਰੋਗਰਾਮ ਵਿੱਚ ਡਾ. ਰਜਨੀਸ਼ ਵਰਮਾ ਨੇ ਪੀ.ਪੀ.ਟੀ. ਦੁਆਰਾ ਅਲੋਪ ਹੋ ਰਹੇ ਵਿਰਾਸਤੀ ਰੁੱਖਾਂ ਬਾਰੇ ਗਹਿਰਾਈ ਨਾਲ ਦੱਸਿਆ। ਸ. ਰੋਮਨਪ੍ਰੀਤ ਸਿੰਘ ਨੇ ਬੀਜ ਪ੍ਰਦਰਸ਼ਨੀ ਵਿੱਚ ਪ੍ਰਦਰਸ਼ਿਤ ਵਿਰਾਸਤੀ ਰੁੱਖਾਂ ਦੇ ਬੀਜਾਂ ਬਾਰੇ ਵਿਸਤਾਰਪੂਰਵਕ ਜਾਣਕਾਰੀ ਦਿੱਤੀ ਅਤੇ ਵਿਦਿਆਰਥੀਆਂ ਨੂੰ ਵਿਰਾਸਤੀ ਰੁੱਖਾਂ ਦੇ ਪੌਦੇ ਵੀ ਵੰਡੇ ਗਏ। ਰਾਊਂਡ ਗਲਾਸ ਫਾਊਂਡੇਸ਼ਨ ਵੱਲੋਂ ਇਸ ਦਿਸ਼ਾ ਵਿੱਚ ਕੰਮ ਕਰਨ ਵਾਲੀਆਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਕਾਲਜ ਦੇ ਸਮੂਹ ਸਟਾਫ਼ ਅਤੇ ਲਗਭਗ ਸਾਢੇ ਤਿੰਨ ਸੌ ਵਿਦਿਆਰਥੀਆਂ ਨੇ ਭਾਗ ਲਿਆ। ਇਸ ਪ੍ਰੋਗਰਾਮ ਦੌਰਾਨ ਐਨ.ਐਸ.ਐਸ. ਵਲੰਟੀਅਰਜ਼ ਵਲੋਂ ਕਾਲਜ ਕੈਂਪਸ ਵਿਖੇ ਸਫਾਈ ਅਭਿਆਨ ਚਲਾਇਆ ਗਿਆ।ਇਸ ਪ੍ਰੋਗਰਾਮ ਵਿੱਚ ਡਾ. ਯੋਗਿਤਾ ਸਾਰਵਾਲ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

## 'ਗੁਰੂ ਰਵਿਦਾਸ ਜੀ ਦਾ ਜਨਮ ਉਤਸਵ ਕਿਵੇਂ ਮਨਾਈਏ' ਕਿਤਾਬਚਾ ਰਿਲੀਜ਼



ਪਟਿਆਲਾ, 29 ਮਾਰਚ (ਚ.ਨ.ਸ.) : ਬਾਣੀ ਵਿਚਾਰ ਚੇਤਨਾ ਮੰਚ ਦੀ ਸਰਪ੍ਰਸਤੀ ਵਿਚ ਡਾ. ਗੁਰਮੀਤ ਸਿੰਘ ਕਲੱਰਮਾਜਰੀ ਵੱਲੋਂ ਤਿਆਰ ਕੀਤਾ ਕਿਤਾਬਚਾ 'ਗੁਰੂ ਰਵਿਦਾਸ ਜੀ ਦਾ ਜਨਮ ਉਤਸਵ ਕਿਵੇਂ ਮਨਾਈਏ' ਅੱਜ ਇੱਥੇ ਰਿਲੀਜ਼ ਕੀਤਾ ਗਿਆ। ਇਸ ਵੇਲੇ ਕਥਾਵਾਚਕ ਰਾਜਿੰਦਰਪਾਲ ਸਿੰਘ ਨਾਭਾ, ਸ਼ਹੀਦ ਬਾਬਾ ਜੈ ਸਿੰਘ ਖਲਕਟ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸੁਰਜੀਤ ਸਿੰਘ, ਅਮਰਜੀਤ ਸਿੰਘ, ਅਮਰਜੀਤ ਸਿੰਘ ਰਾਮਗੜ੍ਹੀਆ, ਪੰਜਾਬੀ ਯੂਨੀਵਰਸਿਟੀ ਦੇ ਜਸਵੰਤ ਸਿੰਘ ਜਨਾਗਲ, ਸਤਵਿੰਦਰ ਸਿੰਘ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਭਾ ਪਟਿਆਲਾ, ਗੁਰਮੁਖ ਸਿੰਘ, ਲਾਭ ਸਿੰਘ, ਡਾ. ਸੰਤੋਖ ਸਿੰਘ ਸੁੱਖੀ ਤੋਂ ਇਲਾਵਾ ਹੋਰ ਵੀ ਕਈ ਸਾਰੇ ਮੁੱਖ ਅਹੁਦੇਦਾਰ ਮੌਜੂਦ ਸਨ। ਇਸ ਵੇਲੇ ਪਟਿਆਲਾ ਦੇ ਸ੍ਰੀ ਗੁਰੂ ਰਵਿਦਾਸ ਹਰਿਮੰਦਰ ਬਣਾਉਣ ਵਾਲੇ ਸੰਸਥਾਪਕ ਮਹੰਤ ਗੁਰਦਾਸ ਦੀ 56ਵੀਂ ਬਰਸੀ ਵੀ ਮਨਾਈ ਗਈ।ਇਸ ਵੇਲੇ ਕਿਤਾਬਚੇ ਦੇ ਲੇਖਕ ਡਾ. ਗੁਰਮੀਤ ਸਿੰਘ ਕੱਲਰਮਾਜਰੀ ਨੇ ਕਿਹਾ ਕਿ ਅਸੀਂ ਗੁਰੂ ਸਾਹਿਬਾਨਾਂ ਦੇ ਪ੍ਰਕਾਸ਼ ਦਿਹਾੜੇ ਮਨਾਉਂਦੇ ਹਾਂ, ਪਰ ਇਹ ਵੀ ਸੱਚ ਹੈ ਕਿ ਅਹਿਮ ਗੁਰਦੁਆਰਿਆਂ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਸਾਡੇ ਗੁਰੂਆਂ ਤੋਂ ਇਲਾਵਾ ਦਰਜ ਬਾਨੀ ਕਾਰਾਂ ਦੇ ਪ੍ਰਕਾਸ਼ ਦਿਹਾੜੇ ਨਹੀਂ ਮਨਾਏ ਜਾਂਦੇ, ਇਸ ਕਰਕੇ ਗੁਰੂ ਰਵਿਦਾਸ ਨਾਮ ਲੇਵਾ ਸੰਗਤ ਨੂੰ ਇਹ ਪ੍ਰਕਾਸ਼ ਦਿਹਾੜੇ ਕਿਵੇਂ ਮਨਾਇਆ ਜਾਵੇ, ਇਸ ਕਿਤਾਬਚੇ ਵਿਚ ਵਿਦਵਾਨਾਂ ਦਾ ਵਿਸ਼ੇਸ਼ ਧਿਆਨ ਖਿੱਚਿਆ ਹੈ। ਇਸ ਵੇਲੇ ਭਾਸ਼ਾ ਵਿਭਾਗ ਦੇ ਖੋਜ ਅਫ਼ਸਰ ਡਾ. ਸੰਤੋਖ ਸਿੰਘ ਸੁੱਖੀ ਨੇ ਕਿਹਾ ਕਿ ਪੂਰੀ ਸਿੱਖ ਕੌਮ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਬਾਣੀ ਰਚਣ ਵਾਲਿਆਂ ਨੂੰ ਮੰਨਦੀ ਹੈ, ਉਨ੍ਹਾਂ ਨੂੰ ਪਿਆਰ ਵੀ ਕਰਦੀ ਹੈ, ਪਰ ਸਾਨੂੰ ਆਪਣੀਆਂ ਜ਼ਿੰਮੇਵਾਰੀਆਂ ਵੀ ਨਿਭਾਉਣੀਆਂ ਚਾਹੀਦੀਆਂ ਹਨ, ਚੌਥਾ ਪੌੜਾ, ਦਲਿਤ, ਰਵਿਦਾਸੀਏ ਆਦਿ ਜੋ ਨਾਮ ਦਿੱਤੇ ਗਏ ਹਨ ਇਹ ਨਾਮ ਸਿੱਖੀ ਸਿਧਾਂਤਾਂ ਦੇ ਅਨੁਕੂਲ ਨਹੀਂ ਹਨ। ਕਥਾਵਾਚਕ ਰਾਜਿੰਦਰਪਾਲ ਸਿੰਘ ਨੇ ਕਿਹਾ ਕਿ ਸਾਨੂੰ ਸਾਰੀ ਸਿੱਖ ਕੌਮ ਨੂੰ ਸਾਡੇ ਸਾਰੇ ਬਾਨੀ ਕਾਰਾਂ ਦੇ ਪ੍ਰਕਾਸ਼ ਦਿਹਾੜੇ ਮਨਾਉਣੇ ਚਾਹੀਦੇ ਹਨ।

## ਪੀ.ਯੂ. ਨਾਲ ਸਬੰਧਿਤ ਕਈ ਗੰਭੀਰ ਮਸਲੇ ਗੋਪਾਲਪੁਰੀ ਨੇ ਮੁੱਖ ਮੰਤਰੀ ਦੇ ਧਿਆਨ 'ਚ ਲਿਆਂਦੇ



ਪਟਿਆਲਾ, 29 ਮਾਰਚ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਨਾਨ-ਟੀਚਿੰਗ ਯੂਨੀਅਨ ਦੇ ਪ੍ਰਧਾਨ ਗੁਰਜੀਤ ਸਿੰਘ ਗੋਪਾਲਪੁਰੀ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਤੋਂ ਆਸ਼ੀਰਵਾਦ ਲਿਆ ਅਤੇ ਪੰਜਾਬ ਦੀ ਤਰੱਕੀ ਲਈ ਉਨ੍ਹਾਂ ਦੀ ਵਚਨਬੱਧਤਾ ਦੀ ਦਿਲੋਂ ਸਰਾਹਨਾ ਕਰਦਿਆਂ ਮੁਬਾਰਕਬਾਦ ਦਿੱਤੀ। ਮੀਟਿੰਗ ਦੌਰਾਨ ਗੁਰਜੀਤ ਸਿੰਘ ਗੋਪਾਲਪੁਰੀ ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੰਬੰਧਿਤ ਕਈ ਗੰਭੀਰ ਮਸਲੇ ਮੁੱਖ ਮੰਤਰੀ ਦੇ ਧਿਆਨ ਵਿੱਚ ਲਿਆਂਦੇ ਗਏ। ਉਨ੍ਹਾਂ ਨੇ ਖਾਸ ਤੌਰ 'ਤੇ ਕਰਮਚਾਰੀਆਂ ਦੀਆਂ ਲੰਬਿਤ ਮੰਗਾਂ, ਪ੍ਰਸ਼ਾਸਨਿਕ ਪੱਧਰ 'ਤੇ ਹੋ ਰਹੀਆਂ ਬੇਨਿਯਮੀਆਂ ਅਤੇ ਹੋਰ ਸੰਬੰਧਿਤ ਮੁੱਦਿਆਂ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ। ਮੁੱਖ ਮੰਤਰੀ ਸ. ਭਗਵੰਤ ਮਾਨ ਨੇ ਗੱਲਬਾਤ ਨੂੰ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਇਨ੍ਹਾਂ ਸਾਰੇ ਮਸਲਿਆਂ ਦਾ ਜਲਦ ਤੋਂ ਜਲਦ ਯੋਗ ਹੱਲ ਕੀਤਾ ਜਾਵੇਗਾ। ਇਸ ਮੌਕੇ ਗੁਰਜੀਤ ਸਿੰਘ ਗੋਪਾਲਪੁਰੀ ਨੇ ਆਸ ਜਤਾਈ ਕਿ ਮੁੱਖ ਮੰਤਰੀ ਦੀ ਦਖਲਅੰਦਾਜ਼ੀ ਨਾਲ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਮਸਲੇ ਜਲਦੀ ਹੀ ਸੁਲਝਾਏ ਜਾਣਗੇ ਅਤੇ ਕਰਮਚਾਰੀਆਂ ਨੂੰ ਨਿਆਂ ਮਿਲੇਗਾ।

## ਲਾਇਸੰਸੀ ਰਿਵਾਲਵਰ ਨਾਲ ਕੀਤੇ ਫਾਇਰ

### ਭਰਾ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ

ਪਟਿਆਲਾ, 29 ਮਾਰਚ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਕੋਲ ਦਲਜੀਤ ਸਿੰਘ ਪੁੱਤਰ ਸ਼ਮਸੇਰ ਸਿੰਘ ਵਾਸੀ ਤਫੱਜਲਪੁਰਾ ਨੇ ਕਥਿਤ ਦੋਸ਼ੀ ਹਰਵਿੰਦਰ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਘੁੰਮਣ ਨਗਰ-ਬੀ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀ ਹਰਵਿੰਦਰ ਸਿੰਘ, ਉਸ ਦਾ ਜੀਜਾ ਹੈ, ਜੋ ਅਕਸਰ ਹੀ ਉਸ ਦੀ ਭੈਣ ਸੁਖਵਿੰਦਰ ਕੌਰ ਨਾਲ ਝਗੜਾ ਕਰਦਾ ਰਹਿੰਦਾ ਹੈ, ਜਿਸ ਨੂੰ ਕਈ ਵਾਰ ਸਮਝਾਇਆ ਵੀ ਗਿਆ ਸੀ, ਪਰ ਫਿਰ ਵੀ ਕਥਿਤ ਦੋਸ਼ੀ ਦੀ ਭੈਣ ਨਾਲ ਝਗੜਾ ਕਰਦਾ ਰਹਿੰਦਾ ਸੀ। ਉਸ ਦੇ ਭਰਾ ਨੂੰ ਸੁਖਵਿੰਦਰ ਕੌਰ ਦਾ ਫੋਨ ਆਇਆ ਕਿ ਹਰਵਿੰਦਰ ਸਿੰਘ ਸ਼ਰਾਬੀ ਹਾਲਤ ਵਿੱਚ ਉਸਦੀ ਕੁੱਟਮਾਰ ਕਰ ਰਿਹਾ ਹੈ, ਜਿਸ ਸਬੰਧੀ ਉਹ ਆਪਣੇ ਭਰਾ ਬਲਜੀਤ ਸਿੰਘ ਸਮੇਤ ਪਰਿਵਾਰ ਦੇ ਸੁਖਵਿੰਦਰ ਕੌਰ ਦੇ ਘਰ ਪੁੱਜਾ ਤਾ ਦੇਖਿਆ ਕਿ ਗੇਟ ਲਾਕ ਸੀ ਅਤੇ ਉਸ ਦੀ ਭੈਣ ਗੇਟ ਦੇ ਅੰਦਰਲੇ ਪਾਸੇ ਖੜ੍ਹੀ ਸੀ, ਜਿਸਨੇ ਦੱਸਿਆ ਕਿ ਹਰਵਿੰਦਰ ਸਿੰਘ ਨੇ ਗੇਟ ਨੂੰ ਲਾਕ ਲਗਾ ਕੇ ਚਾਬੀ ਆਪਣੇ ਪਾਸ ਰੱਖੀ ਹੋਈ ਹੈ ਅਤੇ ਖੁਦ ਛੱਤ ਪਰ ਖੜ੍ਹਾ ਹੈ, ਜਦੋਂ ਉਸ ਨੇ ਆਪਣੇ ਜੀਜੇ ਨੂੰ ਗੇਟ ਖੋਲਣ ਲਈ ਕਿਹਾ ਤਾਂ ਕਥਿਤ ਦੋਸ਼ੀ ਨੇ ਤਹਿਸ ਵਿੱਚ ਆ ਕੇ ਆਪਣੇ ਹੱਥ ਵਿੱਚ ਫੜ੍ਹੇ ਲਾਇਸੰਸੀ ਰਿਵਾਲਵਰ ਨਾਲ ਫਾਇਰ ਕਰਨੇ ਸ਼ੁਰੂ ਕਰ ਦਿੱਤੇ, ਜੋ ਇੱਕ ਗੋਲੀ ਉਸ ਦੇ ਭਰਾ ਬਲਜੀਤ ਸਿੰਘ ਦੀ ਸੱਜੀ ਛਾਤੀ ਅਤੇ ਇੱਕ ਗੋਲੀ ਸੱਜੇ ਪੱਟ ਪਰ ਜਾ ਲੱਗੀ ਅਤੇ ਬਾਕੀ 3-4 ਫਾਇਰ ਆਸੇ-ਪਾਸੇ ਲੱਗੇ। ਉਸ ਦਾ ਭਰਾ ਜੇਰੇ ਇਲਾਜ ਅਮਰ ਹਸਪਤਾਲ ਪਟਿਆਲਾ ਦਾਖਲ ਹੈ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਅਵਾਰਾ ਪਸ਼ੂ ਨਾਲ ਟਕਰਾਉਣ ਕਾਰਨ ਬਜ਼ੁਰਗ ਦੀ ਮੌਤ

ਸਮਾਣਾ, 29 ਮਾਰਚ (ਵਿਜੇ ਕੁਮਾਰ) : ਦੁਤਾਲ-ਨਰਵਾਣਾ ਰੋਡ 'ਤੇ ਪਿੰਡ ਦੁਤਾਲ ਦੇ ਨੇੜੇ ਇੱਕ ਅਵਾਰਾ ਪਸ਼ੂ ਨਾਲ ਟਕਰਾ ਜਾਣ ਕਾਰਨ ਸੜਕ ਪਾਰ ਕਰ ਰਹੇ ਇੱਕ ਵਿਅਕਤੀ ਦੀ ਮੌਤ ਹੋ ਗਈ। ਮ੍ਰਿਤਕ ਦੀ ਦੇਹ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਲਿਆਂਦਾ ਗਿਆ ਹੈ। ਮਾਮਲੇ ਦੀ ਜਾਂਚ ਕਰ ਰਹੇ ਪਾਤੜਾਂ ਪੁਲਿਸ ਦੇ ਸਬ-ਇੰਸਪੈਕਟਰ ਨਿਸ਼ਾਨ ਸਿੰਘ ਨੇ ਦੱਸਿਆ ਕਿ ਮ੍ਰਿਤਕ ਤੇਜਾਰਾਮ (68), ਪੁੱਤਰ ਕਾਨਾਰਾਮ, ਵਾਸੀ ਪਿੰਡ ਦੁਤਾਲ ਦੇ ਪੁੱਤਰ ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਉਸਦਾ ਪਿਤਾ ਪਿੰਡ ਦੇ ਨੇੜੇ ਸੜਕ ਪਾਰ ਕਰ ਰਿਹਾ ਸੀ। ਅਚਾਨਕ ਇੱਕ ਅਵਾਰਾ ਪਸ਼ੂ ਉਹਨਾਂ ਨਾਲ ਆ ਟਕਰਾਇਆ।ਗੰਭੀਰ ਜ਼ਖ਼ਮੀ ਹਾਲਤ ਵਿੱਚ ਜਦੋਂ ਉਹਨਾਂ ਨੂੰ ਹਸਪਤਾਲ ਲਿਜਾਇਆ ਗਿਆ, ਤਾਂ ਡਾਕਟਰਾਂ ਨੇ ਉਹਨਾਂ ਨੂੰ ਮ੍ਰਿਤਕ ਐਲਾਨ ਦਿੱਤਾ। ਜਾਂਚ ਅਧਿਕਾਰੀ ਅਨੁਸਾਰ ਦਰਜ ਕਰਵਾਏ ਬਿਆਨਾਂ ਦੇ ਆਧਾਰ 'ਤੇ ਭਾਰਤੀ ਨਿਆ ਸੰਹਿਤਾ ਦੀ ਧਾਰਾ 194 ਤਹਿਤ ਕਾਰਵਾਈ ਕਰਦਿਆਂ, ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ। ਮ੍ਰਿਤਕ ਆਪਣੇ ਪਿੱਛੇ ਪਤਨੀ ਅਤੇ ਦੋ ਪੁੱਤਰ ਛੱਡ ਗਿਆ ਹੈ।

## ਖ਼ੂਨਦਾਨ ਸੇਵਾ 'ਚ ਔਰਤ ਖ਼ੂਨਦਾਨੀਆਂ ਦੀ ਸਰਗਰਮ ਭੂਮਿਕਾ ਸ਼ਲਾਘਾਯੋਗ: ਡਾ. ਸਿਬੀਆ

ਦੇਵੀਗੜ੍ਹ, 29 ਮਾਰਚ (ਗੁਰਜੀਤ ਸਿੰਘ ਚੌਟ) : ਸਰਕਾਰੀ ਮੈਡੀਕਲ ਕਾਲਜ/ਰਜਿੰਦਰਾ ਹਸਪਤਾਲ ਦੇ ਬਲੱਡ ਸੈਂਟਰ ਵੱਲੋਂ ਖ਼ੂਨਦਾਨ ਸੇਵਾ ਵਿਚ ਔਰਤਾਂ ਦੀ ਸਰਗਰਮ ਭੂਮਿਕਾ ਨਿਭਾਉਣ ਵਾਲੀਆਂ ਅਤੇ ਸਰਕਾਰੀ ਬਲੱਡ ਸੈਂਟਰ ਵਿਚ 10 ਤੋਂ ਵੱਧ ਵਾਰ ਖ਼ੂਨਦਾਨ ਕਰਨ ਵਾਲੀਆਂ ਔਰਤ ਖ਼ੂਨਦਾਨੀਆਂ ਦਾ ਸਨਮਾਨ ਸਮਾਗਮ ਕਰਵਾਇਆ ਗਿਆ। ਇਸ ਮੌਕੇ ਮੈਡੀਕਲ ਕਾਲਜ ਤੋਂ ਡਾ. ਰਮਿੰਦਰਪਾਲ ਸਿਬੀਆ, ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਤੋਂ ਡਾ. ਸੁਨੀਤਾ, ਬਲੱਡ ਸੈਂਟਰ ਦੇ ਮੁਖੀ ਡਾ. ਮੋਨਿਕਾ ਗਰਗ ਤੇ ਡਾ. ਪ੍ਰੀਤ ਕੰਵਲ ਸਿਬੀਆ ਹਾਜ਼ਰ ਸਨ। ਸਮਾਗਮ ਵਿਚ ਮਿਸ਼ਨ ਲਾਲੀ ਤੇ ਹਰਿਆਲੀ ਨਾਲ ਜੁੜੀ ਮੋਟੀਵੇਟਰ ਤੇ ਖ਼ੂਨਦਾਨੀ ਮੈਡਮ ਬਲਜਿੰਦਰ ਕੌਰ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਡਾ. ਸਿਬੀਆ ਨੇ ਕਿਹਾ ਕਿ ਖ਼ੂਨਦਾਨ ਸੇਵਾ ਵਿਚ ਔਰਤ ਖ਼ੂਨਦਾਨੀਆਂ ਦੀ ਸਰਗਰਮ ਭੂਮਿਕਾ ਸ਼ਲਾਘਾਯੋਗ ਹੈ। ਮੈਡਮ ਬਲਜਿੰਦਰ ਕੌਰ ਨੇ ਦੱਸਿਆ ਕਿ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ ਦੀ ਅਗਵਾਈ ਹੇਠ ਗਰੁੱਪ ਵੱਲੋਂ ਹਰ ਮਹੀਨੇ ਦੀ 5 ਅਤੇ 20 ਤਰੀਕ ਨੂੰ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਸੈਂਟਰ ਵਿਚ ਖ਼ੂਨਦਾਨ ਕੈਂਪ ਲਗਾਇਆ ਜਾਂਦਾ ਹੈ।



## ਨਟਾਸ ਵੱਲੋਂ ਪਾਲੀਟੈਕਨਿਕ ਕਾਲਜ ਵਿਖੇ ਵਿਸ਼ਵ ਰੰਗਮੰਚ ਦਿਵਸ ਨਾਟਕ ਮੇਲਾ

**ਡਾ. ਗੁਰਮੀਤ ਸਿੰਘ, ਪ੍ਰਿੰਸੀਪਲ ਜਗਦੇਵ ਸਿੰਘ ਅਤੇ ਇੰਜੀ: ਹਰਬੰਸ ਸਿੰਘ ਕੁਲਾਰ ਨੂੰ ਪੰਜਾਬ ਗੌਰਵ ਐਵਾਰਡ ਪ੍ਰਦਾਨ**



ਪਟਿਆਲਾ, 29 ਮਾਰਚ (ਚ.ਨ.ਸ.) : ਨੈਸ਼ਨਲ ਥੀਏਟਰ ਆਰਟਸ ਸੁਸਾਇਟੀ (ਨਟਾਸ) ਡਾਇਰੈਕਟਰ ਦਮਪਤੀ ਸ਼੍ਰੀਮਤੀ ਸੁਨੀਤਾ ਸੱਭਰਵਾਲ-ਪਦਮਸ਼੍ਰੀ ਅਵਾਰਡੀ ਪ੍ਰਾਣ ਸੱਭਰਵਾਲ ਵੱਲੋਂ ਸਰਕਾਰੀ ਪਾਲੀਟੈਕਨਿਕ ਕਾਲੇਜ ਵਿਖੇ ਪ੍ਰਿੰਸੀਪਲ ਜਗਦੇਵ ਸਿੰਘ ਕਾਲੇਕੇ ਦੀ ਸਰਪ੍ਰਸਤੀ ਹੇਠ ਰੰਗਮੰਚ ਦਿਵਸ ਨੂੰ ਸਮਰਪਿਤ ਨਾਟਕ ਮੇਲਾ ਆਯੋਜਿਤ ਕੀਤਾ। ਮੁੱਖ ਮਹਿਮਾਨ ਪ੍ਰਸਿੱਧ ਲੈਪ੍ਰੋਸਕੋਪਿਕ ਸਰਜਨ ਡਾ. ਗੁਰਮੀਤ ਸਿੰਘ ਨੇ ਸਮਾਗਮ ਨੂੰ ਵਿਸ਼ਵ ਰੰਗਮੰਚ ਨੂੰ ਸਮਰਪਿਤ ਕਰਦਿਆਂ ਕਿਹਾ ਕਿ ਸੱਭਰਵਾਲ ਦਮਪਤੀ ਪਿਛਲੇ ਕਈ ਸਾਲਾਂ ਤੋਂ ਸਮਾਜ ਸੇਵਾ ਅਤੇ ਰੰਗਮੰਚ ਰਾਹੀਂ ਲੋਕਾਂ ਨੂੰ ਜਾਗਰੂਕ ਕਰ ਰਹੇ ਹਨ। ਉਹਨਾਂ ਨੇ ਨਟਾਸ ਦੀਆਂ ਲਗਾਤਾਰ ਜਾਗਰਿਤੀ ਗਤਿਵਿਧੀਆਂ ਦੀ ਪ੍ਰਸ਼ੰਸਾ ਹਿਤ 11000/- ਰੁਪਏ ਦਾ ਕੈਸ਼ ਅਵਾਰਡ ਪ੍ਰਾਣ ਸੱਭਰਵਾਲ ਨੂੰ ਭੇਂਟ ਕੀਤਾ। ਵਿਸ਼ੇਸ਼ ਮਹਿਮਾਨ ਫਿਲਮ ਨਿਰਮਾਤਾ ਇੰਜ. ਹਰਬੰਸ ਸਿੰਘ ਕੁਲਾਰ ਐਮਡੀ. ਖੁਲਾਰ ਪ੍ਰੋਡਕਸ਼ਨ ਨੇ ਨਟਾਸ ਕਲਾਕਾਰਾਂ ਨੂੰ ਆਪਣੀ ਅਗਲੀ ਫਿਲਮ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ। ਪ੍ਰਿੰਸੀਪਲ ਜਗਦੇਵ ਸਿੰਘ ਨੇ ਆਪਣੇ ਉਦਘਾਟਨੀ ਸੰਦੇਸ਼ ਵਿੱਚ ਕਿਹਾ ਕਿ ਸੱਭਰਵਾਲ ਦਾ ਕਾਲੇਜ ਨਾਲ ਪਿੱਛਲੇ 50 ਸਾਲਾਂ ਤੋਂ ਸੁਖਦ ਸੰਬੰਧ ਹੈ। ਉਹਨਾਂ ਵੱਲੋਂ ਵਾਇਸ ਪ੍ਰਿੰਸੀਪਲ ਮੈਡਮ ਡਾ. ਜਗਮਿੰਦਰ ਕੌਰ ਸੇਖੋਂ ਅਤੇ ਸੀਨੀਅਰ ਲੈਕਚਰਾਰ ਮੈਡਮ ਮੋਨਿਕਾ ਵਾਲੀਆ ਨੇ ਸੱਭਰਵਾਲ ਨੂੰ ਸਨਮਾਨਿਤ ਕੀਤਾ। ਕਲਾਕਾਰਾਂ, ਸੁਭਾਸ਼ ਭਗਤ, ਪਰਮਜੀਤ ਕੌਰ, ਸਿਮਰਨ ਸਰਨਾ, ਖੁਸ਼ਦੀਪ ਕੌਰ, ਗਿਲ ਦੀਪ ਸਿੰਘ, ਅੰਮ੍ਰਿਤਪਾਲ ਸਿੰਘ, ਬਲਜੀਤ ਚੰਦ ਆਦਿ ਨੂੰ ਨਟਾਸ ਵੱਲੋਂ ਕੈਸ਼ ਅਵਾਰਡ ਚੈਕ ਪ੍ਰਦਾਨ ਕਰਕੇ ਸਨਮਾਨਤ ਕੀਤਾ ਗਿਆ। ਨਟਾਸ ਪ੍ਰਧਾਨ ਸ੍ਰ. ਜੀਐਸ. ਖੱਕੜ ਨੇ ਪ੍ਰਿੰਸੀਪਲ ਸ੍ਰ. ਜਗਦੇਵ ਸਿੰਘ ਕਾਲੇਕਾ, ਸਟਾਫ ਅਤੇ ਕਲਾਕਾਰਾਂ ਵੱਲੋਂ ਮਿਲੇ ਸਹਿਯੋਗ ਲਈ ਧੰਨਵਾਦ ਕੀਤਾ। ਇਸ ਅਵਸਰ ਤੇ ਉਪਰੋਕਤ ਤੋਂ ਬਿਨਾਂ ਸ੍ਰੀ ਮੁਕੁਲ ਮਿੱਤਲ, ਅਮਨ ਪ੍ਰੀਤ ਕੌਰ, ਕਾਲੇਜ ਨਾਲ ਸੰਬੰਧਿਤ ਹੋਰ ਹਸਤੀਆਂ ਮੌਜੂਦ ਸਨ।

## 2 ਕਿੱਲੋ ਗਾਂਜਾ ਬ੍ਰਾਮਦ

ਪਟਿਆਲਾ, 29 ਮਾਰਚ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਹੀਰਾ ਲਾਲ ਪੁੱਤਰ ਰਜਿੰਦਰ ਸ਼ਾਹ ਵਾਸੀ ਪਿੰਡ ਕਾਲਾ ਬਲਵਾ ਥਾਣਾ ਰਾਣੀ ਗੰਜ ਜ਼ਿਲ੍ਹਾ ਅਰਰੀਆ ਬਿਹਾਲ ਹਾਲ ਕਿਰਾਏਦਾਰ ਏਕਤਾ ਨਗਰ ਫੋਕਲ ਪੁਆਇੰਟ ਵਿਰੁੱਧ ਧਾਰਾ 20, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਜਤਿੰਦਰ ਕੁਮਾਰ ਸਮੇਤ ਪੁਲਿਸ ਪਾਰਟੀ ਪਿੰਡ ਦੌਲਤਪੁਰ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 2 ਕਿੱਲੋ ਖੁੱਲਾ ਗਾਂਜਾ ਅਤੇ 95 ਖਾਲੀ ਮੋਮੀ ਕਾਗਜ਼ ਦੀਆਂ ਲਿਫਾਫੀਆਂ ਬ੍ਰਾਮਦ ਹੋਈਆ।



**ਸਮਾਣਾ : ਬਾਬਾ ਬੰਦਾ ਸਿੰਘ ਬਹਾਦਰ ਸੀਨੀਅਰ ਸੈਕੈਂਡਰੀ ਸਕੂਲ ਫਤਿਹਪੁਰ ਵੱਲੋਂ ਕਰਵਾਏ ਗਏ ਸਮਾਗਮ ਦੌਰਾਨ ਮੁੱਖ ਮਹਿਮਾਨ ਜਗਜੀਤ ਸਿੰਘ ਧੂਰੀ ਨੂੰ ਸਕੂਲ ਪ੍ਰਧਾਨ ਪ੍ਰਦਮਨ ਸਿੰਘ ਵਿਰਕ ਅਤੇ ਕਮੇਟੀ ਅਹੁਦੇਦਾਰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕਰਦੇ ਹੋਏ। (ਫੋਟੋ ਤੇ ਵੇਰਵਾ : ਵਿਜੇ ਕੁਮਾਰ)**

## ਘੱਗਰ 'ਚ ਪਏ ਪਾੜ ਪੂਰਨ ਲਈ 1500 ਲੀਟਰ ਡੀਜ਼ਲ ਦਿੱਤਾ ਜਾਵੇਗਾ ਮੁਫ਼ਤ : ਘੱਗਰ ਸੰਘਰਸ਼ ਕਮੇਟੀ



ਘਨੌਰ, 29 ਮਾਰਚ (ਰਾਜਿੰਦਰ ਸਿੰਘ ਕੰਬੋਜ) : ਘਨੌਰ ਹਲਕਾ ਪਿਛਲੇ ਕਈ ਸਾਲਾਂ ਤੋਂ ਘੱਗਰ ਦੀ ਮਾਰ ਝੱਲਦਾ ਆ ਰਿਹਾ, ਜਿਸ ਦੇ ਹੱਲ ਲਈ ਅੱਜ ਪਿੰਡ ਮੰਜੋਲੀ ਵਿਖੇ ਇੱਕ ਸਰਬ ਸਾਂਝਾ ਇਕੱਠ ਰੱਖਿਆ ਗਿਆ, ਜਿਸ ਵਿੱਚ ਬਹੁਤ ਗਿਣਤੀ ਵਿੱਚ ਲੋਕ ਪਹੁੰਚੇ, ਅੱਜ ਦੇ ਇਕੱਠ ਵਿੱਚ ਫੈਸਲਾ ਕੀਤਾ ਗਿਆ ਕਿ ਇੱਕ 11 ਮੈਂਬਰੀ ਕਮੇਟੀ ਦਾ ਗਠਨ ਕੀਤਾ ਜਾਵੇ ਜੋ ਆਉਣ ਵਾਲੇ ਦਿਨਾਂ ਵਿੱਚ ਇਸ ਸੰਘਰਸ਼ ਦੀ ਅਗਵਾਈ ਕਰੇਗੀ , ਇਕੱਠ ਵਿੱਚ ਪਹੁੰਚੇ ਸਾਰੇ ਲੋਕਾਂ ਦੀ ਸਹਿਮਤੀ ਦੇ ਨਾਲ ਘੱਗਰ ਸੰਘਰਸ਼ ਕਮੇਟੀ ਬਣਾਈ ਗਈ, ਜਿਸ ਵਿੱਚ ਕੁੱਲ 11 ਮੈਂਬਰ ਹਨ। ਇਸ ਕਮੇਟੀ ਵੱਲੋਂ ਪਹਿਲਾ ਫੈਸਲਾ ਇਹ ਲਿਆ ਗਿਆ ਕਿ ਕੁਝ ਹੀ ਦਿਨਾਂ ਦੇ ਵਿੱਚ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਇੱਕ ਮੰਗ ਪੱਤਰ ਦਿੱਤਾ ਜਾਵੇਗਾ ਅਤੇ ਆਉਣ ਵਾਲੇ ਦਿਨਾਂ ਦੇ ਵਿੱਚ ਜੇਕਰ ਸਰਕਾਰ ਘੱਗਰ ਦੇ ਵਿੱਚ ਪਏ ਪਾੜ ਨਹੀਂ ਭਰਦੀ ਤਾਂ ਕਮੇਟੀ ਇੱਕ ਵੱਡਾ ਸੰਘਰਸ਼ ਉਲੀਕਿਆ ਜਾਵੇਗਾ। ਇਸ ਦੇ ਨਾਲ ਇਹ ਵੀ ਐਲਾਨ ਕੀਤਾ ਗਿਆ ਕਿ ਜੇਕਰ ਪਿੰਡ ਪੱਧਰ ਦੇ ਉੱਤੇ ਆਮ ਲੋਕਾਂ ਨੂੰ ਪਾੜ ਭਰਨੇ ਪੈਂਦੇ ਹਨ ਤਾਂ ਸਾਡੇ ਵੱਲੋਂ 1500 ਲੀਟਰ ਡੀਜ਼ਲ ਮੁਫਤ ਦੇ ਵਿੱਚ ਦਿੱਤਾ ਜਾਵੇਗਾ। ਇਸ ਦੇ ਨਾਲ ਗੁਰਸੇਵਕ ਸਿੰਘ ਅੰਟਾਲ ਨੇ ਮੌਜੂਦਾ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਇਹ ਵੀ ਕਿਹਾ ਕਿ ਜੋ ਉਹਨਾਂ ਦੇ ਵੱਲੋਂ ਘੱਗਰ ਦੇ ਪ੍ਰਬੰਧਾਂ ਲਈ 18 ਕਰੋੜ ਦਾ ਟੈਂਡਰ ਪਾਸ ਕੀਤਾ ਗਿਆ। ਜੇਕਰ ਉਹ ਪੈਸੇ ਸਹੀ ਤਰੀਕੇ ਦੇ ਨਾਲ ਘੱਗਰ ਉੱਪਰ ਨਾ ਖਰਚੇ ਗਏ ਤਾਂ ਅਸੀਂ ਉਹਨਾਂ ਪੈਸਿਆਂ ਦੀ ਵੀ ਜਾਂਚ ਕਰਵਾਵਾਂਗੇ ਤੇ ਠੇਕੇਦਾਰਾਂ ਨੂੰ ਵੀ ਚੇਤਾਵਨੀ ਦਿੱਤੀ ਗਈ ਕਿ ਜੇਕਰ ਕਿਸੇ ਵੀ ਠੇਕੇਦਾਰ ਦੇ ਵੱਲੋਂ ਕਿਸੇ ਰਾਜਸੀ ਧਿਰ ਦੇ ਨਾਲ ਮਿਲ ਕੇ ਕੋਈ ਕਰਪਸ਼ਨ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਸ ਦੇ ਖਿਲਾਫ ਵੀ ਬਣਦੀ ਸਖਤ ਕਾਰਵਾਈ ਕਰਵਾਈ ਜਾਵੇਗੀ। ਇਸ ਮੌਕੇ ਰਾਜਵੰਤ ਕੌਰ ਘੜਾਮ, ਸਰਬਜੀਤ ਸਿੰਘ ਘੜਾਮ , ਨਰਿੰਦਰ ਸਿੰਘ ਭਿੰਡਰ, ਚਰਨਜੀਤ ਸਿੰਘ ਜੋਤੀ ਗੰਢੀਆਂ ਗੁਰਦੀਪ ਸਿੰਘ ਜੋਗੀਪੁਰ, ਸਾਹਿਬ ਸਿੰਘ ਦੜਵਾ, ਸਰਪੰਚ ਲਵੀ ਦੀ ਟੀਮ ਦੇ ਸਮੂਹ ਮੈਂਬਰ ਆਦਿ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

## ਸਰਕਾਰੀ ਐਲੀਮੈਂਟਰੀ ਸਕੂਲ ਈਸ਼ਰਹੇੜੀ ਦੀ ਪੰਜਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



ਦੇਵੀਗੜ੍ਹ, 29 ਮਾਰਚ (ਗੁਰਜੀਤ ਸਿੰਘ ਚੌਟ) : ਸਰਕਾਰੀ ਐਲੀਮੈਂਟਰੀ ਸਕੂਲ ਈਸ਼ਰਹੇੜੀ ,ਬਲਾਕ ਦੇਵੀਗੜ੍ਹ ਦੇ ਦੋ ਵਿਦਿਆਰਥੀਆਂ ਪ੍ਰਭਜੋਤ ਸਿੰਘ ਤੇ ਦਿਵਜੋਤ ਸਿੰਘ ਨੇ ਆਪਣੇ ਸਕੂਲ ਦਾ ਮਾਣ ਉਦੋਂ ਵਧਾਇਆ ਜਦੋਂ ਉਹਨਾਂ ਨੇ ਪੰਜਵੀਂ ਜਮਾਤ ਦੇ ਵਿੱਚੋ 500/500 ਨੰਬਰ ਪ੍ਰਾਪਤ ਕੀਤੇ। ਸਕੂਲ ਇੰਚਾਰਜ ਅਤੇ ਕਲਾਸ ਇੰਚਾਰਜ ਬਲਵਿੰਦਰ ਗੋਸਵਾਮੀ ਨੇ ਇਸ ਦਾ ਸਿਹਰਾ ਬੱਚਿਆਂ ਅਤੇ ਮਿਹਨਤੀ ਸਮੂਹ ਸਟਾਫ਼ ਦੇ ਸਿਰ ਬੰਨਿਆ ਜੋ ਬੱਚਿਆਂ ਨੂੰ ਹਮੇਸ਼ਾਂ ਬੱਚਿਆਂ ਦੀ ਪੜ੍ਹਾਈ ਨੂੰ ਲੈ ਕੇ ਤੱਤਪਰ ਰਹਿੰਦੇ ਹਨ । ਸਾਲਾਨਾ ਨਤੀਜਾ ਘੋਸ਼ਿਤ ਕਰਨੇ ਸਮੇਂ ਪਿੰਡ ਦੇ ਮੌਜੂਦਾ ਸਰਪੰਚ ਅਮਨਦੀਪ ਸੈਣੀ ਨੇ ਵੱਖ-ਵੱਖ ਜਮਾਤਾਂ ਦੇ ਵਿੱਚੋਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡੇ ।ਇਸ ਸਮੇਂ ਸਕੂਲ ਦੀ ਕਮੇਟੀ ਦੇ ਸਾਰੇ ਮੈਂਬਰ, ਸਰਪੰਚ ਅਮਨਦੀਪ ਸੈਣੀ ਤੇ ਪੰਚਾਇਤ ਮੈਂਬਰ, ਸਕੂਲ ਮੁੱਖੀ ਬਲਵਿੰਦਰ ਗੋਸਵਾਮੀ, ਅਧਿਆਪਕ ਮੈਡਮ ਪਰਵਿੰਦਰ ਕੌਰ, ਜਸਬੀਰ ਕੌਰ, ਰੀਨਾ ਰਾਣੀ ਤੇ ਸਕੂਲ ਦੇ ਬੱਚਿਆਂ ਦੇ ਮਾਪੇ ਮੌਜੂਦ ਸਨ।

## ਸ਼ਿਵ ਸ਼ੰਕਰ ਯੂਥ ਸੇਵਾ ਦਲ ਨੇ ਪੰਜ ਜ਼ਰੂਰਤਮੰਦ ਲੜਕੀਆਂ ਦੇ ਸਮੂਹਿਕ ਵਿਆਹ ਕਰਵਾਏ



ਸਮਾਣਾ, 29 ਮਾਰਚ (ਵਿਜੇ ਕੁਮਾਰ/ਨਿਖਿਲ ਗਰਗ/ਜਵੰਦਾ) : ਸ਼ਿਵ ਸ਼ੰਕਰ ਯੂਥ ਕਲੱਬ ਸਮਾਣਾ ਵੱਲੋਂ ਸੰਸਥਾ ਪ੍ਰਧਾਨ ਰਮਨ ਮਹਿੰਦਰਾ ਦੀ ਅਗਵਾਈ 'ਚ ਮਾਤਾ ਨੈਨਾ ਆਰੀਆ ਧਰਮਸ਼ਾਲਾ ਵਿੱਚ ਪੰਜ ਜ਼ਰੂਰਤਮੰਦ ਲੜਕੀਆਂ ਦੇ ਸਮੂਹਿਕ ਵਿਆਹ ਧਾਰਮਿਕ ਰੀਤੀ ਅਨੁਸਾਰ ਕਰਵਾਏ ਗਏ। ਸਮਾਗਮ 'ਚ ਉਚੇਚੇ ਤੌਰ 'ਤੇ ਸਾਬਕਾ ਵਿਧਾਇਕ ਜਗਤਾਰ ਸਿੰਘ ਰਾਜਲਾ, ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੇ ਭਰਾ ਹਰਜਿੰਦਰ ਸਿੰਘ ਮਿੰਟੂ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਯਸ਼ਪਾਲ ਸਿੰਗਲਾ, ਅਗਰਵਾਲ ਧਰਮਸ਼ਾਲਾ ਕਮੇਟੀ ਪ੍ਰਧਾਨ ਮਦਨ ਮਿੱਤਲ, ਕੌਂਸਲਰ ਦਰਸ਼ਨ ਮਿੱਤਲ, ਬੀ.ਜੇ.ਪੀ. ਮੰਡਲ ਪ੍ਰਧਾਨ ਯਤਿੰਦਰ ਸ਼ਰਮਾ, ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਰਜਿੰਦਰ ਗੁਪਤਾ ਨੇ ਸਿਰਕਤ ਕਰਦਿਆਂ ਨਵ-ਵਿਆਹੁਤਾ ਜੋੜਿਆਂ ਨੂੰ ਆਸ਼ੀਰਵਾਦ ਦਿੱਤਾ। ਬੁਲਾਰਿਆਂ ਨੇ ਸੰਸਥਾ ਵੱਲੋਂ ਕੀਤੇ ਜਾ ਰਹੇ ਲਗਾਤਾਰ ਸਮਾਜ ਸੇਵੀ ਕੰਮਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸੰਸਥਾ ਵੱਲੋਂ ਜੋ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ, ਸਮਾਜਿਕ ਕੁਰੀਤੀਆਂ ਖਿਲਾਫ ਤੇ ਜ਼ਰੂਰਤਮੰਦ ਲੜਕੀਆਂ ਦੇ ਵਿਆਹ ਕਰਕੇ ਇੱਕ ਬਹੁਤ ਸ਼ਲਾਘਾਯੋਗ ਕੰਮ ਕੀਤਾ ਜਾ ਰਿਹਾ ਹੈ, ਜੋ ਹਰ ਕਿਸੇ ਦੀ ਹਿੱਸੇ ਨਹੀਂ ਆਉਂਦਾ। ਸੰਸਥਾ ਪ੍ਰਧਾਨ ਨੇ ਦੱਸਿਆ ਕਿ ਨਵ-ਵਿਆਹੇ ਜੋੜਿਆਂ ਨੂੰ ਰਸੋਈ ਦਾ ਸਮਾਨ ਭਾਂਡੇ, ਕੱਪੜੇ, ਫਰਨੀਚਰ, ਸਿਲਾਈ ਮਸ਼ੀਨ ਆਦਿ ਸਾਰਾ ਸਮਾਨ ਸ਼ਹਿਰ ਦੇ ਸਮਾਜਸੇਵੀ ਲੋਕਾਂ ਦੇ ਸਹਿਯੋਗ ਨਾਲ ਦਿੱਤਾ ਜਾਂਦਾ ਹੈ। ਇਸ ਮੌਕੇ ਪ੍ਰਿੰਸੀਪਲ ਡਾ:ਮੋਹਨ ਲਾਲ ਸ਼ਰਮਾ,ਨੀਰਜ ਜਿੰਦਲ, ਡਾ. ਰਾਜੇਸ਼ ਲੱਕੀ, ਪ੍ਰਦੀਪ ਗੋਇਲ (ਮਿੰਕਾ), ਹੀਰਾ ਜੈਨ, ਕਮਲ ਸ਼ਰਮਾ, ਰਵੀ ਟੀਮਾਂ, ਵਿਕਾਸ ਗਰਗ, ਮਨਜੀਤ ਜੇ.ਈ, ਬਿੱਟੂ ਧੀਮਾਨ, ਮਨੋਜ ਰਹੇਜਾ ਆਦਿ ਮੌਜੂਦ ਸਨ।